12-SEP-PAGE-1.qxd 9/11/2024 9:07 PM Page 1

ਵੀਰਵਾਰ, 12 ਸਤੰਬਰ, 2024
28 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 102

# ਨਵਾਂ ਜ਼ਮਾਨਾ

DAILY NAWAN ZAMANA • THURSDAY, 12 SEPTEMBER, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਸ਼ਿਮਲਾ 'ਚ ਪ੍ਰਦਰਸ਼ਨਕਾਰੀਆਂ 'ਤੇ ਲਾਠੀਚਾਰਜ




**ਸ਼ਿਮਲਾ** : ਇੱਥੋਂ ਦੇ ਸੰਜੌਲੀ ਇਲਾਕੇ 'ਚ ਮਸਜਿਦ 'ਚ ਗੈਰ-ਕਾਨੂੰਨੀ ਢਾਂਚਾ ਢਾਹੁਣ ਦੀ ਮੰਗ ਕਰ ਰਹੇ ਲੋਕਾਂ ਨੇ ਬੁੱਧਵਾਰ ਪ੍ਰਦਰਸ਼ਨ ਦੌਰਾਨ ਪੁਲਸ ਦੇ ਬੈਰੀਕੇਡ ਤੋੜ ਦਿੱਤੇ। ਉਪਰੰਤ ਪੁਲਸ ਨੇ ਭੀੜ ਨੂੰ ਖਿੰਡਾਉਣ ਲਈ ਲਾਠੀਚਾਰਜ ਕੀਤਾ।

ਸਬਜ਼ੀ ਮੰਡੀ ਢੱਲੀ 'ਚ ਇਕੱਠੇ ਹੋਏ ਸੈਂਕੜੇ ਪ੍ਰਦਰਸ਼ਨਕਾਰੀ 'ਜੈ ਸ੍ਰੀ ਰਾਮ' ਅਤੇ 'ਹਿੰਦੂ ਏਕਤਾ ਜ਼ਿੰਦਾਬਾਦ' ਦੇ ਨਾਅਰੇ ਲਾਉਂਦੇ ਹੋਏ ਸੰਜੌਲੀ ਵੱਲ ਨੂੰ ਚੱਲੇ। ਇਸ ਦੌਰਾਨ ਉਨ੍ਹਾਂ ਢੱਲੀ ਸੁਰੰਗ ਨੇੜੇ ਲਗਾਏ ਬੈਰੀਕੇਡ ਵੀ ਤੋੜ ਦਿੱਤੇ। ਹਿੰਦੂ ਜਥੇਬੰਦੀਆਂ ਦੇ ਸੱਦੇ 'ਤੇ ਇਕੱਤਰ ਹੋਏ ਇਨ੍ਹਾਂ ਪ੍ਰਦਰਸ਼ਨਕਾਰੀਆਂ ਨੇ ਮਸਜਿਦ ਨੇੜੇ ਲਗਾਇਆ ਦੂਜਾ ਬੈਰੀਕੇਡ ਵੀ ਤੋੜ ਦਿੱਤਾ। ਉਪਰੰਤ ਪੁਲਸ ਨੇ ਜਲ ਤੋਪਾਂ ਦਾ ਇਸਤੇਮਾਲ ਕੀਤਾ ਅਤੇ ਲਾਠੀਚਾਰਜ ਵੀ ਕੀਤਾ।

ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੇ ਮੀਡੀਆ ਸਲਾਹਕਾਰ ਨਰੇਸ਼ ਚੌਹਾਨ ਨੇ ਕਿਹਾ ਕਿ ਭਾਜਪਾ ਮਾਮਲੇ ਨੂੰ ਹਿੰਦੂ-ਮੁਸਲਮ ਬਣਾਉਣਾ ਚਾਹੁੰਦੀ ਹੈ, ਪਰ ਇਹ ਅਮਨ-ਕਾਨੂੰਨ ਦਾ ਮਾਮਲਾ ਹੈ। ਉਸ ਨੇ ਕਿਹਾ—ਜਿਹੜੇ ਲੋਕ ਇਕੱਠੇ ਹੋਏ, ਉਨ੍ਹਾਂ ਨੂੰ ਮੈਂ ਨਿੱਜੀ ਤੌਰ 'ਤੇ ਜਾਣਦਾ ਹਾਂ। ਇਨ੍ਹਾਂ ਵਿੱਚੋਂ 20-25 ਭਾਜਪਾ ਦੀ ਟਿਕਟ 'ਤੇ ਚੋਣਾਂ ਲੜ ਚੁੱਕੇ ਹਨ। ਭਾਜਪਾ ਇਸ ਨੂੰ ਕੌਮੀ ਮੁੱਦਾ ਬਣਾਉਣਾ ਚਾਹੁੰਦੀ ਹੈ, ਹਕੀਕਤ ਵਿਚ ਇਹ ਹਿੰਦੂ-ਮੁਸਲਮ ਮੁੱਦਾ ਨਹੀਂ ਹੈ। ਮੁੱਖ ਮੰਤਰੀ ਕਹਿ ਚੁੱਕੇ ਹਨ ਕਿ ਨਾਜਾਇਜ਼ ਉਸਾਰੀ ਖਿਲਾਫ ਕਾਰਵਾਈ ਕੀਤੀ ਜਾਵੇਗੀ। ਜਿਹੜੇ ਸਿਆਸੀ ਲਾਭ ਲੈਣਾ ਚਾਹੁੰਦੇ ਹਨ, ਉਹ ਨਾਕਾਮ ਰਹਿਣਗੇ। ਮਾਮਲਾ ਕਮਿਸ਼ਨਰ ਦੀ ਕੋਰਟ ਵਿਚ ਹੈ। ਭਾਜਪਾ ਦੇ ਕੁਝ ਵਰਕਰ ਦੋ ਕਿੱਲੋਮੀਟਰ ਤੋਂ ਨਾਅਰੇ ਲਾਉਂਦੇ ਸੰਜੌਲੀ ਪੁੱਜੇ। ਉਨ੍ਹਾਂ ਸੋਸ਼ਲ ਮੀਡੀਆ ਰਾਹੀਂ ਲੋਕ ਇਕੱਠੇ ਕਰਨ ਦੀ ਕੋਸ਼ਿਸ਼ ਕੀਤੀ, ਪਰ ਕਾਮਯਾਬ ਨਹੀਂ ਹੋਏ। ਲੋਕਾਂ ਨੂੰ ਪਤਾ ਹੈ ਕਿ ਅਸਲ ਮੁੱਦਾ ਕੀ ਹੈ।

## ਇੰਫਾਲ 'ਚ ਸਥਿਤੀ ਅਜੇ ਵੀ ਤਣਾਅਪੂਰਨ

**ਇੰਫਾਲ** : ਮਨੀਪੁਰ 'ਚ ਇਕ ਦਿਨ ਪਹਿਲਾਂ ਰਾਜ ਭਵਨ ਵੱਲ ਜਾਣ ਦੀ ਕੋਸ਼ਿਸ਼ ਕਰ ਰਹੇ ਵਿਦਿਆਰਥੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਝੜਪ ਹੋਣ ਤੋਂ ਬਾਅਦ ਬੁੱਧਵਾਰ ਸਥਿਤੀ ਤਣਾਅਪੂਰਨ, ਪਰ ਕੰਟਰੋਲ ਹੇਠ ਰਹੀ।

ਇਸੇ ਦੌਰਾਨ ਇਨਰ ਮਨੀਪੁਰ ਦੇ ਸੰਸਦ ਮੈਂਬਰ ਏ ਬਿਮੋਲ ਅਕੋਈਜਾਮ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਮਨੀਪੁਰ 'ਚ ਹੋ ਰਹੀ ਬੇਮਿਸਾਲ ਹਿੰਸਾ ਦੇ ਸੰਕਟ 'ਤੇ ਦੁੱਖ ਜ਼ਾਹਰ ਕੀਤਾ ਅਤੇ ਸ਼ਾਂਤੀ ਕਾਇਮ ਕਰਨ ਲਈ ਲੋੜੀਂਦੇ ਕਦਮ ਉਠਾਉਣ ਦੀ ਅਪੀਲ ਕੀਤੀ ਹੈ।

ਰਾਜਧਾਨੀ 'ਚ ਮੰਗਲਵਾਰ ਦੁਪਹਿਰ ਨੂੰ ਲਗਾਇਆ ਗਿਆ ਕਰਫਿਊ ਜਾਰੀ ਰਿਹਾ, ਜਦਕਿ ਵਾਧੂ ਸੁਰੱਖਿਆ ਬਲਾਂ ਨੂੰ ਤਾਇਨਾਤ ਕੀਤਾ ਗਿਆ ਹੈ ਅਤੇ ਪੁਲਸ ਮੁਲਾਜ਼ਮ ਲਗਾਤਾਰ ਗਸ਼ਤ ਕਰ ਰਹੇ ਹਨ। ਇਕ ਵਿਦਿਆਰਥੀ ਜਥੇਬੰਦੀ ਨੇ ਦਾਅਵਾ ਕੀਤਾ ਕਿ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਮੰਗਲਵਾਰ ਹੋਈ ਝੜਪ 'ਚ 55 ਤੋਂ ਵੱਧ ਵਿਦਿਆਰਥੀ ਜ਼ਖਮੀ ਹੋਏ ਹਨ, ਜਿਨ੍ਹਾਂ ਨੂੰ ਖੇਤਰੀ ਮੈਡੀਕਲ ਸਾਇੰਸ ਇੰਸਟੀਟਿਊਟ 'ਚ ਭਰਤੀ ਕਰਵਾਇਆ ਗਿਆ ਹੈ।

ਰਾਜ ਭਵਨ ਵੱਲੋਂ ਮੰਗਲਵਾਰ ਨੂੰ ਦੇਰ ਰਾਤ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਵਿਦਿਆਰਥੀਆਂ ਦੇ ਨੁਮਾਇੰਦਿਆਂ ਨੇ ਰਾਜਪਾਲ ਲਕਸ਼ਮਣ ਪ੍ਰਸਾਦ ਆਚਾਰੀਆ ਨਾਲ ਮੁਲਾਕਾਤ ਕੀਤੀ ਅਤੇ ਮੰਗ ਪੱਤਰ ਸੌਂਪਿਆ। ਵਿਦਿਆਰਥੀ ਨੁਮਾਇੰਦਿਆਂ ਨੇ

● ਬਾਕੀ ਸਫ਼ਾ 2 'ਤੇ

ਮੱਧ ਪ੍ਰਦੇਸ਼ ਦੇ ਮੰਤਰੀ ਦਾ ਦਾਅਵਾ

## ਅਮਰੀਕਾ ਕੋਲੰਬਸ ਨੇ ਨਹੀਂ, ਸਾਡੇ ਵਡੇਰਿਆਂ ਨੇ ਲੱਭਿਆ



**ਭੋਪਾਲ** : ਮੱਧ ਪ੍ਰਦੇਸ਼ ਦੇ ਉੱਚ ਸਿੱਖਿਆ ਮੰਤਰੀ ਇੰਦਰ ਸਿੰਘ ਪਰਮਾਰ ਨੇ ਦਾਅਵਾ ਕੀਤਾ ਹੈ ਕਿ ਅਮਰੀਕਾ ਨੂੰ ਕ੍ਰਿਸਟੋਫਰ ਕੋਲੰਬਸ ਨੇ ਨਹੀਂ, ਸਗੋਂ ਸਾਡੇ ਭਾਰਤੀ ਵੱਡੇ-ਵਡੇਰਿਆਂ ਨੇ ਲੱਭਿਆ ਸੀ। ਉਨ੍ਹਾ ਮੰਗਲਵਾਰ ਇੱਥੇ ਬਰਕਤ ਉਲਾ ਯੂਨੀਵਰਸਿਟੀ ਦੀ ਕਨਵੋਕੇਸ਼ਨ ਵਿਚ ਸੂਰਜ ਦੀ ਸਥਿਰਤਾ ਦੇ ਸਿਧਾਂਤ ਨੂੰ ਵੀ ਪ੍ਰਾਚੀਨ ਭਾਰਤੀ ਸ਼ਾਸਤਰਾਂ ਨਾਲ ਜੋੜਿਆ ਅਤੇ ਰਿਗਵੇਦ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਸਿਧਾਂਤ 8 ਹਜ਼ਾਰ ਸਾਲ ਪਹਿਲਾਂ ਸਾਡੇ ਵੱਡੇ-ਵਡੇਰਿਆਂ ਨੇ ਲੱਭਿਆ ਸੀ।

ਪਰਮਾਰ ਨੇ ਕਿਹਾ ਕਿ ਇਤਿਹਾਸ ਵਿਚ ਇਹ ਗਲਤ ਪੜ੍ਹਾਇਆ ਗਿਆ ਕਿ ਕੋਲੰਬਸ ਨੇ ਅਮਰੀਕਾ ਲੱਭਿਆ ਸੀ। ਅਸਲ ਵਿਚ ਭਾਰਤੀ ਮਲਾਹ ਵਸੁਲੁਨ ਨੇ ਅੱਠਵੀਂ ਸਦੀ 'ਚ ਅਮਰੀਕਾ ਦੀ ਖੋਜ ਕੀਤੀ ਤੇ ਉੱਥੇ ਸੇਨਡਿਆਗੋ ਵਿਚ ਕਈ ਮੰਦਰਾਂ ਦੀ ਉਸਾਰੀ ਕੀਤੀ। ਇਹ ਤੱਥ ਅਜੇ ਵੀ ਉੱਥੋਂ ਦੇ ਅਜਾਇਬਘਰਾਂ ਤੇ ਲਾਇਬ੍ਰੇਰੀਆਂ ਵਿਚ ਸੁਰੱਖਿਅਤ ਹਨ। ਭਾਰਤੀ ਵਿਦਿਆਰਥੀਆਂ ਨੂੰ ਸਹੀ ਇਤਿਹਾਸ ਸਿਖਾਉਣਾ ਚਾਹੀਦਾ ਹੈ ਕਿ ਅਮਰੀਕਾ ਦੀ ਖੋਜ ਸਾਡੇ ਵੱਡੇ-ਵਡੇਰਿਆਂ ਨੇ ਕੀਤੀ ਸੀ।

ਪਰਮਾਰ ਨੇ ਇਹ ਵੀ ਕਿਹਾ ਕਿ ਪੋਲਿਸ਼ ਵਿਗਿਆਨੀ ਨਿਕੋਲਸ ਕੌਪਰਨਿਕਸ ਵੱਲੋਂ ਦਿੱਤੇ ਗਏ ਸੂਰਜ ਦੀ ਸਥਿਰਤਾ ਦੇ ਸਿਧਾਂਤ ਦੀ ਜਾਣਕਾਰੀ ਭਾਰਤ ਵਿਚ ਹਜ਼ਾਰਾਂ ਸਾਲ ਪਹਿਲਾਂ ਹੀ ਸੀ। ਪਰਮਾਰ ਨੇ ਕਿਹਾ ਕਿ ਰਿਗਵੇਦ ਵਿਚ 8 ਹਜ਼ਾਰ ਸਾਲ

● ਬਾਕੀ ਸਫ਼ਾ 2 'ਤੇ

# ਪੰਜਾਬ ਏਟਕ ਵੱਲੋਂ ਬਿਜਲੀ ਮੁਲਾਜ਼ਮਾਂ ਦੇ ਸੰਘਰਸ਼ ਦੀ ਡਟਵੀਂ ਹਮਾਇਤ

**ਸੰਗਰੂਰ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ, ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਕਾਰਜਕਾਰੀ ਪ੍ਰਧਾਨ ਸੁਖਦੇਵ ਸ਼ਰਮਾ ਅਤੇ ਡਿਪਟੀ ਜਨਰਲ ਸਕੱਤਰ ਅਮਰਜੀਤ ਸਿੰਘ ਆਸਲ ਨੇ ਬੁੱਧਵਾਰ ਇੱਥੇ ਸਾਂਝੇ ਬਿਆਨ ਰਾਹੀਂ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਦੀ ਮਜ਼ਦੂਰ-ਮੁਲਾਜ਼ਮ ਵਿਰੋਧੀ ਨੀਤੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਨਾਲ ਮੀਟਿੰਗਾਂ ਵਿੱਚ ਜੋ ਮੰਗਾਂ 'ਤੇ ਜੋ ਸਹਿਮਤੀ ਹੋਈ ਹੈ, ਉਹਨਾਂ ਨੂੰ ਪਾਵਰਕਾਮ ਦੀ ਮੈਨੇਜਮੈਂਟ ਲਾਗੂ ਨਹੀਂ ਕਰ ਰਹੀ। ਲਗਾਤਾਰ ਘਾਤਕ ਹਾਦਸਿਆਂ ਵਿੱਚ ਜਾਨਾਂ ਗੁਆ ਰਹੇ ਮੁਲਾਜ਼ਮਾਂ ਨੂੰ ਸਹਿਮਤੀ ਅਨੁਸਾਰ ਸ਼ਹੀਦ ਦਾ ਦਰਜਾ ਅਤੇ ਮੁਆਵਜ਼ਾ ਦੇਣ ਨੂੰ ਤਿਆਰ ਨਹੀਂ, ਕੱਚੇ ਕਾਮਿਆਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਲੰਮੇ ਸਮੇਂ ਤੋਂ ਕੰਮ ਕਰਦੇ ਮੁਲਾਜ਼ਮਾਂ ਦੀਆਂ ਤਨਖਾਹਾਂ ਗਰੇਡ ਅਨੁਸਾਰ ਨਹੀਂ ਦਿੱਤੀਆਂ ਜਾ ਰਹੀਆਂ। ਇਸ ਤੋਂ ਨਿਰਾਸ਼ ਹੋ ਕੇ ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਬਿਜਲੀ ਮੁਲਾਜ਼ਮ ਏਕਤਾ ਮੰਚ, ਜਾਇੰਟ ਫੋਰਮ ਅਤੇ ਐਸੋਸੀਏਸ਼ਨ ਜੂਨੀਅਰ ਇੰਜੀਨੀਅਰ ਨੇ ਸੰਘਰਸ਼ ਦਾ ਰਾਹ ਫੜਿਆ ਹੈ। ਪਾਵਰ ਦੀ ਮੈਨੇਜਮੈਂਟ ਮੁਲਾਜ਼ਮਾਂ ਦੀ ਗੱਲ ਸੁਣਨ ਲਈ ਤਿਆਰ ਨਹੀਂ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਮੁਸ਼ਕਲਾਂ ਵਧ ਰਹੀਆਂ ਹਨ। ਪੰਜਾਬ ਏਟਕ ਮੁਲਾਜ਼ਮਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਕਰਦੀ ਹੈ ਅਤੇ ਮੈਨੇਜਮੈਂਟ ਨੂੰ ਤਾੜਨਾ ਕਰਦੀ ਹੈ ਕਿ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਉਪਰੋਕਤ ਆਗੂਆਂ ਨੇ ਬਿਜਲੀ ਮੁਲਾਜ਼ਮਾਂ ਨੂੰ ਦ੍ਰਿੜ੍ਹਤਾ ਨਾਲ ਲੜੇ ਜਾ ਰਹੇ ਘੋਲ 'ਤੇ ਵਧਾਈ ਦਿੱਤੀ ਹੈ।

## ਭਾਰਤ ਨੇ ਮਲੇਸ਼ੀਆ ਨੂੰ 8-1 ਨਾਲ ਹਰਾਇਆ



**ਹੁਲੁਨਬੂਈਰ (ਚੀਨ)** : ਪਿਛਲੇ ਚੈਂਪੀਅਨ ਭਾਰਤ ਨੇ ਬੁੱਦਵਾਰ ਇੱਥੇ ਹੀਰੋ ਏਸ਼ੀਆਈ ਚੈਂਪੀਅਨਜ਼ ਟਰਾਫੀ ਹਾਕੀ ਟੂਰਨਾਮੈਂਟ 'ਚ ਰਾਜ ਕੁਮਾਰ ਪਾਲ ਦੀ ਹੈਟ੍ਰਿਕ ਨਾਲ ਮਲੇਸ਼ੀਆ ਨੂੰ 8-1 ਨਾਲ ਹਰਾ ਕੇ ਲਗਾਤਾਰ ਤੀਜੀ ਜਿੱਤ ਦਰਜ ਕਰਦੇ ਹੋਏ ਸੈਮੀ ਫਾਈਨਲ ਲਈ ਕੁਆਲੀਫਾਈ ਕੀਤਾ। ਰਾਜ ਕੁਮਾਰ ਪਾਲ ਨੇ ਤੀਜੇ, 25ਵੇਂ ਤੇ 33ਵੇਂ ਮਿੰਟ 'ਚ ਗੋਲ ਕੀਤੇ, ਜਦਕਿ ਅਰਾਈਜੀਤ ਸਿੰਘ ਹੁੰਦਲ ਨੇ ਛੇਵੇਂ ਅਤੇ 39ਵੇਂ ਮਿੰਟ 'ਚ ਦੋ ਗੋਲ ਕੀਤੇ। ਜੁਗਰਾਜ ਸਿੰਘ ਨੇ ਸੱਤਵੇਂ, ਹਰਮਨਪ੍ਰੀਤ ਸਿੰਘ ਨੇ 22ਵੇਂ ਤੇ ਉੱਤਮ ਸਿੰਘ ਨੇ 40ਵੇਂ ਮਿੰਟ 'ਚ ਇਕ-ਇਕ ਗੋਲ ਕੀਤੇ। ਮਲੇਸ਼ੀਆ ਲਈ ਅਖਿਮੁੱਲ੍ਹਾ ਅਨਵਰ ਨੇ 34ਵੇਂ ਮਿੰਟ 'ਚ ਇਕ ਗੋਲ ਕੀਤਾ। ਭਾਰਤ ਤਿੰਨ ਜਿੱਤਾਂ ਨਾਲ ਨੌਂ ਅੰਕ ਲੈ ਕੇ ਸੂਚੀ 'ਚ ਸਿਖਰ 'ਤੇ ਹੈ। ਛੇ ਟੀਮਾਂ ਦਾ ਟੂਰਨਾਮੈਂਟ ਰਾਊਂਡ ਰੌਬਿਨ 'ਚ ਖੇਡਿਆ ਜਾ ਰਿਹਾ ਹੈ।

# ਟਰਾਂਸਪੋਰਟ ਮੁਲਾਜ਼ਮਾਂ ਨੂੰ ਭਲਕੇ ਲੁਧਿਆਣਾ ਰੈਲੀ 'ਚ ਵੱਡੀ ਗਿਣਤੀ 'ਚ ਪੁੱਜਣ ਦਾ ਸੱਦਾ

**ਪਟਿਆਲਾ** : ਪੰਜਾਬ ਰੋਡਵੇਜ਼ / ਪਨਬਸ ਅਤੇ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ 15 ਜਥੇਬੰਦੀਆਂ ਦੀਆਂ ਸਾਂਝੀਆਂ ਐਕਸ਼ਨ ਕਮੇਟੀਆਂ ਵੱਲੋਂ ਟਰਾਂਸਪੋਰਟ ਅਦਾਰੇ ਵਿੱਚ ਫੈਲੇ ਭ੍ਰਿਸ਼ਟਾਚਾਰ, ਪ੍ਰਾਈਵੇਟਾਂ ਦਾ ਟਰਾਂਸਪੋਰਟ ਮਾਫੀਆ, ਸਰਕਾਰ ਵੱਲੋਂ ਅਦਾਰੇ ਨੂੰ ਤਬਾਹ ਕਰਨ ਦੀਆਂ ਨੀਤੀਆਂ ਅਤੇ ਵਰਕਰਾਂ ਦੀਆਂ ਦੋ ਦਰਜਨ ਤੋਂ ਵੱਧ ਲਟਕਦੀਆਂ ਮੰਗਾਂ ਨੂੰ ਲੈ ਕੇ 6 ਸਤੰਬਰ ਨੂੰ 27 ਡਿਪੂਆਂ ਵਿੱਚ ਰੋਹ ਭਰਪੂਰ ਰੈਲੀਆਂ ਕਰਨ ਉਪਰੰਤ ਹੁਣ 13 ਸਤੰਬਰ ਨੂੰ ਲੁਧਿਆਣਾ ਬੱਸ ਸਟੈਂਡ ਉਪਰ ਹਜ਼ਾਰਾਂ ਵਰਕਰਾਂ ਦੀ ਸ਼ਮੂਲੀਅਤ ਨਾਲ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਬੜੇ ਉਤਸ਼ਾਹ ਨਾਲ ਚੱਲ ਰਹੀਆਂ ਹਨ।ਐਕਸ਼ਨ ਕਮੇਟੀਆਂ ਵੱਲੋਂ ਸਮੁੱਚੇ ਟਰਾਂਸਪੋਰਟ ਕਾਮਿਆਂ ਨੂੰ ਜ਼ੋਰਦਾਰ ਅਪੀਲ ਕੀਤੀ ਗਈ ਕਿ ਸਰਕਾਰ ਅਤੇ ਅਦਾਰੇ ਦੇ ਸੁੱਤੇ ਪਏ ਪ੍ਰਬੰਧਕਾਂ ਨੂੰ ਜਗਾਉਣ ਲਈ ਅਤੇ ਆਪਣੇ ਹੱਕਾਂ ਦੇ ਸੰਘਰਸ਼ ਨੂੰ ਤਿੱਖਾ ਕਰਨ ਲਈ ਇਸ ਰੈਲੀ ਵਿੱਚ ਹੁੰਮਾ-ਹੁੰਮਾ ਕੇ ਪਹੁੰਚੋ।

ਵਿਸ਼ਾਲ ਰੈਲੀ ਸੰਬੰਧੀ ਜਾਣਕਾਰੀ ਦਿੰਦਿਆਂ ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਰੋਡਵੇਜ਼/ ਪਨਬਸ ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਸੁਖਵਿੰਦਰ ਸਿੰਘ ਅਤੇ ਦੋਵਾਂ ਐਕਸ਼ਨ ਕਮੇਟੀਆਂ ਦੇ ਮੈਂਬਰਾਂ ਜਗਦੀਸ਼ ਸਿੰਘ ਚਾਹਲ, ਬਲਦੇਵ ਰਾਜ

● ਬਾਕੀ ਸਫ਼ਾ 2 'ਤੇ

## ਸਰਕਾਰ ਮੁਲਾਜ਼ਮ ਮੰਗਾਂ ਪ੍ਰਤੀ ਸੰਜੀਦਾ ਨਹੀਂ : ਧਾਲੀਵਾਲ



**ਪਟਿਆਲਾ** : ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਉਤਮ ਸਿੰਘ ਬਾਗੜੀ, ਰਾਮ ਸਰੂਪ ਅਗਰਵਾਲ, ਕੁਲਦੀਪ ਸਿੰਘ ਗਰੇਵਾਲ 'ਤੇ ਅਧਾਰਤ ਪ੍ਰਧਾਨਗੀ ਮੰਡਲ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਨਿਰਮਲ ਸਿੰਘ ਧਾਲੀਵਾਲ ਨੇ ਭਾਰਤ ਸਰਕਾਰ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਹ ਸਰਕਾਰ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਪਹਿਲਾਂ ਫੇਲ੍ਹ ਕਰਦੀ ਹੈ, ਫਿਰ ਕਾਰਪੋਰੇਟ ਘਰਾਣਿਆਂ ਨੂੰ ਵੇਚ ਦਿੰਦੀ ਹੈ। ਪੰਜਾਬ ਸਰਕਾਰ ਦੀ ਗੱਲ ਕਰਦਿਆਂ ਉਹਨਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ, ਕਿਉਂਕਿ 8ਵੀਂ ਵਾਰ ਮੀਟਿੰਗ ਮੁਲਤਵੀ ਕਰ ਦਿੱਤੀ ਹੈ। ਪੰਜਾਬ ਦੇ ਸਰਕਾਰੀ ਟਰਾਂਸਪੋਰਟ ਅਦਾਰੇ ਅੰਦਰ ਇਨ੍ਹਾਂ ਨੇ ਇੱਕ ਵੀ ਬੱਸ ਨਵੀਂ ਨਹੀਂ ਪਾਈ। ਟਰਾਂਸਪੋਰਟ ਮਾਫੀਏ ਨੂੰ ਖੁੱਲ੍ਹੀ ਛੁੱਟੀ ਦੇ ਰੱਖੀ ਹੈ। ਡੀਜ਼ਲ, ਪੈਟਰੋਲ, ਬਿਜਲੀ ਤੇ ਕਿਰਾਏ ਵਧਾ ਕੇ ਲੋਕਾਂ

● ਬਾਕੀ ਸਫ਼ਾ 2 'ਤੇ

## ਮਲਾਇਕਾ ਅਰੋੜਾ ਦੇ ਪਿਤਾ ਵੱਲੋਂ ਖੁਦਕੁਸ਼ੀ

**ਮੁੰਬਈ** : ਬਾਲੀਵੁੱਡ ਅਦਾਕਾਰਾ ਤੇ ਮਾਡਲ ਮਲਾਇਕਾ ਅਰੋੜਾ ਦੇ ਪਿਤਾ ਅਨਿਲ ਅਰੋੜਾ ਨੇ ਬੁੱਧਵਾਰ ਸਵੇਰੇ ਇੱਥੇ ਕਥਿਤ ਤੌਰ 'ਤੇ ਇਮਾਰਤ ਤੋਂ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਅਨਿਲ ਅਰੋੜਾ ਨੇ ਬਾਂਦਰਾ 'ਚ ਸਥਿਤ ਇਕ ਇਮਾਰਤ ਦੀ ਛੇਵੀਂ ਮੰਜ਼ਲ ਤੋਂ ਕਥਿਤ ਤੌਰ 'ਤੇ ਛਾਲ ਮਾਰ ਦਿੱਤੀ। ਹਸਪਤਾਲ 'ਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਵਿਚਾਲੇ ਇਕ ਸੂਤਰ ਨੇ ਕਿਹਾ ਕਿ ਉਸ ਨੇ ਖੁਦਕੁਸ਼ੀ ਨਹੀਂ ਕੀਤੀ, ਇਹ ਇਕ ਹਾਦਸਾ ਹੈ।

## 10 ਸਾਲਾਂ 'ਚ ਭਾਰਤੀ ਲੋਕਤੰਤਰ ਨੂੰ ਬਹੁਤ ਢਾਹ ਲਾਈ ਗਈ : ਰਾਹੁਲ

**ਵਾਸ਼ਿੰਗਟਨ** : ਰਾਹੁਲ ਗਾਂਧੀ ਨੇ ਕਿਹਾ ਹੈ ਕਿ ਪਿਛਲੇ 10 ਸਾਲਾਂ 'ਚ ਭਾਰਤ 'ਚ ਲੋਕਤੰਤਰ ਨੂੰ ਬੁਰੀ ਤਰ੍ਹਾਂ ਢਾਹ ਲਗਾਈ ਗਈ ਹੈ, ਪਰ ਹੁਣ ਲੋਕਤੰਤਰ ਮੁੜ ਤੋਂ ਪਟੜੀ 'ਤੇ ਪਰਤ ਰਿਹਾ ਹੈ। ਉਨ੍ਹਾ ਮੰਗਲਵਾਰ 'ਨੈਸ਼ਨਲ ਪ੍ਰੈੱਸ ਕਲੱਬ' ਵਿਚ ਮੀਡੀਆ ਨਾਲ ਗੱਲਬਾਤ ਦੌਰਾਨ ਇਹ ਟਿੱਪਣੀ ਕੀਤੀ। ਉਨ੍ਹਾ ਕਿਹਾ, 'ਮੈਂ ਤੁਹਾਨੂੰ ਇਹ ਦੱਸ ਸਕਦਾ ਹਾਂ ਕਿ ਪਿਛਲੇ ਸਾਲਾਂ 'ਚ ਭਾਰਤੀ ਲੋਕਤੰਤਰ ਨੂੰ ਬਹੁਤ ਨੁਕਸਾਨ ਪਹੁੰਚਾਇਆ ਗਿਆ, ਹੁਣ ਉਹ ਮੁੜ ਤੋਂ ਪਟੜੀ 'ਤੇ ਪਰਤਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਉਸ ਨੂੰ ਨੁਕਸਾਨ ਪਹੁੰਚਾਇਆ ਗਿਆ ਸੀ। ਮੈਂ ਦੇਖਿਆ ਹੈ ਕਿ ਕਿਸ ਤਰ੍ਹਾਂ ਮਹਾਰਾਸ਼ਟਰ 'ਚ ਸਾਡੀ ਸਰਕਾਰ ਸਾਡੇ ਕੋਲੋਂ ਖੋਹ ਲਈ ਗਈ। ਮੈਂ ਇਹ ਸਭ ਅੱਖੀਂ ਦੇਖਿਆ ਹੈ। ਮੈਂ ਦੇਖਿਆ ਹੈ ਕਿ ਕਿਵੇਂ ਸਾਡੇ ਵਿਧਾਇਕਾਂ ਨੂੰ ਖਰੀਦਿਆ ਗਿਆ ਅਤੇ ਉਨ੍ਹਾਂ ਨੂੰ ਫਸਾ ਦਿੱਤਾ ਗਿਆ ਅਤੇ ਉਹ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਰਾਹੁਲ ਗਾਂਧੀ ਤਾਂ ਚਰਚਿਆਂ ਵਿੱਚ ਰਹਿੰਦਾ,
ਕਦੀ ਗਲਤ ਹੁੰਦੈ, ਕਦੀ ਉਹ ਠੀਕ ਬੇਲੀ।
ਆਪਣੇ ਕਰਨ ਕੁਝ ਸਿਫਤ ਜਾਂ ਨਾ ਬੇਸ਼ੱਕ,
ਵਿਰੋਧੀ ਕਰਦੇ ਪਏ ਰਹਿਣ ਉਡੀਕ ਬੇਲੀ।
ਜਦੋਂ ਵੀ ਮਿਲੇ ਕੁਝ ਬਾਤ ਵਿਵਾਦ ਵਰਗੀ,
ਲੱਗ ਪੈਣ ਨੱਚਣ ਉਹ ਚੁੱਕ ਸ਼ਰੀਕ ਬੇਲੀ।
ਦਿੱਤੀ ਗਈ ਗੱਲ ਨੂੰ ਮੀਡੀਆ ਚੁੱਕ ਲੈਂਦਾ,
ਕਦੀ ਤਹਿਆਂ ਦੇ ਗਿਆ ਨਹੀਂ ਤੀਕ ਬੇਲੀ।
ਗਿਆ ਅਮਰੀਕਾ ਦੇ ਵਿੱਚ ਹੈ ਫੇਰ ਰਾਹੁਲ,
ਛਿੜ ਗਿਆ ਖਬਰ ਦਾ ਫੇਰ ਵਿਵਾਦ ਬੇਲੀ।
ਬਤੰਗੜ ਬਾਤ ਦਾ ਐਵੇਂ ਗਿਆ ਬਣ ਦਿੱਸੇ,
ਮੀਡੀਆ ਕਰੀ ਜਾਏ ਸਮਾਂ ਬਰਬਾਦ ਬੇਲੀ।

-ਤੀਸ ਮਾਰ ਖਾਂ

## ਪਾਕਿ ਵੱਲੋਂ ਗੋਲੀਬੰਦੀ ਦੀ ਉਲੰਘਣਾ, ਮੁਕਾਬਲੇ 'ਚ 3 ਦਹਿਸ਼ਤਗਰਦ ਮਾਰੇ

**ਜੰਮੂ** : ਫੌਜ ਦੇ ਜਵਾਨਾਂ ਨੇ ਬੁੱਧਵਾਰ ਊਧਮਪੁਰ ਦੇ ਖੰਡਰਾ ਟੌਪ ਦੇ ਜੰਗਲਾਂ ਵਿਚ ਚਾਰ ਘੰਟਿਆਂ ਦੇ ਮੁਕਾਬਲੇ 'ਚ 3 ਦਹਿਸ਼ਤਗਰਦ ਮਾਰ ਦਿੱਤੇ। ਸੂਚਨਾ ਮਿਲਣ 'ਤੇ ਫੌਜੀਆਂ ਨੇ ਸਰਚ ਅਪ੍ਰੇਸ਼ਨ ਚਲਾਇਆ ਤਾਂ ਦਹਿਸ਼ਤਗਰਦਾਂ ਨੇ ਦੁਪਹਿਰ 12.50 ਵਜੇ ਜਵਾਨਾਂ 'ਤੇ ਫਾਇਰਿੰਗ ਕਰ ਦਿੱਤੀ। ਜਵਾਬੀ ਫਾਇਰਿੰਗ 'ਚ 3 ਦਹਿਸ਼ਤਗਰਦ ਮਾਰੇ ਗਏ। ਅਖਨੂਰ ਵਿਚ 10-11 ਸਤੰਬਰ ਦੀ ਰਾਤ ਕਰੀਬ ਢਾਈ ਵਜੇ ਪਾਕਿਸਤਾਨੀ ਜਵਾਨਾਂ ਨੇ ਸਰਹੱਦ 'ਤੇ 7 ਮਹੀਨਿਆਂ ਬਾਅਦ ਗੋਲੀਬੰਦੀ ਦੀ ਉਲੰਘਣਾ ਕਰਕੇ ਭਾਰਤੀ ਚੌਕੀਆਂ 'ਤੇ ਫਾਇਰਿੰਗ ਕੀਤੀ, ਜਿਸ ਦਾ ਬੀ ਐੱਸ ਐੱਫ ਦੇ ਜਵਾਨਾਂ ਨੇ ਜਵਾਬ ਦਿੱਤਾ। ਗੋਲੀਬਾਰੀ ਵਿਚ ਬੀ ਐੱਸ ਐੱਫ ਦਾ ਇਕ ਜਵਾਨ ਜ਼ਖਮੀ ਹੋ ਗਿਆ। ਪਾਕਿਸਤਾਨ ਵਾਲੇ ਪਾਸੇ ਹੋਏ ਨੁਕਸਾਨ ਦੀ ਜਾਣਕਾਰੀ ਨਹੀਂ ਮਿਲ ਸਕੀ। 18 ਸਤੰਬਰ ਨੂੰ ਜੰਮੂ-ਕਸ਼ਮੀਰ ਅਸੰਬਲੀ ਲਈ ਪਹਿਲੇ ਗੇੜ ਦੀ ਪੋਲਿੰਗ ਹੋਣੀ ਹੈ।




# ਪਾਵਰ ਮੈਨੇਜਮੈਂਟ ਦੇ ਅੜੀਅਲ ਵਤੀਰੇ ਖਿਲਾਫ਼ ਬਿਜਲੀ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ



**ਤਰਨ ਤਾਰਨ (ਨਜ਼ਸ)**-ਬਿਜਲੀ ਕਰਮਚਾਰੀਆਂ ਨੇ ਮੰਨੀਆਂ ਮੰਗਾਂ ਲਾਗੂ ਨਾ ਕਰਨ ਦੇ ਖਿਲਾਫ਼ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵਿਰੁੱਧ ਅੱਜ ਦੂਸਰੇ ਦਿਨ ਵੀ ਪੀਐੱਸਈਬੀ ਇਮਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਦੇ ਸੂਬਾ ਪੱਧਰੀ ਸੱਦੇ 'ਤੇ ਸਮੂਹਿਕ ਛੁੱਟੀ ਲੈ ਕੇ ਪਾਵਰਕਾਮ ਦੇ ਸਥਾਨਿਕ ਸਰਕਲ ਦਫਤਰ ਦੇ ਗੇਟ 'ਤੇ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਦੇ ਮੁਲਾਜ਼ਮ ਵਿਰੋਧੀ ਹੈਂਕੜ ਭਰੇ ਵਤੀਰੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਭੇਜ ਸਿੰਘ ਢਿੱਲੋਂ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਜਾਣਬੁੱਝ ਕੇ ਵਿਭਾਗ ਵਿੱਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ 'ਤੇ ਨਵੀਂ ਭਰਤੀ ਨਹੀਂ ਕਰ ਰਹੀ ਜਿਸ ਦੀ ਵਜ ਾ ਕਰਕੇ ਮੌਜੂਦਾ ਕਰਮਚਾਰੀਆਂ ਨੂੰ ਦਿਨ-ਰਾਤ ਡਿਊਟੀਆਂ ਕਰਨੀਆਂ ਪੈ ਰਹੀਆਂ ਹਨ। ਬਿਜਲੀ ਕਾਮੇ ਮਾਨਸਿਕ ਪ੍ਰੇਸ਼ਾਨੀ ਵਿੱਚ ਹਾਦਸਿਆਂ ਦਾ ਸ਼ਿਕਾਰ ਹੋ ਕੇ ਆਪਣੀਆਂ ਕੀਮਤੀ ਜਾਨਾਂ ਗਵਾ ਰਹੇ ਹਨ। ਆਗੂਆਂ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਵੱਲੋਂ ਪਹਿਲਾਂ 31 ਜੁਲਾਈ ਅਤੇ ਹੁਣ 6 ਸਤੰਬਰ ਨੂੰ ਮੁਲਾਜ਼ਮ ਜਥੇਬੰਦੀਆਂ ਨਾਲ ਕੀਤੀਆਂ ਮੀਟਿੰਗਾਂ ਸਮੇਂ ਮੁਲਾਜ਼ਮ ਮੰਗਾਂ ਤੇ ਸਹਿਮਤੀ ਪ੍ਰਗਟ ਕਰਦੇ ਹੋਏ ਮੰਗਾਂ ਲਾਗੂ ਕਰਨ ਦਾ ਭਰੋਸਾ ਦਿੱਤਾ ਸੀ ਪਰ ਹੁਣ ਟਾਲ-ਮਟੋਲ ਕੀਤਾ ਜਾ ਰਿਹਾ ਹੈ।ਇਸੇ ਕਰਕੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਵਰਕਰ ਆਪਣੇ ਗੁੱਸੇ ਦਾ ਪ੍ਰਗਟਾਵਾ ਕਰ ਰਹੇ ਹਨ।ਇਸ ਮੌਕੇ ਸੈਂਕੜੇ ਮੁਲਾਜ਼ਮ ਆਗੂ ਹਾਜ਼ਰ ਸਨ।

# ਗੈਸ ਏਜੰਸੀ ਦੇ ਮਾਲਕ ਤੋਂ ਇਕ ਕਰੋੜ ਦੀ ਫਿਰੌਤੀ ਮੰਗੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਸ਼ਾਹਪੁਰ ਜਾਜਨ 'ਚ ਗੈਸ ਏਜੰਸੀ ਦੇ ਮਾਲਕ ਕੋਲੋਂ 8 ਸਤੰਬਰ ਦੀ ਰਾਤ ਨੂੰ ਹੈਰੀ ਚੱਠਾ ਨਾਮਕ ਗੈਂਗਸਟਰ ਵੱਲੋਂ ਇੱਕ ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ ਸੀ ਤੇ ਫਿਰੌਤੀ ਨਾ ਦੇਣ ਦੀ ਸੂਰਤ ਵਿੱਚ ਉਸ ਦੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਸੀ। ਏਜੰਸੀ ਦੇ ਮਾਲਕ ਜਸਪਾਲ ਸਿੰਘ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿੱਚ ਲਿਖਤੀ ਦਰਖਾਸਤ ਦਿੱਤੀ ਗਈ ।ਪੁਲਸ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਸੀ ਪਰ ਬੀਤੀ ਰਾਤ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਏਜੰਸੀ ਦੇ ਮਾਲਕ ਦੇ ਘਰ 'ਤੇ ਤਾਬੜਤੋੜ ਗੋਲੀਆਂ ਚਲਾ ਦਿੱਤੀਆਂ ।ਘਟਨਾ ਘਰ ਵਿੱਚ ਲੱਗੇ ਸੀਸੀ ਟੀਵੀ ਕੈਮਰੇ ਵਿੱਚ ਕੈਦ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਏਜੰਸੀ ਦੇ ਮਾਲਕ ਜਸਪਾਲ ਸਿੰਘ ਨੇ ਦੱਸਿਆ ਕਿ ਡੀਐੱਸਪੀ ਡੇਰਾ ਬਾਬਾ ਨਾਨਕ ਸਮੇਤ ਪੁਲਸ ਪਾਰਟੀ ਵੱਲੋਂ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਣ ਉਪਰੰਤ 6 ਚੱਲੇ ਹੋਏ ਖੋਲ ਅਤੇ ਇੱਕ ਜ਼ਿੰਦਾ ਰਾਊਂਡ ਬਰਾਮਦ ਕੀਤਾ ਗਿਆ। ਇਸ ਸਬੰਧੀ ਜਦੋਂ ਪੱਤਰਕਾਰਾਂ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਕੁਲਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ ਾਂ ਦੱਸਿਆ ਇਸ ਸਬੰਧੀ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਦੋਸ਼ੀਆਂ ਨੂੰ ਫੜਨ ਲਈ ਵੱਖ-ਵੱਖ ਟੀਮਾਂ ਬਣਾ ਕੇ ਛਾਪੇਮਾਰੀ ਕੀਤੀ ਜਾ ਰਹੀ ਹੈ ਤੇ ਜਲਦ ਹੀ ਉਕਤ ਦੋਸ਼ੀ ਪੁਲਸ ਦੀ ਗ੍ਰਿਫ਼ਤ ਵਿੱਚ ਹੋਣਗੇ।

# ਬਾਬਾ ਬੁੱਢਾ ਸਾਹਿਬ ਚੈਰੀਟੇਬਲ ਹਸਪਤਾਲ ਬੀੜ ਸਾਹਿਬ ਵਿਖੇ ਫਰੀ ਮੈਡੀਕਲ ਕੈਂਪ ਲਗਾਇਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਸਲਾਨਾ ਜੋੜ ਮੇਲੇ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ ਤੇ ਬਾਬਾ ਬੁੱਢਾ ਸਾਹਿਬ ਚੈਰੀਟੇਬਲ ਹਸਪਤਾਲ ਬੀੜ ਸਾਹਿਬ ਵਿਖੇ ਫਰੀ ਮੈਡੀਕਲ ਕੈਂਪ ਹਸਪਤਾਲ ਦੇ ਡਾਇਰੈਕਟਰ ਡਾਕਟਰ ਗੁਰਲਾਲ ਸਿੰਘ ਦੀ ਅਗਵਾਈ ਵਿੱਚ ਲਗਾਇਆ ਗਿਆ।ਜਿਸ ਦੀ ਸ਼ੁਰੂਆਤ ਬਾਬਾ ਬੁੱਢਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਕੀਤੀ ਅਤੇ ਉਦਘਾਟਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾ, ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਮੈਨੇਜਰ ਸਰਬਦਿਆਲ ਸਿੰਘ ਅਤੇ ਡਾਇਰੈਕਟਰ ਡਾ ਗੁਰਲਾਲ ਸਿੰਘ ਨੇ ਕੀਤਾ। ਉਪਰੰਤ ਵੱਖ-ਵੱਖ ਬਿਮਾਰੀਆਂ ਨਾਲ ਸਬੰਧਤ ਮਰੀਜ਼ਾਂ ਜਿਨ ਾਂ ਵਿਚ ਅੱਖਾਂ ਦੇ ਸਪੈਸ਼ਲਿਸਟ ਮਾਹਿਰ ਡਾਕਟਰ ਸੰਦੀਪ ਰਾਣਾ, ਹੱਡੀਆਂ ਦੇ ਡਾ ਚੰਦਰ ਸ਼ੇਖਰ, ਡਾਕਟਰ ਗੁਰਪ੍ਰੀਤ ਸਿੰਘ ਭੁੱਲਰ, ਦੰਦਾਂ ਦੇ ਡਾਕਟਰ ਸੁਖਮਨਪ੍ਰੀਤ ਕੌਰ, ਲੇਡੀਜ਼ ਡਾਕਟਰ ਅਮਨਿਆ, ਡਾ. ਬਲਜੀਤ ਸਿੰਘ, ਡਾ. ਰਮਨੀਕ ਕੌਰ, ਡਾਕਟਰ ਹਰਸਿਮਰਨ ਕੌਰ ਅਤੇ ਸੰਦੀਪ ਸੂਦ ਨੇ ਮਰੀਜ਼ਾਂ ਚੈਕਅਪ ਕੀਤਾ। ਇਸ ਸਮੇਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਫਰੀ ਲੈਂਜ਼ ਬਾਬਾ ਬੁੱਢਾ ਸਾਹਿਬ ਜੀ ਸੇਵਾ ਸੋਸਾਇਟੀ ਨਿਭਾਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਗੁਰਲਾਲ ਸਿੰਘ ਨੇ ਦੱਸਿਆ ਕਿ ਅੱਖਾਂ ਦੇ ਆਪ੍ਰੇਸ਼ਨ ਬਾਬਾ ਬੁੱਢਾ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਫਰੀ ਕੀਤੇ ਜਾਣਗੇ ਜਦੋਂਕਿ ਬਾਕੀ ਸਾਰੇ ਟੈਸਟ ਅਤੇ ਹੋਰ ਜਨਰਲ ਸਰਜਰੀ ਅੱਧੇ ਰੇਟ ਤੇ ਹੋਵੇਗੀ। ਇਸ ਸਮੇਂ ਬਾਬਾ ਬੁੱਢਾ ਸੇਵਾ ਸੋਸਾਇਟੀ ਵੱਲੋਂ ਦਲਜੀਤ ਸਿੰਘ ਐਮਾ, ਰਵੇਲ ਸਿੰਘ ਜੋਹਲ, ਸੁਪਰਡੈਂਟ ਸੁਰਿੰਦਰ ਸਿੰਘ ਚੂਸਲੇਵੜ, ਓਟੀ ਇੰਚਾਰਜ ਇੰਦਰਜੀਤ ਸਿੰਘ, ਮਨਜਿੰਦਰ ਸਿੰਘ ਬਘਿਆੜੀ, ਕੈਪਟਨ ਸਿੰਘ ਬਘਿਆੜੀ, ਸਾਬਕਾ ਸਰਪੰਚ ਸੁਰਜੀਤ ਸਿੰਘ ਮੀਆਂਪੁਰ ਆਦਿ ਹਾਜ਼ਰ ਸਨ।

# ਪੀ ਸੀ ਐੱਮ ਐੱਸ ਏ ਨੇ ਸੁਰੱਖਿਆ ਤੇ ਏ ਸੀ ਪੀਜ਼ ਦੀਆਂ ਮੰਗਾਂ ਕਮੇਟੀ ਸਾਹਮਣੇ ਰੱਖੀਆਂ



**ਫਗਵਾੜਾ (ਡਾ. ਰਮਨ)**-ਕੈਬਨਿਟ ਸਬ-ਕਮੇਟੀ ਅਤੇ ਮਾਨਯੋਗ ਐੱਚ. ਐੱਮ. ਡਾ. ਬਲਬੀਰ ਸਿੰਘ ਨਾਲ ਹੋਈ ਮੀਟਿੰਗ ਦੌਰਾਨ ਪੀਸੀਐੱਮਐੱਸਏ ਨੇ ਸੁਰੱਖਿਆ ਅਤੇ ਏਸੀਪੀਜ਼ ਦੀਆਂ ਮੰਗਾਂ ਨੂੰ ਪੁਰਜ਼ੋਰ ਤਰੀਕੇ ਨਾਲ ਕਮੇਟੀ ਸਾਹਮਣੇ ਰੱਖਿਆ। ਏਸੀਪੀਜ਼ ਦੇ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਕੈਬਨਿਟ ਸਬ-ਕਮੇਟੀ ਨੇ ਮੰਗਾਂ ਨੂੰ ਜਾਇਜ਼ ਮੰਨਦਿਆਂ ਸਿਧਾਂਤਕ ਤੌਰ 'ਤੇ ਪੀਸੀਐੱਮਐੱਸ ਕਾਡਰ ਵਿੱਚ ਰੁਕੇ ਹੋਏ ਏਸੀਪੀ ਨੂੰ ਬਹਾਲ ਕਰਨ ਨੂੰ ਪ੍ਰਵਾਨਗੀ ਦਿੱਤੀ ਅਤੇ ਇਸ ਨੂੰ ਜਲਦੀ ਅਤੇ ਸਮਾਂਬੱਧ ਢੰਗ ਨਾਲ ਲਾਗੂ ਕਰਨ ਲਈ ਬਿਨਾਂ ਸ਼ਰਤ ਸਹਿਮਤੀ ਦਿੱਤੀ। ਸਾਰੀਆਂ ਚਰਚਾਵਾਂ ਸਕਾਰਾਤਮਕ ਅਤੇ ਅਨੁਕੂਲ ਮਾਹੌਲ ਵਿੱਚ ਹੋਈਆਂ।ਪੀਸੀਐੱਮਐੱਸਏ ਸਾਡੀਆਂ ਮੰਗਾਂ ਨੂੰ ਪੂਰੀ ਤਰ ਾਂ ਸਵੀਕਾਰ ਕਰਨ ਅਤੇ ਜਵਾਬਦੇਹ ਹੋਣ ਲਈ ਸਬ-ਕਮੇਟੀ ਦੇ ਮੈਂਬਰਾਂ ਅਤੇ ਮਾਨਯੋਗ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਾ ਹੈ। ਦਰਅਸਲ ਮੀਟਿੰਗ ਦੇ ਅੰਤ ਵਿੱਚ ਵਿਭਾਗ ਵੱਲੋਂ ਪੀਸੀਐੱਮਐੱਸਏ ਨੂੰ ਭਰੋਸਾ ਦਿਵਾਇਆ ਗਿਆ ਕਿ ਅੱਜ ਹੀ ਸਰਕਾਰ ਵੱਲੋਂ ਇੱਕ ਅਧਿਕਾਰਤ ਪੱਤਰ ਜਾਰੀ ਕੀਤਾ ਜਾਵੇਗਾ ।ਜਿਸ ਵਿੱਚ ਏਸੀਪੀ ਦੀ ਬਹਾਲੀ ਬਾਰੇ ਕੈਬਨਿਟ ਸਬ-ਕਮੇਟੀ ਦੇ ਫੈਸਲੇ ਅਤੇ ਇੱਕ ਨਿਸ਼ਚਿਤ ਰੂਪਰੇਖਾ ਸਮੇਤ ਮੀਟਿੰਗ ਦੇ ਹੋਰ ਮਹੱਤਵਪੂਰਨ ਫੈਸਲਿਆਂ ਬਾਰੇ ਦੱਸਿਆ ਜਾਵੇਗਾ ਪ੍ਰੰਤੂ ਸਰਕਾਰ ਵੱਲੋਂ ਪੱਤਰ ਜਾਰੀ ਕਰਨ ਦੇ ਵਾਅਦੇ ਉਪਰੰਤ ਕੋਈ ਵੀ ਪੱਤਰ ਜਾਰੀ ਨਾ ਕੀਤੇ ਜਾਣ ਦੇ ਮੱਦੇਨਜ਼ਰ ਲਈ ਕੱਲ ਓਪੀਡੀ ਨੂੰ ਪੂਰੇ ਦਿਨ ਲਈ ਮੁਅੱਤਲ ਕਰਨ ਦਾ ਸੱਦਾ ਦਿੱਤਾ ਗਿਆ ਹੈ।

# ਖਾਲਸਾ ਕਾਲਜ ਗੁਰਦਾਸ ਨੰਗਲ ਦੇ ਖਿਡਾਰੀਆਂ ਬਲਾਕ ਪੱਧਰੀ ਖੇਡਾਂ 'ਚ ਮਾਰੀ ਬਾਜ਼ੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਅਜੈ ਸਿੰਘ ਖਾਲਸਾ ਕਾਲਜ ਦੇ ਖਿਡਾਰੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਅਧੀਨ ਹੋਏ ਬਲਾਕ ਪੱਧਰੀ ਮੁਕਾਬਲਿਆਂ ਵਿੱਚੋਂ ਜੇਤੂ ਰਹਿ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਬਲਾਕ ਧਾਰੀਵਾਲ ਵਿੱਚੋਂ ਕਾਲਜ ਦੀ ਅੰਡਰ-21 ਲੜਕਿਆਂ ਦੀ ਵਾਲੀਬਾਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ।ਅੰਡਰ -17 ਲੜਕਿਆਂ ਦੀ ਵਾਲੀਬਾਲ ਟੀਮ ਬਲਾਕ ਵਿੱਚੋਂ ਦੂਸਰੇ ਸਥਾਨ ਤੇ ਰਹੀ।ਕਾਲਜ ਦੀਆਂ ਲੜਕਿਆਂ ਅਤੇ ਲੜਕੀਆਂ ਦੀਆਂ ਕਬੱਡੀ ਦੀਆਂ ਟੀਮਾਂ ਪਹਿਲੇ ਸਥਾਨ 'ਤੇ ਰਹੀਆਂ।ਅਥਲੈਟਿਕਸ ਦੇ ਵੱਖ-ਵੱਖ ਮੁਕਾਬਲਿਆਂ ਵਿੱਚੋਂ ਕਾਲਜ ਖਿਡਾਰੀਆਂ ਨੇ ਨਾਮਣਾ ਖੱਟਿਆ ।800 ਮੀਟਰ ਦੌੜ ਅੰਡਰ-21 ਲੜਕੇ ਵਿੱਚੋਂ ਕਵਲਜੀਤ ਸਿੰਘ ਨੇ ਪਹਿਲਾ ਸਥਾਨ, 400 ਮੀਟਰ ਦੌੜ ਅੰਡਰ-21 ਲੜਕੇ ਵਿੱਚੋਂ ਸਤਨਾਮ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ।ਕਾਲਜ ਖਿਡਾਰਨ ਕੁਲਵਿੰਦਰ ਕੌਰ ਨੇ ਅੰਡਰ-21 ਉਮਰ ਵਰਗ 100 ਮੀਟਰ ਦੌੜ ਵਿੱਚੋਂ ਤੀਸਰਾ, ਸੋਨੀਆ ਨੇ ਅੰਡਰ-21ਤੋਂ 30 ਉਮਰ ਵਰਗ 100 ਅਤੇ 200 ਮੀਟਰ ਦੌੜ ਵਿੱਚੋਂ ਦੂਸਰਾ ਅਤੇ ਸ਼ਾਰਦਾ ਨੇ 100 ਅਤੇ 1500 ਮੀਟਰ ਦੌੜ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਸ਼ਾਟਪੁੱਟ ਅੰਡਰ-21 ਵਿੱਚੋਂ ਕਾਲਜ ਖਿਡਾਰੀ ਹਰਸ਼ਦੀਪ ਸਿੰਘ ਅਤੇ ਗੁਰਵਿੰਦਰ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਕਾਲਜ ਪ੍ਰਿੰ, ਡਾ. ਗੁਰਜੀਤ ਸਿੰਘ ਨੇ ਜੇਤੂ ਖਿਡਾਰੀਆਂ ਅਤੇ ਉਨ ਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।ਉਨ ਾਂ ਖਿਡਾਰੀਆਂ ਦਾ ਕਾਲਜ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ।ਉਨ ਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਪੜ ਾਈ ਦੇ ਨਾਲ-ਨਾਲ ਖੇਡਾਂ ਵਿੱਚ ਬਰਾਬਰ ਹਿੱਸਾ ਲੈਣਾ ਚਾਹੀਦਾ ਹੈ ਤਾਂ ਕਿ ਜੀਵਨ ਦਾ ਸਰਬਪੱਖੀ ਵਿਕਾਸ ਹੋ ਸਕੇ। ਉਨ ਾਂ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਨੂੰ ਜ਼ਰੂਰੀ ਦੱਸਿਆ।ਉਨ ਾਂ ਕਿਹਾ ਕਿ ਇਹ ਖਿਡਾਰੀ ਅੱਗੇ ਜ਼ਿਲਾ ਅਤੇ ਰਾਜ ਪੱਧਰੀ ਖੇਡਾਂ ਵਿੱਚ ਵੀ ਕਾਲਜ ਦਾ ਨਾਮ ਰੌਸ਼ਨ ਕਰਨਗੇ।ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਸਾਹਿਬਾਨ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਧਰਨਾ ਤੇ ਨਾਅਰੇਬਾਜ਼ੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਸਮੂਹਿਕ ਛੁੱਟੀ ਤੇ ਦੂਜੇ ਦਿਨ ਸਬ ਡਿਵੀਜਨ ਧਾਰੀਵਾਲ ਦੇ ਬਿਜਲੀ ਮੁਲਾਜਮਾਂ ਵਲੋਂ ਰੋਸ ਧਰਨਾ ਦਿੱਤਾ ਅਤੇ ਪਾਵਰਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜੀ ਕੀਤੀ ਗਈ। ਰੋਸ ਰੈਲੀ ਵਿੱਚ ਸੂਬਾ ਸਕੱਤਰ ਸੁਖਵਿੰਦਰ ਸਿੰਘ ਗਿੱਲ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।

ਇਸ ਮੌਕੇ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਪਾਵਰਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਅੜੀਅਲ ਵਤੀਰੇ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੀ 31 ਜੁਲਾਈ 2024 ਨੂੰ ਮੈਨੇਜਮੈਂਟ ਨਾਲ ਮੀਟਿੰਗ ਵਿੱਚ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਲਈ 15 ਅਗਸਤ ਦਾ ਬਿਜਲੀ ਮੰਤਰੀ ਵਲੋਂ ਸਮਾਂ ਮੰਗਿਆ ਸੀ ਪਰ ਕਿਸੇ ਵੀ ਮੰਗ ਨੂੰ ਲਾਗੂ ਨਹੀਂ ਕੀਤਾ ਗਿਆ। ਬੁਲਾਰਿਆਂ ਕਿਹ ਜੇ ਮੰਗਾਂ ਨੂੰ ਜਲਦ ਪੂਰਾ ਨਾ ਕੀਤਾ ਗਿਆ ਤਾਂ ਤਿੰਨ ਦਿਨ ਦੀ ਸਮੂਹਿਕ ਛੁੱਟੀ ਤਹਿਤ ਬਿਜਲੀ ਕਾਮਿਆਂ ਦੇ ਰੋਸ਼ ਧਰਨਿਆਂ ਦੇ ਬਾਅਦ ਜਥੇਬੰਦੀ ਵਲੋਂ ਮਜਬੂਰਨ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ, ਜਿਸ ਸਾਰੀ ਜ਼ਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ। ਰੋਸ ਧਰਨੇ ਵਿੱਚ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ, ਸਾਥੀ ਗੁਰਦੀਪ ਸਿੰਘ ਗਿੱਲ, ਦਵਿੰਦਰ ਸਿੰਘ ਵੜੈਚ, ਹਰਵਿੰਦਰ ਸਿੰਘ ਕਲੇਰ, ਸਵਿੰਦਰ ਸਿੰਘ, ਮਨਜੀਤ ਸਿੰਘ ਕਲੇਰ, ਜਵਾਹਰ ਸਿੰਘ ਆਦਿ ਬਿਜਲੀ ਮੁਲਾਜਮ ਆਗੂ ਸ਼ਾਮਲ ਸਨ।

# ਬਾਬਾ ਸ੍ਰੀ ਚੰਦ ਦਾ ਪ੍ਰਕਾਸ਼ ਦਿਹਾੜਾ ਅੱਜ ਮਨਾਇਆ ਜਾਵੇਗਾ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਸ੍ਰੀ ਚੰਦਰ ਗੁਰੂ ਸਪੁੱਤਰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਵਸ 12 ਸਤੰਬਰ ਨੂੰ ਬਹੁਤ ਸ਼ਰਧਾ ਭਾਵਨਾ ਨਾਲ ਫਿਰੋਜ਼ਪੁਰ ਸ਼ਹਿਰ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਜਿਸ ਵਿਚ ਅਖੰਡ ਪਾਠ ਦਾ ਭੋਗ ਤੋਂ ਬਾਅਦ ਅਤੁੱਟ ਲੰਗਰ ਵਰਤਾਇਆ ਜਾਵੇਗਾ। ਇਸ ਡੇਰੇ ਵਿਚ ਹਰ ਸਾਲ ਸ੍ਰੀ ਚੰਦਰ ਦਾ ਜਨਮ ਦਿਨ ਬਾਬਾ ਬਦਰੀ ਦਾਸ ਜੀ ਦੀ ਬਰਸੀ 16 ਜਨਵਰੀ ਅਤੇ ਬਾਬਾ ਪੁਰਜਨ ਦਾਸ ਦੀ ਬਰਸੀ ਸਤੰਬਰ ਮਹੀਨੇ ਦੀ ਪੂਰਨਮਾਸ਼ੀ ਨੂੰ ਮਨਾਈ ਜਾਂਦੀ ਹੈ। 18 ਸਤੰਬਰ 2024 ਨੂੰ ਬਾਬਾ ਪੁਰਜਨ ਦਾਸ ਦੀ ਬਰਸੀ ਵੀ ਹਰ ਸਾਲ ਦੀ ਤਰ੍ਹਾਂ ਹੁਣ ਵੀ ਮਨਾਈ ਜਾਵੇਗੀ। ਇਹ ਜਾਣਕਾਰੀ ਡੇਰੇ ਦੇ ਮਹੰਤ ਸਰਵਨ ਦਾਸ ਅਤੇ ਕਮੇਟੀ ਦੇ ਅਹੁਦੇਦਾਰ ਅਮਰੀਕ ਸਿੰਘ ਨੇ ਦਿੱਤੀ। ਇਸ ਮੌਕੇ ਅਸ਼ੋਕ ਕੁਮਾਰ ਗੱਖੜ, ਜਸਬੀਰ ਸਿੰਘ ਸਿੱਧੂ, ਗੁਰਮੇਜ ਸਿੰਘ ਨਸੀਰਾ ਖਿਲਚੀਆ, ਦਿਨੇਸ਼ ਪੁਰੀ, ਬਿੱਟੂ ਆਰੇ ਵਾਲਾ, ਠੇਕੇਦਾਰ ਸਰਬਜੀਤ ਸੰਘਿ, ਸੰਦੀਪ ਆਦਿ ਇਲਾਕੇ ਦੀ ਸੰਗਤ ਹਾਜ਼ਰ ਸੀ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਕਿੱਤਾਮੁਖੀ ਵਰਕਸ਼ਾਪ




**ਦੋਰਾਹਾ (ਹਰਮਿੰਦਰ ਸੇਠ)** ਗੁਰੂ ਨਾਨਕ ਨੈਸ਼ਨਲ ਕਾਲਜ ਦੇ ਫ਼ੈਸ਼ਨ ਡਿਜ਼ਾਈਨਿੰਗ ਵਿਭਾਗ ਤੇ ਕੈਰੀਅਰ ਗਾਈਡੈਂਸ ਸੈੱਲ ਵੱਲੋਂ ਸਾਂਝੇ ਤੌਰ 'ਤੇ 'ਅਪਸਾਈਕਲਿੰਗ ਆਫ਼ ਰੈਗਜ਼' ਵਿਸ਼ੇ ਉੱਤੇ ਇੱਕ ਕਿੱਤਾ ਮੁਖੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਸੇਧ ਦੇਣ ਹਿਤ ਆਯੋਜਤ ਇਸ ਵਰਕਸ਼ਾਪ 'ਚ ਡੀਨ ਕੈਰੀਅਰ ਗਾਈਡੈਂਸ ਸੈੱਲ ਪ੍ਰੋ. ਰਣਜੀਤ ਕੌਰ ਦੀ ਅਗਵਾਈ ਹੇਠ ਪ੍ਰੋ. ਸ਼ਵੇਤਾ ਥਾਪਾ ਨੇ ਕਾਲਜ ਦੀਆਂ ਵਿਦਿਆਰਥਣਾਂ ਨੂੰ ਪੁਰਾਣੇ ਕੱਪੜਿਆਂ, ਕਾਤਰਾਂ ਤੇ ਲੀਰਾਂ ਆਦਿ ਨੂੰ ਮੁੜ ਵਰਤੋਂ ਵਿੱਚ ਲਿਆਉਂਦਿਆਂ ਹੋਰ ਨਵੀਆਂ ਵਰਤਣਯੋਗ ਚੀਜ਼ਾਂ ਬਣਾਉਣਾ ਸਿਖਾਇਆ।ਇਸ ਵਰਕਸ਼ਾਪ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਫ਼ੈਸ਼ਨ ਡਿਜ਼ਾਈਨਿੰਗ ਵਿਭਾਗ ਤੇ ਕੈਰੀਅਰ ਗਾਈਡੈਂਸ ਸੈੱਲ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

# ਵੈਰੋਵਾਲ ਬਾਵਿਆਂ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਧੰਨ-ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਦਿਵਸ ਅਤੇ ਧੰਨ-ਧੰਨ ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤ ਦਿਵਸ ਅਤੇ 450 ਸਾਲਾਂ ਸ਼ਤਾਬਦੀ ਸਮਾਰੋਹ ਨੂੰ ਸਮਰਪਿਤ ਪਿੰਡ ਵੈਰੋਵਾਲ ਬਾਵਿਆਂ ਦੀ ਸਮੁੱਚੀ ਸੰਗਤ ਦੇ ਸਹਿਯੋਗ ਸਦਕਾ ਗੁਰਦੁਆਰਾ ਬਾਬਾ ਮਾਣਕ ਚੰਦ ਜੀ ਦੇ ਅਸਥਾਨ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਸੁੰਦਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸੰਗਤਾਂ ਨੇ ਟਰੈਕਟਰ ਟਰਾਲੀਆਂ, ਗੱਡੀਆਂ, ਮੋਟਰਸਾਈਕਲ ਰਾਹੀਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਸੰਗਤਾਂ ਸ਼ਬਦ ਕੀਰਤਨ ਦਾ ਹਰ ਜਸ ਗਾਇਨ ਕਰਦੀਆਂ ਹੋਈਆਂ ਕਾਫਲੇ ਦੇ ਰੂਪ ਵਿੱਚ ਇਹ ਨਗਰ ਕੀਰਤਨ ਪਿੰਡ ਵੈਰੋਵਾਲ ਬਾਵਿਆਂ ਤੋ ਅਰੰਭ ਹੋ ਕੇ ਆਲਮਪੁਰ, ਸ੍ਰੀ ਖਡੂਰ ਸਾਹਿਬ, ਹੋਠੀਅ✓, ਪਿੰਡੀਆ ਆਦਿ ਪਿੰਡਾਂ ਤੋ ਦੀ ਹੁੰਦਾ ਹੋਇਆ ਗੁਰਦੁਆਰਾ ਬਾਉਲੀ ਸਾਹਿਬ ਸ਼੍ਰੀ ਗੋਇੰਦਵਾਲ ਸਾਹਿਬ ਵਿਖੇ ਸੰਪੰਨ ਹੋਇਆ ਜਿਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਪੰਜਾ ਪਿਆਰਿਆਂ ਦਾ ਅਦਬ ਸਤਿਕਾਰ ਕੀਤਾ ਗਿਆ ਦੇਰ ਸ਼ਾਮ ਸੰਗਤਾਂ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਨਤਮਸਤਕ ਹੋਈਆਂ ਅਤੇ ਗੁਰੂ ਸਾਹਿਬ ਜੀ ਸ਼ੁਕਰਾਨਾ ਕਰਦੀਆਂ ਹੋਈਆਂ ਖੁਸ਼ੀ ਖੁਸ਼ੀ ਵਾਪਸ ਆਪਣੇ ਘਰਾਂ ਨੂੰ ਪਰਤ ਆਈਆਂ।

## ...ਸ.ਫ਼ਾ 1 ਦੇ ਬਾਕੀ

### ਟਰਾਂਸਪੋਰਟ ਮੁਲਾਜ਼ਮਾਂ ਨੂੰ ...

ਬੱਤਾ, ਗੁਰਜੀਤ ਸਿੰਘ, ਹਰਪ੍ਰੀਤ ਸਿੰਘ ਖੱਟੜਾ, ਸੁਰਿੰਦਰ ਸਿੰਘ, ਰਾਕੇਸ਼ ਕੁਮਾਰ, ਮਨਜਿੰਦਰ ਕੁਮਾਰ, ਮੁਹੰਮਦ ਖਲੀਲ ਅਤੇ ਹਰਮੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਲਾਂਬੱਧੀ ਸਮੇਂ ਤੋਂ ਕੰਟਰੈਕਟ/ ਆਊਟ ਸੋਰਸ ਵਰਕਰਾਂ ਨੂੰ ਰੈਗੂਲਰ ਕਰਨ ਲਈ ਕੋਈ ਕਦਮ ਨਹੀਂ ਚੁੱਕਿਆ, ਟਰਾਂਸਪੋਰਟ ਮਾਫੀਏ ਨੂੰ ਨੱਥ ਨਹੀਂ ਪਾਈ ਜਾ ਰਹੀ। ਦੋਵਾਂ ਟਰਾਂਸਪੋਰਟ ਅਦਾਰਿਆਂ ਵਿੱਚ ਕੋਈ ਨਵੀਂ ਬੱਸ ਨਹੀਂ ਪਾਈ, ਭ੍ਰਿਸ਼ਟਾਚਾਰ ਦਾ ਬੋਲਬਾਲਾ, ਵਰਕਰਾਂ ਦੇ ਵਿੱਤੀ ਬਕਾਏ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਾਉਣਾ, ਕੰਟਰੈਕਟ ਵਰਕਰਾਂ ਸੰਬੰਧੀ ਸਰਕਾਰ ਵੱਲੋਂ ਬਣਾਈ ਕਮੇਟੀ ਵਿੱਚ ਐਕਸ਼ਨ ਕਮੇਟੀ ਦੇ ਮੈਂਬਰ ਸ਼ਾਮਲ ਕਰਨਾ, 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰਹਿੰਦੇ ਵਰਕਰਾਂ ਨੂੰ ਪੈਨਸ਼ਨ ਦੇਣਾ, 2004 ਤੋਂ ਪਹਿਲਾਂ ਭਰਤੀ ਕੋਰਟ ਰਾਹੀਂ ਰੈਗੂਲਰ ਹੋਏ ਵਰਕਰਾਂ ਨੂੰ ਪੈਨਸ਼ਨ ਸਕੀਮ ਵਿੱਚ ਸ਼ਾਮਲ ਕਰਨਾ, ਸੇਵਾ-ਮੁਕਤ ਕਰਮਚਾਰੀਆਂ ਨੂੰ ਨੋਸ਼ਨਲ ਇੰਕਰੀਮੈਂਟ ਦੇਣਾ, ਕੰਟਰੈਕਟ ਵਰਕਰਾਂ ਨੂੰ ਬਲੈਕਲਿਸਟ ਕਰਨ ਦਾ ਤਰੀਕਾ ਬੰਦ ਕਰਨਾ, ਕੰਟਰੈਕਟ ਵਰਕਰਾਂ ਦੀ ਤਨਖਾਹ ਵਿੱਚ ਇਕਸਾਰਤਾ ਲਿਆਉਣਾ, ਅਡਵਾਂਸ ਬੁਕਰਜ਼ ਦੇ ਕਮਿਸ਼ਨ ਵਿੱਚ ਵਾਧਾ ਕਰਨਾ, ਫਲਾਈਂਗ ਸਟਾਫ ਨੂੰ 5000 ਰੁਪਏ ਪ੍ਰਤੀ ਮਹੀਨਾ ਵਿਸ਼ੇਸ਼ ਭੱਤਾ ਦੇਣਾ, ਪੰਜਾਬ ਰੋਡਵੇਜ਼ ਦੇ ਸਬ-ਇੰਸਪੈਕਟਰਾਂ ਨੂੰ ਪ੍ਰਮੋਸ਼ਨ ਪੋਸਟ ਬਣਾਉਣਾ, 1990 ਦੀ ਟਰਾਂਸਪੋਰਟ ਪਾਲਸੀ ਬਹਾਲ ਕਰਨਾ, ਘੱਟੋ-ਘੱਟ ਉਜਰਤਾਂ 26000 ਰੁਪਏ ਕਰਨਾ ਆਦਿ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਦੀ ਅਣਦੇਖੀ ਕਰਨ ਦੇ ਵਿਰੁੱਧ ਐਕਸ਼ਨ ਕਮੇਟੀਆਂ ਵੱਲੋਂ ਲਗਾਤਾਰ ਸੰਘਰਸ਼ ਕਰਨ ਦੇ ਫੈਸਲੇ ਦੀ ਕੜੀ ਵਜੋਂ ਲੁਧਿਆਣਾ ਵਿਖੇ ਵਿਸ਼ਾਲ ਰੈਲੀ ਵਰਕਰਾਂ ਦੇ ਗੁੱਸੇ ਦਾ ਪ੍ਰਗਟਾਵਾ ਹੋਵੇਗਾ। ਇਸ ਰੈਲੀ ਵਿਚ ਅਗਲੇ ਐਕਸ਼ਨ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ।

### ਸਰਕਾਰ ਮੁਲਾਜ਼ਮ...

'ਤੇ ਬਹੁਤ ਵੱਡਾ ਬੋਝ ਪਾ ਦਿੱਤਾ ਹੈ। ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਜਥੇਬੰਦੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਠੇਕੇ 'ਤੇ ਭਰਤੀ ਕਾਮਿਆਂ ਨੂੰ ਬਿਨਾਂ ਦੇਰੀ ਤੋਂ ਪੱਕਾ ਕੀਤਾ ਜਾਵੇ, ਪੰਜਾਬ ਰੋਡਵੇਜ਼ ਅੰਦਰ 1800 ਬੱਸਾਂ, ਪੀ ਆਰ ਟੀ ਸੀ ਅੰਦਰ 800 ਬੱਸਾਂ ਅਦਾਰੇ ਦੀ ਮਾਲਕੀ ਦੀਆਂ ਪਾਈਆਂ ਜਾਣ, ਪੀ ਆਰ ਟੀ ਸੀ ਦੇ 400 ਦੇ ਕਰੀਬ ਪੈਨਸ਼ਨ ਸਕੀਮ 1992 ਤੋਂ ਵਾਂਝੇ ਰਹਿ ਗਏ ਮੁਲਾਜ਼ਮਾਂ ਨੂੰ ਪੈਨਸ਼ਨ ਦਿੱਤੀ ਜਾਵੇ। ਕੰਡਕਟਰਾਂ 'ਤੇ ਲਾਈ ਬਲੈਕ ਲਿਸਟ ਦੀ ਮੱਦ ਖਤਮ ਕੀਤੀ ਜਾਵੇ। ਪੀ ਆਰ ਟੀ ਸੀ ਦੇ ਠੇਕੇ 'ਤੇ ਭਰਤੀ ਮੁਲਾਜ਼ਮਾਂ ਦੀ ਤਨਖਾਹ ਵਿੱਚ ਇਕਸਾਰਤਾ ਲਿਆਂਦੀ ਜਾਵੇ।ਡਰਾਈਵਰਾਂ ਲਈ ਲਿਆਂਦੇ ਸਖਤ ਕਾਨੂੰਨ ਵਾਪਸ ਲਏ ਜਾਣ, ਸਜ਼ਾਵਾਂ ਦੇਣੀਆਂ ਅਤੇ ਕਲੇਮ ਪਾਉਣੇ ਬੰਦ ਕੀਤੇ ਜਾਣ। ਪੀ ਆਰ ਟੀ ਸੀ ਨੂੰ ਸਰਕਾਰੀ ਅਦਾਰਾ ਐਲਾਨਿਆ ਜਾਵੇ। ਪੀ ਆਰ ਟੀ ਸੀ ਦੇ ਸਫਰ ਸਹੂਲਤਾਂ ਦੇ ਬਣਦੇ ਪੈਸੇ ਛੇਤੀ ਦਿੱਤੇ ਜਾਣ ਆਦਿ ਮੰਗਾਂ ਜੋ ਮੰਗ ਪੱਤਰ 'ਚ ਦਰਜ ਹਨ, ਮੰਨੀਆਂ ਜਾਣ।

ਮੀਟਿੰਗ ਨੂੰ ਮੁਹੰਮਦ ਖਲੀਲ, ਗੁਲਾਬ ਸਿੰਘ, ਰਮੇਸ਼ ਕੁਮਾਰ, ਸੁਖਦੇਵ ਰਾਮ ਸੁੱਖੀ ਤੇ ਗੁਰਵਿੰਦਰ ਸਿੰਘ ਗੋਲਡੀ ਨੇ ਸੰਬੋਧਨ ਕਰਦੇ ਹੋਏ ਮੁਲਾਜ਼ਮਾਂ ਨੂੰ ਸੱਦਾ ਦਿੱਤਾ ਕਿ 13 ਸਤੰਬਰ ਨੂੰ ਬੱਸ ਸਟੈਂਡ ਲੁਧਿਆਣਾ ਵਿਖੇ ਪੰਜਾਬ ਰੋਡਵੇਜ਼ ਅਤੇ ਪੀ ਆਰ ਟੀ ਸੀ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਖਿਲਾਫ ਕੀਤੀ ਜਾ ਰਹੀ ਸਾਂਝੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨ। ਉਤਮ ਸਿੰਘ ਬਾਗੜੀ ਪ੍ਰਧਾਨ ਭਾਈਚਾਰਾ ਯੂਨੀਅਨ ਨੇ ਸਾਥੀਆਂ ਦਾ ਧੰਨਵਾਦ ਕੀਤਾ।

### 10 ਸਾਲਾਂ 'ਚ ਭਾਰਤੀ...

ਅਚਾਨਕ ਭਾਜਪਾ ਦੇ ਵਿਧਾਇਕ ਬਣ ਗਏ। ਇਸ ਤਰ੍ਹਾਂ ਭਾਰਤੀ ਲੋਕਤੰਤਰ ਖਤਰੇ 'ਚ ਰਿਹਾ ਹੈ, ਇਸ ਨੂੰ ਬੁਰੀ ਤਰ੍ਹਾਂ ਕਮਜ਼ੋਰ ਕੀਤਾ ਗਿਆ ਅਤੇ ਹੁਣ ਉਹ ਮੁੜ ਤੋਂ ਪਟੜੀ 'ਤੇ ਪਰਤ ਰਿਹਾ ਹੈ। ਮੈਨੂੰ ਭਰੋਸਾ ਹੈ ਕਿ ਇਹ ਮੁੜ ਤੋਂ ਮਜ਼ਬੂਤ ਹੋਵੇਗਾ।'

ਰਾਹੁਲ ਨੇ ਭਾਰਤ-ਚੀਨ ਸਰਹੱਦ ਮੁੱਦੇ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਇਕ ਵਾਰ ਫਿਰ ਵਰ੍ਹਦਿਆਂ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਨੇ ਗੁਆਂਢੀ ਦੇਸ਼ ਨੂੰ ਚੰਗੀ ਤਰ੍ਹਾਂ ਨਹੀਂ ਸੰਭਾਲਿਆ ਅਤੇ ਇਸ ਦੀਆਂ ਫੌਜਾਂ ਨੇ ਲੱਦਾਖ 'ਚ 4,000 ਵਰਗ ਕਿਲੋਮੀਟਰ ਜ਼ਮੀਨ ਉੱਤੇ ਕਬਜ਼ਾ ਕਰ ਲਿਆ ਹੈ। ਇਕ ਸਵਾਲ ਦੇ ਜਵਾਬ ਵਿਚ ਰਾਹੁਲ ਨੇ ਕਿਹਾ ਕਿ ਜੇ ਕੋਈ ਗੁਆਂਢੀ ਤੁਹਾਡੇ ਖੇਤਰ ਦੇ 4000 ਵਰਗ ਕਿਲੋਮੀਟਰ 'ਤੇ ਕਬਜ਼ਾ ਕਰ ਲੈਂਦਾ ਹੈ ਤਾਂ ਅਮਰੀਕਾ ਕੀ ਪ੍ਰਤੀਕਿਰਿਆ ਕਰੇਗਾ? ਕੀ ਕੋਈ ਵੀ ਰਾਸ਼ਟਰਪਤੀ ਇਹ ਕਹਿ ਕੇ ਭੱਜ ਸਕਦਾ ਹੈ ਕਿ ਉਸ ਨੇ ਇਸ ਨੂੰ ਚੰਗੀ ਤਰ੍ਹਾਂ ਸੰਭਾਲਿਆ ਹੈ? ਇਸ ਲਈ ਮੈਨੂੰ ਨਹੀਂ ਲੱਗਦਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਚੀਨ ਨੂੰ ਚੰਗੀ ਤਰ੍ਹਾਂ ਸੰਭਾਲਿਆ ਹੈ। ਚੀਨੀ ਸੈਨਿਕਾਂ ਦਾ ਸਾਡੇ ਖੇਤਰ 'ਚ ਬੈਠਣ ਦਾ ਕੋਈ ਕਾਰਨ ਨਹੀਂ।

### ਇੰਫਾਲ 'ਚ ਸਥਿਤੀ ...

ਰਾਜਪਾਲ ਨੂੰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਉਚਿਤ ਕਦਮ ਉਠਾਉਣ ਦੀ ਅਪੀਲ ਕੀਤੀ ਹੈ। ਰਾਜਪਾਲ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਹੈ ਕਿ ਉਹ ਵਿਦਿਆਰਥੀਆਂ ਤੇ ਮਨੀਪੁਰ ਦੀ ਜਨਤਾ ਦੇ ਸਰਵੋਤਮ ਹਿੱਤ 'ਚ ਕਦਮ ਉਠਾਉਣਗੇ। ਇਸ ਵਿਚਾਲੇ ਪੁਲਸ ਨੇ ਕਿਹਾ ਕਿ ਕਾਂਗਪੋਕਪੀ ਜ਼ਿਲ੍ਹੇ 'ਚ ਤਲਾਸ਼ੀ ਮੁਹਿੰਮ ਦੌਰਾਨ ਹਥਿਆਰ ਤੇ ਧਮਾਕਾਖੇਜ ਸਮਗਰੀ ਬਰਾਮਦ ਕੀਤੀ ਗਈ ਹੈ।

### ਅਮਰੀਕਾ ਕੋਲੰਬਸ...

ਪਹਿਲਾਂ ਇਹ ਲਿਖਿਆ ਗਿਆ ਕਿ ਚੰਨ ਧਰਤੀ ਦੁਆਲੇ ਘੁੰਮਦਾ ਹੈ ਤੇ ਧਰਤੀ ਸੂਰਜ ਦੁਆਲੇ। ਸਾਡੇ ਵੱਡੇ-ਵੱਡੇਰਿਆਂ ਨੇ ਪਹਿਲਾਂ ਹੀ ਸੂਰਜ ਨੂੰ ਸਥਿਰ ਮੰਨਿਆ ਸੀ, ਜੋ ਅੱਜ ਵਿਗਿਆਨ ਵੀ ਮੰਨਦਾ ਹੈ।

ਪਰਮਾਰ ਨੇ ਅੱਗੇ ਕਿਹਾ ਕਿ ਭਾਰਤ ਵਿਚ ਹਜ਼ਾਰਾਂ ਸਾਲ ਪਹਿਲਾਂ ਖੇਡਾਂ ਤੇ ਸਟੇਡੀਅਮਾਂ ਦਾ ਵਿਕਾਸ ਹੋ ਚੁੱਕਿਆ ਸੀ। ਉਲੰਪਿਕ ਦੀ ਸ਼ੁਰੂਆਤ ਲਗਭਗ 2800 ਸਾਲ ਪਹਿਲਾਂ ਹੋਈ, ਪਰ ਸਾਡੇ ਦੇਸ਼ ਦੇ ਗੁਜਰਾਤ ਦੇ ਰਣ ਕੱਛ 'ਚ ਖੁਦਾਈ ਦੌਰਾਨ 5500 ਸਾਲ ਪੁਰਾਣੇ ਦੋ ਵੱਡੇ ਸਟੇਡੀਅਮ ਮਿਲੇ ਹਨ। ਇਸ ਤੋਂ ਸਾਬਤ ਹੁੰਦਾ ਹੈ ਕਿ ਸਾਡੇ ਵੱਡੇ-ਵਡੇਰੇ ਖੇਡਾਂ ਤੇ ਸਟੇਡੀਅਮਾਂ ਬਾਰੇ ਪਹਿਲਾਂ ਤੋਂ ਹੀ ਜਾਣਦੇ ਸਨ।

ਕਨਵੋਕੇਸ਼ਨ, ਜਿਸ ਵਿਚ ਰਾਜਪਾਲ ਮੰਗੂਭਾਈ ਪਟੇਲ ਤੇ ਮੁੱਖ ਮੰਤਰੀ ਮੋਹਨ ਯਾਦਵ ਵੀ ਮੌਜੂਦ ਸਨ, 'ਚ ਪਰਮਾਰ ਨੇ ਕਿਹਾ ਕਿ ਇਤਿਹਾਸਕਾਰਾਂ ਨੇ ਜਾਣ-ਬੁਝ ਕੇ ਭਾਰਤ ਦੀ ਤਾਕਤ ਨੂੰ ਘਟਾ ਕੇ ਪੇਸ਼ ਕੀਤਾ ਹੈ ਅਤੇ ਗਲਤ ਤੱਥ ਪੇਸ਼ ਕਰਕੇ ਭਾਰਤ ਦੀ ਦੁਨੀਆ ਵਿਚ ਨਾਂਹ-ਪੱਖੀ ਛਵੀ ਬਣਾਈ ਹੈ।

ਪਰਮਾਰ ਨੇ ਕਿਹਾ ਕਿ ਵਾਸਕੋ ਡਾ ਗਾਮਾ ਨੇ ਲਿਖਿਆ ਸੀ ਕਿ ਵਪਾਰੀ ਚੰਦਨ ਦਾ ਜਹਾਜ਼ ਉਸ ਦੇ ਜਹਾਜ਼ ਨਾਲੋਂ ਦੋ ਤੋਂ ਚਾਰ ਗੁਣਾ ਤੱਕ ਵੱਡਾ ਸੀ ਅਤੇ ਉਹ ਉਸ ਦੇ ਜਹਾਜ਼ ਦੇ ਮਗਰ-ਮਗਰ ਭਾਰਤ ਪੁੱਜਾ, ਪਰ ਇਤਿਹਾਸਕਾਰਾਂ ਨੇ ਵਿਦਿਆਰਥੀਆਂ ਨੂੰ ਗਲਤ ਪੜ੍ਹਾਇਆ ਕਿ ਵਾਸਕੋ ਡਾ ਗਾਮਾ ਨੇ ਭਾਰਤ ਦੇ ਸਮੁੰਦਰੀ ਰਾਹ 'ਤੇ ਭਾਰਤ ਨੂੰ ਲੱਭਿਆ। ਪਰਮਾਰ ਨੇ ਕਿਹਾ ਕਿ ਉਨ੍ਹਾ ਇਹ ਦਿਲਚਸਪ ਇਤਿਹਾਸਕ ਤੱਥ ਪੜ੍ਹਿਆ ਕਿ ਜਦੋਂ 12ਵੀਂ ਸਦੀ ਵਿਚ ਬੀਜਿੰਗ ਸ਼ਹਿਰ ਵਸਾਇਆ ਗਿਆ ਤਾਂ ਉਸ ਦਾ ਡਿਜ਼ਾਈਨ ਨੇਪਾਲ ਦੇ ਆਰਕੀਟੈਕਟ ਨੇ ਬਣਾਇਆ ਸੀ। ਉਦੋਂ ਨੇਪਾਲ ਭਾਰਤ ਵਿਚ ਹੁੰਦਾ ਸੀ। ਆਰਕੀਟੈਕਟ ਦਾ ਨਾਂਅ ਬਲ ਬਾਹੂ ਸੀ। ਉਹ ਬੁੱਧ ਤੇ ਰਾਮ ਦੇ ਬੁੱਤ ਬਣਾਉਣ ਲਈ ਜਾਣਿਆ ਜਾਂਦਾ ਸੀ। ਅੱਜ ਵੀ ਬੀਜਿੰਗ ਵਿਚ ਬਲ ਬਾਹੂ ਦਾ ਬੁੱਤ ਹੈ, ਜਿਹੜਾ ਚੀਨ ਸਰਕਾਰ ਵੱਲੋਂ ਉਸ ਨੂੰ ਦਿੱਤੀ ਗਈ ਮਾਨਤਾ ਨੂੰ ਦਰਸਾਉਂਦਾ ਹੈ।

# 15ਵਾਂ ਸੁਵਿਧਾ ਕੈਂਪ ਮੁਮਾਰਾ 'ਚ ਭਲਕੇ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਆਮ ਜਨਤਾ ਦੀਆਂ ਮੁਸ਼ਕਲਾਂ ਸੁਣਨ ਅਤੇ ਮੌਕੇ 'ਤੇ ਉਨ੍ਹਾਂ ਦੇ ਹੱਲ ਲਈ ਲਾਏ ਜਾ ਰਹੇ ਸੁਵਿਧਾ ਕੈਂਪਾਂ ਦੀ ਲੜੀ ਤਹਿਤ 13 ਸਤੰਬਰ ਨੂੰ ਸਵੇਰੇ 09.30 ਵਜੇ ਗੁਰਦੁਆਰਾ ਸਾਹਿਬ ਪਿੰਡ ਮੁਮਾਰਾ ਵਿਖੇ 15ਵੇਂ ਸੁਵਿਧਾ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਵਿਧਾਇਕ ਫ਼ਰੀਦਕੋਟ ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਖੁਦ ਹਾਜ਼ਰ ਹੋਣਗੇ ਤੇ ਮੌਕੇ 'ਤੇ ਹੀ ਯੋਗ ਲਾਭਪਾਤਰੀ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ ਤੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪਿੰਡ ਗੁੱਜਰ, ਚੰਨੀਆ, ਕਿਲੀ ਅਰਾਈਆ ਵਾਲਾ, ਬੁੱਟਰ, ਚੱਕ ਸਾਹੂ ਅਤੇ ਡੋਡ ਦੇ ਵਸਨੀਕ ਇਸ ਸੁਵਿਧਾ ਕੈਂਪ ਵਿੱਚ ਪਹੁੰਚ ਕੇ ਆਪਣੀਆਂ ਮੁਸ਼ਕਲਾਂ, ਸ਼ਿਕਾਇਤਾਂ ਦੇ ਹੱਲ ਕਰਾਉਣ ਲਈ ਆ ਸਕਦੇ ਹਨ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪਾਬੰਦੀਆਂ ਦੇ ਹੁਕਮ ਜਾਰੀ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਵਿਨੀਤ ਕੁਮਾਰ ਆਈ.ਏ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫ਼ਰੀਦਕੋਟ ਦੀ ਹਦੂਦ ਅੰਦਰ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ 27 ਅਕਤੂਬਰ ਤੱਕ ਲਾਗੂ ਰਹਿਣਗੇ।ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਫ਼ਰੀਦਕੋਟ ਅੰਦਰ ਕਿਸੇ ਤਰ੍ਹਾਂ ਦੇ ਲਾਈਵ ਸ਼ੋਅ ਦੌਰਾਨ ਸ਼ਰਾਬ ਜਾਂ ਨਸ਼ੇ ਉਤਸ਼ਾਹਤ ਅਤੇ ਹਿੰਸਾ ਨੂੰ ਭੜਕਾਉਣ ਵਾਲੇ ਗੀਤ ਆਦਿ ਨਹੀਂ ਗਾਏ ਜਾਣਗੇ।ਜ਼ਿਲ੍ਹਾ ਫ਼ਰੀਦਕੋਟ ਅੰਦਰ 12 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਿਨੇਮਾ ਹਾਲਾਂ/ਮਲਟੀਪਲੈਕਸਾਂ ਵਿੱਚ ਜਾਣ ਦੀ ਆਗਿਆ ਨਹੀਂ ਹੋਵੇਗੀ, ਜਿੱਥੇ ਮਾਰਕ ਏ ਵਾਲੀਆਂ ਫ਼ਿਲਮਾਂ ਪ੍ਰਦਰਸ਼ਤ ਹੁੰਦੀਆਂ ਹਨ।ਜ਼ਿਲ੍ਹਾ ਫ਼ਰੀਦਕੋਟ ਅੰਦਰ ਵਿੱਦਿਅਕ ਸੰਸਥਾਵਾਂ ਦੇ ਆਸ ਪਾਸ ਨਗਨ ਪੋਸਟਰ, ਅਰਧ ਨਗਨ ਪੋਸਟਰ, ਅਸ਼ਲੀਲ ਪੋਸਟਰ ਸਥਾਪਤ/ਪ੍ਰਦਰਸ਼ਤ ਨਹੀਂ ਕੀਤੇ ਜਾਣਗੇ।ਜ਼ਿਲ੍ਹਾ ਫ਼ਰੀਦਕੋਟ ਅੰਦਰ ਸਾਲਾਨਾ ਪ੍ਰੀਖਿਆਵਾਂ ਤੋਂ 15 ਦਿਨ ਪਹਿਲਾਂ ਤੇ ਪ੍ਰੀਖਿਆਵਾਂ ਦੌਰਾਨ ਲਾਊਡ ਸਪੀਕਰ ਚਲਾਉਣ ਤੇ ਪੂਰਨ ਤੌਰ 'ਤੇ ਪਾਬੰਦੀ ਲਾਈ ਗਈ ਹੈ।

# ਪੰਜਾਬ ਪੁਲਸ ਨੇ .ਗੈਰ-ਕਾਨੂੰਨੀ ਟਰੈਵਲ ਏਜੰਟਾਂ 'ਤੇ ਸ਼ਿਕੰਜਾ ਕੱਸਿਆ, 25 ਵਿਰੁੱਧ ਮਾਮਲਾ ਦਰਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਨੂੰ ਗੈਰ-ਕਾਨੂੰਨੀ ਟਰੈਵਲ ਏਜੰਟਾਂ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ ਪੰਜਾਬ ਪੁਲਸ ਦੇ ਐਨਆਰਆਈ ਮਾਮਲੇ ਵਿੰਗ ਅਤੇ ਸਾਈਬਰ ਕ੍ਰਾਈਮ ਵਿੰਗ ਨੇ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ, ਚੰਡੀਗੜ੍ਹ ਦੇ ਤਾਲਮੇਲ ਨਾਲ ਸੋਸ਼ਲ ਮੀਡੀਆ 'ਤੇ ਵਿਦੇਸ਼ੀ ਨੌਕਰੀਆਂ ਸਬੰਧੀ ਗੈਰ-ਕਾਨੂੰਨੀ ਇਸ਼ਤਿਹਾਰਬਾਜ਼ੀ ਕਰਨ ਦੇ ਦੋਸ਼ ਹੇਠ ਸੂਬੇ ਦੇ 25 ਟਰੈਵਲ ਏਜੰਟਾਂ ਵਿਰੁੱਧ ਮਾਮਲਾ ਦਰਜ ਕੀਤਾ ਹੈ।

ਜ਼ਿਕਰਯੋਗ ਹੈ ਕਿ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ ਵੱਲੋਂ ਅਜਿਹੀਆਂ ਟਰੈਵਲ ਏਜੰਸੀਆਂ ਵੱਲੋਂ ਵਿਦੇਸ਼ਾਂ 'ਚ ਨੌਕਰੀਆਂ ਲਈ ਇੰਸਟਾਗ੍ਰਾਮ ਅਤੇ ਫੇਸਬੁੱਕ 'ਤੇ ਦਿੱਤੇ ਜਾਂਦੇ ਇਸ਼ਤਿਹਾਰਾਂ ਸਬੰਧੀ ਗੰਭੀਰ ਨੋਟਿਸ ਲਿਆ ਗਿਆ ਹੈ।ਏਡੀਜੀਪੀ ਐਨਆਰਆਈ ਮਾਮਲੇ ਪ੍ਰਵੀਨ ਕੇ ਸਿਨਹਾ ਨੇ ਦੱਸਿਆ ਕਿ ਇਹ ਟਰੈਵਲ ਏਜੰਸੀਆਂ ਬਿਨਾਂ ਲੋੜੀਂਦੇ ਲਾਇਸੈਂਸ ਅਤੇ ਮਨਜ਼ੂਰੀ ਤੋਂ ਇੰਸਟਾਗ੍ਰਾਮ ਅਤੇ ਫੇਸਬੁਕ 'ਤੇ ਵਿਦੇਸ਼ਾਂ ਵਿੱਚ ਨੌਕਰੀਆਂ ਦਾ ਇਸ਼ਤਿਹਾਰ ਦੇ ਰਹੀਆਂ ਸਨ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਨਲਾਈਨ ਪਲੇਟਫਾਰਮਾਂ ਦੀ ਜਾਂਚ ਕੀਤੀ। ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਗੁਪਤ ਰੂਪ ਵਿੱਚ ਤਸਦੀਕ ਕੀਤੀ ਤੇ ਉਨ੍ਹਾਂ ਵਿਰੁੱਧ ਐਫਆਈਆਰਜ਼ ਦਰਜ ਕੀਤੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ, ਸੰਗਰੂਰ ਅਤੇ ਐਸ.ਏ.ਐਸ.ਨਗਰ ਸਮੇਤ ਸੂਬੇ ਦੇ ਵੱਖ-ਵੱਖ ਐਨਆਰਆਈ ਥਾਣਿਆਂ ਵਿੱਚ ਇਮੀਗ੍ਰੇਸ਼ਨ ਐਕਟ ਦੀਆਂ ਧਾਰਾਵਾਂ 24/25 ਤਹਿਤ ਕੁੱਲ 20 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ।

ਏਡੀਜੀਪੀ ਨੇ ਕਿਹਾ ਕਿ ਇਹ ਕਾਰਵਾਈ ਖਾਸ ਤੌਰ 'ਤੇ ਉਨ੍ਹਾਂ ਗੈਰ-ਕਾਨੂੰਨੀ ਟਰੈਵਲ ਏਜੰਟਾਂ ਵਿਰੁੱਧ ਕੀਤੀ ਗਈ ਹੈ, ਜੋ ਆਨਲਾਈਨ ਪਲੇਟਫਾਰਮਾਂ 'ਤੇ ਇਸ਼ਤਿਹਾਰ ਦੇ ਕੇ ਪੀੜਤਾਂ, ਜ਼ਿਆਦਾਤਰ ਨੌਜਵਾਨਾਂ ਤੇ ਉਨ੍ਹਾਂ ਦੀ ਜਾਂ ਉਨ੍ਹਾਂ ਦੇ ਮਾਤਾ-ਪਿਤਾ ਦੀ ਮਿਹਨਤ ਦੀ ਕਮਾਈ ਨੂੰ ਲੁੱਟਣ ਲਈ ਵਿਦੇਸ਼ੀ ਨੌਕਰੀਆਂ ਦੀ ਪੇਸ਼ਕਸ਼ ਕਰ ਰਹੇ ਸਨ।ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਜਾਂਚ ਜਾਰੀ ਹੈ।

ਏਡੀਜੀਪੀ ਪ੍ਰਵੀਨ ਸਿਨਹਾ ਨੇ ਨਾਗਰਿਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਕਿਹਾ ਟ੍ਰੈਵਲ ਏਜੰਟਾਂ ਨੂੰ ਦਸਤਾਵੇਜ਼ ਤੇ ਪੈਸੇ ਦੇਣ ਤੋਂ ਪਹਿਲਾਂ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਪੁਸ਼ਟੀ ਕਰਨੀ ਯਕੀਨੀ ਬਣਾਈ ਜਾਵੇ।ਉਨ੍ਹਾਂ ਅੱਗੇ ਕਿਹਾ ਕਿ ਕਿ ਇਮੀਗ੍ਰੇਸ਼ਨ ਐਕਟ, 1983 ਦੇ ਤਹਿਤ ਵੈਧ ਰਿਕਰੂਟਿੰਗ ਏਜੰਟ (ਆਰਏ) ਲਾਇਸੈਂਸ ਪ੍ਰਾਪਤ ਏਜੰਸੀਆਂ ਕੋਲ ਹੀ ਜਾਓ ਤੇ ਹਮੇਸ਼ਾ ਉਕਤ ਐਕਟ ਤਹਿਤ ਜਾਰੀ ਏਜੰਸੀ ਦੇ ਲਾਇਸੈਂਸ ਦੀ ਮੰਗ ਕਰੋ।

# ਕਾਰ ਤੇ ਮੋਟਰਸਾਈਕਲ ਸਵਾਰਾਂ ਨੂੰ ਗ੍ਰਿਫ਼ਤਾਰ ਕਰਕੇ 72 ਗ੍ਰਾਮ ਹੈਰੋਇਨ ਕੀਤੀ ਬਰਾਮਦ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਥਾਣੇ ਸੀਆਈਏ ਸਟਾਫ਼ ਫ਼ਿਰੋਜ਼ਪੁਰ ਤੇ ਥਾਣਾ ਛਾਉਣੀ ਨੇ ਗਸ਼ਤ ਤੇ ਚੈਕਿੰਗ ਦੌਰਾਨ ਵੱਖ-ਵੱਖ ਮਾਮਲਿਆਂ ਵਿੱਚ ਕਾਰ ਤੇ ਮੋਟਰਸਾਈਕਲ 'ਤੇ ਸਵਾਰ ਚਾਰ ਲੋਕਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 72 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਸੀਆਈਏ ਸਟਾਫ਼ ਦੇ ਸਬ-ਇੰਸਪੈਕਟਰ ਗੁਰਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਸਵਿਫ਼ਟ ਕਾਰ ਨੰਬਰ ਪੀ.ਬੀ-22ਐਕਸ-1507 'ਤੇ ਸਵਾਰ ਮੁਲਜ਼ਮ ਰਮੇਸ਼ ਉਰਫ਼ ਮੇਸ਼ਾ ਪੁੱਤਰ ਬਾਕਰ ਵਾਸੀ ਖਲਚੀਆਂ ਕਦੀਮ ਤੇ ਸੂਰਜ ਪੁੱਤਰ ਜਗਦੀਸ਼ ਲਾਲ ਵਾਸੀ ਗੁਰੂ ਕਰਮ ਸਿੰਘ ਨਗਰ ਹਾਲ ਮਰਲੇ ਖਿਲਚੀਆਂ ਕਦੀਮ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 51 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਦੂਜੇ ਮਾਮਲੇ 'ਚ ਥਾਣਾ ਛਾਉਣੀ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਕਥਿਤ ਦੋਸ਼ੀ ਉਮਾ ਸ਼ੰਕਰ ਪੁੱਤਰ ਦੇਵੀ ਦਿਆਲ ਵਾਸੀ ਗਲੀ ਨੰਬਰ 8 ਬਲਵੀਰ ਬਸਤੀ ਫ਼ਰੀਦਕੋਟ ਤੇ ਸਰਤਾਜ ਸਿੰਘ ਪੁੱਤਰ ਲਖਵੀਰ ਸਿੰਘ ਵਾਸੀ ਬਾਬਾ ਜੀਵਨ ਨਗਰ ਪੱਟੀ ਜ਼ਿਲ੍ਹਾ ਤਰਨਤਾਰਨ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 21 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਮਾਮਲੇ ਦੀ ਜਾਂਚ ਕਰ ਰਹੇ ਗੁਰਚਰਨ ਸਿੰਘ ਤੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨਾਬਾਲਗ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਨਾਮਜ਼ਦ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਮਖੂ ਵਿਖੇ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ ਥਾਣਾ ਮਖੂ ਪੁਲਸ ਨੇ ਇੱਕ ਨੌਜਵਾਨ ਖਿਲਾਫ਼ 137 (2), 96 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਬਾਲਗ ਲੜਕੀ ਦੇ ਪਿਤਾ ਨੇ ਦੱਸਿਆ ਕਿ 2 ਸਤੰਬਰ ਦੀ ਰਾਤ ਨੂੰ ਉਸ ਦਾ ਪਰਵਾਰ ਰੋਜ਼ਾਨਾ ਦੀ ਤਰ੍ਹਾਂ ਰੋਟੀ ਪਾਣੀ ਖਾ ਕੇ ਸੌਂ ਗਿਆ, ਜਦ ਉਹ ਸਵੇਰੇ 4 ਵਜੇ ਉੱਠਿਆ ਤਾਂ ਵੇਖਿਆ ਕਿ ਉਸ ਦੀ ਨਾਬਾਲਗ ਲੜਕੀ ਉਮਰ 17 ਸਾਲ ਘਰ ਵਿੱਚ ਨਹੀਂ ਸੀ, ਆਸ-ਪਾਸ ਭਾਲ ਕੀਤੀ ਤਾਂ ਪਤਾ ਲੱਗਾ ਹੈ ਕਿ ਦੋਸ਼ੀ ਅਰਸ਼ਦੀਪ ਸਿੰਘ ਉਰਫ਼ ਅਰਸ਼ ਉਸ ਦੀ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ।

ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਪ੍ਰਤਾਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ। ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 30.09.2024 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਸ੍ਰੀ ਰਜੇਸ਼ ਪੁਰੀ ਪੁੱਤਰ ਸ੍ਰੀ ਰਮੇਸ਼ ਕੁਮਾਰ ਪੁਰੀ, ਵਾਸੀ 7/95, ਸ਼ਕਤੀ ਨਗਰ, ਪਿੰਡ ਭੋਗਪੁਰ, ਜਲੰਧਰ-2, ਜਲੰਧਰ। ਸੋਨੀਆ ਪੁਰੀ ਪਤਨੀ ਸ੍ਰੀ ਰਜੇਸ਼ ਪੁਰੀ ਵਾਸੀ 7/95, ਸ਼ਕਤੀ ਨਗਰ, ਭੋਗਪੁਰ, ਜਲੰਧਰ। ਸ੍ਰੀਮਤੀ ਜੀਵਨ ਪੁਰੀ ਪਤਨੀ ਰਮੇਸ਼ ਕੁਮਾਰ ਪੁਰੀ, ਵਾਸੀ 7/95, ਸ਼ਕਤੀ ਨਗਰ, ਭੋਗਪੁਰ, ਜਲੰਧਰ। (ਕਰਜ਼ਦਾਰ) ਰਜੇਸ਼ ਸੂਰੀ ਪੁੱਤਰ ਸ੍ਰੀ ਗਿਆਨ ਚੰਦ ਵਾਸੀ ਪਿੰਡ ਤੇ ਡਾਕਖਾਨਾ ਪਚਰੰਗਾ, ਜਲੰਧਰ-144201 (ਗਰੰਟਰ) |
| ਬਕਾਇਆ ਰਕਮ ਐੱਚ ਐੱਲ/025611000031 | 1. ਰੁਪਏ 66,36,987.59 (ਅਤੇ 01.09.2024 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਨੰ. 800 ਮਿਤੀ 12-09-2016 ਅਨੁਸਾਰ ਸ੍ਰੀਮਤੀ ਜੀਵਨ ਪੁਰੀ ਪਤਨੀ ਰਮੇਸ਼ ਕੁਮਾਰ ਪੁਰੀ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 1 ਕਨਾਲ 06 ਮਰਲੇ, ਪਿੰਡ ਲੜੋਈ, ਤਹਿਸੀਲ ਜਲੰਧਰ-2 (ਭੋਗਪੁਰ), ਜ਼ਿਲ੍ਹਾ ਜਲੰਧਰ। |
| ਰਾਖਵੀਂ ਕੀਮਤ | ਰੁਪਏ 54 ਲੱਖ (ਚੌਰੰਜਾ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 30-09-2024 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ ਅਧਾਰ" 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 30.09.2024 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਵਿਜੇ ਨਗਰ, ਜਲੰਧਰ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 11.09.2024 ਅਧਿਕਾਰਤ ਅਫਸਰ

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

12-SEP-PAGE-3.qxd 9/11/2024 10:26 PM Page 1



# ਖਾਲਸਾਈ ਜਾਹੋ-ਜਲਾਲ ਨਾਲ ਮਨਾਇਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ 537ਵਾਂ ਵਿਆਹ ਪੁਰਬ

## * ਗੁਰਦੁਆਰਾ ਡੇਹਰਾ ਸਾਹਿਬ ਤੋਂ ਸਜਾਏ ਮਹਾਨ ਨਗਰ ਕੀਰਤਨ 'ਚ ਲੱਖਾਂ ਸੰਗਤਾਂ ਹੋਈਆਂ ਨਤਮਸਤਕ

**ਬਟਾਲਾ, ਧਾਰੀਵਾਲ, (ਤਰਲੋਕ ਚੌਗ/ਮਨਦੀਪ ਸਿੰਘ ਵਿੱਕੀ)**-ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 537ਵਾਂ ਵਿਆਹ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਬਹੁਤ ਸ਼ਰਧਾ ਸਤਿਕਾਰ ਨਾਲ ਮਨਾਇਆ ਗਿਆ। ਵਿਆਹ ਪੁਰਬ ਦੀ ਖ਼ੁਸ਼ੀ ਵਿੱਚ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪੰਜ ਪਿਆਰੇ ਸਾਹਿਬਾਨ ਨੇ ਅਰਦਾਸ ਬੇਨਤੀ ਕੀਤੀ। ਇਸੇ ਦੌਰਾਨ ਵਿਸ਼ੇਸ਼ ਤੌਰ 'ਤੇ ਪੁੱਜੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਨੇ ਹੁਕਮਨਾਮਾ ਸਰਵਣ ਕਰਵਾਇਆ। ਸਟੇਜ ਸਕੱਤਰ ਦੀ ਸੇਵਾ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਿਭਾਈ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸੁਰਜੀਤ ਸਿੰਘ ਤੁਗਲਵਾਲ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਗੁਰਨਾਮ ਸਿੰਘ ਜੱਸਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਜਸਬੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਕਮੇਟੀ, ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲੇ, ਬਾਬਾ ਸਰਵਨ ਸਿੰਘ ਮਲਕਪੁਰ ਵਾਲੇ, ਬਾਬਾ ਜਤਿੰਦਰ ਸਿੰਘ ਦਾਬਾਂਵਾਲ ਗੋਬਿੰਦ ਬਾਗ ਵਾਲੇ, ਸੁਖਜਿੰਦਰ ਸਿੰਘ ਸੋਨੂੰ ਲੰਗਾਹ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਰਮਨਦੀਪ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਜਸਪ੍ਰੀਤ ਸਿੰਘ ਰਾਣਾ ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ, ਪਰਮਵੀਰ ਸਿੰਘ ਲਾਡੀ ਮੈਂਬਰ ਕੌਰ ਕਮੇਟੀ ਯੂਥ ਅਕਾਲੀ ਦਲ, ਕੰਵਲਪ੍ਰੀਤ ਸਿੰਘ ਕਾਕੀ



ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਸ਼੍ਰੋਮਣੀ ਅਕਾਲੀ ਦਲ, ਬੀਬੀ ਸ਼ਰਨਜੀਤ ਕੌਰ ਜਿੰਦੜ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ, ਸਤਬੀਰ ਸਿੰਘ ਧਾਮੀ ਓਐਸਡੀ ਪ੍ਰਧਾਨ ਸ਼੍ਰੋਮਣੀ ਕਮੇਟੀ, ਪ੍ਰਤਾਪ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਤਿੰਦਰ ਪਾਲ ਸਿੰਘ ਭਾਟੀਆ ਮੀਤ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸੁਖਜਿੰਦਰ ਸਿੰਘ ਭਾਮ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਸਤਨਾਮ ਸਿੰਘ ਰਿਆੜ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਵਿਕਾਸ ਸਿੰਘ ਪੀਏ ਪ੍ਰਧਾਨ ਸ਼੍ਰੋਮਣੀ ਕਮੇਟੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨਤਮਸਤਕ ਹੋਏ। ਐਡਵੋਕੇਟ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਸੰਬੋਧਨ ਹੁੰਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਦਿੱਤੇ ਸਿਧਾਂਤ ਕਿਰਤ ਕਰੋ ਨਾਮ ਜਪੋ ਵੰਡ ਛਕੋ 'ਤੇ ਚੱਲਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਪੰਜਾ ਪਿਆਰਿਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਉਪਰੰਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਅਸਥਾਨ ਇਤਿਹਾਸਕ ਗੁਰਦੁਆਰਾ ਡੇਹਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਅਕਾਸ਼ ਗੂੰਜਾਊ ਜੈਕਾਰਿਆਂ, ਫੁੱਲਾਂ ਦੀ ਵਰਖਾ ਕਰਕੇ ਖਾਲਸਾਈ ਜਾਹੋ ਜਲਾਲ ਨਾਲ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਆਪਣੇ ਸੀਸ 'ਤੇ ਰੱਖ ਕੇ ਸੁੰਦਰ ਫੁੱਲਾਂ ਵਾਲੀ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ। ਨਗਰ ਕੀਰਤਨ ਵਿੱਚ ਵੱਖ-ਵੱਖ ਗਤਕੇ ਵਾਲਿਆਂ ਵੱਲੋਂ ਗਤਕੇ ਦੇ ਜੌਹਰ ਦਿਖਾਏ ਜਾ ਰਹੇ ਸਨ। ਵਿਆਹ ਪੁਰਬ ਮੌਕੇ ਗੁਰਦੁਆਰਾ ਸਾਹਿਬ ਵਿਖੇ ਤੇ ਮਹਾਨ ਨਗਰ ਕੀਰਤਨ ਵਿੱਚ ਦੇਸ ਵਿਦੇਸ਼ ਤੋਂ ਲੱਖਾਂ ਸੰਗਤਾਂ ਪਰਿਵਾਰਾਂ ਸਮੇਤ ਨਤਮਸਤਕ ਹੋਈਆਂ। ਇਲਾਕੇ ਦੀਆਂ ਸੰਗਤਾਂ ਵੱਲੋਂ ਵੱਖ-ਵੱਖ ਸਥਾਨਾਂ ਤੇ ਲੰਗਰ, ਮਠਿਆਈਆਂ, ਚਾਹ ਪਕੌੜਿਆਂ, ਫਲ ਫਰੂਟ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ। ਇਸ ਮੌਕੇ ਤੇ ਬਾਬਾ ਗੁਰਪ੍ਰੀਤ ਸਿੰਘ, ਭਾਈ ਅਮੋਲਕ ਸਿੰਘ, ਕੈਪਟਨ ਬਲਬੀਰ ਸਿੰਘ ਬਾਠ ਸਾਬਕਾ ਮੰਤਰੀ ਪੰਜਾਬ, ਅਮਨ ਸ਼ੇਰ ਸਿੰਘ ਕਲਸੀ ਵਿਧਾਇਕ, ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਰਮਨਦੀਪ ਸਿੰਘ ਸੰਧੂ, ਜਸਪ੍ਰੀਤ ਸਿੰਘ ਰਾਣਾ, ਪਰਮਵੀਰ ਸਿੰਘ ਲਾਡੀ, ਸੁਖਬੀਰ ਸਿੰਘ ਵਾਹਲਾ, ਪਲਵਿੰਦਰ ਸਿੰਘ, ਜਥੇਦਾਰ ਗੁਰਵਿੰਦਰ ਸਿੰਘ ਸ਼ਾਹਪੁਰ, ਗੁਰਤਿੰਦਰ ਪਾਲ ਸਿੰਘ ਭਾਟੀਆ, ਦਵਿੰਦਰ ਸਿੰਘ ਲਾਲੀ ਬਾਜਵਾ, ਸੰਤੋਖ ਸਿੰਘ ਦਮੋਦਰ, ਤਰਲੋਕ ਸਿੰਘ ਬਾਠ, ਡਾਕਟਰ ਮਨਪ੍ਰੀਤ ਸਿੰਘ ਸਿੰਘ, ਮਨਜੀਤ ਸਿੰਘ, ਜਗਦੀਸ਼ ਸਿੰਘ ਬੁੱਟਰ, ਤਜਿੰਦਰ ਸਿੰਘ, ਲਖਵਿੰਦਰ ਸਿੰਘ ਘੁੰਮਣ, ਐਡਵੋਕੇਟ ਜਗਿੰਦਰ ਸਿੰਘ ਪਦਮ, ਮਾਸਟਰ ਜੋਗਿੰਦਰ ਸਿੰਘ ਅੱਚਲੀ ਗੇਟ, ਕੁਲਵੰਤ ਸਿੰਘ, ਕਰਤਾਰ ਸਿੰਘ, ਰਜਵੰਤ ਸਿੰਘ, ਨਰਿੰਦਰ ਸਿੰਘ ਸੇਖਵਾਂ, ਬਲਦੇਵ ਸਿੰਘ ਸੇਖਵਾਂ, ਰਮਜ਼ੋਰ ਸਿੰਘ ਚੀਮਾ ਬਟਾਲਾ, ਗੁਰਮੀਤ ਸਿੰਘ ਪੰਨੂੰ, ਜਥੇਦਾਰ ਅਮਰਜੀਤ ਸਿੰਘ ਸੇਖਵਾਂ, ਮਲਕੀਤ ਸਿੰਘ ਮੰਘਰਾ, ਸੋਨੂੰ ਔਲਖ, ਸਤਨਾਮ ਸਿੰਘ ਰਿਆੜ, ਮੇਜਰ ਸਿੰਘ ਅਰਜਨ ਮਾਂਗਾ, ਦਰਸ਼ਨ ਸਿੰਘ, ਗਿਆਨੀ ਹਰਬੰਸ ਸਿੰਘ ਹੰਸਪਾਲ, ਅਮਰਜੀਤ ਸਿੰਘ, ਚੇਤਨ ਸਿੰਘ ਜੱਫੂ, ਗੁਰਚੇਲ ਸਿੰਘ ਘੁੰਮਣ, ਮਨਜੀਤ ਸਿੰਘ ਹੈਪੀ, ਹਰਭਜਨ ਸਿੰਘ ਸੂਰਜਵਾਲੀਆ, ਸਰਬਜੀਤ ਸਿੰਘ ਜੰਜੂਆਣੀ, ਮਲਕੀਅਤ ਸਿੰਘ ਹੈਪੀ, ਅਰਸ਼ਪ੍ਰੀਤ ਸਿੰਘ ਸਾਹਿਬ, ਬਲਦੇਵ ਸਿੰਘ, ਨਵਪ੍ਰੀਤ ਸਿੰਘ ਪ੍ਰਿੰਸ, ਸੱਚ ਪ੍ਰੀਤ ਸਿੰਘ, ਸਿਮਰਤਪਾਲ ਸਿੰਘ ਭਾਟੀਆ, ਦਮਨਪ੍ਰੀਤ ਸਿੰਘ ਰਾਜਾ, ਸਤਨਾਮ ਸਿੰਘ ਪੱਡਾ, ਸਰਬਜੀਤ ਸਿੰਘ ਨਾਗਰਾ ਗੁਰਦੁਆਰਾ ਇੰਸਪੈਕਟਰ ਸ਼੍ਰੋਮਣੀ ਕਮੇਟੀ, ਪਾਲ ਸਿੰਘ ਹਰਦੋਝੰਡੇ, ਗਿਆਨੀ ਭੁਪਿੰਦਰ ਸਿੰਘ ਕਾਹਲਵਾਂ, ਬਲਵੰਤ ਸਿੰਘ ਐਨੋਕੋਟ, ਭਾਈ ਜਗਦੇਵ ਸਿੰਘ, ਰਣਜੀਤ ਸਿੰਘ ਸਾਗਰਪੁਰ, ਡਾਕਟਰ ਗੁਰਮੁੱਖ ਸਿੰਘ ਬਟਾਲਾ, ਪ੍ਰੇਮ ਸਿੰਘ ਰੰਧਾਵਾ, ਗੁਰਪ੍ਰੀਤ ਸਿੰਘ ਕੋਠਾ, ਸਤਿੰਦਰ ਸਿੰਘ ਗਿੱਲ ਮੰਝ, ਬਲਕਾਰ ਸਿੰਘ ਪੰਜਗਰਾਈਂ, ਕਿਰਪਾਲ ਸਿੰਘ ਦੌਲਤਪੁਰ, ਸੰਤੋਖ ਸਿੰਘ ਭੰਬੋਈ, ਗੁਰਵਿੰਦਰ ਸਿੰਘ ਤਲਵੰਡੀ, ਗੁਰਮੁੱਖ ਸਿੰਘ ਬਸਰਾਵਾਂ, ਕੁਲਦੀਪ ਸਿੰਘ ਸੰਗਰਾਵਾਂ, ਅਮਨਦੀਪ ਸਿੰਘ ਕਾਦੀਆਂ, ਕਸ਼ਮੀਰ ਸਿੰਘ ਕੋਟਲਾ ਮੂਸਾ, ਬਲਰਾਜ ਸਿੰਘ ਕੋਟਲਾ ਮੂਸਾ, ਸੁਖਵਿੰਦਰ ਸਿੰਘ ਬੱਲ ਟਰੈਕਟਰ ਵਾਲੇ, ਸਤਨਾਮ ਸਿੰਘ ਪੱਡਾ ਆਦਿ ਲੱਖਾਂ ਸੰਗਤਾਂ ਨਤਮਸਤਕ ਹੋਈਆਂ।

## 10 ਲੱਖ ਦੀ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਉਪ ਕਪਤਾਨ ਪੁਲਿਸ (ਡਿਟੈਕਟਿਵ) ਗੁਰਦਾਸਪੁਰ ਨੇ ਜਾਂਚ ਦੌਰਾਨ ਪਾਇਆ ਕਿ ਪੀੜਤ ਬਲਜਿੰਦਰ ਸਿੰਘ ਪੁੱਤਰ ਨਰਿੰਜਨ ਸਿੰਘ ਦਾ ਭਰਾ ਰਜਿੰਦਰ ਸਿੰਘ ਜੋ ਵਿਦੇਸ਼ ਇਟਲੀ ਵਿੱਚ ਪੱਕੇ ਤੌਰ 'ਤੇ ਰਹਿੰਦਾ ਹੈ। ਹਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਹਰਪ੍ਰੀਤ ਸਿੰਘ ਵਾਸੀਆਨ ਹਰੂਵਾਲ ਥਾਣਾ ਡੇਰਾ ਬਾਬਾ ਨਾਨਕ ਨੇ ਆਪਣੇ ਲੜਕੇ ਗੁਰਜੰਟ ਸਿੰਘ ਨੂੰ ਇਟਲੀ ਭੇਜਣ ਲਈ ਰਜਿੰਦਰ ਸਿੰਘ ਨਾਲ ਗੱਲਬਾਤ ਕੀਤੀ ਸੀ ਜਿਸ 'ਤੇ ਰਜਿੰਦਰ ਸਿੰਘ ਨੇ ਆਪਣੇ ਕੋਲੋਂ 10 ਲੱਖ ਰੁਪਏ ਖਰਚ ਕੇ ਲੜਕੇ ਦੇ ਕਾਗਜ਼ ਇਟਲੀ ਵਿਖੇ ਲਗਾ ਦਿੱਤੇ ਅਤੇ ਗੁਰਜੰਟ ਸਿੰਘ ਦਾ ਵੀਜ਼ਾ ਲੱਗਣ ਤੋਂ ਬਾਅਦ ਕਥਿਤ ਦੋਸ਼ੀਆਂ ਨੇ ਪੀੜਤ ਦੇ ਭਰਾ ਰਜਿੰਦਰ ਸਿੰਘ ਦੇ 10 ਲੱਖ ਰੁਪਏ ਦੇਣ ਤੋਂ ਇਨਕਾਰ ਕਰਕੇ ਪੀੜਤ ਦੇ ਭਰਾ ਨਾਲ ਧੋਖਾਧੜੀ ਕੀਤੀ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਜ਼ੇਰੇ ਧਾਰਾ 420, 120 ਬੀ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਧਾਲੀਵਾਲ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਦਿੱਤਾ ਮੰਗ ਪੱਤਰ

## * ਅਜਨਾਲਾ-ਬੱਲੜ ਵਾਲ ਖੇਤਰ ਨੂੰ ਅੰਮ੍ਰਿਤਸਰ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦੀ ਰੱਖੀ ਮੰਗ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ-ਬੱਲੜ ਵਾਲ ਸਰਹੱਦੀ ਖੇਤਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦਾ ਮੁੱਦਾ ਉਠਾਉਂਦਿਆਂ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਵਡੇਰੇ ਜਨਤਕ ਹਿੱਤਾਂ ਨੂੰ ਮੁੱਖ ਰੱਖਦਿਆਂ ਇਸ ਖੇਤਰ ਨੂੰ ਸਮੁੱਚੇ ਭਾਰਤ ਦੇ ਰੇਲ ਨੈਟਵਰਕ ਨਾਲ ਜੋੜਨ ਦੀ ਅਪੀਲ ਕੀਤੀ ਹੈ। ਧਾਲੀਵਾਲ ਨੇ ਰਮਦਾਸ/ਆਰ.ਡੀ.ਐੱਸ. ਰੇਲਵੇ ਸਟੇਸ਼ਨ ਦਾ ਨਾਮ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਪਹਿਲੇ ਮੁੱਖ ਗ੍ਰੰਥੀ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਣ ਦੀ ਮੰਗ ਵੀ ਉਠਾਈ ਹੈ, ਜੋ ਕਿ ਲੋਕਾਂ ਵਿੱਚ ਬਹੁਤ ਸਤਿਕਾਰੇ ਜਾਂਦੇ ਹਨ।ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਰਾਮਦਾਸ ਸਟੇਸ਼ਨ ਨੂੰ ਮੁੜ ਉਸਾਰਨ ਦੀ ਅਪੀਲ ਕਰਦਿਆਂ ਕਿਹਾ ਕਿ ਅੰਮ੍ਰਿਤਸਰ ਜ਼ਿਲੇ ਦੇ ਰਮਦਾਸ/ਆਰ.ਡੀ.ਐੱਸ. ਰੇਲਵੇ ਸਟੇਸ਼ਨ ਵਿਖੇ ਉੱਚ ਪੱਧਰੀ ਪੱਕਾ ਪਲੇਟਫਾਰਮ ਬਣਾਉਣ, ਰੇਲਗੱਡੀਆਂ ਦੀ ਉਡੀਕ ਕਰ ਰਹੇ ਯਾਤਰੀਆਂ ਲਈ ਆਸਰਾ/ਸ਼ੈਡ, ਰੌਸ਼ਨੀ ਅਤੇ ਪੱਖੇ ਵਰਗੀਆਂ ਜਨਤਕ ਸਹੂਲਤਾਂ ਦੇ ਨਾਲ ਪੀਣ ਵਾਲੇ ਪਾਣੀ ਦੀ ਸਹੂਲਤ ਆਦਿ ਪ੍ਰਬੰਧ ਵੀ ਕੀਤੇ ਜਾਣੇ ਬਹੁਤ ਜ਼ਰੂਰੀ ਹਨ। ਧਾਲੀਵਾਲ ਨੇ ਇਸ ਸਟੇਸ਼ਨ ਤੇ ਰੇਲ ਗੱਡੀਆਂ ਦੀ ਆਵਾਜਾਈ 04 ਜੋੜਿਆਂ ਤੋਂ ਵਧਾ ਕੇ ਘੱਟੋ-ਘੱਟ 06 ਜੋੜੇ ਕਰਨ ਦੀ ਮੰਗ ਕੀਤੀ ਹੈ ਤਾਂ ਜੋ ਅੰਮ੍ਰਿਤਸਰ ਜ਼ਿਲੇ ਦੇ ਜ਼ਿਆਦਾਤਰ ਲੋਕਾਂ ਦੀ ਅਣਮੁੱਲੀ ਮੰਗ ਨੂੰ ਪੂਰਾ ਕੀਤਾ ਜਾ ਸਕੇ।ਇਸ ਤੋਂ ਇਲਾਵਾ ਵੇਰਕਾ ਤੋਂ ਅੰਮ੍ਰਿਤਸਰ ਜਾਂ ਇਸ ਤੋਂ ਅੱਗੇ ਚੱਲਣ ਵਾਲੀਆਂ ਟਰੇਨਾਂ ਨੂੰ ਵਧਾਉਣ ਦੀ ਮੰਗ ਵੀ ਕੇਂਦਰੀ ਮੰਤਰੀ ਤੋਂ ਕੀਤੀ ਗਈ ਹੈ।ਅਜਨਾਲਾ-ਬੱਲੜ ਵਾਲ ਕਨੈਕਟੀਵਿਟੀ ਬਾਰੇ ਧਾਲੀਵਾਲ ਨੇ ਕਿਹਾ ਹੈ ਕਿ ਇਹ ਇਲਾਕਾ ਇੱਕ ਸਰਹੱਦੀ ਇਲਾਕਾ ਹੈ ਅਤੇ ਇਹ ਅਲੱਗ-ਥਲੱਗ ਹੋਣ ਕਾਰਨ ਬਹੁਤ ਪਛੜਿਆ ਹੋਇਆ ਹੈ ਅਤੇ ਇਸ ਖੇਤਰ ਵਿੱਚ ਸੜਕੀ ਸੰਪਰਕ ਮਾੜਾ ਹੈ ਅਤੇ ਮੌਜੂਦਾ ਸਮੇਂ ਵਿੱਚ ਕੋਈ ਰੇਲ ਸੰਪਰਕ ਨਹੀਂ ਹੈ।ਧਾਲੀਵਾਲ ਨੇ ਕਿਹਾ ਕਿ ਇਲਾਕੇ ਦੇ ਲੋਕ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ ਅਤੇ ਹੋਰ ਦਫ਼ਤਰੀ ਕੰਮਾਂ ਲਈ ਅੰਮ੍ਰਿਤਸਰ ਸ਼ਹਿਰ 'ਤੇ ਨਿਰਭਰ ਹਨ ਅਤੇ ਉਨ੍ਹਾਂ ਨੂੰ ਉਪਰੋਕਤ ਲੋੜਾਂ ਲਈ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਦੌਰਾਨ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਧਾਲੀਵਾਲ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਰਮਦਾਸ ਰੇਲਵੇ ਸਟੇਸ਼ਨ ਨੂੰ 6 ਮਹੀਨੇ 'ਚ ਨਵੀਂ ਦਿੱਖ ਦਿੱਤੀ ਜਾਵੇਗੀ ਅਤੇ ਇਸ ਸਟੇਸ਼ਨ ਦਾ ਨਾਂ ਬਾਬਾ ਬੁੱਢਾ ਸਾਹਿਬ ਜੀ ਦੇ ਨਾਮ 'ਤੇ ਰੱਖਿਆ ਜਾਵੇਗਾ। ਕੇਂਦਰੀ ਮੰਤਰੀ ਨੇ ਅਜਨਾਲਾ-ਬੱਲੜ ਵਾਲ ਸਰਹੱਦੀ ਖੇਤਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਰੇਲ ਮਾਰਗ ਰਾਹੀਂ ਪੂਰੇ ਭਾਰਤ ਨਾਲ ਜੋੜਨ ਦੀ ਮੰਗ ਨੂੰ ਵੀ ਸਿਧਾਂਤਕ ਪ੍ਰਵਾਨਗੀ ਦਿੰਦਿਆਂ ਕਿਹਾ ਕਿ ਇਸ ਮਾਮਲੇ ਨੂੰ ਛੇਤੀ ਹੀ ਵਿਚਾਰਿਆ ਜਾਵੇਗਾ।

# ਪਿੱਪਲ ਵੱਢਣ ਲਈ ਮੈਂ ਕਿਸੇ ਨੂੰ ਨਹੀਂ ਕਿਹਾ; ਮੇਰੇ 'ਤੇ ਲਗਾਏ ਦੋਸ਼ ਬੇਬੁਨਿਆਦ ਤੇ ਝੂਠੇ : ਗਿੱਲ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਬੀਤੇ ਦਿਨ ਇੱਕ ਪੰਜਾਬੀ ਅਖ਼ਬਾਰ 'ਚ ਦਾਣਾ ਮੰਡੀ ਝਬਾਲ ਵਿੱਚ ਪਾਣੀ ਵਾਲੀ ਟੈਂਕੀ ਨਾਲ ਲੱਗੇ ਪਿੱਪਲ ਦੇ ਦਰੱਖਤ ਨੂੰ ਵੱਢਣ ਸਬੰਧੀ ਇੱਕ ਖ਼ਬਰ ਪ੍ਰਕਾਸ਼ਤ ਕੀਤੀ ਗਈ ਸੀ ਜਿਸ ਦਾ ਖੰਡਨ ਕਰਦਿਆਂ ਮਾਰਕੀਟ ਕਮੇਟੀ ਝਬਾਲ ਦੇ ਸੀਨੀਅਰ



ਅਧਿਕਾਰੀ ਸਲਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਪਾਣੀ ਵਾਲੀ ਟੈਂਕੀ 'ਤੇ ਕੰਮ ਕਰਦੇ ਕਰਿੰਦੇ ਛਿੰਦਾ ਸਿੰਘ ਵੱਲੋਂ ਮੇਰੇ ਕਹਿਣ 'ਤੇ ਪਿੱਪਲ ਦੇ ਦਰੱਖਤ ਨੂੰ ਵੱਢਣ ਦੇ ਲਗਾਏ ਗਏ ਦੋਸ਼ ਬੇਬੁਨਿਆਦ ਅਤੇ ਝੂਠੇ ਹਨ।ਉਨ੍ਹਾਂ ਕਿਹਾ ਕਿ ਪਾਣੀ ਵਾਲੀ ਟੈਂਕੀ ਅਤੇ ਪਿੱਪਲ ਦੇ ਦਰੱਖਤ ਵਾਲੀ ਸਰਕਾਰੀ ਜਗ੍ਹਾ ਮੰਡੀ ਬੋਰਡ ਐਕਸੀਅਨ ਵਿੰਗ ਦੇ ਅਧੀਨ ਆਉਂਦੀ ਹੈ ਜਿਸ ਨਾਲ ਉਨ੍ਹਾਂ ਦਾ ਕੋਈ ਤਾਲੋਕਾਤ ਨਹੀਂ ਹੈ।ਉਨ੍ਹਾਂ ਕਿਹਾ ਕਿ ਪਿਛਲੇ ਦੋ ਮਹੀਨਿਆ ਤੋਂ ਉਨ੍ਹਾਂ ਦੀ ਡਿਊਟੀ ਮਾਰਕੀਟ ਕਮੇਟੀ ਤਰਨਤਾਰਨ ਵਿਖੇ ਹੈ।ਉਨ੍ਹਾਂ ਕਿਹਾ ਕਿ ਪਿਛਲੇ 35 ਸਾਲਾਂ ਦੀ ਨੌਕਰੀ ਦੌਰਾਨ ਉਨ੍ਹਾਂ ਵੱਲੋਂ ਸਮੇਂ-ਸਮੇਂ ਅਨੁਸਾਰ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਵੱਖ-ਵੱਖ ਤਰਾਂ ਦੇ ਬੂਟੇ ਲਗਾਏ

ਜ਼ਰੂਰ ਜਾਂਦੇ ਹਨ ਪਰ ਕਿਸੇ ਦਰੱਖਤ ਨੂੰ ਵੱਢਣ ਦਾ ਅਧਿਕਾਰ ਕਿਸੇ ਨੂੰ ਵੀ ਨਹੀਂ ਹੈ।ਉਨ੍ਹਾਂ ਇਸ ਮਾਮਲੇ ਸਬੰਧੀ ਉੱਚ ਅਧਿਕਾਰੀਆਂ ਤੋਂ ਬਰੀਕੀ ਨਾਲ ਜਾਂਚ ਕਰਨ ਦੀ ਮੰਗ ਕੀਤੀ।ਇਸ ਸਬੰਧੀ ਜਦੋਂ ਤਰਨ ਤਾਰਨ ਮਾਰਕੀਟ ਕਮੇਟੀ ਦੇ ਡੀਐੱਮਓ ਹਰਜੋਤ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਜ਼ਿਲ੍ਹਾ ਤਰਨਤਾਰਨ ਮੰਡੀ ਬੋਰਡ ਐਕਸਅਨ ਵਿੰਗ ਦੇ ਅਧਿਕਾਰੀਆਂ ਨੂੰ ਚਿੱਠੀ ਲਿਖ ਦਿੱਤੀ ਗਈ ਹੈ ਜਿਨ੍ਹਾਂ ਵੱਲੋਂ ਮਾਮਲੇ ਦੀ ਜਾਂਚ ਕਰਕੇ ਅਗਲੇਰੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਇਸ ਸਬੰਧੀ ਜਦੋਂ ਮੰਡੀ ਬੋਰਡ ਐਕਸੀਅਨ ਵਿੰਗ ਦੇ ਉਚ ਅਧਿਕਾਰੀਆਂ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸਬੰਧਤ ਐੱਸਡੀਓ ਨੂੰ ਰਿਪੋਰਟ ਬਣਾ ਕੇ ਭੇਜ ਦਿੱਤੀ ਗਈ ਹੈ ।ਜਿਹੜਾ ਵਿਅਕਤੀ ਦੋਸ਼ੀ ਪਾਇਆ ਗਿਆ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

# ਚਿੱਟੇ ਦੇ ਝੱਖੜ ਨੇ ਬੁਝਾਇਆ ਇੱਕ ਹੋਰ ਘਰ ਦਾ ਚਿਰਾਗ

**ਪੱਟੀ (ਸ਼ਮਸ਼ੇਰ ਸਿੰਘ ਯੋਧਾ, ਬਲਦੇਵ ਸਿੰਘ ਸੰਧੂ)**-ਪੱਟੀ ਸ਼ਹਿਰ ਦਾ ਨਾਂ ਆਏ ਦਿਨ ਸੁਰਖੀਆਂ ਵਿੱਚ ਰਹਿੰਦਾ ਹੈ। ਸ਼ਰੇਆਮ ਲੁੱਟਾਂ-ਖੋਹਾਂ, ਚੋਰੀਆਂ, ਡਕੈਤੀਆਂ ਹੋ ਰਹੀਆਂ ਹਨ ਅਤੇ ਨਸ਼ੇ ਦੇ ਸੌਦਾਗਰਾਂ ਵੱਲੋਂ ਸ਼ਰੇਆਮ ਨਸ਼ੇ ਦੀ ਵਿਕਰੀ ਹੋ ਰਹੀ ਹੈ। ਨੌਜਵਾਨਾਂ ਦੀ ਚਿੱਟੇ ਦੀ ਓਵਰਡੋਜ਼ ਨਾਲ ਮੌਤ ਹੋ ਰਹੀ ਹੈ ਪਰ ਪੁਲਸ ਪ੍ਰਸ਼ਾਸਨ ਕੁੰਭਕਰਨ ਦੀ ਗੂੜ੍ਹੀ ਨੀਂਦ ਸੁੱਤਾ ਹੋਇਆ ਹੈ।ਪੱਟੀ ਦੇ ਬੱਸ ਸਟੈਂਡ ਵਿੱਚ ਕੁੱਝ ਦਿਨ ਪਹਿਲਾਂ ਵੀ ਨਸ਼ੇ ਦੇ ਟੀਕਾ ਲਗਾ ਰਹੇ ਵਿਅਕਤੀ ਦੀ ਵੀਡੀਓ ਸ਼ੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੀ ਪਰ ਪੁਲਸ ਪ੍ਰਸ਼ਾਸ਼ਨ ਨੇ ਕੋਈ ਸਖ਼ਤੀ ਨਹੀਂ ਕੀਤੀ। ਬਹੁਤ ਅਫਸੋਸ ਵਾਲੀ ਗੱਲ ਹੈ ਕਿ ਭੀੜ ਵਾਲੇ ਇਲਾਕੇ ਬੱਸ ਸਟੈਂਡ ਦੇ ਪਿੱਛੇ ਸ਼ਰੇਆਮ ਨੌਜਵਾਨ ਵੱਲੋਂ ਟੀਕਾ ਲਗਾਇਆ ਗਿਆ ਜਿਸ ਦੀ ਓਵਰਡੋਜ਼ ਲੈਣ ਕਰਕੇ ਮੌਕੇ 'ਤੇ ਹੀ ਮੌਤ ਹੋ ਗਈ।ਮ੍ਰਿਤਕ ਦੀ ਪਹਿਚਾਣ ਲਵਪ੍ਰੀਤ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀ ਸੀਤੋ ਮਹਿ ਝੁੱਗੀਆਂ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਵਜੋਂ ਹੋਈ। ਇਕੱਤਰ ਹੋਈ ਜਾਣਕਾਰੀ ਅਨੁਸਾਰ ਲਵਪ੍ਰੀਤ ਸਿੰਘ ਕਾਫ਼ੀ ਸਮੇਂ ਤੋਂ ਨਸ਼ੇ ਦਾ ਆਦੀ ਸੀ ਤੇ ਉਸਦੇ ਹਿੱਸੇ ਆਉਂਦੀ ਜ਼ਮੀਨ ਵੀ ਨਸ਼ੇ ਦੀ ਭੇਟ ਚੜ ਗਈ ਸੀ।ਮ੍ਰਿਤਕ ਲਵਪ੍ਰੀਤ ਸਿੰਘ ਦੀ ਪਤਨੀ ਨਸ਼ਾ ਕਰਨ ਤੋਂ ਰੋਕਦੀ ਸੀ ਪਰ ਉਹ ਉਸਦੀ ਗੱਲ ਨਹੀਂ ਸੀ ਮੰਨਦਾ ਜਿਸ ਕਾਰਨ ਘਰ ਵਿੱਚ ਅਕਸਰ ਹੀ ਕਲੇਸ਼ ਰਹਿੰਦਾ ਸੀ ਤੇ ਫਿਰ ਕੁੱਝ ਸਾਲ ਬਾਅਦ ਉਸਦੀ ਪਤਨੀ ਉਸਨੂੰ ਤੇ ਉਸਦੇ ਪਰਿਵਾਰ ਨੂੰ ਛੱਡ ਕੇ ਆਪਣੇ ਪੇਕੇ ਚਲੀ ਗਈ ਸੀ।ਇਸ ਤੋਂ ਇਲਾਵਾ ਮ੍ਰਿਤਕ ਲਵਪ੍ਰੀਤ ਸਿੰਘ ਦੇ ਵਾਰਸਾਂ ਨੇ ਦੱਸਿਆ ਕਿ ਉਸਨੇ ਆਪਣਾ ਜੀਵਨ ਬੀਮਾ ਕਰਵਾਇਆ ਹੋਇਆ ਸੀ ਜਿਸਦੀ ਬੈਕ ਮਨੀ ਪਾਲਿਸੀ ਤਹਿਤ ਕੱਲ ਹੀ ਉਸਦੇ ਖਾਤੇ ਵਿੱਚ ਕਰੀਬ ਇੱਕ ਲੱਖ ਰੁਪਏ ਆਏ ਸੀ ਜਿਸਨੂੰ ਕਢਵਾਉਣ ਲਈ ਉਹ ਪੱਟੀ ਆਇਆ ਸੀ ਤੇ ਨਸ਼ੇ ਦੀ ਓਵਰਡੋਜ਼ ਲੈਣ ਕਰਕੇ ਮੌਕੇ 'ਤੇ ਹੀ ਉਸ ਮੌਤ ਹੋ ਗਈ।ਮ੍ਰਿਤਕ ਦੇ ਵਾਰਸਾਂ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੇ ਉੱਚ ਅਫਸਰਾਂ ਨੂੰ ਅਪੀਲ ਕਿ ਨਸ਼ੇ ਦੇ ਸੌਦਾਗਰਾਂ ਨੂੰ ਫੜ ਕੇ ਜੇਲਾਂ ਵਿੱਚ ਸੁੱਟਿਆ ਜਾਵੇ ਤਾਂ ਜੋ ਅਣਗਿਣਤ ਮਾਵਾਂ ਦੇ ਪੁੱਤ ਜਿਹੜੇ ਨਸ਼ੇ ਨਾਲ ਮਰ ਰਹੇ ਹਨ, ਮਰਨੋਂ ਬਚ ਸਕਣ।





## ਪੰਜ ਪੀਰ ਬਾਬਾ ਮੱਲੇ ਸ਼ਾਹ ਦੀ ਯਾਦ 'ਚ ਦੋ ਰੋਜ਼ਾ ਸੱਭਿਆਚਾਰਕ ਮੇਲਾ 19/20 ਨੂੰ

**ਦੀਨਾਨਗਰ, (ਸੰਜੀਵ)**-ਪੰਜ ਪੀਰ ਬਾਬਾ ਮੱਲੇ ਸ਼ਾਹ ਜੀ ਦੀ ਯਾਦ ਵਿਚ ਪਿੰਡ ਉਦੀਪੁਰ ਵਿਖੇ 19 ਅਤੇ 20 ਸਤੰਬਰ ਨੂੰ ਦੋ ਰੋਜ਼ਾ ਸਾਲਾਨਾ ਸੱਭਿਆਚਾਰ ਮੇਲਾ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿਚ ਪੰਜਾਬੀ ਗਾਇਕਾ ਕੌਰ ਬੀ, ਪ੍ਰੋ. ਅਲਮਸਤ ਸੋਨੂੰ, ਵੋਇਸ ਪੰਜਾਬ ਦੇ ਗਾਇਕ ਅਰੁਣ ਕੁਮਾਰ, ਭਾਰਤੀ-ਨੀਤਿਕਾ, ਬਿੱਟੂ ਚੀਮਾ ਵਰਗੇ ਨਾਮਵਰ ਕਲਾਕਾਰ ਗੀਤ ਅਤੇ ਕੱਵਾਲੀਆਂ ਪੇਸ਼ ਕਰਨਗੇ ਅਤੇ ਠਾਕੁਰ ਹਰਦੀਪ ਸਿੰਘ ਦੀ ਯਾਦ ਵਿੱਚ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਅਤੇ ਜਾਗਰੂਕ ਕਰਨ ਲਈ ਇੱਕ ਕਬੱਡੀ ਟੂਰਨਾਮੈਂਟ ਵੀ ਕਰਵਾਇਆ ਜਾਵੇਗਾ।ਪ੍ਰਬੰਧਕ ਸਰਪੰਚ ਸਰਦਾਰਾ ਸਿੰਘ ਘੁੰਮਣ, ਦਰਬਾਰਾ ਸਿੰਘ ਯੂਐੱਸਏ, ਮੰਤੀ ਘੁਮਾਣ ਯੂਐੱਸਏ., ਸੋਨੂੰ ਘੁਮਾਣ ਯੂਐਸਏ., ਲੱਬੀ ਜਸਰੋਟੀਆਂ, ਕਾਲੀ ਘੁੰਮਣ, ਬਬਲੂ ਘੁੰਮਣ, ਪ੍ਰਬੋਦ ਚੰਦਰ, ਪ੍ਰੋਫੈਸਰ ਸੁਬੀਰ ਰਗਬੋਤਰਾ ਅਤੇ ਸਮੂਹ ਕਮੇਟੀ ਮੈਂਬਰ ਸ਼ਾਮਿਲ ਹੋਏ ਅਤੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਸ ਮੇਲੇ ਵਿੱਚ ਸਾਬਕਾ ਕੈਬਨਿਟ ਮੰਤਰੀ ਅਤੇ ਇਲਾਕਾ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਕਾਂਗਰਸੀ ਆਗੂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜੇਤੂ ਕਬੱਡੀ ਟੀਮ ਨੂੰ ਵੱਡੇ ਇਨਾਮ ਵੰਡੇ ਜਾਣਗੇ।ਕਮੇਟੀ ਮੈਂਬਰਾਂ ਨੇ ਕਿਹਾ ਕਿ ਇਸ ਮੇਲੇ ਦਾ ਮੁੱਖ ਮੰਤਵ ਪੰਜਾਬ ਦੇ ਨੌਜਵਾਨਾਂ ਨੂੰ ਆਪਣੇ ਸੱਭਿਆਚਾਰ ਅਤੇ ਮਿੱਟੀ ਨਾਲ ਜੋੜੀ ਰੱਖਣਾ ਹੈ।ਪ੍ਰਬੰਧਕਾਂ ਨੇ ਇਲਾਕਾ ਨਿਵਾਸੀਆਂ ਨੂੰ 19 ਅਤੇ 20 ਸਤੰਬਰ ਨੂੰ ਇਸ ਮੇਲੇ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

# ਈ.ਟੀ.ਓ. ਨੇ ਵੱਖ-ਵੱਖ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਵੰਡੀਆਂ 33 ਲੱਖ ਰੁਪਏ ਦੀਆਂ ਗ੍ਰਾਂਟਾਂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਅੱਠ ਪਿੰਡਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ 33 ਲੱਖ ਰੁਪਏ ਦੀਆਂ ਗ੍ਰਾਂਟਾਂ ਵੰਡੀਆਂ। ਈ. ਟੀ. ਓ. ਨੇ ਸਮੂਹ ਪਿੰਡ ਵਾਸੀਆਂ ਨੂੰ ਕਿਹਾ ਕਿ ਉਹ ਇਨਾਂ ਪੈਸਿਆਂ ਨਾਲ ਆਪਣੇ ਪਿੰਡਾਂ ਦਾ ਵਿਕਾਸ ਕਰਨ ਅਤੇ ਵਿਕਾਸ ਕਾਰਜਾਂ ਤੇ ਆਪਣੀ ਤਿਰਛੀ ਨਜ਼ਰ ਰੱਖਣ ਅਤੇ ਕਿਸੇ ਕਿਸਮ ਦੀ ਵੀ ਊਣਤਾਈ ਪਾਈ ਜਾਣ ਤੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਪੈਸਾ ਤੁਹਾਡਾ ਪੈਸਾ ਹੈ ਅਤੇ ਸਰਕਾਰ ਇਹ ਪੈਸਾ ਤੁਹਾਡੇ ਤੇ ਹੀ ਖਰਚ ਕਰ ਰਹੀ ਹੈ। ਉਨਾਂ ਕਿਹਾ ਕਿ ਆਮ ਲੋਕਾਂ ਦਾ ਇਹ ਫਰਜ਼ ਬਣਦਾ ਹੈ ਕਿ ਜਿਥੇ ਕਿੱਥੇ ਵੀ ਵਿਕਾਸ ਕਾਰਜ ਚਲ ਰਹੇ ਹੋਣ ਦੀ ਨਿਗਰਾਨੀ ਕਰਨ। ਸ: ਈ.ਟੀ.ਓ ਨੇ ਕਿਹਾ ਕਿ ਸਾਡੀ ਸਰਕਾਰ ਸੂਬੇ ਦੇ ਵਿਕਾਸ ਕਰਨ ਲਈ ਵਚਨਬੱਧ ਹੈ।ਈ.ਟੀ.ਓ. ਨੇ ਪਿੰਡ ਜਾਣੀਆਂ ਨੂੰ 2 ਲੱਖ ਰੁਪਏ ਨਿਕਾਸੀ ਨਾਲੇ ਅਤੇ ਗਲੀਆਂ ਦੀ ਉਸਾਰੀ ਲਈ, ਪਿੰਡ ਨਾਜੋਵਾਲੀ ਨੂੰ 5 ਲੱਖ ਰੁਪਏ ਅਤੇ ਪਿੰਡ ਦੀਆਂ ਸਾਂਝੀਆਂ ਥਾਂਵਾਂ ਤੇ ਅਤੇ ਸਕੂਲ ਵਿੱਚ ਪਾਣੀ ਦਾ ਪ੍ਰਬੰਧ ਅਤੇ ਸੋਲਰ ਲਾਈਟਾਂ ਲਈ, ਪਿੰਡ ਲਾਲਕਾ ਨਗਰ ਨੂੰ 3.50 ਲੱਖ ਰੁਪਏ ਗਲੀਆਂ ਨਾਲੀਆਂ ਤੇ ਨਿਕਾਸੀ ਨਾਲੇ ਲਈ, ਪਿੰਡ ਵਡਾਲੀ ਡੋਗਰਾ ਨੂੰ 4.50 ਲੱਖ ਰੁਪਏ ਸੋਲਰ ਲਾਈਟਾਂ ਅਤੇ ਪਾਣੀ ਦੇ ਪ੍ਰਬੰਧ ਲਈ, ਪਿੰਡ ਖੇਲਾਂ ਲਈ 5 ਲੱਖ ਰੁਪਏ ਫਿਰਨੀ ਦੀ ਉਸਾਰੀ, ਗਲੀਆਂ ਨਾਲੀਆਂ ਲਈ, ਪਿੰਡ ਫਤਿਹਪੁਰ ਰਾਜਪੂਤਾਂ ਖੁਰਦ ਨੂੰ 5 ਲੱਖ ਰੁਪਏ ਫਿਰਨੀ ਦੀ ਉਸਾਰੀ ਅਤੇ ਸੋਲਰ ਲਾਈਟਾਂ ਲਈ, ਪਿੰਡ ਬੰਮਾ ਨੂੰ ਤਿੰਨ ਲੱਖ ਰੁਪਏ ਸੀ.ਸੀ.ਟੀ.ਵੀ. ਕੈਮਰੇ ਅਤੇ ਛੱਪੜ ਦੇ ਸੁਧਾਰ ਲਈ ਅਤੇ ਪਿੰਡ ਨੰਦਵਾਲਾ ਨਵਾਂ ਪਿੰਡ ਨੂੰ 5 ਲੱਖ ਰੁਪਏ ਇੰਟਰਲਾਕ ਟਾਈਲਾਂ ਲਈ ਗ੍ਰਾਂਟਾਂ ਵੰਡੀਆਂ।ਸ: ਈ. ਟੀ. ਓ. ਨੇ ਕਿਹਾ ਕਿ ਸਰਕਾਰ ਪਾਸ ਫੰਡਾਂ ਦੀ ਕੋਈ ਕਮੀ ਨਹੀਂ ਹੈ ਅਤੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਪਿੰਡ ਵਾਸੀ ਜੋ ਕੋਈ ਵਿਕਾਸ ਕਾਰਜ ਕਰਵਾਉਣਾ ਚਾਹੁੰਦੇ ਹਨ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਨਾਂ ਪਿੰਡਾਂ ਨੂੰ ਵੀ ਗ੍ਰਾਂਟਾਂ ਦਿੱਤੀਆਂ ਜਾ ਸਕਣ।ਇਸ ਮੌਕੇ ਬੀ. ਡੀ. ਪੀ. ਓ. ਮਲਕੀਤ ਸਿੰਘ, ਐਡਵੋਕੇਟ ਹਰਪ੍ਰੀਤ ਬੰਮਾ, ਬਾਬਾ ਮੰਗਲ ਸਿੰਘ, ਸ: ਗੁਰਮੀਤ ਨਾਜੋਆਨੀ, ਸ਼ਿਵਰਾਜ ਜਾਨੀਆਂ ਨਗਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।



## ਬੰਬਈ ਹਾਈ ਕੋਰਟ ਨੇ ਮਿਊਜ਼ਿਕ ਲਾਇਸੈਂਸਿੰਗ ਕੇਸ 'ਚ ਪੀਪੀਐੱਲ ਇੰਡੀਆ ਦੇ ਹੱਕ 'ਚ ਫੈਸਲਾ ਸੁਣਾਇਆ

**ਲੁਧਿਆਣਾ** : ਬੰਬਈ ਹਾਈ ਕੋਰਟ ਨੇ ਅਮ੍ਰਿਤਾਰਾ ਹੋਟਲਜ਼, ਬਰੂ ਅਸਟੇਟ ਹੋਟਲਜ਼, ਲੈਪੀਰਾਮਿਡ ਹਾਸਪਿਟੈਲਿਟੀਜ਼ ਪ੍ਰਾਈਵੇਟ ਲਿਮਟਿਡ, ਰਾਕ ਐਂਡ ਸਟੋਰਮ ਹਾਸਪਿਟੈਲਿਟੀ, ਅਤੇ ਪਿਰਾਮਿਡ ਕੈਫੇ ਸਮੇਤ ਕਈ ਸੰਸਥਾਵਾਂ ਦੁਆਰਾ ਮਿਊਜ਼ਿਕ ਦੀ ਅਣਅਧਿਕਾਰਤ ਵਰਤੋਂ ਦੇ ਮਾਮਲਿਆਂ ਵਿੱਚ ਫੋਨੋਗ੍ਰਾਫਿਕ ਪਰਫਾਰਮੈਂਸ ਲਿਮਟਿਡ (ਪੀਪੀਐੱਲ ਇੰਡੀਆ) ਦੇ ਹੱਕ ਵਿੱਚ ਫੈਸਲਾ ਸੁਣਾਇਆ ਹੈ।ਇਹ ਫੈਸਲਾ ਪਾਰਟੀਆਂ, ਉਨ੍ਹਾਂ ਦੇ ਸਾਰੇ ਆਉਟਲੈਟਾਂ, ਉਨ੍ਹਾਂ ਦੇ ਭਾਈਵਾਲਾਂ, ਨਿਰਦੇਸ਼ਕਾਂ, ਉਨ੍ਹਾਂ ਦੇ ਨੌਕਰਾਂ, ਕਰਮਚਾਰੀਆਂ, ਏਜੰਟਾਂ, ਨਿਯੁਕਤੀਆਂ, ਲਾਇਸੰਸਧਾਰੀਆਂ, ਪ੍ਰਤੀਨਿਧਾਂ, ਤੀਜੀ ਧਿਰ ਇਵੈਂਟ ਮੈਨੇਜਮੈਂਟ ਕੰਪਨੀਆਂ, ਜਾਂ ਹੋਰ ਅਤੇ/ਜਾਂ ਉਨ੍ਹਾਂ ਦੁਆਰਾ ਦਾਅਵਾ ਕਰਨ ਵਾਲੇ ਜਾਂ ਉਨ੍ਹਾਂ ਵਲੋਂ ਕੰਮ ਕਰਨ ਵਾਲੇ ਕਿਸੇ ਵਿਅਕਤੀ ਨੂੰ ਪੀਪੀਐਲ ਇੰਡੀਆ ਤੋਂ ਸਾਊਂਡ ਰਿਕਾਰਡਿੰਗਾਂ ਵਿੱਚ ਨੋਨ-ਐਕਸਕਲੂਸਿਵ ਪਬਲਿਕ ਪ੍ਰਫੋਰਮੈਂਸ ਲਾਇਸੰਸ ਪ੍ਰਾਪਤ ਕੀਤੇ ਬਿਨਾਂ, ਜਨਤਕ ਤੌਰ @ਤੇ ਪ੍ਰਦਰਸ਼ਨ ਕਰਨ ਜਾਂ ਕਿਸੇ ਵੀ ਤਰੀਕੇ ਨਾਲ ਪੀਪੀਐਲ ਇੰਡੀਆ ਨੂੰ ਨਿਰਧਾਰਤ ਅਤੇ ਅਧਿਕਾਰਤ ਧੁਨੀ ਰਿਕਾਰਡਿੰਗਾਂ ਨੂੰ ਸੰਚਾਰਿਤ ਕਰਨ ਜਾਂ ਉਨ੍ਹਾਂ ਦੇ ਸਥਾਨਾਂ ਜਾਂ ਉਨ੍ਹਾਂ ਦੇ ਨਿਯੰਤਰਣ ਅਧੀਨ ਕਿਸੇ ਵੀ ਜਗ੍ਹਾ ਨੂੰ ਉਕਤ ਉਦੇਸ਼ਾਂ ਲਈ ਵਰਤਣ ਦੀ ਇਜਾਜ਼ਤ ਦੇਣ ਤੇ ਜਾਂ ਇਸਦੀ ਮਲਕੀਅਤ ਵਾਲੇ ਅਤੇ ਸੁਰੱਖਿਅਤ ਕੀਤੇ ਕਿਸੇ ਵੀ ਕੰਮ ਵਿੱਚ ਕਾਪੀਰਾਈਟ ਦੀ ਉਲੰਘਣਾ ਕਰਨ ਤੋਂ ਰੋਕਦਾ ਹੈ।

## ਭੰਡਾਲ ਕਲੱਸਟਰ ਦੀਆਂ ਖੇਡਾਂ ਸਫਲਤਾਪੂਰਵਕ ਸਮਾਪਤ; ਜੇਤੂ ਬੱਚਿਆਂ ਨੂੰ ਵੰਡੇ ਇਨਾਮ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੈਂਟਰ ਸਕੂਲ ਭੰਡਾਲ ਅਧੀਨ ਆਂਉਦੇ ਪ੍ਰਾਇਮਰੀ ਸਕੂਲਾਂ ਦੀਆਂ ਕਲੱਸਟਰ ਪੱਧਰੀ ਖੇਡਾਂ ਸਫਲਤਾਪੂਰਵਕ ਸਮਾਪਤ ਹੋਈਆਂ। ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਧਾਰੀਵਾਲ 2 ਸ੍ਰੀ ਭਾਰਤ ਰਤਨ ਦੀ ਅਗਵਾਈ ਹੇਠ ਅਤੇ ਸੈਂਟਰ ਮੁਖੀ (ਸੀ.ਐੱਚ.ਟੀ) ਬਲਵਿੰਦਰ ਕੁਮਾਰ ਦੇ ਪ੍ਰਬੰਧਾਂ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਨਾਨੋਹਾਰਨੀ ਦੇ ਖੇਡ ਮੈਦਾਨ ਵਿੱਚ ਕਰਵਾਈਆਂ ਇਨ੍ਹਾਂ ਖੇਡਾਂ ਵਿੱਚ ਕਲੱਸਟਰ ਭੰਡਾਲ ਅਧੀਨ ਆਉਂਦੇ ਕੁੱਲ 9 ਸਕੂਲਾਂ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸੈਂਟਰ ਮੁੱਖ ਅਧਿਆਪਕ ਸ੍ਰੀ ਬਲਵਿੰਦਰ ਕੁਮਾਰ ਵਲੋਂ ਖੇਡਾਂ ਦੇ ਸੱਚਾਰੂ ਪ੍ਰਬੰਧਾਂ ਲਈ ਖੇਡ ਕਮੇਟੀ ਦਾ ਗਠਨ ਕੀਤਾ ਗਿਆ। ਇਨ੍ਹਾਂ ਕਲੱਸਟਰ ਪੱਧਰ ਦੀਆਂ ਖੇਡਾਂ ਵਿੱਚ ਅਧਿਆਪਕਾਂ ਵਲੋਂ ਬੜੀ ਹੀ ਲਗਨ ਅਤੇ ਸੁਚਾਰੂ ਢੰਗ ਨਾਲ ਬੱਚਿਆਂ ਦੀਆਂ ਦੌੜਾਂ, ਕਬੱਡੀ, ਖੋ-ਖੋ, ਸ਼ਾਰਟਪੁੱਟ ਆਦਿ ਖੇਡਾਂ ਕਰਵਾਈਆਂ ਗਈਆਂ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਧਾਰੀਵਾਲ -2 ਸ੍ਰੀ ਭਾਰਤ ਰਤਨ ਨੇ ਵਿਸ਼ੇਸ਼ ਤੌਰ ਤੇ ਪਹੁੰਚੇ ਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ। ਇਸ ਮੌਕੇ ਸੈਂਟਰ ਮੁੱਖ ਅਧਿਆਪਕ ਬਲਵਿੰਦਰ ਕੁਮਾਰ, ਮੁੱਖ ਅਧਿਆਪਕ ਗੁਰਨਾਮ ਸਿੰਘ ਸਮਰਾ, ਮੁੱਖ ਅਧਿਆਪਕਾ ਊਸ਼ਾ, ਸੁਖਮਨਜੀਤ ਸਿੰਘ (ਬੀ.ਆਰ.ਸੀ), ਸਤਨਾਮ ਸਿੰਘ, ਸਤਵਿੰਦਰ ਸਿੰਘ, ਦਲਜਿੰਦਰ ਸਿੰਘ ਸੰਧੂ, ਸਰਨਜੀਤ ਸਿੰਘ, ਗੁਰਮੀਤਸਿੰਘ, ਅਨੁਰਾਗ ਮਲਪੋਤਰਾ, ਪਰਮਿੰਦਰ ਕੁਮਾਰ, ਸੰਦੀਪ ਕੁਮਾਰ, ਰਾਜੇਸ਼ ਕੁਮਾਰ, ਗੁਰਵਿੰਦਰ ਸਿੰਘ, ਮੇਜਰ ਸਿੰਘ, ਰਾਜਪ੍ਰੀਤ ਕੌਰ, ਨਿਤੀਕਾ, ਮਨਜੀਤ ਕੌਰ, ਵਰਿੰਦਰ ਕੌਰ ਆਦਿ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਅਤੇ ਸਟਾਫ ਮੈਂਬਰ ਹਾਜ਼ਰ ਸਨ।



# ਰੱਤੜ-ਛੱਤੜ ਦਾ ਸਾਲਾਨਾ ਸੱਭਿਆਚਾਰਕ ਜੋੜ ਮੇਲਾ ਰੰਧਾਵਾ ਬ੍ਰਦਰਜ਼ ਨੇ ਲੁੱਟਿਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਰੱਤੜ-ਛੱਤੜ ਵਿਖੇ ਸੰਤ ਗੁਰਚਰਨ ਸਿੰਘ ਚੀਮਾ ਮੁੱਖ ਸੇਵਾਦਾਰ ਦਰਗਾਹ ਬਾਬਾ ਪੀਰ ਅਮਾਮ ਸ਼ਾਹ ਜੀ (ਰੋਜ਼ਾ ਸ਼ਰੀਫ਼) ਵਿਖੇ ਦੂਜੇ ਦਿਨ ਦਾ ਸੱਭਿਆਚਾਰਕ ਮੇਲਾ ਰੰਧਾਵਾ ਬ੍ਰਦਰਜ਼ ਰੰਮੀ ਰੰਧਾਵਾ, ਪ੍ਰਿੰਸ ਰੰਧਾਵਾ, ਕੁਲਦੀਪ ਰੰਧਾਵਾ ਨੇ ਆਪਣੀ ਸੁਰੀਲੀ ਆਵਾਜ਼ ਨਾਲ ਲੁੱਟਿਆ। ਇਸ ਮੌਕੇ ਉਨ੍ਹਾਂ ਪੰਜਾਬ ਦੇ ਸੱਭਿਆਚਾਰ ਨਾਲ ਜੁੜੇ ਕਈ ਮਕਬੂਲ ਗੀਤ ਗਾ ਕੇ ਸਰੋਤਿਆਂ ਦਾ ਖ਼ੂਬ ਮਨੋਰੰਜਨ ਕੀਤਾ। ਇਸ ਮੌਕੇ ਸੂਫ਼ੀ ਗਾਇਕ ਮਨਜੀਤ ਸ਼ੌਂਕੀ ਨੇ ਵੀ ਆਪਣੀ ਹਾਜ਼ਰੀ ਲਵਾਈ। ਇਸ ਮੌਕੇ ਸੁਖਵੰਤ ਸਿੰਘ ਸਵਿਟਜ਼ਰਲੈਂਡ ਨੇ ਮੇਲੇ ਵਿੱਚ ਹਾਜ਼ਰੀਨ ਤੇ ਮੇਲਾ ਪ੍ਰਬੰਧਕਾਂ ਨੂੰ ਸਾਲਾਨਾ ਮੇਲੇ ਦੀ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਪੀਰਾਂ ਫ਼ਕੀਰਾਂ ਤੇ ਆਪਣੇ ਵੱਡ-ਵਡੇਰਿਆਂ ਦੇ ਅਜਿਹੇ ਮੇਲੇ ਕਰਵਾਉਣੇ ਚਾਹੀਦੇ ਹਨ ।ਇਸ ਮੌਕੇ ਮੇਲਾ ਪ੍ਰਬੰਧਕਾਂ ਵੱਲੋਂ ਆਈਆਂ ਹੋਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਬਲਵਿੰਦਰ ਸਿੰਘ ਪੱਖੋਕੇ ਨੇ ਸਟੇਜ ਸਕੱਤਰ ਦੀ ਅਹਿਮ ਭੂਮਿਕਾ ਨਿਭਾਈ।ਇਸ ਮੌਕੇ ਸੁਖਵੰਤ ਸਿੰਘ ਸਵਿਟਜ਼ਰਲੈਂਡ, ਜਗਜੀਤ ਸਿੰਘ ਇਟਲੀ, ਕੁਲਤਾਰ ਸਿੰਘ ਯੂਐੱਸਏ, ਜਗਜੀਤ ਸਿੰਘ ਤੇ ਜ਼ੋਰਾਵਰ ਸਿੰਘ ਸਵਿਟਜ਼ਰਲੈਂਡ, ਹਰਭਜਨ ਸਿੰਘ ਚੀਮਾ ਮੇਲਾ ਪ੍ਰਬੰਧਕ, ਦਾਤਾਰ ਸਿੰਘ ਚੀਮਾ, ਰਵਿੰਦਰ ਸਿੰਘ ਹੈਪੀ, ਬਲਬੀਰ ਸਿੰਘ ਨਾਗੀ ਫੋਟੋ ਸਟੂਡੀਓ, ਰਣਬੀਰ ਸਿੰਘ ਪੁੱਤਰ ਸੂਬੇਦਾਰ ਸੁਰਜੀਤ ਸਿੰਘ, ਕੁਲਦੀਪ ਸਿੰਘ ਰੰਧਾਵਾ, ਲੰਬੜਦਾਰ ਸਤਨਾਮ ਸਿੰਘ, ਦਵਿੰਦਰ ਸਿੰਘ ਸ਼ੇਰਾ ਬੇਗੋਵਾਲ, ਮੇਜਰ ਸਿੰਘ ਠੇਠਰਕੇ, ਲੱਖਾ ਸਿੰਘ ਗੋਲਾ ਢੋਲਾ, ਮੈਂਬਰ ਸੰਪੂਰਨ ਸਿੰਘ, ਝਿਰਮਲ ਸਿੰਘ, ਸਵਰਨ ਸਿੰਘ, ਸੂਬੇਦਾਰ ਚਰਨਜੀਤ ਸਿੰਘ, ਜਸਪਾਲ ਸਿੰਘ ਮੈਂਬਰ, ਜਗਜੀਤ ਸਿੰਘ ਫੌਜੀ, ਸਤਨਾਮ ਸਿੰਘ ਠੇਠਰਕੇ, ਗੁਲਜ਼ਾਰ ਸਿੰਘ ਆਦਿ ਹਾਜ਼ਰ ਸਨ।

# ਬੀ ਡੀ ਪੀ ਓ ਦਫ਼ਤਰ ਬਟਾਲਾ ਵਿਖੇ ਲੱਗਾ ਪਲੇਸਮੈਂਟ ਕੈਂਪ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਨੌਜਵਾਨਾਂ ਨੂੰ ਵੱਖ-ਵੱਖ ਸੈਕਟਰਾਂ ਵਿੱਚ ਰੋਜਗਾਰ ਮੁਹੱਈਆ ਕਰਵਾਉਣ ਹਿੱਤ ਲਗਾਏ ਜਾ ਰਹੇ ਪਲੇਸਮੈਂਟ ਕੈਂਪਾਂ ਤਹਿਤ ਬੀ.ਡੀ.ਪੀ.ਓ ਦਫ਼ਤਰ ਬਟਾਲਾ ਵਿਖੇ ਪਲੇਸਮੈਂਟ ਕੈਂਪ ਲਗਾਇਆ ਗਿਆ।ਕੈਂਪ ਵਿੱਚ ਐੱਸ.ਆਈ.ਐੱਸ ਸਕਿਓਰਿਟੀ ਕੰਪਨੀ ਵੱਲੋਂ ਸਕਿਓਰਿਟੀ ਗਾਰਡ (ਕੇਵਲ ਲੜਕੇ) ਦੀ ਭਰਤੀ ਕੀਤੀ ਗਈ। ਉਨਾਂ ਦੱਸਿਆ ਕਿ 25 ਲੜਕਿਆਂ ਵਿੱਚੋਂ 16 ਲੜਕਿਆਂ ਦੀ ਚੋਣ ਕੀਤੀ ਗਈ ਹੈ।ਐੱਸ.ਆਈ.ਐੱਸ. ਸਕਿਓਰਿਟੀ ਕੰਪਨੀ ਦੇ ਨੁਮਾਇੰਦੇ ਸੰਤੋਖ ਸਿੰਘ ਨੇ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ 1 ਮਹੀਨੇ ਦੀ ਸਰਹੰਦ ਵਿਖੇ ਸਿਖਲਾਈ ਦਿੱਤੀ ਜਾਵੇਗੀ ਅਤੇ ਸਿਖਲਾਈ ਮੁਕੰਮਲ ਕਰਨ ਉਪਰੰਤ ਕਰੀਬ 17000 ਤੋਂ 19000 ਰੁਪਏ ਤਨਖਾਹ ਮਿਲਣਯੋਗ ਹੋਵੇਗੀ। ਇਸ ਤੋਂ ਇਲਾਵਾ ਕੰਪਨੀ ਵਲੋਂ ਫੰਡ ਤੇ ਬੋਨਸ ਆਦਿ ਵੀ ਦਿੱਤੇ ਜਾਂਦੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਜਿਹੜੇ ਉਮੀਦਵਾਰ ਅੱਜ ਬਟਾਲਾ ਦਫਤਰ ਨਹੀਂ ਪਹੁੰਚ ਸਕੇ, ਉਹ 12 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਦੀਨਾਨਗਰ ਵਿਖੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ 13 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਦੋਰਾਂਗਲਾ, 16 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਫਤਿਹਗੜ੍ਹ ਚੂੜੀਆਂ, 17 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਡੇਰਾ ਬਾਬਾ ਨਾਨਕ, 18 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਕਲਾਨੌਰ, 19 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਸ੍ਰੀ ਹਰਗੋਬਿੰਦਪੁਰ ਸਾਹਿਬ, 20 ਸਤੰਬਰ ਨੂੰ ਬੀ. ਡੀ. ਪੀ. ਓ. ਦਫ਼ਤਰ ਕਾਦੀਆਂ ਅਤੇ 23 ਨੂੰ ਬੀ. ਡੀ. ਪੀ. ਓ. ਦਫ਼ਤਰ ਕਾਹਨੂੰਵਾਨ ਵਿਖੇ ਪਲੇਸਮੈਂਟ ਕੈਂਪ ਲੱਗਣਗੇ।

# ਆਧਾਰ, ਆਯੂਸ਼ਮਾਨ ਕਾਰਡ, ਪੁਲਸ ਸੇਵਾਵਾਂ ਤੇ ਦਿਵਿਆਂਗਜਨਾਂ ਦੇ ਕਾਰਡਾਂ ਲਈ ਸਟਾਲ ਲਗਾਏ ਜਾਣਗੇ

**ਗੁਰਦਾਸਪੁਰ, (ਜਨਕ ਮਹਾਜਨ)**-ਕੇਂਦਰੀ ਸੰਚਾਰ ਬਿਊਰੋ (ਸੀਬੀਸੀ), ਸੂਚਨਾ ਅਤੇ ਪ੍ਰਸਾਰਣ ਮੰਤਰਾਲਾ, ਭਾਰਤ ਸਰਕਾਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਕੇਂਦਰ ਸਰਕਾਰ ਦੀਆਂ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਅਤੇ ਜਨਹਿੱਤ ਸਕੀਮਾਂ ਬਾਰੇ ਤਿੰਨ ਰੋਜ਼ਾ ਮਲਟੀਮੀਡੀਆ ਫੋਟੋ ਪ੍ਰਦਰਸ਼ਨੀ 13 ਸਤੰਬਰ ਤੱਕ ਇੱਥੇ ਪੁਰਾਣੇ ਬੱਸ ਸਟੈਂਡ ਵਿਖੇ ਲਗਾਈ ਜਾ ਰਹੀ ਹੈ।

ਪ੍ਰਦਰਸ਼ਨੀ ਦਾ ਉਦਘਾਟਨ ਸਵੇਰੇ 11.30 ਵਜੇ ਕੀਤਾ ਜਾਵੇਗਾ। ਪ੍ਰਦਰਸ਼ਨੀ ਸਬੰਧੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੁਲਿਸ, ਸਿਹਤ, ਸਿੱਖਿਆ, ਸੁਵਿਧਾ ਕੇਂਦਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਲੀਡ ਬੈਂਕ, ਜ਼ਿਲ੍ਹਾ ਹੈਰੀਟੇਜ ਸੁਸਾਇਟੀ, ਖੇਤੀਬਾੜੀ ਆਦਿ ਵਿਭਾਗਾਂ ਨੂੰ ਆਪੋ-ਆਪਣੇ ਵਿਭਾਗਾਂ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਟਾਲ ਲਗਾਉਣ ਅਤੇ ਸੂਚਨਾ ਸਮੱਗਰੀ ਵੰਡਣ ਦੇ ਨਿਰਦੇਸ਼ ਦਿੱਤੇ ਗਏ। ਏਡੀਸੀ ਦੇ ਨਾਲ ਮੰਤਰਾਲੇ ਦੇ ਖੇਤਰੀ ਪ੍ਰਚਾਰ ਅਧਿਕਾਰੀ ਅਤੇ ਪ੍ਰਦਰਸ਼ਨੀ ਦੇ ਨੋਡਲ ਅਧਿਕਾਰੀ ਰਾਜੇਸ਼ ਬਾਲੀ ਵੀ ਮੌਜੂਦ ਸਨ। ਬਾਲੀ ਨੇ ਅੱਗੇ ਦੱਸਿਆ ਕਿ ਪੁਲਸ ਵਿਭਾਗ ਵਲੋਂ ਔਰਤਾਂ ਵਿਰੁੱਧ ਅਪਰਾਧ, ਨਸ਼ਾਖੋਰੀ, ਸਾਂਝ ਸੇਵਾਵਾਂ ਅਤੇ ਸਾਈਬਰ ਅਪਰਾਧ ਤੋਂ ਬਚਣ ਦੇ ਤਰੀਕੇ ਆਦਿ ਵਿਸ਼ਿਆਂ 'ਤੇ ਲੈਕਚਰ ਦਿੱਤੇ ਜਾਣਗੇ। ਲੋਕਾਂ ਨੂੰ ਜਾਗਰੂਕ ਕਰਨ ਲਈ ਬੈਂਕਾਂ ਵੱਲੋਂ ਵਿੱਤੀ ਸਕੀਮਾਂ, ਸਮਾਜਿਕ ਸੁਰੱਖਿਆ ਸਕੀਮਾਂ ਆਦਿ ਬਾਰੇ ਵੀ ਜਾਣਕਾਰੀ ਦਿੱਤੀ ਜਾਏਗੀ।

ਸਿਵਲ ਹਸਪਤਾਲ ਵਲੋਂ ਬਾਲੜੀ ਸੁਰੱਖਿਆ ਯੋਜਨਾ, ਆਯੁਸ਼ਮਾਨ ਕਾਰਡ, ਦਿਵਿਆਂਗਜਨਾਂ ਲਈ ਸਰਟੀਫਿਕੇਟ ਆਦਿ ਬਾਰੇ ਜਾਣਕਾਰੀ ਦੇਣ ਲਈ ਸਟਾਲ ਲਗਾਏ ਜਾਣਗੇ। ਜ਼ਿਲ੍ਹਾ ਸੁਵਿਧਾ ਕੇਂਦਰ ਵੱਲੋਂ ਪ੍ਰੋਗਰਾਮ ਦੇ ਸਥਾਨ 'ਤੇ ਆਧਾਰ ਕਾਰਡ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ 13 ਸਤੰਬਰ ਨੂੰ ਇੱਕ ਵਿਸ਼ੇਸ਼ ਕੈਂਸਰ ਜਾਗਰੂਕਤਾ ਕੈਂਪ ਵੀ ਲਗਾਇਆ ਜਾਵੇਗਾ, ਜਿੱਥੇ ਔਰਤਾਂ ਨੂੰ ਛਾਤੀ ਦੇ ਕੈਂਸਰ ਅਤੇ ਇਸ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਜਾਵੇਗਾ।




# ਸਰਕਾਰੀ ਹਸਪਤਾਲ ਕਲਾਨੌਰ ਵਿਖੇ ਲੱਗਾ ਧਰਨਾ 14ਵੇਂ ਦਿਨ 'ਚ ਦਾਖਲ



**ਕਲਾਨੌਰ, (ਮਨਦੀਪ ਕੋਹਲੀ)**-ਕਲਾਨੌਰ ਹਸਪਤਾਲ ਤੇ ਹੋਰ ਦਫਤਰਾਂ ਵਿੱਚ ਖਾਲੀ ਪਈਆਂ ਅਸਾਮੀਆਂ ਦੀ ਪੂਰਤੀ ਲਈ ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਸਹਿਯੋਗੀ ਜਥੇਬੰਦੀਆਂ ਵੱਲੋਂ ਲਗਾਇਆ ਗਿਆ ਧਰਨਾ ਅੱਜ ਚੌਦਵੇ ਦਿਨ ਵਿੱਚ ਦਾਖਿਲ ਹੋ ਗਿਆ ਅੱਜ ਦੇ ਇਸ ਧਰਨੇ ਦੀ ਅਗਵਾਈ ਬਲਦੇਵ ਸਿੰਘ ਖਹਿਰਾ ਨੇ ਕੀਤੀ। ਧਰਨੇ ਵਿੱਚ ਬੈਠਣ ਵਾਲੇ ਸਾਥੀਆਂ ਨੂੰ ਹਰਜੀਤ ਸਿੰਘ ਪ੍ਰਧਾਨ ਜਮਹੂਰੀ ਕਿਸਾਨ ਸਭਾ ਜਿਲਾ ਗੁਰਦਾਸਪੁਰ ਨੇ ਉਨਾਂ ਦੇ ਗਲ ਵਿੱਚ ਹਾਰ ਪਾ ਕੇ ਧਰਨੇ ਤੇ ਬਿਠਾਇਆ ਧਰਨਾਕਾਰੀਆਂ ਨੇ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਗਰੀਬ ਲੋਕ ਇਲਾਜ ਤੋਂ ਆਤਰ ਹਨ ਅਤੇ ਆਪਣਾ ਇਲਾਜ ਕਰਵਾਉਣ ਲਈ ਦੂਰ ਦੁਰਾਡੇ ਠੁਕਰਾ ਖਾ ਰਹੇ ਹਨ। ਇਸ ਕਰਕੇ ਜਲਦੀ ਤੋਂ ਜਲਦੀ ਇਸ ਹਸਪਤਾਲ ਵਿੱਚ ਡਾਕਟਰਾਂ ਤੇ ਹੋਰ ਅਮਲੇ ਦੀਆਂ ਖਾਲੀ ਪਈਆਂ ਅਸਾਮੀਆਂ ਭਰੀਆਂ ਜਾਣ। ਧਰਨੇ ਵਿੱਚ ਬਲਦੇਵ ਸਿੰਘ ਖਹਿਰਾ, ਸੁਖਦੇਵ ਸਿੰਘ ਉਦੋਵਾਲੀ, ਮਨਜੀਤ ਸਿੰਘ ਰਾਊਵਾਲ, ਪ੍ਰੀਤਮ ਸਿੰਘ ਖਹਿਰਾ, ਬਲਵਿੰਦਰ ਸਿੰਘ ਖਹਿਰਾ, ਪਰਗਟ ਸਿੰਘ ਰਾਊਵਾਲ, ਲਖਵੀਰ ਸਿੰਘ ਖਹਿਰਾ, ਕਲਰਾਮ ਸਿੰਘ ਸੰਧੂ, ਮੋਹਿਤ ਕੁਮਾਰ, ਜਗਜੀਤ ਸਿੰਘ ਅਲੂਣਾ, ਤੀਰਥ ਰਾਮ ਕਲਾ ਨੌਰ, ਗੁਰਮੇਜ ਮਸੀਹ ਨਬੀਨਗਰ, ਕਰਤਾਰ ਸਿੰਘ ਖਾਰੇ ਵਾਲੇ, ਵੀਰ ਸਿੰਘ ਆਕੀ ਮਾਛੀ ਵਾਲੇ, ਸੁਰਜਨ ਸਿੰਘ ਕਲਾਨੌਰ, ਪਰਸ ਰਾਮ ਕਲਾਨੌਰ ਸ਼ਾਮਿਲ ਸਨ।

# ਇਨਕਲਾਬੀ ਰੰਗ ਮੰਚ 'ਚ ਨਾਟਕਕਾਰ ਗੁਰਸ਼ਰਨ ਭਾਅ ਜੀ ਦਾ ਮਹਾਨ ਯੋਗਦਾਨ : ਤਰਕਸ਼ੀਲ ਸੁਸਾਇਟੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਤਰਕਸ਼ੀਲ ਸੁਸਾਇਟੀ ਪੰਜਾਬ ਅੰਮ੍ਰਿਤਸਰ ਇਕਾਈ ਵੱਲੋਂ ਪ੍ਰਸਿੱਧ ਲੋਕ ਪੱਖੀ ਨਾਟਕਕਾਰ ਅਤੇ ਚਿੰਤਕ ਭਾਅ ਜੀ ਗੁਰਸ਼ਰਨ ਸਿੰਘ ਵੱਲੋਂ ਰੰਗ ਮੰਚ ਰਾਹੀਂ ਲੋਕ ਪੱਖੀ ਸਮਾਜਿਕ ਤੇ ਸੱਭਿਆਚਾਰਕ ਤਬਦੀਲੀ ਦੇ ਖੇਤਰ ਵਿੱਚ ਪਾਏ ਮਹਾਨ ਯੋਗਦਾਨ ਸਬੰਧੀ ਵਿਚਾਰ ਚਰਚਾ ਕੀਤ ਗਈ ਜਿਸਦੀ ਪ੍ਰਧਾਨਗੀ ਤਰਕਸ਼ੀਲ ਆਗੂ ਮੇਲਾ ਰਾਮ ਨੇ ਕੀਤੀ।ਇਸ ਮੌਕੇ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ ਵੱਲੋਂ 16 ਸਤੰਬਰ ਗੁਰਸ਼ਰਨ ਭਾਅ ਜੀ ਦੇ 95ਵੇਂ ਜਨਮ ਦਿਵਸ ਮੌਕੇ ਸਥਾਨਕ ਵਿਰਸਾ ਵਿਹਾਰ ਵਿਖੇ ਹੋਣ ਵਾਲੇ ਸਮਾਗਮ ਅਤੇ ਬਾਅਦ ਵਿੱਚ ਉਨ੍ਹਾਂ ਦੇ ਜੱਦੀ ਨਿਵਾਸ ਦੇ ਬਾਹਰ ਮੋਮਬੱਤੀਆਂ ਜਗਾਉਣ ਮੌਕੇ ਭਰਵੀਂ ਸ਼ਮੂਲੀਅਤ ਕਰਨ ਦਾ ਵੀ ਫੈਸਲਾ ਕੀਤਾ ਗਿਆ।ਇਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਸੂਬਾਈ ਤਰਕਸ਼ੀਲ ਆਗੂ ਸੁਮੀਤ ਸਿੰਘ ਨੇ ਕਿਹਾ ਕਿ ਗੁਰਸ਼ਰਨ ਭਾਅ ਜੀ ਨੇ ਆਪਣ ਇਨਕਲਾਬੀ ਰੰਗ ਮੰਚ ਰਾਹੀਂ ਲੋਕਾਂ ਨੂੰ ਜ਼ਿੰਦਗੀ ਵਿੱਚ ਵਿਗਿਆਨਕ ਸੋਚ ਤੇ ਸਵੈ ਵਿਸ਼ਵਾਸ ਦੀ ਭਾਵਨਾ ਪੈਦਾ ਕਰਨ ਅਤੇ ਹਰ ਤਰਾਂ ਦੇ ਜਬਰ-ਜ਼ੁਲਮ ਅਤੇ ਧਾਰਮਿਕ ਕੱਟੜਵਾਦ ਦੇ ਖ਼ਿਲਾਫ਼ ਜੱਥੇਬੰਦਕ ਸੰਘਰਸ਼ ਕਰਨ ਦਾ ਸਪੱਸ਼ਟ ਸੁਨੇਹਾ ਦਿੱਤਾ। ਉਨ੍ਹਾਂ ਨੂੰ ਸੰਨ 1975 ਦੀ ਐਮਰਜੈਂਸੀ ਦੌਰਾਨ ਹਕੂਮਤੀ ਜਬਰ ਅਤੇ ਤਾਨਾਸ਼ਾਹੀ ਨੀਤੀਆਂ ਦੇ ਖਿਲਾਫ ਆਵਾਜ਼ ਬੁਲੰਦ ਕਰਨ ਕਰਕੇ ਉੱਚ ਦਰਜੇ ਦੀ ਨੌਕਰੀ ਤੋਂ ਮੁਅੱਤਲ ਹੋਣਾ ਅਤੇ ਜੇਲ ਵੀਜਾਣਾ ਪਿਆ ਪਰ ਉਨ੍ਹਾਂ ਨੇ ਆਪਣੇ ਅਸੂਲਾਂ ਤੇ ਪਹਿਰਾ ਦਿੰਦਿਆਂ ਤਾਨਾਸ਼ਾਹੀ ਹਕੂਮਤਾਂ ਅੱਗੇ ਝੁੱਕਣ ਤੋਂ ਇਨਕਾਰ ਕਰ ਦਿੱਤਾ।ਇਸ ਮੌਕੇ ਭਾਅ ਜੀ ਗੁਰਸ਼ਰਨ ਸਿੰਘ ਨਾਲ ਰੰਗ ਮੰਚ ਕਰਨ ਵਾਲੇ ਤਰਕਸ਼ੀਲ ਆਗੂਆਂ ਮਾਸਟਰ ਕੁਲਜੀਤ ਵੇਰਕਾ, ਮਾਸਟਰ ਬਲਦੇਵਰਾਜ ਵੇਰਕਾ ਅਤੇ ਮੇਲਾ ਰਾਮ ਨੇ ਉਨ੍ਹਾਂ ਨਾਲ ਬਿਤਾਏ ਪਲ ਸਾਂਝੇ ਕਰਦਿਆਂ ਕਿਹਾ ਕਿ ਗੁਰਸ਼ਰਨ ਭਾਅ ਜੀ ਨੇ ਆਪਣੀ ਜ਼ਿੰਦਗੀ ਦੇ ਪੂਰੇ ਪੰਜ ਦਹਾਕੇ ਰੰਗ ਮੰਚ ਨੂੰ ਪਿੰਡਾਂ, ਕਸਬਿਆਂ, ਹੇਠਲੇ ਵਰਗਾਂ ਅਤੇ ਪਿਛੜੇ ਤੇ ਦੂਰ ਦੁਰੇਡੇ ਇਲਾਕਿਆਂ ਤੱਕ ਲਗਾਤਾਰ ਪਹੁੰਚਾ ਕੇ ਲੋਕਾਂ ਨੂੰ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਕਰਨ ਦਾ ਸੱਦਾ ਦਿੱਤਾ ਅਤੇ ਆਪਣੇ ਨਾਟਕਾਂ ਵਿੱਚ ਆਪਣੀ ਪਤਨੀ ਅਤੇ ਦੋਵੇਂ ਬੇਟੀਆਂ ਦੀ ਸਰਗਰਮ ਸ਼ਮੂਲੀਅਤ ਕਰਵਾਉਣ ਦੇ ਇਲਾਵਾ ਸੈਂਕੜੇ ਰੰਗ ਕਰਮੀਆਂ ਅਤੇ ਔਰਤ ਕਲਾਕਾਰਾਂ ਨੂੰ ਰੰਗ ਮੰਚ ਨਾਲ ਜੁੜਣ ਤੇ ਅੰਧ ਵਿਸ਼ਵਾਸਾਂ, ਵਹਿਮਾਂ-ਭਰਮਾਂ, ਪਾਖੰਡਵਾਦ ਦੇ ਖ਼ਿਲਾਫ਼ ਲੜਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਇਕਾਈ ਮੁਖੀ ਜਸਪਾਲ ਬਾਸਰਕੇ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਸਮੁੱਚੇ ਪੰਜਾਬ ਵਿੱਚ ਅਕਤੂਬਰ ਦੇ ਦੂਜੇ ਹਫਤੇ ਕਰਵਾਈ ਜਾਣ ਵਾਲੀ ਛੇਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਵੱਡੀ ਗਿਣਤੀ ਵਿਦਿਆਰਥੀਆਂ, ਅਧਿਆਪਕਾਂ, ਸਕੂਲ ਪ੍ਰਬੰਧਕਾਂ ਅਤੇ ਮਾਪਿਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਦੌਰਾਨ ਤਰਕਸ਼ੀਲ ਮੈਗਜ਼ੀਨ ਦਾ ਸਤੰਬਰ-ਅਕਤੂਬਰ ਅੰਕ ਵੀ ਲੋਕ ਅਰਪਣ ਕੀਤਾ ਗਿਆ।ਇਸ ਮੌਕੇ ਤਰਕਸ਼ੀਲ ਮੈਂਬਰਾਂ ਰਾਜ ਕੁਮਾਰ ਵੇਰਕਾ, ਹਰਜਿੰਦਰ ਜਲਾਲਪੁਰ, ਪਰਮਜੀਤ ਸਿੰਘ, ਰਮੇਸ਼ ਜੈਨ, ਅਨਮੋਲ ਸਿੰਘ ਨੇ ਵੀ ਵਿਚਾਰ ਵਟਾਂਦਰੇ ਵਿੱਚ ਭਾਗ ਲਿਆ।



# 450 ਸਾਲਾ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਕੀਰਤਨ ਦਰਬਾਰ




**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨੀਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ '450 ਸਾਲਾ ਸ਼ਤਾਬਦੀ' ਨੂੰ ਸਮਰਪਿਤ ਗੁਰੂ ਅਮਰਦਾਸ ਜੀ ਦੇ ਜੋਤੀ-ਜੋਤਿ ਦਿਵਸ ਅਤੇ ਗੁਰੂ ਰਾਮਦਾਸ ਜੀ ਦੀ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਲਗਾਤਾਰ ਕੀਰਤਨ ਕਰਕੇ ਪੂਰੇ ਸਕੂਲ ਨੂੰ ਰਸ-ਭਿੰਨੇ ਮਾਹੌਲ ਨਾਲ ਭਰ ਦਿੱਤਾ।ਇਸ ਕੀਰਤਨ ਦਰਬਾਰ ਵਿੱਚ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ, ਅਧਿਆਪਕ ਸਾਹਿਬਾਨਾਂ ਤੋਂ ਇਲਾਵਾ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਨੇ ਵੀ ਹਾਜ਼ਰੀ ਭਰੀ ਅਤੇ ਗੁਰੂ ਜੀ ਦੀ ਮਹਿਮਾ ਗਾ ਕੇ ਆਤਮਿਕ ਖੁਸ਼ੀਆਂ ਪ੍ਰਾਪਤ ਕੀਤੀਆ।ਇਸ ਮੌਕੇ ਕੀਰਤਨ ਉਪਰੰਤ ਅਨੰਦ ਸਾਹਿਬ ਦਾ ਪਾਠ ਕਰਕੇ ਚੜ੍ਹ ਦੀ ਕਲਾ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਆਈ ਹੋਈ ਸੰਗਤ ਦਾ ਦਿਲੋਂ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ 450 ਸਾਲਾ ਸ਼ਤਾਬਦੀ ਨੂੰ ਸ਼ਰਧਾਪੂਰਵਕ ਢੰਗ ਨਾਲ ਮਨਾ ਕੇ ਆਪਣਾ ਜੀਵਨ ਸਫ਼ਲ ਕਰਨ ਲਈ ਪ੍ਰੇਰਿਤ ਕੀਤਾ।

12-Sep-PAGE-4.qxd 9/11/2024 10:37 PM Page 1

ਨਵਾਂ ਜ਼ਮਾਨਾ
ਵੀਰਵਾਰ, 12 ਸਤੰਬਰ 2024

# ਮਨੀਪੁਰ ਫਿਰ ਸੜਨਾ ਸ਼ੁਰੂ

ਮਨੀਪੁਰ ਫਿਰ ਸੜਨਾ ਸ਼ੁਰੂ ਹੋ ਗਿਆ ਹੈ। ਤਾਜ਼ਾ ਹਿੰਸਾ ਸ਼ੁਰੂ ਹੋਣ ਤੋਂ ਬਾਅਦ ਰਾਜਧਾਨੀ ਇੰਫਾਲ ਦੇ ਦੋਹਾਂ ਜ਼ਿਲ੍ਹਿਆਂ ਵਿੱਚ ਕਰਫਿਊ ਲਾਉਣਾ ਪਿਆ ਹੈ। ਕਰਫਿਊ ਦੌਰਾਨ ਕਿਸੇ ਵੀ ਵਿਅਕਤੀ ਦੇ ਘਰ ਵਿੱਚੋਂ ਬਾਹਰ ਨਿਕਲਣ ਦੀ ਮਨਾਹੀ ਕੀਤੀ ਗਈ ਹੈ।

ਮਨੀਪੁਰ ਦੇ ਮੁੱਖ ਮੰਤਰੀ ਵੱਲੋਂ ਛੇ ਮਹੀਨਿਆਂ ਅੰਦਰ ਰਾਜ ਵਿੱਚ ਸ਼ਾਂਤੀ ਬਹਾਲ ਕਰਨ ਦੇ ਦਾਅਵੇ ਦੇ ਇੱਕ ਹਫ਼ਤੇ ਦੌਰਾਨ ਹੀ ਸੂਬਾ ਫਿਰ ਹਿੰਸਾ ਦੀ ਲਪੇਟ ਵਿੱਚ ਆ ਗਿਆ ਹੈ। ਹੱਤਿਆਵਾਂ ਦੀਆਂ ਖ਼ਬਰਾਂ ਦੇ ਨਾਲ ਡਰੋਨ ਤੇ ਰਾਕਟ ਹਮਲਿਆਂ ਦੀਆਂ ਰਿਪੋਰਟਾਂ ਵੀ ਆ ਰਹੀਆਂ ਹਨ। ਇੱਕ ਸਤੰਬਰ ਤੋਂ ਹੁਣ ਤੱਕ ਵੱਖ-ਵੱਖ ਘਟਨਾਵਾਂ ਵਿੱਚ 11 ਵਿਅਕਤੀ ਮਾਰੇ ਜਾ ਚੁੱਕੇ ਹਨ। ਬੀਤੇ ਸੋਮਵਾਰ ਮੁਜ਼ਾਹਰਾਕਾਰੀਆਂ ਤੇ ਪੁਲਸ ਵਿਚਾਲੇ ਹੋਈ ਟੱਕਰ ਦੌਰਾਨ 20 ਵਿਅਕਤੀ ਜ਼ਖ਼ਮੀ ਹੋ ਗਏ ਸਨ। ਪੁਲਸ ਵੱਲੋਂ ਅੱਥਰੂ ਗੈਸ ਤੇ ਸਟੰਨ ਗ੍ਰਨੇਡ ਦੀ ਵਰਤੋਂ ਦੇ ਜਵਾਬ ਵਿੱਚ ਪ੍ਰਦਰਸ਼ਨਕਾਰੀਆਂ ਨੇ ਪੱਥਰਬਾਜ਼ੀ ਕੀਤੀ ਸੀ। ਰਾਜਧਾਨੀ ਇੰਫਾਲ ਵਿੱਚ ਪ੍ਰਦਰਸ਼ਨਕਾਰੀਆਂ ਨੇ ਰਾਜਪਾਲ ਤੇ ਮੁੱਖ ਮੰਤਰੀ ਦੇ ਸਰਕਾਰੀ ਘਰਾਂ ਵਿੱਚ ਵੜਨ ਦੀ ਕੋਸ਼ਿਸ਼ ਕੀਤੀ ਸੀ। ਇਸੇ ਦੌਰਾਨ ਭਾਜਪਾ ਦੇ ਬੁਲਾਰੇ ਮਾਈਕਲ ਲਾਮਜਾਥਾਂਗ ਦੇ ਘਰ ਨੂੰ ਅੱਗ ਲਾ ਕੇ ਸਾੜ ਦਿੱਤਾ ਗਿਆ। ਪਿਛਲੇ ਸਾਲ ਹਿੰਸਾ ਸ਼ੁਰੂ ਹੋਣ ਤੋਂ ਹੁਣ ਤੱਕ 226 ਲੋਕ ਮਾਰੇ ਤੇ 1500 ਦੇ ਕਰੀਬ ਜ਼ਖ਼ਮੀ ਹੋ ਚੁੱਕੇ ਹਨ। 13247 ਘਰ, ਦੁਕਾਨਾਂ ਤੇ ਹੋਰ ਇਮਾਰਤਾਂ ਨਸ਼ਟ ਹੋ ਚੁੱਕੀਆਂ ਹਨ। 60 ਹਜ਼ਾਰ ਲੋਕ ਘਰਾਂ ਵਿੱਚੋਂ ਭੱਜ ਕੇ ਕੈਂਪਾਂ ਵਿੱਚ ਰਹਿ ਰਹੇ ਹਨ। ਮਾਰੇ ਗਏ ਲੋਕਾਂ ਤੋਂ ਇਲਾਵਾ 28 ਲਾਪਤਾ ਹਨ, ਜਿਨ੍ਹਾਂ ਬਾਰੇ ਮੰਨਿਆ ਜਾਂਦਾ ਹੈ ਕਿ ਉਨ੍ਹਾਂ ਨੂੰ ਅਗਵਾ ਕਰਕੇ ਕਤਲ ਕਰ ਦਿੱਤਾ ਗਿਆ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਨੀਆ ਭਰ ਦਾ ਚੱਕਰ ਲਾ ਰਹੇ ਹਨ। ਉਹ ਰੂਸ-ਯੂਕਰੇਨ ਯੁੱਧ ਰੁਕਵਾਉਣ ਦੀ ਪਹਿਲ ਕਰਨ ਦੇ ਦਾਅਵੇ ਕਰਦੇ ਹਨ। ਮਨੀਪੁਰ ਪਿਛਲੇ 16 ਮਹੀਨਿਆਂ ਤੋਂ ਗ੍ਰਹਿ ਯੁੱਧ ਦੀ ਲਪੇਟ ਵਿੱਚ ਆਇਆ ਹੋਇਆ ਹੈ, ਜਿਸ ਦੀ ਉਨ੍ਹਾ ਨੂੰ ਕੋਈ ਚਿੰਤਾ ਨਹੀਂ। ਹੈਰਾਨੀ ਹੈ ਕਿ ਪਿਛਲੇ 14 ਮਹੀਨਿਆਂ ਤੋਂ ਮਨੀਪੁਰ ਹਿੰਸਾ, ਅਗਜ਼ਨੀ ਤੇ ਘਰ ਨਿਕਾਲੇ ਦੇ ਬੁਰੇ ਦੌਰ 'ਚੋਂ ਗੁਜ਼ਰ ਰਿਹਾ ਹੈ, ਪ੍ਰਧਾਨ ਮੰਤਰੀ ਨੂੰ ਇਸ ਬਦਕਿਸਮਤ ਰਾਜ 'ਚ ਜਾਣ ਤੇ ਉਥੋਂ ਦੇ ਲੋਕਾਂ ਨਾਲ ਗੱਲਬਾਤ ਕਰਨ ਦਾ ਮੌਕਾ ਨਹੀਂ ਮਿਲਿਆ।

ਇਹ ਸਭ ਜਾਣਦੇ ਹਨ ਕਿ ਰਾਜ ਦੇ ਮੁੱਖ ਮੰਤਰੀ ਆਪਣੇ ਮੈਤੇਈ ਕਬੀਲੇ ਪ੍ਰਤੀ ਪੱਖਪਾਤੀ ਹਨ। ਉਨ੍ਹਾ 'ਤੇ ਇਹ ਵੀ ਦੋਸ਼ ਲੱਗੇ ਹਨ ਕਿ ਉਨ੍ਹਾ ਦੇ ਹੁਕਮ ਉੱਤੇ ਹੀ ਮੈਤੇਈ ਲੋਕਾਂ ਨੂੰ ਸਰਕਾਰੀ ਹਥਿਆਰ ਵੰਡੇ ਗਏ ਸਨ। ਅਜਿਹੇ ਵਿੱਚ ਰਾਜ ਸਰਕਾਰ ਤੋਂ ਇਹ ਆਸ ਨਹੀਂ ਕੀਤੀ ਜਾ ਸਕਦੀ ਕਿ ਉਹ ਮੈਤੇਈ-ਕੁੱਕੀ ਵਿਵਾਦ ਨੂੰ ਸੁਲਝਾ ਸਕੇ। ਇਸ ਲਈ ਸਿਰਫ਼ ਦਿੱਲੀ ਦੀ ਸੱਤਾ 'ਤੇ ਬੈਠੇ ਹੁਕਮਰਾਨਾਂ ਦਾ ਦਖਲ ਹੀ ਮਸਲੇ ਨੂੰ ਨਿਬੇੜਨ ਵਿੱਚ ਸਹਾਈ ਹੋ ਸਕਦਾ ਹੈ।

ਤਾਜ਼ਾ ਹਿੰਸਾ ਨੇ ਹਾਲਾਤ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਇੱਕ ਤਾਂ ਇਹ ਹਿੰਸਾ ਅਚਾਨਕ ਸ਼ੁਰੂ ਹੋਈ ਹੈ, ਦੂਜਾ ਇਸ ਦੌਰਾਨ ਵਰਤੇ ਗਏ ਰਾਕਟਾਂ, ਡਰੋਨਾਂ ਤੇ ਬੰਬਾਂ ਨੇ ਸੁਰੱਖਿਆ ਏਜੰਸੀਆਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਹਾਲੇ ਤੱਕ ਸੁਰੱਖਿਆ ਬਲਾਂ ਤੇ ਫੌਜ ਤੋਂ ਲੁੱਟੇ ਗਏ ਹਥਿਆਰ ਵੀ ਬਰਾਮਦ ਨਹੀਂ ਹੋਏ। ਇੱਕ ਹੋਰ ਵੱਡੀ ਚਿੰਤਾ ਦਾ ਵਿਸ਼ਾ ਇਹ ਹੈ ਕਿ ਇਸ ਸਮੇਂ ਜਿਰੀਹੋਮ ਜ਼ਿਲ੍ਹਾ ਹਿੰਸਾ ਦਾ ਕੇਂਦਰ ਬਣ ਗਿਆ ਹੈ, ਜਿਸ ਵਿੱਚ ਮੈਤੇਈ, ਕੁੱਕੀ, ਬੰਗਾਲੀ, ਨੇਪਾਲੀ ਤੇ ਨਾਗਾ ਸਮੇਤ ਸਭ ਸਮੂਹਾਂ ਦੇ ਲੋਕ ਮਿਲਜੁਲ ਕੇ ਰਹਿੰਦੇ ਆ ਰਹੇ ਹਨ। ਇਸ ਸਮੇਂ ਭਾਜਪਾ ਦੇ ਮੁੱਖ ਮੰਤਰੀ ਤੇ ਰਾਜ ਸਰਕਾਰ ਲੋਕਾਂ ਵਿੱਚ ਆਪਣਾ ਭਰੋਸਾ ਗੁਆ ਚੁੱਕੇ ਹਨ। ਕੇਂਦਰ ਸਰਕਾਰ ਦੀ 'ਪਾੜੋ ਤੇ ਰਾਜ ਕਰੋ' ਦੀ ਨੀਤੀ ਤਹਿਤ ਕੰਮ ਕਰ ਰਹੇ ਮੁੱਖ ਮੰਤਰੀ ਬਿਰੇਨ ਸਿੰਘ ਨੂੰ ਲਗਾਤਾਰ ਕੇਂਦਰ ਦਾ ਥਾਪੜਾ ਮਿਲ ਰਿਹਾ ਹੈ। ਜੇਕਰ ਸਮਾਂ ਰਹਿੰਦੇ ਕੇਂਦਰੀ ਹਾਕਮ ਮਨੀਪੁਰ ਦੀ ਸਥਿਤੀ ਨਹੀਂ ਸੰਭਾਲਦੇ ਤਾਂ ਇਹ ਅਜਿਹਾ ਨਾਸੂਰ ਬਣ ਜਾਵੇਗੀ, ਜਿਹੜਾ ਲੰਮੇ ਸਮੇਂ ਤੱਕ ਰਿਸਦਾ ਰਹੇਗਾ। ਬੰਗਲਾਦੇਸ਼ ਵਿੱਚ ਹੋਏ ਰਾਜਪਲਟੇ ਨੇ ਸਾਡੇ ਗੁਆਂਢ ਇੱਕ ਹੋਰ ਪਾਕਿਸਤਾਨ ਦੀ ਨੀਂਹ ਰੱਖ ਦਿੱਤੀ ਹੈ। ਕੇਂਦਰ ਦੇ ਹਾਕਮਾਂ ਨੇ ਜੇ ਆਪਣਾ ਰਵੱਈਆ ਨਾ ਬਦਲਿਆ ਤਾਂ ਮਨੀਪੁਰ ਇੱਕ ਹੋਰ 'ਕਸ਼ਮੀਰ' ਬਣਨ ਦੇ ਰਾਹ ਪੈ ਸਕਦਾ ਹੈ। ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਏਨਾ ਅੰਤਰਮੁਖੀ ਹੈ ਕਿ ਉਸ ਨੇ ਮਨੀਪੁਰ ਨਾ ਜਾਣ ਦੀ ਜ਼ਿਦ ਫੜ ਲਈ ਹੈ। ਅਜਿਹੀ ਸਥਿਤੀ ਵਿੱਚ ਸਮੁੱਚੀ ਵਿਰੋਧੀ ਧਿਰ ਨੂੰ ਰਲ ਕੇ ਮਜ਼ਬੂਤ ਦਬਾਅ ਬਣਾਉਣਾ ਚਾਹੀਦਾ ਹੈ ਤਾਂ ਜੋ ਮੋਦੀ ਦੀ ਧੌਣ ਦਾ ਕਿੱਲ ਕੱਢਿਆ ਜਾ ਸਕੇ।

-ਚੰਦ ਫਤਿਹਪੁਰੀ

## ਪਾਠਕ-ਸੱਥ

### ਅਧਿਆਪਕਾਂ ਦੀ ਫੌਰਨ ਭਰਤੀ ਦੀ ਲੋੜ

ਪੰਜਾਬ ਵਿੱਚ ਸਿੱਖਿਆ ਤੰਤਰ ਮਜ਼ਬੂਤ ਹੋਣ ਦੀ ਬਜਾਇ ਨਿਘਾਰ ਵੱਲ ਜਾ ਰਿਹਾ ਹੈ ਅਤੇ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ । ਅੱਜ ਹਜ਼ਾਰਾਂ ਦੀ ਗਿਣਤੀ ਵਿੱਚ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ, ਦੂਜੇ ਪਾਸੇ ਯੋਗਤਾ ਪ੍ਰਾਪਤ ਹਜ਼ਾਰਾਂ ਅਧਿਆਪਕ ਭਰਤੀ ਦੇ ਇਸ਼ਤਿਹਾਰ ਜਾਰੀ ਕਰਵਾਉਣ ਲਈ ਮਜਬੂਰ ਹੋ ਕੇ ਧਰਨੇ, ਪ੍ਰਦਰਸ਼ਨਾਂ ਦੇ ਰਾਹ ਤੁਰ ਪਏ ਹਨ, ਜਿਸ ਤੋਂ ਪਤਾ ਲੱਗਦਾ ਹੈ ਕਿ ਸਕੂਲੀ ਸਿੱਖਿਆ ਪ੍ਰਤੀ ਸਰਕਾਰ ਬਿਲਕੁਲ ਵੀ ਸਰਗਰਮ ਨਹੀਂ। ਪਿਛਲੀਆਂ ਭਰਤੀਆਂ ਅਜੇ ਤੱਕ ਵੀ ਲਟਕ ਰਹੀਆਂ ਹਨ। ਮੌਜੂਦਾ ਪੰਜਾਬ ਸਰਕਾਰ ਨੂੰ ਢਾਈ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ, ਪਰ ਇਸ ਸਰਕਾਰ ਨੇ ਅਧਿਆਪਕਾਂ ਦੀ ਭਰਤੀ ਦਾ ਇੱਕ ਵੀ ਇਸ਼ਤਿਹਾਰ ਜਾਰੀ ਨਹੀਂ ਕੀਤਾ। ਜੇ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਰਹੇਗੀ ਤਾਂ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਦੀ ਤਾਂ ਗੱਲ ਹੀ ਬੜੀ ਦੂਰ ਦੀ ਹੈ। ਸਿਰਫ਼ ਸਮਾਰਟ ਸਕੂਲ ਨਹੀਂ, ਸਗੋਂ ਸਮਾਰਟ ਸਿੱਖਿਆ ਭਰਤੀ ਬੋਰਡ ਵੀ ਹੋਵੇ, ਤਾਂ ਕਿ ਖ਼ਾਲੀ ਪਈਆਂ ਅਸਾਮੀਆਂ ਨੂੰ ਸਮੇਂ ਸਿਰ ਪੂਰੇ ਮਿਆਰੀ ਤਰੀਕੇ ਨਾਲ ਭਰ ਕੇ ਸਕੂਲੀ ਸਿੱਖਿਆ ਦੇ ਮਿਆਰ ਨੂੰ ਬਰਕਰਾਰ ਰੱਖਿਆ ਜਾਵੇ। ਪੰਜਾਬ ਵਿੱਚ ਸਿੱਖਿਆ ਤੰਤਰ ਦੀ ਮਜ਼ਬੂਤੀ ਲਈ ਅਧਿਆਪਕਾਂ ਦੀ ਭਰਤੀ ਮੁਹਿੰਮ ਨੂੰ ਹੋਰ ਤੇਜ਼ ਅਤੇ ਮਿਆਰੀ ਬਣਾਉਣ ਲਈ ਸਰਕਾਰ ਨੂੰ ਜ਼ਰੂਰ ਉੱਦਮ ਕਰਨਾ ਚਾਹੀਦਾ ਹੈ।

-ਯਸ਼ਪਾਲ ਮਾਹਵਰ, ਸ੍ਰੀ ਮੁਕਤਸਰ ਸਾਹਿਬ।

### ਖਾਧ ਪਦਾਰਥਾਂ 'ਚ ਵਧਦੀ ਮਿਲਾਵਟ

ਪਟਿਆਲਾ ਵਿੱਚ ਕੇਕ ਖਾਣ ਨਾਲ਼ ਬਿਮਾਰ ਹੋਈ ਬੱਚੀ ਦੀ ਖ਼ਬਰ ਭੁੱਲੀ ਨਹੀਂ ਸੀ ਕਿ ਬੀਤੇ ਦਿਨੀਂ ਪਟਿਆਲਾ ਸ਼ਹਿਰ ਵਿਚ ਹੀ ਜਨਮ ਦਿਨ ਦਾ ਕੇਕ ਖਾਣ ਨਾਲ਼ ਦਰਜਨ ਤੋਂ ਵੱਧ ਬੱਚੇ ਅਤੇ ਪਰਿਵਾਰਕ ਮੈਂਬਰਾਂ ਦੀ ਹਾਲਤ ਖ਼ਰਾਬ ਹੋਣ ਦੀ ਖ਼ਬਰ ਤਾਜ਼ਾ ਸੁਰਖ਼ੀ ਬਣ ਗਈ ਹੈ। ਫੂਡ ਵਿਭਾਗ ਘਟਨਾ ਵਾਪਰਨ ਤੋਂ ਬਾਅਦ ਗੂੜ੍ਹੀ ਨੀਂਦ ਵਿੱਚੋਂ ਜਾਗ ਚੁੱਕਿਆ ਹੈ ਅਤੇ ਉਹਨਾਂ ਸੈਂਪਲ ਇਕੱਠੇ ਕਰਕੇ ਲੈਬ ਭੇਜ ਕੇ ਆਪਣੇ ਗਲੋਂ ਗਲਵਾ ਲਾਹ ਦਿੱਤਾ ਹੈ, ਪ੍ਰੰਤੂ ਸਵਾਲ ਤਾਂ ਇਹ ਪੈਦਾ ਹੋ ਰਿਹਾ ਹੈ ਕਿ ਵਿਭਾਗ ਉਦੋਂ ਹੀ ਕਿਉਂ ਜਾਗਦਾ ਹੈ, ਜਦੋਂ ਕੋਈ ਘਟਨਾ ਵਾਪਰਦੀ ਹੈ,ਇਹ ਆਪਣੇ ਨਿੱਜੀ ਤੌਰ ਤੇ ਸੈਂਪਲ ਇਕੱਤਰ ਕਿਉਂ ਨਹੀਂ ਕਰਦਾ। ਜ਼ੇਕਰ ਕੋਈ ਟੀਮ ਸੈਂਪਲ ਇਕੱਠੇ ਕਰਨ ਚਲੀ ਵੀ ਜਾਵੇ ਤਾਂ ਉਹ ਵੱਢੀਖੋਰੀ ਦਾ ਸ਼ਿਕਾਰ ਹੋ ਜਾਂਦੀ ਹੈ ਅਤੇ ਪਰਨਾਲਾ ਉਥੇ ਦਾ ਉਥੇ ਹੀ ਰਹਿੰਦਾ ਹੈ। ਵਧੇਰੇ ਮੁਨਾਫ਼ਾ ਕਮਾਉਣ ਲਈ ਮਿਲਾਵਟ ਦਾ ਧੰਦਾ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਇਹਨਾਂ ਨੂੰ ਰੋਕਣ ਵਾਲੇ ਵੀ ਇਹਨਾਂ ਦੀ ਹੀ ਸ਼ਹਿ 'ਤੇ ਕੰਮ ਕਰਦੇ ਦਿਖਾਈ ਦੇ ਰਹੇ ਹਨ । ਸਰਕਾਰ ਨੂੰ ਜਿਥੇ ਇਹਨਾਂ ਕਾਲੀਆਂ ਭੇਡਾਂ ਜੋ ਮਿਲਾਵਟ ਦੇ ਧੰਦੇ ਨੂੰ ਉਤਸ਼ਾਹਤ ਕਰ ਰਹੀਆਂ ਹਨ, ਲੱਭ ਕੇ ਲੋੜੀਂਦੀ ਸਜ਼ਾ ਦੇਣ ਤੋਂ ਪਰਹੇਜ਼ ਨਹੀਂ ਕਰਨਾ ਚਾਹੀਦਾ, ਉਥੇ ਸਾਨੂੰ ਸਾਰਿਆਂ ਨੂੰ ਵੀ ਬਜ਼ਾਰੀ ਵਸਤਾਂ ਖ਼ਰੀਦਣ ਸਮੇਂ ਚੌਕਸੀ ਵਰਤਣੀ ਚਾਹੀਦੀ ਹੈ, ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਮਿਲਾਵਟੀ ਵਸਤਾਂ ਦਾ ਸ਼ਿਕਾਰ ਨਾ ਹੋ ਸਕੇ ।

-ਰਜਵਿੰਦਰ ਪਾਲ ਸ਼ਰਮਾ, 70873-67969

# ਘਰ ਦਾ ਮਾਹੌਲ ਖੁਸ਼ਗਵਾਰ ਰੱਖਣ ਲਈ ਬਜ਼ੁਰਗਾਂ ਦਾ ਸਹਿਯੋਗ ਜ਼ਰੂਰੀ

ਪ੍ਰੋ.ਫ਼ੈਸਰ ਮਨਜੀਤ ਤਿਆਗੀ

ਬਚਪਨ, ਜਵਾਨੀ ਦੀ ਤਰ੍ਹਾਂ ਬੁਢਾਪਾ ਵੀ ਮਨੁੱਖੀ ਜੀਵਨ ਦਾ ਇੱਕ ਅਹਿਮ ਪੜਾਅ ਹੈ। ਬੁਢਾਪਾ, ਜਵਾਨੀ ਤੇ ਬਚਪਨ ਵਿੱਚ ਇੱਕ ਬੁਨਿਆਦੀ ਫ਼ਰਕ ਇਹ ਹੈ ਕਿ ਬਚਪਨ ਤੇ ਜਵਾਨੀ ਤਾਂ ਜੀਵਨ 'ਚ ਇੱਕ ਵਾਰ ਆਉਂਦੇ ਹਨ ਤੇ ਫਿਰ ਚਲੇ ਜਾਂਦੇ ਹਨ, ਪਰ ਬੁਢਾਪਾ ਜਦੋਂ ਇੱਕ ਵਾਰ ਆ ਜਾਂਦਾ ਹੈ, ਫਿਰ ਆਖ਼ਰੀ ਸਾਹ ਤੱਕ ਨਾਲ ਹੀ ਰਹਿੰਦਾ ਹੈ। ਮੋਟੇ ਤੌਰ 'ਤੇ 60 ਕੁ ਸਾਲ ਆਪਣੀ ਜ਼ਿੰਦਗੀ ਦੀਆਂ ਬਸੰਤ ਰੁੱਤਾਂ ਦੇਖਣ ਵਾਲੇ ਬੰਦੇ ਨੂੰ ਬੁੱਢਾ ਕਲੱਬ ਦੇ ਮੈਂਬਰ ਦੇ ਤੌਰ 'ਤੇ ਮਾਨਤਾ ਦੇ ਦਿੱਤੀ ਜਾਂਦੀ ਹੈ। ਉਮਰ ਦੇ ਇਸ ਪੜਾਅ 'ਤੇ ਸਮਾਜ ਸਿਆਣਪ ਦੀ ਉਮੀਦ ਕਰਦਾ ਹੈ। ਉਸ ਨੂੰ ਬਜ਼ੁਰਗ ਦਾ ਖਿਤਾਬ ਦੇ ਦਿੰਦਾ ਹੈ, ਪਰ ਉਸ ਸਮੇਂ ਦੁੱਖ ਹੁੰਦਾ ਹੈ, ਜਦੋਂ ਦੂਰੋਂ ਲੱਗਦਾ ਹੈ ਕਿ ਬਜ਼ੁਰਗ ਆ ਰਿਹਾ ਹੈ, ਪਰ ਜਦੋਂ ਉਹ ਮੂੰਹ ਖੋਲ੍ਹਦਾ ਹੈ ਤਾਂ ਉਹ ਬੁੱਢਾ ਹੀ ਨਿਕਲਦਾ ਹੈ। ਬਜ਼ੁਰਗ ਤੇ ਬੁੱਢੇ ਵਿੱਚ ਅੰਤਰ ਇਹ ਹੁੰਦਾ ਹੈ ਕਿ ਬਜ਼ੁਰਗ ਹਮੇਸ਼ਾ ਸਿਆਣਪ ਭਰਪੂਰ ਗੱਲਾਂ ਕਰਦੇ ਹਨ, ਜਦੋਂ ਕਿ ਬੁੱਢੇ ਸਿਰਫ ਗੱਲਾਂ ਹੀ ਕਰਦੇ ਹਨ। ਆਧੁਨਿਕ ਸੱਭਿਅਤਾ 'ਚ ਹਰ ਰਿਸ਼ਤੇ 'ਚ ਤਰੇੜਾਂ ਆ ਰਹੀਆਂ ਹਨ। ਅਕਸਰ ਹੀ ਬੁਢਾਪੇ 'ਚ ਮਾਂ-ਬਾਪ ਆਪਣੇ ਆਪ ਨੂੰ ਅਣਗੌਲਿਆ ਮਹਿਸੂਸ ਕਰਦੇ ਹਨ। ਦੁੱਖ ਦੀ ਗੱਲ ਹੈ ਕਿ ਬੱਚੇ ਆਪਣੇ ਮਾਂ-ਬਾਪ ਨੂੰ ਬਿਰਧ-ਆਸਰਮਾਂ 'ਚ ਛੱਡਣ ਤੋਂ ਵੀ ਗੁਰੇਜ਼ ਨਹੀਂ ਕਰਦੇ। ਅਜਿਹੇ ਬੁਜ਼ਰਗਾਂ ਨਾਲ ਮੇਰੀ ਦਿਲੋਂ ਹਮਦਰਦੀ ਤੇ ਸਤਿਕਾਰ ਹੈ। ਅਜਿਹਾ ਸਮਾਜਿਕ ਵਰਤਾਰਾ ਨਿੰਦਣਯੋਗ ਹੀ ਨਹੀਂ, ਸਗੋਂ ਬੇਹੱਦ ਸ਼ਰਮਨਾਕ ਹੈ। ਇਸ ਲਈ ਇਹ ਜਲਦੀ ਤੋਂ ਜਲਦੀ ਬੰਦ ਹੋਣਾ ਚਾਹੀਦਾ ਹੈ, ਕਿਉਂਕਿ ਬੁਜ਼ਰਗਾਂ ਦੀ ਅਣਦੇਖੀ ਕਰਕੇ ਅਸੀਂ ਨਰੋਏ ਸਮਾਜ ਦੀ ਸਿਰਜਣਾ ਨਹੀਂ ਕਰ ਸਕਦੇ। ਇਹ ਸਮੱਸਿਆ ਦਿਨੋ-ਦਿਨ ਵਿਕਰਾਲ ਰੂਪ ਕਿਉਂ ਧਾਰਨ ਕਰ ਰਹੀ ਹੈ? ਭਾਵੇਂ ਨਵੀਂ ਪੀੜ੍ਹੀ 'ਖਾਓ ਪੀਓ ਐਸ਼ ਕਰੋ' ਦੇ ਸਿਧਾਂਤ 'ਚ ਗਲਤਾਨ ਹੈ, ਪਦਾਰਥਵਾਦ ਕਦਰਾਂ-ਕੀਮਤਾਂ 'ਤੇ ਭਾਰੂ ਪੈ ਰਿਹਾ ਹੈ, ਪਰ ਫਿਰ ਵੀ ਇਹ ਨਹੀਂ ਕਿਹਾ ਜਾ ਸਕਦਾ ਕਿ ਹਮੇਸ਼ਾ ਬੱਚੇ ਹੀ ਗ਼ਲਤ ਹੁੰਦੇ ਹਨ, ਬਹੁਤ ਵਾਰ ਮਾਂ-ਬਾਪ ਦਾ ਕਸੂਰ ਵੀ ਦੇਖਣ ਨੂੰ ਮਿਲਦਾ ਹੈ।

ਸਮੱਸਿਆਵਾਂ, ਕਾਰਨ, ਸੁਝਾਅ ਤੇ ਹੱਲ : ਜ਼ਿਆਦਾਤਰ ਬਜ਼ੁਰਗਾਂ ਨੂੰ ਉਨ੍ਹਾਂ ਦੇ ਮਾਂ-ਬਾਪ ਨੇ ਤਾੜ ਕੇ ਰੱਖਿਆਂ ਹੁੰਦਾ ਹੈ ਤੇ ਉਨ੍ਹਾਂ ਆਪਣੀ ਜ਼ਿੰਦਗੀ 'ਚ ਸਖ਼ਤ ਮਿਹਨਤ ਕੀਤੀ ਹੁੰਦੀ ਹੈ। ਇਸ ਲਈ ਹੁਣ ਉਹ ਵੀ ਆਪਣੀ ਔਲਾਦ ਨੂੰ ਤਾੜ ਕੇ ਰੱਖਣਾ ਚਾਹੁੰਦੇ ਹਨ, ਪਰ ਉੱਚ ਸਿੱਖਿਆ ਪ੍ਰਾਪਤ ਕਰ ਚੁੱਕੇ ਬੱਚੇ ਦਲੀਲ ਨਾਲ ਗੱਲ ਤੇ ਦਿਮਾਗ਼ ਨਾਲ ਕੰਪਿਊਟਰ 'ਤੇ ਹੀ ਬਹੁਤ ਸਾਰੇ ਕੰਮ ਕਰ ਜਾਂਦੇ ਹਨ। ਮਸ਼ੀਨੀਕਰਨ ਦੇ ਯੁੱਗ 'ਚ ਨਵੀਂ ਪੀੜ੍ਹੀ ਟੋਕਾ-ਟਾਕੀ ਬਰਦਾਸ਼ਤ ਨਹੀਂ ਕਰਦੀ, ਜਦੋਂ ਕਿ ਪੁਰਾਣੀ ਪੀੜ੍ਹੀ ਆਪਣਾ ਤਜਰਬਾ ਤੇ ਗਿਆਨ ਉਨ੍ਹਾਂ 'ਤੇ ਥੋਪਣਾ ਚਾਹੁੰਦੀ ਹੈ। ਵਿਆਹ ਮਗਰੋਂ ਜਦੋਂ ਮਾਂ-ਬਾਪ ਆਪਣੀ ਨੂੰਹ ਨੂੰ ਸਿਰਫ਼ ਇੱਕ ਪੱਕਾ ਸੇਵਾਦਾਰ ਹੀ ਸਮਝਣ ਲੱਗਦੇ ਹਨ ਤਾਂ ਇੱਥੋਂ ਹੀ ਸਮੱਸਿਆ ਸ਼ੁਰੂ ਹੋ ਜਾਂਦੀ ਹੈ। ਜਿਸ ਲੜਕੀ ਨੇ ਮੰਗਣੇ ਦੌਰਾਨ ਹੁੰਦੀ ਸੌਦੇਬਾਜ਼ੀ ਸਮੇਂ ਆਪਣੇ ਪਿਤਾ ਨੂੰ ਦੁਖੀ ਹੁੰਦੇ ਦੇਖਿਆ ਹੋਵੇ, ਉਸ ਤੋਂ ਦਿਲੀ ਸਤਿਕਾਰ ਦੀ ਉਮੀਦ ਕਰਨਾ ਵੀ ਮੂਰਖਤਾ ਹੀ ਹੈ।

ਬੇਟੇ ਦੀ ਸ਼ਾਦੀ ਹੋਣ 'ਤੇ ਆਪਣੀ ਨੂੰਹ ਨੂੰ ਧੀ ਹੀ ਸਮਝਣਾ ਚਾਹੀਦਾ ਹੈ, ਕਿਉਂਕਿ ਉਹ ਤਾਂ ਵਿਆਹ ਸਮੇਂ ਹੀ ਆਪਣਾ ਘਰ ਬਾਰ ਤੇ ਮਾਂ-ਬਾਪ ਛੱਡ ਕੇ ਤੁਹਾਡੇ ਘਰ ਆ ਜਾਂਦੀ ਹੈ। ਹੁਣ ਤੁਸੀਂ ਹੀ ਉਸ ਦੇ ਮਾਂ-ਬਾਪ ਹੋ। ਇਹ ਤੁਹਾਡੇ 'ਤੇ ਨਿਰਭਰ ਹੈ ਕਿ ਤੁਸੀਂ ਉਸ ਨੂੰ ਕਿਸ ਤਰ੍ਹਾਂ ਦੀ ਇਨਪੁਟ ਦੇ ਰਹੇ ਹੋਂ। ਜਿਸ ਤਰ੍ਹਾਂ ਦੀ ਇਨਪੁਟ ਦਿਓਗੇ, ਉਸੇ ਤਰ੍ਹਾਂ ਦੀ ਆਊਟਪੁਟ ਮਿਲੇਗੀ। ਚੰਗੀਆਂ ਕਦਰਾਂ-ਕੀਮਤਾਂ ਨਾਲ ਵਿਹਾਰ ਕਰੋਗੇ ਤਾਂ ਬਦਲੇ 'ਚ ਇੱਜ਼ਤ ਮਿਲੇਗੀ। ਜੇ ਕਿਸੇ ਨੂੰ ਜ਼ਬਰਦਸਤੀ ਦਬਾਓਗੇ ਤਾਂ ਇਕ ਸਥਿਤੀ ਤੋਂ ਬਾਅਦ ਉਹ ਟੁੱਟੇਗੀ ਜਾਂ ਸ਼ਕਤੀ ਨਾਲ ਹੀ ਵਾਪਸ ਉਛਲੇਗੀ। ਇਸ ਸਾਇੰਸ ਦੇ ਸਿਧਾਂਤ ਤੋਂ ਅਸੀਂ ਇਨਕਾਰ ਨਹੀ ਕਰ ਸਕਦੇ। ਅਕਸਰ ਹੀ ਮਾਂ-ਬਾਪ ਨੂੰ ਵਿਆਹ ਮਗਰੋਂ ਬੇਟੇ ਦੇ ਵਿਹਾਰ 'ਚ ਬਦਲਾਅ ਦੀ ਸ਼ਿਕਾਇਤ ਰਹਿੰਦੀ ਹੈ। ਮਾਂ-ਬਾਪ ਨੂੰ ਲੱਗਦਾ ਹੈ ਕਿ ਉਨ੍ਹਾਂ ਦਾ ਬੇਟਾ ਭੋਲਾ ਹੈ ਤੇ ਨੂਹ ਚਲਾਕ, ਇਸ ਕਰਕੇ ਉਹ ਘਰਵਾਲੀ ਦਾ ਹੀ ਗੁਲਾਮ ਬਣ ਗਿਆ ਹੈ, ਜਦੋਂ ਕਿ ਹਮੇਸ਼ਾ ਇਹ ਅਸਲੀਅਤ ਨਹੀਂ ਹੁੰਦੀ। ਮਾਂ-ਬਾਪ ਨੂੰ ਇੱਕ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਤੁਹਾਡਾ ਬੇਟਾ ਕਿਸੇ ਦਾ ਪਤੀ ਵੀ ਹੈ। ਅੱਜਕਲ ਪੜ੍ਹੇ-ਲਿਖੇ ਲੜਕੇ ਜੇਕਰ ਕੰਮਕਾਰ 'ਚ ਆਪਣੀ ਪਤਨੀ ਦੀ ਮਦਦ ਕਰ ਦਿੰਦੇ ਹਨ ਤਾਂ ਉਨ੍ਹਾਂ ਨੂੰ 'ਜ਼ੋਰੂ ਦੇ ਗੁਲਾਮ' ਨਹੀਂ ਕਹਿ ਸਕਦੇ, ਕਿਉਂਕਿ ਅਨੇਕਾਂ ਹੀ ਅਜਿਹੇ ਕੰਮ, ਜੋ ਪਤੀ ਦੇ ਹਿੱਸੇ ਦੇ ਹੁੰਦੇ ਹਨ, ਪਤਨੀ ਕਰ ਦਿੰਦੀ ਹੈ। ਆਪਸੀ ਸਹਿਯੋਗ ਨਾਲ ਹੀ ਗ੍ਰਹਿਸਥੀ ਜੀਵਨ ਦਾ ਰੱਥ ਅੱਗੇ ਵਧ ਸਕਦਾ ਹੈ। ਕਈ ਬਜ਼ੁਰਗਾਂ ਨੂੰ ਨਵੀਂ ਨੂੰਹ ਆਉਣ 'ਤੇ ਪਹਿਲਾਂ ਆਈ ਵੱਡੀ ਨੂੰਹ 'ਚ ਅਨੇਕਾਂ ਕਮੀਆਂ ਨਜ਼ਰ ਆਉਣ ਲੱਗ ਜਾਂਦੀਆਂ ਹਨ, ਉਹ ਭੁੱਲ ਜਾਂਦੇ ਹਨ ਕਿ ਹੁਣ ਤੱਕ ਕੌਣ ਉਹਨਾਂ ਦੀ ਸੇਵਾ ਕਰਦਾ ਰਿਹਾ ਹੈ। ਨਵਾਂ ਮੈਂਬਰ ਪਰਵਾਰ 'ਚ ਸੈੱਟ ਹੋਣ ਲਈ ਕਈ ਵਾਰ ਬਜ਼ੁਰਗਾਂ ਦੀ ਕੋਈ ਵੀ ਗੱਲ ਨਹੀਂ ਕੱਟਦਾ, ਪਰ ਸਾਲ ਕੁ ਬਾਅਦ ਜਦੋਂ ਉਹ ਆਪਣਾ ਰੰਗ ਵਿਖਾਉਣ ਲੱਗਦੀ ਹੈ ਤਾਂ ਲੱਗਦਾ ਹੈ ਕਿ ਹੁਣ ਉਹ ਜ਼ਿਆਦਾ ਬੋਲਣ ਲੱਗ ਗਈ ਹੈ।

ਜਿਹੜੇ ਬਾਪ 'ਸ਼ਕਤੀ ਵਾਟਰ' ਪੀ ਕੇ ਸ਼ਾਮ ਨੂੰ ਆਪਣੀ ਅਕਲ ਦੀ ਮੁਨਿਆਦੀ ਕਰਦੇ ਹਨ, ਉਨ੍ਹਾਂ ਦੀ ਔਲਾਦ ਦੀ ਹਾਲਤ ਬਹੁਤ ਤਰਸਯੋਗ ਹੁੰਦੀ ਹੈ, ਕਿਉਂਕਿ ਜੇਕਰ ਔਲਾਦ ਆਪਣੇ ਬਾਪ ਨੂੰ ਸਖ਼ਤੀ ਨਾਲ ਰੋਕਦੀ ਹੈ ਤਾਂ ਸ਼ਰੀਕੇ ਵਿੱਚ ਉਨ੍ਹਾਂ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਜੇ ਉਹ ਨਹੀਂ ਰੋਕਦੇ ਤਾਂ ਸਾਰੇ ਪਰਵਾਰ ਨੂੰ ਹੀ ਸਮਾਜ 'ਚ ਸ਼ਰਮਿੰਦਗੀ ਦਾ ਸਾਹਮਣਾ ਕਰਨਾ ਪੈਂਦਾ ਹੈ। ਘਰ ਆਏ ਮਹਿਮਾਨ ਵੱਲੋਂ ਹਾਲ-ਚਾਲ ਪੁੱਛਣ 'ਤੇ ਕਈ ਵਾਰ ਬਜ਼ੁਰਗ ਜਦੋਂ ਲੰਮਾ ਜਿਹਾ ਹਉਕਾ ਲੈ ਕੇ ਕਹੇ, 'ਬਸ ਠੀਕ ਹੀ ਆ।' ਲਹਿਜ਼ੇ ਤੋਂ ਹੀ ਮਹਿਮਾਨ ਸਭ ਸਮਝ ਜਾਂਦਾ ਹੈ ਤੇ ਦੁੱਖ ਵੰਡਾਉਣ ਲਈ ਤਤਪਰ ਹੋ ਜਾਂਦਾ ਹੈ। ਮੌਕਾ ਮਿਲਣ 'ਤੇ ਬਜ਼ੁਰਗ ਆਪਣੇ ਮਨ ਦੇ ਭਾਵਾਂ ਨੂੰ ਮਹਿਮਾਨ ਅੱਗੇ ਢੋਲ 'ਚੋਂ ਨਿਕਲੀ ਕਣਕ ਵਾਂਗ ਢੇਰੀ ਕਰ ਦਿੰਦਾ ਹੈ। ਫਿਰ ਇਹ ਖਾਸ ਮਹਿਮਾਨ ਸਾਰੇ ਰਿਸ਼ਤੇਦਾਰਾਂ ਵਿੱਚ ਮੁਨਿਆਦੀ ਕਰਕੇ ਬਜ਼ੁਰਗ ਅਤੇ ਉਸ ਦੇ ਬੱਚਿਆ ਦਾ 'ਦੁੱਖ' ਵੰਡਾਉਂਦਾ ਹੈ। ਅਗਲੇ ਕੁਝ ਦਿਨਾਂ 'ਚ ਹਾਲਾਤ ਸੁਧਰ ਕੇ ਘਰ ਦਾ ਮਾਹੌਲ ਤਾਂ ਆਮ ਵਰਗਾ ਹੋ ਜਾਂਦਾ ਹੈ, ਪਰ ਸਾਰੇ ਰਿਸ਼ਤੇਦਾਰਾਂ ਵਿੱਚ ਬੱਚਿਆਂ ਦੇ ਅਕਸ ਨੂੰ ਜੋ ਢਾਹ ਲੱਗ ਜਾਂਦੀ ਹੈ, ਉਸ ਦੀ ਭਰਪਾਈ ਨਹੀਂ ਕੀਤੀ ਜਾ ਸਕਦੀ।

ਘਰ ਦੇ ਮਹੌਲ ਨੂੰ ਖੁਸ਼ਗਵਾਰ ਰੱਖਣ ਲਈ ਬਜ਼ੁਰਗਾਂ ਨੂੰ ਵੀ ਇਹ ਗੱਲਾਂ ਧਿਆਨ 'ਚ ਰੱਖਣੀਆਂ ਚਾਹੀਦੀਆਂ ਹਨ; ਛੋਟੇ ਬੱਚਿਆਂ ਨਾਲ ਸਮਾਂ ਗੁਜ਼ਾਰੋ। ਉਨ੍ਹਾਂ ਨੂੰ ਬਾਹਰ ਘੁੰਮਣ ਲਈ ਲੈ ਜਾਓ। ਸਿਹਤ ਨੂੰ ਧਿਆਨ 'ਚ ਰੱਖਦੇ ਹੋਏ ਬੱਚਿਆਂ ਨੂੰ ਕਦੇ-ਕਦੇ ਕੁਝ ਖਾਣ ਲਈ ਲੈ ਕੇ ਦਿੰਦੇ ਰਹੋ। ਇਸ ਤਰ੍ਹਾਂ ਤੁਹਾਡਾ ਸਮਾਂ ਚੰਗਾ ਬਤੀਤ ਹੋਵੇਗਾ ਤੇ ਬੱਚੇ ਵੀ ਤੁਹਾਨੂੰ ਹੋਰ ਪਿਆਰ ਕਰਨਗੇ। ਮੇਰਾ ਇਕ ਸਰਪੰਚ ਦੋਸਤ ਆਪਣੀ ਨੂੰਹ ਦੇ ਪੇਕੇ ਪਰਵਾਰ ਦੇ ਮੈਂਬਰਾਂ ਦੇ ਘਰ ਆਉਣ 'ਤੇ ਉਨ੍ਹਾਂ ਦੀ ਇੱਜ਼ਤ ਹੀ ਨਹੀ ਕਰਦਾ, ਸਗੋਂ ਆਪਣੀ ਨੂੰਹ ਬਾਰੇ ਜਦੋਂ ਹੋਰਨਾਂ ਨੂੰ ਦੱਸਦਾ ਹੈ ਤਾਂ ਕਹਿੰਦਾ ਹੈ, 'ਹੋਰਾਂ ਦੇ ਘਰਾਂ ਦਾ ਤਾਂ ਮੈਨੂੰ ਪਤਾ ਨਹੀਂ, ਪਰ ਕਿਸਮਤ ਵਾਲੀ ਕੁੜੀ ਤਾਂ ਸਾਡੇ ਘਰ ਆ ਗਈ ਹੈ' ਨਤੀਜੇ ਵਜੋਂ ਉਸ ਦੀ ਨੂੰਹ ਦਿਲੋਂ ਸਤਿਕਾਰ ਕਰਦੀ ਹੈ। ਹਮਦਰਦੀ, ਸਤਿਕਾਰ, ਪਿਆਰ, ਨਿਮਰਤਾ ਆਦਿ ਅਜਿਹੇ ਭਾਵ ਹਨ, ਜਿਨ੍ਹਾਂ ਨਾਲ ਕਿਸੇ ਦਾ ਵੀ ਆਸਾਨੀ ਨਾਲ ਦਿਲ ਜਿੱਤਿਆ ਜਾ ਸਕਦਾ ਹੈ। ਪੜ੍ਹ-ਲਿਖ ਕੇ ਰੁਜ਼ਗਾਰ ਲਈ ਥਾਂ-ਥਾਂ ਧੱਕੇ ਖਾ ਕੇ ਨਿਰਾਸ਼ ਹੋ ਚੁੱਕੇ ਬੱਚਿਆਂ ਦਾ ਮਨੋਬਲ ਵਧਾਉਣ ਲਈ ਵੱਡਿਆਂ ਦੀ ਹਮਦਰਦੀ ਇਕ ਕਾਰਗਰ ਟੌਨਿਕ ਸਾਬਿਤ ਹੋ ਸਕਦੀ ਹੈ। ਵੱਡੀ ਉਮਰ 'ਚ ਗੋਡੇ, ਢੂਹੀ, ਸਿਰ, ਲੱਤਾਂ-ਬਾਹਾਂ 'ਚ ਦਰਦ ਹੋਣਾ ਆਮ ਸਮੱਸਿਆਵਾਂ ਹਨ। ਸਵੇਰੇ ਉੱਠਣ ਸਾਰ ਹੀ ਗੋਡੇ ਜਾਂ ਮੋਢੇ ਦੇ ਦਰਦ ਦੀ ਸ਼ਿਕਾਇਤ ਕਰਕੇ ਸੁਹਾਵਣੀ ਸਵੇਰ ਦੀ ਬੇਕਦਰੀ ਨਾ ਕਰੋ, ਸਗੋਂ ਮਨ ਵਿੱਚ ਧੰਨਵਾਦੀ ਭਾਵ ਲਿਆਓ, ਕਿਉਂਕਿ ਤੁਹਾਨੂੰ ਜ਼ਿੰਦਗੀ ਜਿਉਣ ਲਈ ਇੱਕ ਹੋਰ ਖ਼ੂਬਸੂਰਤ ਦਿਨ ਨਸੀਬ ਹੋਇਆ ਹੈ। ਜਿਵੇਂ ਕੁਦਰਤ ਦਾ ਨਿਯਮ ਹੈ ਕਿ ਕੱਚੇ ਫ਼ਲ ਨੇ ਸਮੇਂ ਦੇ ਬੀਤਣ ਨਾਲ ਪੱਕ ਕੇ ਦਰੱਖ਼ਤ ਤੋਂ ਅਲੱਗ ਹੋਣਾ ਹੁੰਦਾ ਹੈ, ਉਸੇ ਤਰ੍ਹਾਂ ਮਨੁੱਖੀ ਸਰੀਰ ਨੇ ਆਪਣੀ ਬਚਪਨ, ਜਵਾਨੀ ਤੇ ਬੁਢਾਪੇ ਆਦਿ ਪੜਾਵਾਂ 'ਚ ਲੰਘ ਕੇ ਅੰਤ ਮਿੱਟੀ 'ਚ ਮਲੀਨ ਹੋਣਾ ਹੁੰਦਾ ਹੈ। ਇਹੀ ਕੁਦਰਤ ਦਾ ਨਿਯਮ ਹੈ। ਜਦੋਂ ਮੌਤ ਇੱਕ ਅਟੱਲ ਸੱਚਾਈ ਹੈ, ਫਿਰ ਇਸ ਤੋਂ ਡਰ ਕਾਹਦਾ? ਹਾਂ! ਜਿੱਥੋਂ ਤੱਕ ਸਰੀਰਕ ਸਮੱਸਿਆਵਾਂ ਦੀ ਗੱਲ ਹੈ, ਇਸ ਉਮਰ 'ਚ ਆਪਣੇ ਖਾਣ-ਪੀਣ ਤੇ ਸੰਜਮ ਤੇ ਪਰਹੇਜ਼ ਰੱਖਣਾ ਚਾਹੀਦਾ ਹੈ। ਸਰੀਰਕ ਸਮਰੱਥਾ ਅਨੁਸਾਰ ਛੋਟੇ-ਮੋਟੇ ਕੰਮ ਕਰਕੇ ਆਪਣੇ ਆਪ ਨੂੰ ਮਸਰੂਫ਼ ਰੱਖਣਾ ਚਾਹੀਦਾ ਹੈ। ਹਲਕਾ ਭੋਜਨ ਖਾਣਾ ਚਾਹੀਦਾ ਹੈ। ਸਰੀਰਕ ਗਤੀਸ਼ੀਲਤਾ ਘੱਟ ਹੋਣ ਕਰਕੇ ਕੈਲੋਰੀ ਦੀ ਖਪਤ ਘੱਟ ਹੁੰਦੀ ਹੈ, ਇਸ ਲਈ ਮਸਾਲੇਦਾਰ, ਚਟਪਟਾ ਤੇ ਤਲੇ ਹੋਏ ਖਾਣੇ ਤੋਂ ਪਰਹੇਜ਼ ਹੀ ਕਰਨਾ ਚਾਹੀਦਾ ਹੈ।

ਮਾਂ-ਬਾਪ ਦੀ ਸੇਵਾ ਕਰਨਾ ਬੱਚਿਆਂ ਦੀ ਸਮਾਜਿਕ ਜ਼ਿੰਮੇਵਾਰੀ ਹੀ ਨਹੀਂ, ਸਗੋਂ ਨੈਤਿਕ ਫ਼ਰਜ਼ ਵੀ ਹੈ। ਮਾਂ-ਬਾਪ ਨਾਲ ਨਿਮਰਤਾ ਨਾਲ ਗੱਲ ਕਰੋ, ਉਨ੍ਹਾਂ ਦੀ ਗੱਲ ਧੀਰਜ ਨਾਲ ਸੁਣੋ। ਜੇ ਤੁਸੀਂ ਉਨ੍ਹਾਂ ਦੇ ਵਿਚਾਰਾਂ ਨਾਲ ਸਹਿਮਤ ਨਹੀਂ ਤਾਂ ਵੀ ਉਸੇ ਤਰ੍ਹਾਂ ਸਹਿਣਸ਼ੀਲਤਾ ਦਿਖਾਓ, ਜਿਵੇਂ ਬਾਹਰ ਹੋਰ ਲੋਕਾਂ ਨਾਲ ਦਿਖਾਉਂਦੇ ਹੋ। ਭਾਵੇਂ ਤੁਸੀਂ ਮਜ਼ਦੂਰ ਹੋ ਜਾਂ ਮੈਨੇਜਰ, ਆਪਣੇ ਮਾਲਕ ਜਾਂ ਬੌਸ ਦੀ ਡਾਂਟ ਤਾਂ ਤੁਸੀਂ ਚੁੱਪ-ਚਾਪ ਸਹਿਣ ਕਰ ਲੈਂਦੇ ਹੋ, ਜਿਹਨਾਂ ਤੁਹਾਨੂੰ ਮਹੀਨੇ ਦਾ ਸਿਰਫ਼ ਪੰਜ ਜਾਂ ਪੰਜਾਹ ਹਜ਼ਾਰ ਹੀ ਦੇਣਾ ਹੈ, ਪਰ ਉਹ ਮਾਂ-ਬਾਪ ਜਿਹਨਾਂ ਤੁਹਾਨੂੰ ਪਾਲ-ਪੋਸ਼ ਕੇ ਆਪਣੀ ਜ਼ਿੰਦਗੀ ਦੀ ਲੱਖਾਂ-ਕਰੋੜਾਂ ਦੀ ਸਾਰੀ ਪੂੰਜੀ ਤੇ ਜਾਇਦਾਦ ਦੇਣੀ ਹੈ, ਉਨ੍ਹਾਂ ਦੀਆਂ ਗੱਲਾਂ ਤੁਹਾਨੂੰ ਬੁਰੀਆਂ ਲੱਗਦੀਆਂ ਹਨ ਤੇ ਤੁਹਾਡੀ ਜ਼ੁਬਾਨ ਕੈਂਚੀ ਦੀ ਤਰ੍ਹਾਂ ਚੱਲਣ ਲੱਗਦੀ ਹੈ। ਇਹ ਸ਼ਰਮਨਾਕ ਕਾਰਾ ਨਹੀਂ ਤਾਂ ਹੋਰ ਕੀ ਹੈ? ਤੋਤਲੀਆਂ ਆਵਾਜ਼ਾਂ ਕੱਢਣ ਵਾਲੇ ਬੱਚਿਆਂ ਨੂੰ ਮਾਂ-ਬਾਪ ਹੀ ਬੋਲਣਾ ਸਿਖਾਉਂਦੇ ਹਨ। ਉਹੀ ਤੋਤਲੀਆਂ ਆਵਾਜ਼ਾਂ ਕੱਢਣ ਵਾਲੇ ਬੱਚੇ ਜਦੋਂ ਵੱਡੇ ਹੋ ਕੇ ਮਾਂ-ਬਾਪ ਨਾਲ ਬਹਿਸ ਕਰਨ ਲੱਗ ਜਾਂਦੇ ਹਨ ਤਾਂ ਸਥਿਤੀ ਬਰਦਾਸ਼ਤ ਤੋਂ ਬਾਹਰ ਹੋ ਜਾਂਦੀ ਹੈ।

ਮੁੱਕਦੀ ਗੱਲ ਇਹ ਹੈ ਕਿ ਬੁਜ਼ਰਗਾਂ ਅਤੇ ਬੱਚਿਆਂ ਦੇ ਵਿਚਾਰ ਨਦੀ ਦੇ ਦੋ ਕਿਨਾਰਿਆਂ ਵਾਂਗ ਮਿਲ ਨਹੀਂ ਸਕਦੇ। ਇਹ ਨਵੀਂ ਪੀੜ੍ਹੀ ਅਤੇ ਪੁਰਾਣੀ ਪੀੜ੍ਹੀ ਦੇ ਵਿਚਾਰਾਂ ਦਾ ਵਖਰੇਵਾਂ ਸਦੀਆਂ ਤੋਂ ਰਿਹਾ ਹੈ ਤੇ ਹਮੇਸ਼ਾ ਹੀ ਰਹੇਗਾ, ਭਾਵੇਂ ਵਿਚਾਰਾਂ ਦੇ ਇਸ ਵਖਰੇਵੇਂ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ ਹੈ, ਪਰ ਘੱਟ ਜ਼ਰੂਰ ਕੀਤਾ ਜਾ ਸਕਦਾ ਹੈ। ਇਸ ਲਈ ਬਜ਼ੁਰਗਾਂ ਨੂੰ ਆਪਣੇ ਖਾਣ ਤੇ ਬੋਲਣ ਉੱਤੇ ਸੰਜਮ ਰੱਖ ਕੇ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ। ਦੂਜੇ ਪਾਸੇ ਬੱਚਿਆਂ ਨੂੰ ਚਾਹੀਦਾ ਹੈ ਕਿ ਆਪਣੇ ਆਪ ਨੂੰ ਮਾਂ-ਬਾਪ ਤੋਂ ਜ਼ਿਆਦਾ ਚਲਾਕ ਜਾਂ ਚਤੁਰ ਨਾ ਸਮਝੋ । ਜਿੱਥੇ ਤੁਸੀਂ ਅੱਜ ਫਿਰ ਰਹੇ ਹੋ, ਉਹ ਬਹੁਤ ਚਿਰ ਪਹਿਲਾਂ ਇਸ ਦੌਰ 'ਚੋਂ ਗੁਜ਼ਰ ਚੁੱਕੇ ਹਨ। ਉਪਰੋਕਤ ਗੱਲਾਂ ਨੂੰ ਦਿਮਾਗ਼ 'ਚ ਰੱਖ ਕੇ ਇਸ ਧਰਤੀ 'ਤੇ ਹੀ ਸਵਰਗ ਦੀ ਮੌਜ ਦਾ ਅਹਿਸਾਸ ਕੀਤਾ ਜਾ ਸਕਦਾ ਹੈ।

# ਸੰਪਰਕ : 9814096108

# ਚਾਚੇ ਨਾਲ ਬਿਤਾਇਆ ਸਮਾਂ ਅਜੇ ਵੀ ਨਾਲੋ-ਨਾਲ ਵਿਚਰ ਰਿਹੈ...



ਰਣਜੀਤ ਸਿੰਘ ਰਾਣਵਾਂ

ਮੇਰੇ ਦਾਦਾ ਜੀ ਦੋ ਭਰਾ ਸਨ, ਜਿਨ੍ਹਾਂ 'ਚੋਂ ਮੇਰੇ ਦਾਦੇ ਦਾ ਨਾਂਅ ਚੰਨਣ ਸਿੰਘ ਅਤੇ ਦੂਸਰੇ ਭਰਾ ਦਾ ਨਾਂਅ ਦਲੀਪ ਸਿੰਘ ਸੀ, ਜਿਸ ਨੂੰ ਸੱਦਣ ਵਾਲੇ ਦਲੀਪਾ ਕਹਿ ਕੇ ਬੁਲਾਉਂਦੇ, ਇਹਨਾਂ ਦੀ ਬਚਪਨ ਵਿੱਚ ਹੀ ਮਾਂ ਗੁਜ਼ਰ ਜਾਣ ਕਰਕੇ ਇੱਕ ਭਰਾ ਨਾਨਕੀਂ ਅਤੇ ਦੂਜਾ ਭੂਆ ਕੋਲ ਪਲਿਆ ਅਤੇ ਵੱਡੇ ਹੋ ਕੇ ਆਪਣੇ ਪਿੰਡ ਰਾਣਵਾਂ ਆ ਕੇ ਜ਼ਿਮੀਂਦਾਰਾਂ ਨਾਲ ਸੀਰ ਕਰਨ ਲੱਗ ਪਏ।ਮੇਰੇ ਪੜਦਾਦਾ ਭੋਲਾ ਸਿੰਘ ਸ਼ਰੀਫ ਕਿਸਮ ਦੇ ਇਨਸਾਨ ਸਨ, ਜੋ ਘਰ ਵਿੱਚ ਹੀ ਜੁੱਤੀਆਂ ਸੀਣ ਦਾ ਕੰਮ ਕਰਦੇ ਸੀ। ਜੋ ਪਗੜੀ ਹਮੇਸ਼ਾਂ ਨੀਲੇ ਰੰਗ ਦੀ ਪਹਿਨਦੇ, ਏਸੇ ਕਰਕੇ ਉਹਨਾ ਨੂੰ ਪਿੰਡ ਦੇ ਲੋਕੀਂ ਸਿੱਖ ਬੁੜਾ ਕਹਿ ਕੇ ਹੀ ਬੁਲਾਉਂਦੇ ਸਨ। ਪਿੰਡ ਵਿੱਚ ਸਾਡਾ ਕਾਫੀ ਵੱਡਾ ਪਰਵਾਰ ਸੀ। ਦਾਦਾ ਜੀ ਹੁਰੀਂ ਕਾਫੀ ਸਮਾਂ ਇਕੱਠੇ ਰਹਿਣ ਤੋਂ ਬਾਅਦ ਆਪੋ ਆਪਣੀਆਂ ਜ਼ਿੰਮੇਂਵਾਰੀਆਂ ਨਿਭਾਉਣ ਲਈ ਅਲੱਗ-ਅਲੱਗ ਰਹਿਣ ਲੱਗੇ ।ਛੋਟੇ ਦਾਦਾ ਦਲੀਪ ਸਿੰਘ ਅਪਣੇ ਪੰਜ ਲੜਕਿਆਂ ਅਤੇ ਦੋ ਧੀਆਂ ਨੂੰ ਲੈ ਕੇ ਵੱਖਰੇ ਰਹਿਣ ਲੱਗ ਪਏ, ਦੋਨੋਂ ਭਰਾ ਸਿਹਤ ਪੱਖੋਂ ਤਕੜੇ ਸਨ, ਕਹਿੰਦੇ ਦੇਸੀ ਘਿਓ ਦਾ ਭਰਿਆ ਛੰਨਾ ਸ਼ੱਕਰ ਪਾ ਕੇ ਇੱਕੋ ਸਾਹੇ ਸੜਾਕ ਜਾਂਦੇ ਸਨ ।ਮਿਹਨਤੀ ਵੀ ਬਹੁਤ ਸਨ ਦੋਨੋਂ, ਅੱਗੇ ਮੇਰੇ ਪਿਤਾ ਲਾਭ ਸਿੰਘ ਜੀ ਵੀ ਤਿੰਨ ਭਰਾ ਅਤੇ ਤਿੰਨ ਭੈਣਾਂ ਸਨ 'ਚੋਂ ਮੇਰੇ ਚਾਚਾ ਨਾਹਰ ਸਿੰਘ, ਜੋ ਸਭ ਤੋਂ ਛੋਟੇ ਸਨ, ਮੈਨੂੰ ਆਪ ਦੇ ਵਿਆਹ ਮੌਕੇ ਜੰਞ ਵੋਸਕੀ ਦਾ ਚਾਦਰਾ ਲਵਾ ਕੇ ਬੜੇ ਪਿਆਰ ਨਾਲ ਲੈ ਕੇ ਗਏ ਸੀ। ਘਰ ਵਿੱਚ ਮੈਂ ਅਪਣੇ ਅਤੇ ਚਚੇਰੇ ਭੈਣਾਂ-ਭਰਾਵਾਂ ਵਿੱਚੋਂ ਸਭ ਤੋਂ ਕਈ ਸਾਲ ਵੱਡਾ ਹੋਣ ਕਰਕੇ ਸਭ ਲਈ ਲਾਡਲਾ ਸੀ। ਮੇਰੇ ਪਿਤਾ ਜੀ ਤਾਂ ਜੱਟਾਂ ਨਾਲ ਸੀਰ ਕਰਨ ਕਰਕੇ ਸਾਲ-ਛਿਮਾਹੀ ਸ਼ਹਿਰ ਜਾਂ ਰਿਸ਼ਤੇਦਾਰੀ ਵਿੱਚ ਜਾਂਦੇ, ਮੇਰੇ ਤਾਇਆ ਸੂਰਤ ਸਿੰਘ ਟਿਊਬਵੈਲ ਉਪਰੇਟਰ ਅਤੇ ਚਾਚਾ ਜੀ ਰਾਜ ਮਿਸਤਰੀ ਸਨ , ਜੋ ਹਰ ਰੋਜ਼ ਆਪੋ-ਅਪਣੇ ਕੰਮਾਂ 'ਤੇ ਜਾਂਦੇ ਅਤੇ ਮੇਰੇ ਲਈ ਕੁਝ ਨਾ ਕੁਝ ਅਕਸਰ ਲਿਆਉਂਦੇ ਰਹਿੰਦੇ। ਜਦੋਂ ਵੀ ਇਹਨਾਂ ਦੋਨਾਂ 'ਚੋਂ ਕਿਸੇ ਨੇ, ਕਿਸੇ ਰਿਸ਼ਤੇਦਾਰੀ ਵਿੱਚ ਜਾਂ ਕਿਸੇ ਕੰਮ ਸ਼ਹਿਰ ਜਾਣਾ ਤਾਂ ਮੈਨੂੰ ਸਾਇਕਲ ਦੇ ਅੱਗੇ ਡੰਡੇ 'ਤੇ ਬਿਠਾ ਕੇ ਨਾਲ ਲੈ ਕੇ ਜਾਂਦੇ, ਮੈਂ ਵੀ ਚਾਂਈਂ-ਚਾਂਈਂ ਨਾਲ ਜਾਂਦਾ ਅਤੇ ਵਾਪਸ ਆ ਕੇ ਆਪਣੇ ਹਾਣੀਆਂ 'ਚ ਫੁੱਲਿਆ ਨਾ ਸਮਾਉਂਦਾ ।

ਇੱਕ ਦਿਨ ਮੇਰਾ ਚਾਚਾ ਨਾਹਰ ਸਿੰਘ, ਮੈਨੂੰ ਸ਼ਹਿਰ ਲੈ ਗਿਆ। ਬਜ਼ਾਰੋਂ ਮੇਰੇ ਰਬੜ ਦੇ ਤਲੇ ਵਾਲੀ ਚਮੜੇ ਦੀ ਗਰਗਾਬੀ (ਜੁੱਤੀ) ਪਵਾ ਸਾਇਕਲ ਦੇ ਮੂਹਰੇ ਬਿਠਾ ਕੇ ਵਾਪਸ ਆ ਰਿਹਾ ਸੀ, ਸਾਡੇ ਪਿੰਡ ਦੇ ਰਸਤੇ ਵਿੱਚ ਡਰੇਨ ਦੇ ਪੁਲ ਦੀ ਚੜ੍ਹਾਈ ਚੜ੍ਹਦਿਆਂ ਅਚਾਨਕ ਮੇਰਾ ਸੱਜਾ ਪੈਰ ਅਗਲੇ ਪਹੀਏ ਵਿੱਚ ਆ ਗਿਆ। ਮੈਂ ਉੱਚੀ ਦੇਣੀ ਚੀਕ ਪਿਆ ਤਾਂ ਤੁਰੰਤ ਚਾਚੇ ਨੇ ਬਰੇਕ ਲਾ ਕੇ ਸਾਇਕਲ ਰੋਕ ਲਿਆ ਅਤੇ ਦੇਖਿਆ, ਗਰਬਾਬੀ ਗਜ਼ਾਂ 'ਚ ਆਉਣ ਕਾਰਨ ਬੁਰੀ ਤਰਾਂ ਕਰੈਸ਼ ਹੋ ਗਈ ਸੀ, ਪਰ ਪੈਰ ਸੱਟ ਤੋਂ ਬਚ ਗਿਆ ਸੀ। ਚਾਚਾ ਜੀ ਨੇ ਮੈਨੂੰ ਹਿੱਕ ਨਾਲ ਲਾ ਕੇ ਚੁੱਪ ਕਰਵਾਇਆ ਅਤੇ ਹੌਸਲਾ ਦਿੰਦਿਆਂ ਕਿਹਾ, ਚੱਲ ਕੋਈ ਨਾ ! ਪੈਰ ਬਚ ਗਿਆ, ਅਹੀ ਤਹੀ ਮਰਾਵੇ ! ਜੁੱਤੀ, ਹੋਰ ਲੈ ਲਵਾਂਗੇ।' ਇਸ ਤਰ੍ਹਾਂ ਅਸੀਂ ਦੋਨੋਂ ਮੁੜ ਸਾਇਕਲ 'ਤੇ ਪਿੰਡ ਨੂੰ ਚੱਲ ਪਏ । ਉਸ ਵਕਤ ਨਵੀਂ ਗਰਗਾਬੀ ਦਾ ਚਾਅ ਮੇਰਾ ਇੱਕ ਮਿੰਟ ਵਿੱਚ ਲੱਥ ਗਿਆ, ਪਰ ਮੈਂ ਉਸ ਟੁੱਟੀ ਗਰਗਾਬੀ ਨੂੰ ਠੀਕ ਕਰਵਾ ਕੇ ਕਾਫੀ ਸਮਾਂ ਪਹਿਨਦਾ ਰਿਹਾ। ਕੁਝ ਸਮਾਂ ਬੀਤਿਆ, ਮੇਰੇ ਚਾਚਾ ਜੀ ਦੇ ਘਰ ਵੀ ਦੋ ਬੇਟੀਆਂ ਅਤੇ ਇੱਕ ਪੁੱਤਰ ਨੇ ਜਨਮ ਲਿਆ। ਚਾਚਾ ਜੀ ਆਪਣੇ ਪਰਵਾਰ ਵਿੱਚ ਬਹੁਤ ਖੁਸ਼ ਸਨ। ਮੇਰੇ ਤਾਇਆ ਜੀ ਦੇ ਵੀ ਤਿੰਨ ਬੇਟੇ ਅਤੇ ਇੱਕ ਬੇਟੀ ਸੀ, ਇਹਨਾਂ ਦੋਨਾਂ ਦੇ ਬੱਚਿਆਂ ਅਤੇ ਆਪਣੇ ਭੈਣ-ਭਰਾਵਾਂ ਵਿੱਚੋਂ ਮੈਂ ਵੱਡਾ ਅਤੇ ਸੁਭਰ ਸੀ। ਮੇਰੇ ਚਾਚੇ ਅਤੇ ਤਾਏ ਨੇ ਆਪਣੇ ਬੱਚਿਆਂ ਦੇ ਬਾਵਜੂਦ ਮੇਰੇ ਲਈ ਵੱਖਰੇ ਪਿਆਰ ਵਿੱਚ ਕਦੇ ਵੀ ਕਮੀਂ ਨਹੀਂ ਆਉਣ ਦਿੱਤੀ। ਸਾਡਾ ਸਾਂਝਾ ਪਰਵਾਰ ਵੀ ਹੁਣ ਅਲੱਗ ਅਲੱਗ ਹੋ ਗਿਆ ਸੀ, ਆਪੋ ਆਪਣੇ ਘਰ ਸਾਰੇ ਖੁਸ਼ ਸਨ। ਅਚਾਨਕ ਚਾਚਾ ਜੀ ਨੂੰ ਨਾ-ਮੁਰਾਦ ਬੀਮਾਰੀ ਟੀ ਬੀ ਨੇ ਘੇਰ ਲਿਆ, ਕਾਫੀ ਦਿਨ ਸਿਵਲ ਹਸਪਤਾਲ ਮਾਲੇਰਕੋਟਲਾ ਵਿਖੇ ਇਲਾਜ ਕਰਵਾਇਆ ਗਿਆ। ਮੈਂ ਮਾਲੇਰਕੋਟਲੇ ਇੱਕ ਰਾਈਸ ਮਿੱਲ ਵਿੱਚ ਨੌਕਰੀ ਕਰਦਾ ਸੀ ਅਤੇ ਉਹਨਾ ਦੀ ਸਵੇਰ-ਸ਼ਾਮ ਖਬਰ ਲੈਂਦਾ ਸੀ। ਆਖਿਰ ਡਾਕਟਰਾਂ ਨੇ ਉਹਨਾ ਨੂੰ ਪਟਿਆਲੇ ਨੂੰ ਰੈਫਰ ਕਰ ਦਿੱਤਾ। ਮੈਂ ਵੀ ਅਚਾਨਕ ਮਾਲਕਾਂ ਦੇ ਬਨੂੜ ਵਾਲੇ ਪੋਲਟਰੀ ਫਾਰਮ ਵਿੱਚ ਚਲਾ ਗਿਆ, ਓਥੇ ਹੀ ਮੈਨੂੰ ਇੱਕ ਸ਼ਾਮ ਨੂੰ ਚਾਚਾ ਜੀ ਦੇ ਸਖਤ ਬਿਮਾਰ ਹੋਣ ਦਾ ਸੁਨੇਹਾ ਗਿਆ ।ਦੂਸਰੇ ਦਿਨ ਬਨੂੜ ਤੋਂ ਸਵੱਖਤੇ ਤੁਰ ਮੈਂ ਪਿੰਡ ਰਾਣਵਾਂ ਪਹੁੰਚਿਆ ਤਾਂ ਚਾਚੇ ਦੇ ਘਰ ਅੰਦਰ ਸੱਥਰ 'ਤੇ ਬੈਠੀ ਮੇਰੀ ਮੰਨਵੀਂ ਵਾਲੀ ਭੂਆ, ਜੋ ਹਸਪਤਾਲ ਵਿੱਚ ਹਮੇਸ਼ਾਂ ਚਾਚੇ ਦੀ ਸਾਂਭ-ਸੰਭਾਲ ਕਰਦੀ ਸੀ, ਮੈਨੂੰ ਬੁੱਕਲ 'ਚ ਲੈ ਕੇ ਉੱਚੀ-ਉੱਚੀ ਰੋਣ ਲੱਗ ਪਈ। ਭੂਆ ਰੋਂਦੀ ਹੋਈ ਮੈਨੂੰ ਭਾਣੇ ਵਰਤੇ ਬਾਰੇ ਸਭ ਦੱਸ ਵੀ ਰਹੀ ਸੀ ਤੇ ਉਲ੍ਹਾਂਭਾ ਵੀ ਦੇ ਰਹੀ ਸੀ ।ਉੱਚੀ-ਉੱਚੀ ਰੋਂਦੀ ਕਹਿ ਰਹੀ ਸੀ, ਤੈਨੂੰ ਯਾਦ ਕਰਦਾ ਈ ਉਡਾਰੀ ਮਾਰ ਗਿਆ ਵੇ ਭਤੀਜਿਆ, ਤੇਰੇ ਸਾਹਾਂ ਦਾ ਬੇਲੀ । ਤੈਨੂੰ ਚਿੱਠੀਆਂ ਪਾਉਣ ਲਈ ਕਹਿੰਦਾ ਤੁਰ ਗਿਆ ਵੇ, ਮੇਰੇ ਭਾਈ ਦਿਆ ਲਾਡਲਿਆ। ਚਾਚੇ ਦੇ ਆਖਰੀ ਸਮੇਂ ਤੂੰ ਪ੍ਰਦੇਸੀ ਹੋ ਗਿਆ ਵੇ ਮੇਰੇ ਲਾਡਲਿਆ, ਆਖਰੀ ਸਮੇਂ ਬੀਤੀਆਂ ਦੇਖ ਲੈਂਦਾ ਵੇ ਮੇਰੇ ਲਾਡਲੇ ਭਰਾ ਦੇ ਲਾਡਲੇ ਭਤੀਜਿਆ...! ਇਹ ਸਭ ਸੱਚ ਮੈਂ ਹੂ-ਬ-ਹੂ ਵੇਖਿਆ, ਸੁਣਿਆ, ਇਸ ਲਈ ਝਰੀਟ ਰਿਹਾਂ, ਕਿਉਂਕਿ ਸਾਡੇ ਹੱਸਦੇ, ਵਸਦੇ ਖੁਸ਼ਹਾਲ ਪਰਵਾਰ ਵਿੱਚ ਵਾਪਰੀ ਇਹ ਦੂਸਰੀ ਵੱਡੀ ਦੁਖਦਾਈ ਘਟਨਾ ਸੀ । ਪਹਿਲੀ ਦੁਖਦਾਈ ਘਟਨਾ ਦਾ ਸੰਬੰਧ ਮੇਰੇ ਚਾਚੇ ਨੂੰ ਰੋਂਦੀ ਮੇਰੀ ਵਿਧਵਾ ਭੂਆ ਦੇ ਥੱਕ ਚੁੱਕੇ ਹੰਝੂਆਂ ਨਾਲ ਹੈ, ਜਿਸ ਨੂੰ ਬਿਆਨ ਕਰਨ ਲਈ ਮੈਂ ਅਜੇ ਵੀ ਛੋਟਾ (ਬੇ-ਵਸ) ਹਾਂ ।

ਬਸ ! ਉਹ ਦਿਨ ਤੇ ਆਹ ਦਿਨ, ਹੁਣ ਮੈਂ ਸੱਠਾਂ ਤੋਂ ਟੱਪ ਗਿਆਂ, ਚਾਚੇ ਦੇ ਪੁੱਤਰ, ਧੀਆਂ ਵੀ ਅੱਗੇ ਬੱਚਿਆਂ ਵਾਲੇ ਹੋ ਗਏ , ਮੈਂ ਵੀ ਪੁੱਤ-ਪੋਤਰਿਆਂ ਵਾਲਾ ਹੋ ਗਿਆਂ, ਪਰ ਛੋਟੀ ਉਮਰੇ ਮੇਰੇ ਚੰਗੇ ਦੋਸਤ ਚਾਚੇ ਨਾਲ ਬਿਤਾਇਆ ਸਮੇਂ ਦਾ ਪਲ-ਪਲ ਅਭੁੱਲ ਯਾਦਾਂ ਬਣ ਕੇ ਅਜੇ ਵੀ ਨਾਲੋ-ਨਾਲ ਵਿਚਰ ਰਿਹਾ ਹੈ ।

# ਸੰਪਰਕ : 94631-67295

# ਪੱਤਰਕਾਰੀ ਨੂੰ ਦਰਪੇਸ਼ ਚੁਣੌਤੀਆਂ ਬਨਾਮ ਮੌਜੂਦਾ ਰਾਜ ਤੰਤਰ

ਬਘੇਲ ਸਿੰਘ ਧਾਲੀਵਾਲ

ਭਾਵੇਂ ਲੋਕਤੰਤਰ ਦਾ ਇਤਿਹਾਸ ਸਦੀਆਂ ਪੁਰਾਣਾ ਹੈ, ਪ੍ਰੰਤੂ ਲੋਕਤੰਤਰ ਦੀ ਆਰੰਭਤਾ ਯੂਨਾਨ ਤੋ ਹੋਈ ਮੰਨੀ ਜਾ ਰਹੀ ਹੈ। ਵਿਚਾਰਾਂ ਦਾ ਪ੍ਰਗਟਾਵਾ ਲੋਕਤੰਤਰ ਦੀ ਖੂਬਸੂਰਤੀ ਸਮਝੀ ਜਾਂਦੀ ਹੈ। ਏਸੇ ਕਰਕੇ ਮੌਲਿਕ ਅਧਿਕਾਰ ਅਤੇ ਸੁਤੰਤਰਤਾ ਲੋਕਤੰਤਰ ਦੇ ਦਿਲ ਅਤੇ ਆਤਮਾ ਕਹੇ ਜਾਂਦੇ ਹਨ। ਭਾਰਤ ਅੰਦਰ ਲੋਕਤੰਤਰ ਦੇ ਜਨਮਦਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਸੰਵਿਧਾਨ ਅੰਦਰ ਸਭਨਾਂ ਨੂੰ ਬਰਾਬਰਤਾ ਅਤੇ ਵਿਚਾਰਾਂ ਦੇ ਪ੍ਰਗਟਾਵੇ ਦੇ ਅਧਿਕਾਰ ਦਿੱਤੇ ਹਨ, ਭਾਵ ਗਲਤ ਨੂੰ ਗਲਤ ਕਹਿਣ ਦਾ ਅਧਿਕਾਰ ਦਿੱਤਾ ਹੋਇਆ ਹੈ। ਲੋਕਤੰਤਰ ਨੂੰ ਜਿਉਂਦਾ ਰੱਖਣ ਅਤੇ ਲੋਕ-ਪੱਖੀ ਬਣੇ ਰਹਿਣ ਲਈ ਵਿਚਾਰਾਂ ਦਾ ਪ੍ਰਗਟਾਵਾ ਬੇਹੱਦ ਜ਼ਰੂਰੀ ਹੈ। ਇਹ ਉਸ ਭਲੇ ਸਮੇਂ ਦੀ ਗੱਲ ਹੈ, ਜਦੋਂ ਪਿਤਾ-ਪੁਰਖੀ ਜਾਂ ਤਾਨਾਸ਼ਾਹੀ ਰਾਜ ਪ੍ਰਬੰਧ ਨੂੰ ਉਖਾੜ ਕੇ ਵੋਟਾਂ ਨਾਲ ਲੋਕ ਨੁਮਾਇੰਦੇ ਚੁਣਨ ਦੀ ਪ੍ਰਕ੍ਰਿਆ ਹੋਂਦ ਵਿੱਚ ਲਿਆਂਦੀ ਗਈ। ਪੱਤਰਕਾਰੀ ਨੂੰ ਲੋਕਤੰਤਰ ਵਿੱਚ ਐਨੀ ਵੱਡੀ ਤਾਕਤ ਦੇਣ ਦਾ ਕਾਰਨ ਸਪੱਸ਼ਟ ਹੈ ਕਿ ਲੋਕਤੰਤਰ ਦੇ ਜਨਮਦਾਤਿਆਂ ਨੇ ਇਸ ਤੰਤਰ ਵਿੱਚ ਲੋਕ ਵਿਰੋਧੀ ਹੋਣ ਦੇ ਖਦਸ਼ੇ ਨੂੰ ਪਹਿਲਾਂ ਹੀ ਭਾਂਪ ਲਿਆ ਹੋਇਆ ਸੀ, ਉਹ ਜਾਣਦੇ ਅਤੇ ਸਮਝਦੇ ਸਨ ਕਿ ਲੋਕਾਂ ਦੀ, ਲੋਕਾਂ ਦੁਆਰਾ, ਲੋਕਾਂ ਲੋਕਾਂ ਲਈ ਚੁਣੀ ਹੋਈ ਸਰਕਾਰ ਨੇ ਇੱਕ ਨਾ ਇੱਕ ਦਿਨ ਆਪਣੇ ਫਰਜ਼ਾਂ ਤੋਂ ਭੱਜਣਾ ਹੀ ਭੱਜਣਾ ਹੈ, ਜਿਸ ਕਰਕੇ ਇਹ ਸਿਸਟਮ ਨੇ ਵੀ ਇੱਕ ਦਿਨ ਭ੍ਰਿਸ਼ਟਾਚਾਰ ਦੀ ਦਲਦਲ ਵਿੱਚ ਜ਼ਰੂਰ ਧਸਣਾ ਹੈ, ਇਸ ਲਈ ਲੋਕਤੰਤਰਿਕ ਸਿਸਟਮ ਨੂੰ ਜਿਉਂਦਾ ਰੱਖਣ ਲਈ ਰਾਜ ਕਰਦੀ ਸ਼੍ਰੇਣੀ ਨੂੰ ਉਹਦੇ ਫਰਜ਼ਾਂ ਪ੍ਰਤੀ ਸੁਚੇਤ ਰੱਖਣਾ ਪਵੇਗਾ, ਜਿਸ ਕਰਕੇ ਕਲਮ ਦੀ ਤਾਕਤ ਨੂੰ ਇਸ ਸਿਸਟਮ ਵਿੱਚ ਵੱਡਾ ਦਰਜਾ ਦਿੱਤਾ ਗਿਆ। ਜਿਵੇਂ-ਜਿਵੇਂ ਇਹ ਸਿਸਟਮ ਵਿੱਚ ਕੁਰੀਤੀਆਂ ਆਉਂਦੀਆਂ ਗਈਆਂ, ਤਿਵੇਂ ਤਿਵੇਂ ਇਸ ਚੌਥੇ ਥੰਮ੍ਹ ਨੂੰ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਵੀ ਘੜੀਆਂ ਜਾਣ ਲੱਗੀਆਂ। ਕਿਤੇ ਵੱਧ ਕਿਤੇ ਘੱਟ ਪਰ ਸਾਜ਼ਿਸ਼ਾਂ ਪਨਪਣ ਜ਼ਰੂਰ ਲੱਗ ਪਈਆਂ।

ਸਭ ਤੋਂ ਵੱਧ ਜੇਕਰ ਲੋਕਤੰਤਰ ਦੇ ਚੌਥੇ ਥੰਮ੍ਹ ਦੀ ਦੁਰਦਸ਼ਾ ਹੋਈ, ਉਹ ਭਾਰਤ ਅੰਦਰ ਕੇਂਦਰੀ ਤਾਕਤਾਂ ਵੱਲੋਂ ਕੀਤੀ ਗਈ। ਉਸ ਦਾ ਕਾਰਨ ਇਹ ਹੈ ਕਿ ਭਾਰਤ ਅੰਦਰ ਹਕੂਮਤੀ ਗਲਬੇ 'ਤੇ ਸਰਮਾਏਦਾਰੀ ਜਮਾਤ ਦਾ ਸਿੱਧਾ ਨਿਯੰਤਰਣ ਹੈ। ਇਹਦੇ ਵਿੱਚ ਕੋਈ ਸ਼ੱਕ, ਝੂਠ ਜਾਂ ਭੁਲੇਖਾ ਨਹੀਂ ਕਿ ਸਮੁੱਚੀ ਦੁਨੀਆ ਨੂੰ ਕੁਝ ਮੁੱਠੀ ਭਰ ਸਰਮਾਏਦਾਰ ਹੀ ਚਲਾਉਂਦੇ ਹਨ, ਪਰੰਤੂ ਜਿਸ ਤਰ੍ਹਾਂ ਭਾਰਤ ਦੇਸ ਦੇ ਸੱਤਾ ਪਰਬੰਧ ਨੂੰ ਇੱਥੋਂ ਦੇ ਸਰਮਾਏਦਾਰਾਂ ਨੇ ਕੰਟਰੋਲ ਕੀਤਾ ਹੈ, ਇਹ ਭਾਰਤੀ ਲੋਕਾਂ ਲਈ ਬਹੁਤ ਮੰਦਭਾਗਾ ਅਤੇ ਖਤਰਨਾਕ ਵਰਤਾਰਾ ਹੈ। ਅਮਰੀਕਾ ਵਰਗੇ ਸ਼ਕਤੀਸ਼ਾਲੀ ਮੁਲਕਾਂ ਦਾ ਪਰਬੰਧ ਵੀ ਭਾਵੇਂ ਅਣਦਿਸਦੀਆਂ ਸਰਮਾਏਦਾਰ ਤਾਕਤਾਂ ਦੇ ਹੱਥ ਵਿੱਚ ਹੈ, ਪਰ ਉਹਨਾਂ ਦਾ ਕੰਟਰੋਲ ਕਰਨ ਦਾ ਢੰਗ ਐਨਾ ਖੂਬਸੂਰਤ ਹੈ ਕਿ ਉਹਨਾਂ ਦੀਆਂ ਨੀਤੀਆਂ ਆਲਮੀ ਪੱਧਰ 'ਤੇ ਅਸਰਅੰਦਾਜ਼ ਹੋਣ ਦੇ ਬਾਵਜੂਦ ਬਾਹਰੀ ਤੌਰ 'ਤੇ ਕੁਝ ਜ਼ਾਹਰ ਨਹੀ ਹੁੰਦਾ, ਪਰ ਭਾਰਤ ਵਰਗੇ ਮੁਲਕਾਂ ਦੀ ਹਾਲਤ ਇਸ ਗੱਲੋਂ ਬੇਹੱਦ ਤਰਸਯੋਗ ਬਣੀ ਹੋਈ ਹੈ। ਭਾਰਤੀ ਮੀਡੀਏ ਨੂੰ ਇੱਥੋ ਦੇ ਚੰਦ ਕੁ ਸਰਮਾਏਦਾਰ ਘਰਾਣਿਆਂ ਨੇ ਸਿੱਧੇ ਤੌਰ ਤੇ ਕਾਬੂ ਵਿੱਚ ਕਰ ਲਿਆ ਹੋਇਆ ਹੈ, ਭਾਵ ਮੀਡੀਆ ਅਦਾਰੇ ਕੁਝ ਲਾਲਚ ਨਾਲ ਅਤੇ ਕੁਝ ਤੰਗ-ਪਰੇਸਾਨ ਕਰਕੇ ਬੰਦ ਕਰਵਾ ਦਿੱਤੇ ਗਏ ਹਨ, ਲਿਹਾਜ਼ਾ ਲੋਕਾਂ ਦੀ ਅਵਾਜ਼ ਬਣਨ ਵਾਲੇ ਟੀ ਵੀ ਚੈਨਲ ਅਤੇ ਅਖਬਾਰੀ ਅਦਾਰੇ ਕਠਪੁਤਲੀਆਂ ਬਣੇ ਦਿਖਾਈ ਦਿੰਦੇ ਹਨ। ਉੱਪਰੋਂ ਆਏ ਲਿਖਤੀ ਹੁਕਮ (ਪ੍ਰੈੱਸ ਨੋਟ) ਪੜ੍ਹਨਾ ਅਤੇ ਲਿਖਣਾ ਹੁਣ ਮੀਡੀਆ ਹਾਊਸਾਂ ਦੀ ਮਜਬੂਰੀ ਬਣ ਗਈ ਹੈ। ਇਹ ਦੁਖਾਂਤ 2014 ਤੋਂ ਬਾਅਦ ਪਰਤੱਖ ਰੂਪ ਵਿੱਚ ਸਾਹਮਣੇ ਆ ਗਿਆ, ਭਾਵੇਂ ਇਸ ਦੀ ਮਾਰ ਪਹਿਲਾਂ-ਪਹਿਲਾਂ ਨੈਸ਼ਨਲ ਮੀਡੀਏ ਨੂੰ ਝੱਲਣੀ ਪਈ,ਪਰ ਪਿਛਲੇ ਕੁਝ ਸਾਲਾਂ ਤੋ ਇਹ ਆਪਣਾ ਅਸਰ ਸੂਬਿਆਂ ਅੰਦਰ ਵੀ ਦਿਖਾਉਣ ਲੱਗੀ ਹੈ। ਉੱਤਰ ਪ੍ਰਦੇਸ਼ ਤੋਂ ਬਾਅਦ ਪੰਜਾਬ ਅਜਿਹਾ ਸੂਬਾ ਬਣ ਗਿਆ ਹੈ, ਜਿੱਥੇ ਪੱਤਰਕਾਰੀ ਦਾ ਲਗਭਗ ਦਿਵਾਲਾ ਨਿਕਲ ਚੁੱਕਾ ਹੈ। ਕੋਈ ਵੀ ਮੀਡੀਆ ਅਦਾਰਾ ਸਰਕਾਰੀ ਦਮਨ ਤੋਂ ਬਚਿਆ ਹੋਇਆ ਨਹੀਂ। ਹਰ ਇੱਕ ਅਦਾਰੇ 'ਤੇ ਵਿਰੋਧੀ ਖਬਰਾਂ ਨਸ਼ਰ ਕਰਨ 'ਤੇ ਇਸ਼ਤਿਹਾਰ ਬੰਦ ਕਰਨ ਤੋ ਇਲਾਵਾ ਹੋਰ ਪਾਬੰਦੀਆਂ ਲਾਏ ਜਾਣ ਦੀ ਲਟਕਾਈ ਤਲਵਾਰ ਨੇ ਵਿਚਾਰਾਂ ਦੀ ਅਜ਼ਾਦੀ ਦਾ ਗਲਾ ਦਬਾ ਕੇ ਰੱਖਿਆ ਹੋਇਆ ਹੈ।

ਇਹ ਕੌੜਾ ਸੱਚ ਹੈ ਕਿ ਪੰਜਾਬ ਅੰਦਰ ਭਾਵੇਂ ਪਹਿਲਾਂ ਵੀ ਬਹੁਤ ਦਮਨਕਾਰੀ ਸਰਕਾਰਾਂ ਆਈਆਂ ਤੇ ਗਈਆਂ ਹਨ ਅਤੇ ਉਹਨਾਂ ਵੀ ਪੱਤਰਕਾਰੀ ਨੂੰ ਗੋਡਿਆਂ ਭਾਰ ਕਰਨ ਲਈ ਸਾਜ਼ਿਸ਼ਾਂ ਰਚੀਆਂ, ਜਿਨ੍ਹਾਂ ਵਿੱਚ ਪਿਛਲੀ ਕਾਂਗਰਸ ਸਰਕਾਰ ਸਮੇਂ ਸ਼ੁਰੂ ਹੋਈ ਪੱਤਰਕਾਰਾਂ ਦੀ ਪੁਲਸ ਤਸਦੀਕ ਦਾ ਮਾਮਲਾ ਕਾਬਲੇਗੌਰ ਹੈ, ਪਰ ਜਿਸ ਤਰ੍ਹਾਂ ਮੌਜੂਦਾ ਸਮੇ ਵਿੱਚ ਫੀਲਡ ਦੀ ਪੱਤਰਕਾਰੀ ਨੂੰ ਸਮੱਸਿਆਵਾਂ ਦਰਪੇਸ਼ ਹਨ, ਅਜਿਹਾ ਵਰਤਾਰਾ ਪਹਿਲੀਆਂ ਸਰਕਾਰਾਂ ਦੇ ਮੁਕਾਬਲੇ ਬੇਹੱਦ ਕਰੂਰ ਹੈ। ਮੌਜੂਦਾ ਸਮੇਂ ਵਿੱਚ ਪੁਲਸ ਤਸਦੀਕ ਅਤੇ ਅਖਬਾਰਾਂ ਦੀ ਗਿਣਤੀ ਦਾ ਬਹਾਨਾ ਬਣਾ ਕੇ ਪੱਤਰਕਾਰਾਂ ਦੇ ਪੀਲੇ/ਗੁਲਾਬੀ ਸ਼ਨਾਖਤੀ ਕਾਰਡਾਂ ਦੀ ਕੀਤੀ ਗਈ ਕਟੌਤੀ, ਲੋਕ-ਪੱਖੀ ਪੱਤਰਕਾਰੀ ਨੂੰ ਖਤਮ ਕਰਨ ਲਈ ਇੱਕ ਗਹਿਰੀ ਸਾਜ਼ਿਸ਼ ਜਾਪਦੀ ਹੈ। ਫੀਲਡ ਵਿੱਚ ਜਾਨ ਹੂਲ ਕੇ ਪੱਤਰਕਾਰੀ ਕਰਨ ਵਾਲੇ ਪੱਤਰਕਾਰਾਂ ਨੂੰ ਕੁਝ ਕੁ ਸਹੂਲਤਾਂ ਦੇਣ ਦੀ ਬਜਾਏ ਇੱਕੋ-ਇੱਕ ਸ਼ਨਾਖਤੀ ਕਾਰਡ ਦੀ ਸਹੂਲਤ ਨੂੰ ਵੀ ਸੀਮਤ ਕਰ ਦੇਣਾ ਮੰਦਭਾਗਾ ਹੈ। ਭਾਰਤ ਦੇ ਸੰਵਿਧਾਨ ਦੇ ਅਨੁਛੇਦ 84 ਤਹਿਤ ਲੋਕ ਸਭਾ ਦਾ ਮੈਂਬਰ ਬਣਨ ਲਈ ਉਮੀਦਵਾਰ ਉੱਪਰ ਕਿਸੇ ਕਿਸਮ ਦਾ ਅਪਰਾਧਿਕ ਮਾਮਲਾ ਨਹੀਂ ਹੋਣਾ ਚਾਹੀਦਾ, ਇਸ ਦੇ ਬਾਵਜੂਦ ਤਕਰੀਵਨ ਅੱਧੇ ਲੋਕ ਸਭਾ ਮੈਂਬਰ ਕਨੂੰਨਣ ਦਾਗੀ ਹਨ ਅਤੇ ਸੈਂਕੜੇ ਤੋ ਵੱਧ ਅਜਿਹੇ ਹਨ, ਜਿਨ੍ਹਾਂ ਉੱਪਰ ਬਲਾਤਕਾਰ, ਕਤਲ, ਇਰਾਦਾ ਕਤਲ, ਅਗਵਾ ਸਮੇਤ ਸੰਗੀਨ ਜੁਰਮਾਂ ਤਹਿਤ ਕੇਸ ਚੱਲ ਰਹੇ ਹਨ। ਪੰਜਾਬ ਦੇ ਕਈ ਸਾਬਕਾ ਮੰਤਰੀ ਅਤੇ ਵਿਧਾਇਕ ਅਜਿਹੇ ਹਨ, ਜਿਹੜੇ ਅਜਿਹੇ ਦੋਸ਼ ਦਾ ਸਾਹਮਣਾ ਕਰ ਰਹੇ ਹਨ,ਪਰ ਕਿਸੇ ਦੀ ਵੀ ਸੁੱਖ-ਸਹੂਲਤ ਵਿੱਚ ਕਟੌਤੀ ਨਹੀ ਹੋਈ। ਕਿਸੇ ਦਾ ਰੁਤਬਾ ਨਹੀ ਖੋਹਿਆ ਗਿਆ, ਕਿਸੇ ਲੋਕ ਸਭਾ ਮੈਂਬਰ ਦੀ ਅਪਰਾਧਿਕ ਕੇਸਾਂ ਕਰਕੇ ਲੋਕ ਸਭਾ ਦੀ ਮੈਂਬਰੀ ਰੱਦ ਨਹੀ ਹੋਈ, ਫਿਰ ਪੱਤਰਕਾਰਾਂ 'ਤੇ ਹੀ ਅਜਿਹੀਆਂ ਗੈਰ-ਜ਼ਰੂਰੀ ਸ਼ਰਤਾਂ ਕਿਉਂ ਲਾਈਆਂ ਗਈਆਂ ਹਨ। ਐਥੇ ਇਹ ਵੀ ਸਵੀਕਾਰ ਕਰਨ ਤੋਂ ਸੰਕੋਚ ਨਹੀ ਹੋਣਾ ਚਾਹੀਦਾ ਕਿ ਸੁਆਰਥ ਅਤੇ ਪਦਾਰਥ ਨੇ ਆਪਣੀ ਪਕੜ ਐਨੀ ਕੁ ਮਜ਼ਬੂਤ ਕਰ ਲਈ ਹੈ ਕਿ ਕਿਸੇ ਵੀ ਕਿੱਤੇ ਜਾਂ ਪੇਸ਼ੇ ਵਿੱਚ ਇਮਾਨਦਾਰੀ ਲੱਭਣ ਲਈ ਮੁਸ਼ੱਕਤ ਕਰਨੀ ਪੈਂਦੀ ਹੈ। ਪੱਤਰਕਾਰੀ ਖੇਤਰ ਵਿੱਚ ਵੀ ਬਹੁਤ ਸਾਰੇ ਅਜਿਹੇ ਅਨਸਰ ਸ਼ਾਮਲ ਹੋ ਗਏ ਹਨ, ਜਿਨ੍ਹਾਂ ਨੇ ਆਪਣੇ ਪਵਿੱਤਰ ਫਰਜ਼ ਨੂੰ ਭੁੱਲ ਕੇ ਇਸ ਪੇਸ਼ੇ ਨੂੰ ਕਮਾਈ ਦਾ ਮੁੱਖ ਸਾਧਨ ਬਣਾ ਲਿਆ ਹੈ, ਸੋ ਅਜਿਹੀ ਕਾਲੀ ਕਮਾਈ ਦੀ ਅੰਨ੍ਹੀ ਲਾਲਸਾ ਮਨੁੱਖ ਨੂੰ ਸਦਾਚਾਰੀ ਗੁਣਾਂ ਤੋ ਵਾਂਝੇ ਕਰਦੀ ਹੈ। ਲਿਹਾਜ਼ਾ ਸਮੁੱਚੀ ਪੱਤਰਕਾਰੀ ਸ਼ਰਮਸਾਰ ਹੁੰਦੀ ਹੈ। ਇਸ ਤੋ ਇਲਾਵਾ ਸੋਸ਼ਲ ਮੀਡੀਏ ਰਾਹੀ ਸਥਾਪਤ ਹੋ ਚੁੱਕੀ ਅਣ-ਅਧਿਕਾਰਤ ਪੱਤਰਕਾਰੀ ਨੇ ਵੀ ਇਸ ਪਵਿੱਤਰ ਪੇਸ਼ੇ ਨੂੰ ਗੰਧਲਾ ਕਰਨ ਵਿੱਚ ਵੱਡੀ ਭੂਮਿਕਾ ਨਿਭਾਈ ਹੈ, ਜਿਸ ਦੀ ਬਦੌਲਤ ਬਹੁਤ ਵੱਡੀ ਤਾਦਾਦ ਵਿੱਚ ਇਸ ਪੇਸ਼ੇ ਨਾਲ ਜੁੜੇ ਸੁਹਿਰਦ ਪੱਤਰਕਾਰਾਂ ਨੂੰ ਵੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪ੍ਰੰਤੂ ਉਪਰੋਕਤ ਗੰਭੀਰ ਸਮੱਸਿਆਵਾਂ ਦਰਪੇਸ਼ ਹੋਣ ਦੇ ਬਾਵਜੂਦ ਆਪਣੇ ਫਰਜ਼ਾਂ ਨੂੰ ਬਾਖੂਬੀ ਨਿਭਾਅ ਰਹੇ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਪੱਤਰਕਾਰਾਂ ਦੀਆਂ ਉਪਰੋਕਤ ਸਮੱਸਿਆਵਾਂ 'ਤੇ ਸੰਜੀਦਗੀ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹਨਾਂ ਦੇ ਕਾਰਜਕਾਲ ਵਿੱਚ ਕੋਈ ਅਜਿਹਾ ਫੈਸਲਾ ਲਾਗੂ ਨਾ ਹੋਵੇ,ਜਿਹੜਾ ਉਹਨਾਂ ਲਈ ਤਾਅ-ਉਮਰ ਨਮੋਸ਼ੀ ਅਤੇ ਪਛਤਾਵੇ ਦਾ ਕਾਰਨ ਬਣਿਆ ਰਹੇ।

# ਸੰਪਰਕ : 99142-58142

12-SEP-PAGE-5.qxd 9/11/2024 9:33 PM Page 1



# ਬਿਜਲੀ ਮੁਲਾਜ਼ਮ ਤਿੰਨ ਦਿਨ ਦੀ ਸਮੂਹਿਕ ਛੁੱਟੀ 'ਤੇ, ਦੂਜੇ ਦਿਨ ਵੀ ਧਰਨਾ ਜਾਰੀ



**ਮੋਗਾ, (ਇਕਬਾਲ ਸਿੰਘ ਖਹਿਰਾ)** ਪਾਵਰ ਮੈਨੇਜਮੈਂਟ ਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਕਾਮਿਆਂ ਦੀਆਂ ਵਾਜਿਬ ਮੰਗਾਂ ਵੱਟੇ ਖਾਤੇ ਪਾਉਣ ਖਿਲਾਫ਼ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੇ ਸੱਦੇ 'ਤੇ ਦੂਜੇ ਦਿਨ ਵੀ ਸਾਰੇ ਬਿਜਲੀ ਕਾਮਿਆਂ ਵੱਲੋਂ ਮੋਗਾ ਦਫ਼ਤਰ ਦੇ ਗੇਟ ਤੇ ਰੋਸ ਰੈਲੀ ਪ੍ਰਧਾਨ ਮਨਜੋਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਕੀਤੀ।

ਰੋਸ ਰੈਲੀ ਦੀ ਕਾਰਵਾਈ ਜਾਰੀ ਕਰਦਿਆਂ ਪ੍ਰਧਾਨ ਨੇ ਦੱਸਿਆ 31 ਜੁਲਾਈ ਦੀ ਮੀਟਿੰਗ ਵਿੱਚ ਮੁਲਾਜ਼ਮ ਮੰਗਾਂ ਤੇ ਹੋਈਆਂ ਸਹਿਮਤੀਆਂ ਅਨੁਸਾਰ ਡਿਊਟੀ ਦੌਰਾਨ ਘਾਤਕ ਹਾਦਸੇ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪੀੜਤ ਪਰਵਾਰਾਂ ਨੂੰ ਇਕ ਕਰੋੜ ਦੀ ਮੁਆਵਜ਼ਾ ਰਾਸ਼ੀ ਦੇਣ ਸਮੇਤ ਕਾਮੇ ਨੂੰ ਸ਼ਹੀਦ ਦਾ ਦਰਜਾ ਦੇਣ, ਹਾਦਸੇ ਦਾ ਸ਼ਿਕਾਰ ਹੋਏ ਕਾਮੇ ਨੂੰ ਕੈਸ਼ ਲੈਸ ਇਲਾਜ ਦੀ ਸੁਵਿਧਾ ਲਾਗੂ ਕਰਨ, ਹਾਦਸੇ ਦੌਰਾਨ ਕ੍ਰਮਚਾਰੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਕ੍ਰਮਚਾਰੀ ਦੇ ਨਾਂਅ ਉੱਪਰ ਬਿਨਾਂ ਪੜਤਾਲ ਕੀਤੇ ਐਫ ਆਈ ਆਰ ਦਰਜ ਕਰਨ ਦੀ ਪਿਰਤ ਬੰਦ ਕਰਨ, ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰਨ, ਆਰ ਟੀ ਐਮ ਦੀ ਤਰੱਕੀ ਤੁਰੰਤ ਕਰਨ, ਓ ਸੀ ਕੈਟਾਗਰੀ ਨੂੰ ਪੇ ਬੈਂਡ ਦੇਣ, ਸਲਮ ਤੋ ਲ ਮ ਦੀ ਤਰੱਕੀ ਕਰਨ, ਬਾਕੀ ਸਾਰੀਆਂ ਕੈਟੇਗਰੀਆਂ ਦੀ ਤਰੱਕੀਆਂ ਵਿੱਚ ਆਈ ਖੜੋਤ ਦੂਰ ਕਰਨ, ਇਨ ਹਾਊਸ ਕਾਂਟਰੈਕਟ ਕਾਮਿਆਂ ਨੂੰ ਰੈਗੂਲਰ ਕਰਨ, ਸੋਧੇ ਭੱਤਿਆਂ ਦਾ 32 ਮਹੀਨੇ ਦਾ ਬਕਾਇਆ ਜਾਰੀ ਕਰਨ, ਰਹਿੰਦੇ ਭੱਤੇ ਜਿਵੇਂ ਹਾਰਡਸ਼ਿਪ ਭੱਤਾ ਆਦਿ ਨੂੰ ਸੋਧ ਕੇ ਲਾਗੂ ਕਰਨ, ਪੁਨਰ ਗਠਨ ਦੇ ਨਾਂਅ 'ਤੇ ਖਤਮ ਕੀਤੀਆਂ ਅਸਾਮੀਆਂ ਨੂੰ ਮੁੜ ਤੋਂ ਬਹਾਲ ਕਰਨ, 17 ਜੁਲਾਈ 2020 ਤੋਂ ਪਹਿਲਾਂ ਤਰਸ ਦੇ ਆਧਾਰ ਤੇ ਪ੍ਰਤੀ ਬੇਨਤੀ ਦੇਣ ਵਾਲੇ ਕ੍ਰਮਚਾਰੀਆਂ ਉੱਪਰ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ ਅਤੇ ਵਿੱਤ ਵਿਭਾਗ ਪੰਜਾਬ ਸਰਕਾਰ ਨਾਲ ਸਬੰਧਤ ਮਸਲੇ ਜਿਵੇਂ 23 ਸਾਲਾ ਐਡਵਾਂਸ ਤਰੱਕੀ ਦਾ ਮਿਲਾਨ ਤੀਸਰੀ ਤਰੱਕੀ ਸਮੇਂ ਕਰਨ, 01 ਨਵੰਬਰ 2021 ਤੋਂ ਬਾਅਦ ਸਮਾਂਬੱਧ ਸਕੇਲ ਲਾਗੂ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਕਰਮਚਾਰੀਆਂ ਉੱਪਰ ਕੇਂਦਰੀ ਤਨਖਾਹ ਸਕੇਲਾਂ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਸਕੇਲਾਂ ਦੀ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਤਰੱਕੀ ਵਾਲੇ ਕ੍ਰਮਚਾਰੀਆਂ ਦੀ ਤਨਖਾਹ ਵਿੱਚ ਆਈਆਂ ਤਰੁੱਟੀਆਂ ਦੂਰ ਕਰਨ ਆਦਿ ਮੰਗਾਂ ਲਈ 15 ਅਗਸਤ ਤੱਕ ਵਿੱਤ ਮੰਤਰੀ ਤੇ ਮੁੱਖ ਮੰਤਰੀ ਨਾਲ ਗੱਲ ਕਰਕੇ ਮੰਨੀਆਂ ਮੰਗਾਂ ਲਾਗੂ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਪਾਵਰ ਮੈਨੇਜਮੈਂਟ ਅਤੇ ਬਿਜਲੀ ਮੰਤਰੀ ਮੰਗਾਂ ਮੰਨਣ ਤੋਂ ਮੁਨਕਰ ਹੋ ਗਏ ਹਨ, ਮੰਗਾਂ ਲਾਗੂ ਕਰਨ ਦੀ ਥਾਂ ਤੇ ਵਰਕ ਟੂ ਰੂਲ ਅਨੁਸਾਰ ਡਿਊਟੀ ਕਰ ਰਹੇ ਮੁਲਾਜ਼ਮਾਂ ਨੂੰ ਐਸਮਾਂ ਵਰਗੇ ਕਾਲੇ ਕਾਨੂੰਨਾਂ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਰਕੇ ਬਿਜਲੀ ਮੁਲਾਜ਼ਮਾਂ ਵਿਚ ਭਾਰੀ ਰੋਸ ਹੈ ਅਤੇ ਮੈਨੇਜਮੈਂਟ/ਪੰਜਾਬ ਸਰਕਾਰ ਪ੍ਰਤੀ ਬੇਵਿਸ਼ਵਾਸੀ ਦਾ ਮਾਹੌਲ ਹੈ, ਇਸ ਲਈ ਬਿਜਲੀ ਕਾਮੇ 21 ਅਗਸਤ ਤੋਂ ਲਗਾਤਾਰ ਵਰਕ ਟੂ ਰੂਲ ਤਹਿਤ ਅਪਣੀ ਬਣਦੀ 8 ਘੰਟੇ ਦੀ ਡਿਊਟੀ ਹੀ ਕਰ ਰਹੇ ਹਨ ਅਤੇ 30 ਸਤੰਬਰ ਤੱਕ ਵਰਕ ਟੂ ਰੂਲ ਜਾਰੀ ਰੱਖਿਆ ਜਾਵੇਗਾ।

ਆਗੂਆਂ ਨੇ ਦੱਸਿਆ ਕਿ 10-09-24 ਤੋਂ 12-09-24 ਤੱਕ ਤਿੰਨ ਦਿਨ ਦੀ ਸਮੁੱਚੇ ਬਿਜਲੀ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਮੰਡਲ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰ ਰਹੇ ਹਨ। ਇਸ ਤੋਂ ਇਲਾਵਾ ਫੀਲਡ ਦੌਰੇ ਦੌਰਾਨ ਬਿਜਲੀ ਮੰਤਰੀ ਸਮੇਤ ਪੂਰੀ ਮੈਨੇਜਮੈਂਟ/ਡਾਇਰੈਕਟਰਾਂ ਖਿਲਾਫ਼ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕੀਤੇ ਜਾਣਗੇ।

## 10 ਕਿੱਲੋ ਪਾਬੰਦੀਸ਼ੁਦਾ ਲਿਫਾਫ਼ੇ ਤੇ ਡਿਸਪੋਜ਼ਲ ਬਰਾਮਦ

**ਮਲੋਟ, (ਗੁਰਮੀਤ ਸਿੰਘ ਮੱਕੜ)** ਨਗਰ ਕੌਂਸਲ ਵੱਲੋਂ ਕੁੱਝ ਦਿਨਾਂ ਤੋਂ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਪਾਬੰਦੀਸ਼ੁਦਾ ਪਲਾਸਟਿਕ ਦੀ ਵਰਤੋਂ ਕਰਨ ਤੋਂ ਰੋਕਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਸੀ। ਇਸ ਮੁਹਿਮ ਨੂੰ ਜਾਰੀ ਰੱਖਦੇ ਹੋਏ ਵਪਾਰੀ ਵਰਗ ਵੱਲੋਂ ਵੀ ਕਾਫੀ ਸਹਿਯੋਗ ਦਿੱਤਾ ਗਿਆ, ਕਿਉਂਕਿ ਮਾਰਕੀਟ ਦੇ ਵਿਚ ਸਿੰਗਲ ਯੂਜ਼ ਵਰਤੋਂ ਪਲਾਸਟਿਕ ਦੀ ਜਗ੍ਹਾ ਹਰ ਆਈਟਮ ਮੌਜੂਦ ਹੈ, ਪਰ ਕੁੱਝ ਲੋਕਾਂ ਨੇ ਫਿਰ ਵੀ ਇਸ ਗੱਲ 'ਤੇ ਕੋਈ ਵੀ ਧਿਆਨ ਨਹੀ ਦਿੱਤਾ, ਜਿਸ ਕਰਕੇ ਸ਼ੁਭਦੀਪ ਸਿੰਘ ਬਿੱਟੂ ਪ੍ਰਧਾਨ ਨਗਰ ਕੌਂਸਲ ਤੇ ਮੰਗਤ ਕੁਮਾਰ ਕਾਰਜ ਸਾਧਕ ਅਫਸਰ ਦੀ ਅਗਵਾਈ ਹੇਠ ਰਾਜ ਕੁਮਾਰ ਸੈਨਟਰੀ ਇੰਸਪੈਕਟਰ ਤੇ ਜਸਕਰਨ ਸਿੰਘ ਸੀ.ਐਫ ਨੇ ਨਗਰ ਕੌਂਸਲ ਦੀ ਟੀਮ ਸਮੇਤ ਦੁਕਾਨਾਂ ਦੀ ਜਾਂਚ ਕਰਦੇ ਹੋਏ 10 ਕਿੱਲੋ ਪਾਬੰਦੀਸ਼ੁਦਾ ਲਿਫਾਫੇ ਅਤੇ ਡਿਸਪੋਜ਼ਲ ਬਰਾਮਦ ਕੀਤਾ ਅਤੇ ਮੌਕੇ 'ਤੇ ਕੱਟ ਕੇ ਡਿਸਪੋਜ਼ ਕੀਤਾ ਗਿਆ। ਉਕਤ ਸਿੰਗਲ ਵਰਤੋਂ ਪਲਾਸਟਿਕ ਵਿਕ੍ਰੇਤਾ ਦੇ ਕੁੱਲ 45000 ਰੁਪਏ ਦਾ ਚਲਾਨ ਕੱਟਿਆ ਗਿਆ ਤੇ ਹਦਾਇਤ ਕੀਤੀ ਗਈ ਕਿ ਜੇਕਰ ਫਿਰ ਪਲਾਸਟਿਕ ਦੀ ਦੁਬਾਰਾ ਵਰਤੋਂ ਕੀਤੀ ਗਈ ਤਾਂ ਦੁੱਗਣਾ ਚਲਾਨ ਕੱਟਿਆ ਜਾਵੇਗਾ। ਇਸ ਤੋਂ ਇਲਾਵਾ ਨਗਰ ਕੌਂਸਲ ਵੱਲੋਂ ਹਰ ਇੱਕ ਵਿਅਕਤੀ ਦਾ ਸਿੰਗਲ ਯੂਜ਼ ਪਲਾਸਟਿਕ ਵਰਤਣ 'ਤੇ ਜੁਰਮਾਨਾ ਕੀਤਾ ਜਾਵੇਗਾ, ਇਸ ਲਈ ਆਪਣੇ ਘਰ ਤੋਂ ਨਿਕਲਦੇ ਸਮੇਂ ਝੋਲਾ ਲੈ ਕੇ ਨਿਕਲੋ ਤਾਂ ਜੁ ਦੁਕਾਨਦਾਰਾਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ।

## ਪੰਜਾਬ ਦੇ ਬਿਜਲੀ ਕਾਮੇ ਸਮੂਹ ਛੁੱਟੀ 'ਤੇ

**ਬਰੇਟਾ (ਰੀਤਵਾਲ)** ਜੁਆਇੰਟ ਫੋਰਮ ਪੰਜਾਬ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਬਿਜਲੀ ਬੋਰਡ ਵਿੱਚ ਕੰਮ ਕਰਦੀਆਂ ਭਰਾਤਰੀ ਜਥੇਬੰਦੀਆਂ ਦੇ ਸੱਦੇ 'ਤੇ ਇੱਕ ਰੋਸ ਰੈਲੀ ਕੀਤੀ ਗਈ, ਜਿਸ ਵਿੱਚ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨਾਲ 31 ਜੁਲਾਈ ਦੀ ਮੀਟਿੰਗ ਵਿੱਚ ਬਿਜਲੀ ਕ੍ਰਮਚਾਰੀਆਂ ਦੀਆਂ ਪਿਛਲੇ ਕਾਫੀ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਬਣਾਈ ਗਈ ਸਹਿਮਤੀ ਦੌਰਾਨ ਲਾਗੂ ਕਰਾਉਣ ਲਈ ਕੀਤਾ ਗਿਆ, ਜਿਸ ਦੇ ਰੋਸ ਵਜੋਂ ਪੰਜਾਬ ਦੇ ਬਿਜਲੀ ਕਾਮੇ 10 ਸਤੰਬਰ ਤੋਂ 12 ਸਤੰਬਰ ਤੱਕ ਤਿੰਨ ਦਿਨਾਂ ਲਈ ਸਮੂਹ ਛੁੱਟੀ 'ਤੇ ਚਲੇ ਗਏ ਹਨ।ਜੇਕਰ ਫਿਰ ਵੀ ਸਹਿਮਤੀ ਦੌਰਾਨ ਮੰਨੀਆਂ ਗਈਆਂ ਮੰਗਾਂ ਨੂੰ ਮੈਨੇਜਮੈਂਟ ਵੱਲੋਂ ਲਾਗੂ ਨਾ ਕੀਤੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਸਭ ਡਵੀਜ਼ਨ ਤੇ ਡਵੀਜ਼ਨ ਆਗੂ ਰਣਜੀਤ ਕੁਮਾਰ, ਰਾਮ ਸਿੰਘ, ਗੁਰਦੀਪ ਸਿੰਘ, ਤਰਸੇਮ ਸਿੰਘ, ਜਸਵੀਰ ਸਿੰਘ, ਸੋਨੀ ਸਿੰਘ, ਪ੍ਰਗਟ ਸਿੰਘ, ਮੱਖਣ ਸਿੰਘ ਆਦਿ ਨੇ ਕਿਹਾ ਕਿ ਮੰਗਾਂ ਪੂਰੀਆਂ ਨਾ ਹੋਣ ਤੱਕ ਸੰਘਰਸ਼ ਚੱਲਦਾ ਰਹੇਗਾ।

# ਬਿਜਲੀ ਮੁਲਾਜ਼ਮਾਂ ਨੇ ਤਿੰਨ ਦਿਨਾ ਹੜਤਾਲ 'ਚ ਉਤਸ਼ਾਹ ਨਾਲ ਹਿੱਸਾ ਲਿਆ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਇੰਪਲਾਈਜ਼ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਮੁਲਾਜ਼ਮ ਜਥੇਬੰਦੀਆਂ ਇੰਪਲਾਈਜ਼ ਫੈਡਰੇਸ਼ਨ (ਚਾਹਲ) ਤੇ ਇੰਪਲਾਈਜ਼ ਯੂਨੀਅਨ ਵੱਲੋਂ ਤਿੰਨ ਰੋਜ਼ਾ ਹੜਤਾਲ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਬਿਜਲੀ ਮੁਲਾਜ਼ਮਾਂ ਨੇ ਥਰਮਲ ਗੇਟ 'ਤੇ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਨਾਅਰੇਬਾਜ਼ੀ ਕੀਤੀ।

ਰੈਲੀ ਦੌਰਾਨ ਬਲਜੀਤ ਸਿੰਘ ਬਰਾੜ, ਕਰਨਦੀਪ ਸਿੰਘ, ਰਜਿੰਦਰ ਸਿੰਘ ਨਿੰਮਾ, ਲਖਵੰਤ ਸਿੰਘ ਬਾਂਡ, ਅਮਰਜੀਤ ਸਿੰਘ ਮੰਗਲੀ, ਰਵੀਪਾਲ ਸਿੰਘ ਸਿੱਧੂ ਅਤੇ ਤਰਸੇਮ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਮੰਤਰੀ ਤੇ ਬਿਜਲੀ ਨਿਗਮ ਵੱਲੋਂ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ ਜਥੇਬੰਦੀਆਂ ਨਾਲ ਕੀਤੀਆਂ ਮੀਟਿੰਗਾਂ ਵਿਚ ਬਣੀਆਂ ਸਹਿਮਤੀਆਂ ਦੇ ਸਰਕੂਲਰ ਜਾਰੀ ਨਹੀਂ ਕੀਤੇ ਜਾ ਰਹੇ, ਜਿਸ ਤੋਂ ਜਾਪਦਾ ਹੈ ਕਿ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੁਹਿਰਦ ਨਹੀਂ। ਪਿਛਲੇ ਸਮੇਂ ਹੋਈਆਂ ਸਹਿਮਤੀਆਂ ਵਿੱਚ (ਆਰ.ਟੀ.ਐੱਮ, ਓ.ਸੀ, ਐਸ.ਐਸ.ਏ) ਦੀਆਂ ਤਰੱਕੀਆਂ/ਓ.ਸੀ. ਕੈਟਾਗਰੀ ਨੂੰ ਪੇ-ਬੈਂਡ ਲਾਗੂ ਕਰਨ, ਸੀ.ਆਰ.ਏ. ਅਧੀਨ 293, 294, 295, 296, /19 ਰਾਹੀਂ ਭਰਤੀ ਹੋਏ ਕ੍ਰਮਚਾਰੀਆਂ ਨੂੰ ਸੈਂਟਰ ਦੇ 7ਵੇਂ ਪੇ-ਸਕੇਲ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨਾ, ਸੋਧੇ ਹੋਏ ਭੱਤਿਆਂ ਦਾ ਬਕਾਇਆ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, 2016 ਤੋਂ ਦੂਸਰੀ ਤਰੱਕੀ ਅਨੁਸਾਰ ਪੇ-ਸਕੇਲ ਲਾਗੂ ਕਰਨਾ, ਕਰੰਟ ਲੱਗਣ ਨਾਲ ਮੌਤ ਹੋਣ ਵਾਲੇ ਕਾਮਿਆਂ ਨੂੰ ਸ਼ਹੀਦ ਦਾ ਦਰਜਾ ਦੇਣਾ, ਰਹਿੰਦੇ ਭੱਤਿਆਂ ਨੂੰ ਸੋਧ ਕੇ ਲਾਗੂ ਕਰਨਾ, 9, 16, 23 ਸਾਲਾਂ ਸਮਾਂਬੱਧ ਸਕੇਲ ਜਾਰੀ ਕਰਨ, ਪੇਂਡੂ ਭੱਤਾ ਲਾਗੂ ਕਰਨਾ, ਆਊਟਸੋਰਸਿੰਗ ਕਾਮਿਆਂ ਨੂੰ ਪੱਕੇ ਕਰਨਾ, ਨਵੇਂ ਭਰਤੀ ਹੋ ਰਹੇ ਮੁਲਾਜ਼ਮਾਂ ਨੂੰ ਬਿਜਲੀ ਕਨਸੈਸ਼ਨ ਦੇਣ ਦੀ ਮੰਗ ਕੀਤੀ।

ਬੁਲਾਰਿਆਂ ਚੇਤਾਵਨੀ ਦਿੱਤੀ ਜੇਕਰ ਮੁਲਾਜ਼ਮਾਂ ਦੇ ਤਿੰਨ ਦਿਨਾਂ ਹੜਤਾਲ 'ਤੇ ਜਾਣ ਤੋਂ ਬਾਅਦ ਵੀ ਸਰਕਾਰ ਜਾਂ ਮੈਨੇਜਮੈਂਟ ਨਾ ਮੰਨੀ ਤਾਂ ਬਿਜਲੀ ਕਾਮੇ ਹੋਰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਹੋਵੇਗੀ।

## ਕਾਤਰਾਂ

### ਤਹਿਸੀਲਦਾਰ ਸਰਵੇਸ਼ ਰਾਜਨ ਸ਼ਰਮਾ ਨੇ ਚਾਰਜ ਸੰਭਾਲਿਆ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਤਹਿਸੀਲਦਾਰ ਸਰਵੇਸ਼ ਰਾਜਨ ਸ਼ਰਮਾ ਨੇ ਸਬ ਡਵੀਜ਼ਨ ਵਿਖੇ ਨਵੇਂ ਤਹਿਸੀਲਦਾਰ ਵਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲਿਆ ਲਿਆ ਹੈ। ਉਨ੍ਹਾਂ ਕਿਹਾ ਕਿ ਮੈਂ ਆਪਣੀ ਬਣਦੀ ਜ਼ਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਿਭਾਵਾਂਗਾ। ਇਸ ਤਹਿਸੀਲ ਦੇ ਅਧਿਕਾਰ ਖੇਤਰ ਅਧੀਨ ਪੈਂਦੇ ਸਾਰੇ ਪਿੰਡਾਂ ਦੇ ਲੋਕਾਂ ਨੂੰ ਆਪਣੇ ਜ਼ਰੂਰੀ ਕੰਮਾਂ ਲਈ ਕਿਸੇ ਵੀ ਪ੍ਰਕਾਰ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਰੁਕੇ ਹੋਏ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕਰਨਗੇ।ਇਸ ਮੌਕੇ ਕਾਨੂੰਗੋ ਨਵਦੀਪ ਸਿੰਘ, ਨਿਰਮਲਜੀਤ ਸਿੰਘ ਚਾਨੇ, ਮੈਡਮ ਸਰਬਜੀਤ ਕੌਰ, ਗੁਰਬਖਸ਼ ਸਿੰਘ ਵਾਲੀਆ, ਰੀਡਰ ਗੁਰਮੀਤ ਸਿੰਘ, ਮੈਡਮ ਰਮਨਪ੍ਰੀਤ ਸ਼ਰਮਾ, ਮੈਡਮ ਹਰਿੰਦਰ ਕੌਰ, ਗੌਰਵ ਕੌਂਸਲ, ਅਜਾਇਬ ਸਿੰਘ, ਕੌਰ ਸਿੰਘ ਪੰਡੋਰੀ ਆਦਿ ਹਾਜ਼ਰ ਸਨ।

### ਵਟਸਐਪ 'ਤੇ ਖੁਦਕੁਸ਼ੀ ਦੀ ਵਾਇਰਲ ਵੀਡੀਓ 'ਤੇ ਪੁਲਸ ਵੱਲੋਂ ਕਾਰਵਾਈ, ਮਾਮਲਾ ਦਰਜ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਪੁਲਸ ਨੇ ਬੀਤੇ ਦਿਨ ਗਸ਼ਤ 'ਤੇ ਚੈਕਿੰਗ ਕਰਦੇ ਹੋਏ ਵਟਸਐਪ 'ਤੇ ਪਾਈ ਗਈ ਖੁਦਕੁਸ਼ੀ ਦੀ ਵੀਡੀਓ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਦੋਸ਼ੀ ਵਿਅਕਤੀ ਦੇ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।ਥਾਣਾ ਸਦਰ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਬੀਤੇ ਦਿਨ ਵਟਸਐਪ 'ਤੇ ਇੱਕ ਵੀਡੀਓ ਮਿਲੀ ਸੀ, ਜਿਸ 'ਚ ਪਿੰਡ ਲੁਥੜ ਨੇੜੇ ਨਿੰਮ ਦੇ ਦਰੱਖਤ ਨਾਲ ਫਾਹਾ ਲੈ ਕੇ ਕਿਸੇ ਅਣਪਛਾਤੇ ਵਿਅਕਤੀ ਨੇ ਖ਼ੁਦਕੁਸ਼ੀ ਕਰ ਲਈ ਹੈ, ਜਿਸ ਤੋਂ ਬਾਅਦ ਉਹ ਆਪਣੇ ਸਾਥੀਆਂ ਸਮੇਤ ਮੌਕੇ 'ਤੇ ਪਹੁੰਚਿਆ, ਜਿੱਥੇ ਮ੍ਰਿਤਕ ਦੇ ਭਰਾ ਪਰਮਜੀਤ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਮਮਦੋਟ ਉਤਾੜ ਨੇੜੇ ਨੌਰੰਗ ਪੈਟਰੋਲ ਪੰਪ ਫ਼ਿਰੋਜ਼ਪੁਰ ਰੋਡ ਨੇ ਦੱਸਿਆ ਕਿ ਕਥਿਤ ਦੋਸ਼ੀ ਰਵੀ ਵਾਸੀ ਫ਼ਿਰੋਜ਼ਪੁਰ ਉਸ ਦੇ ਭਰਾ ਮਨਪ੍ਰੀਤ ਸਿੰਘ ਨੂੰ ਕਿਸੇ ਗੱਲ ਨੂੰ ਲੈ ਕੇ ਤੰਗ ਪ੍ਰੇਸ਼ਾਨ ਕਰਦਾ ਸੀ, ਜਿਸ ਤੋਂ ਉਸ ਦੇ ਭਰਾ ਨੇ ਪ੍ਰੇਸ਼ਾਨ ਹੋ ਕੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ।ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਡੀਪੂ ਹੋਲਡਰ ਯੂਨੀਅਨ ਵੱਲੋਂ ਈ.ਕੇ.ਵਾਈ.ਸੀ ਕਰਨ ਤੋਂ ਨਾਂਹ

**ਬਰੇਟਾ (ਰੀਤਵਾਲ)** ਡੀਪੂ ਹੋਲਡਰ ਯੂਨੀਅਨ ਐਨ.ਐਫ਼.ਏ 355 ਦੇ ਪੰਜਾਬ ਪ੍ਰਧਾਨ ਰੌਸ਼ਨ ਲਾਲ ਵੱਲੋਂ ਡੀਪੂ ਹੋਲਡਰਾਂ ਨਾਲ ਮੀਟਿੰਗ ਕੀਤੀ ਗਈ ਤੇ ਆਧਾਰ ਕਾਰਡਾਂ ਦੀ ਈ.ਕੇ.ਵਾਈ.ਸੀ ਬਿਨਾਂ ਮਾਣਭੱਤੇ ਤੋਂ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਡੀਪੂ ਹੋਲਡਰਾਂ ਵੱਲੋਂ ਡੀ.ਐਫ.ਸੀ ਨੂੰ ਮਿਲ ਕੇ ਮੰਗ ਪੱਤਰ ਵੀ ਦਿੱਤਾ ਗਿਆ ਤੇ ਉਨ੍ਹਾਂ ਨੂੰ ਕਿਹਾ ਕਿ ਉਹ ਆਪਣੀ ਯੂਨੀਅਨ ਵੱਲੋਂ ਮਾਣਭੱਤਾ ਨਾ ਮਿਲਣ ਤੱਕ ਈ.ਕੇ.ਵਾਈ.ਸੀ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਜਾਂ ਤਾਂ ਉਨ੍ਹਾਂ ਨੂੰ ਪ੍ਰਤੀ ਕਾਰਡ 100 ਰੁਪਏ ਦਿੱਤੇ ਜਾਣ ਜਾਂ ਮਸ਼ੀਨ ਚਲਾਉਣ ਦੇ 21 ਰੁਪਏ ਪ੍ਰਤੀ ਕੁਇੰਟਲ ਦਿੱਤੇ ਜਾਣ।

# ਪੰਚਾਇਤੀ ਚੋਣਾਂ 'ਚ ਲੀਡਰਾਂ ਦੀਆਂ ਤਸਵੀਰਾਂ ਲਾਉਣ ਵਾਲਿਆਂ ਦਾ ਬਾਈਕਾਟ ਕਰਨ ਲੋਕ



**ਬਰੇਟਾ (ਰੀਤਵਾਲ)** ਪਿੰਡ ਬਚਾਓ ਪੰਜਾਬ ਬਚਾਓ ਕਮੇਟੀ ਵੱਲੋਂ 2 ਸਤੰਬਰ ਤੋਂ 30 ਸਤੰਬਰ ਤੱਕ ਪਿੰਡਾਂ ਦੇ ਭਾਈਚਾਰੇ ਨੂੰ ਮਜ਼ਬੂਤ ਕਰਨ, ਵਿਕਾਸ ਤੇ ਹਰ ਤਰ੍ਹਾਂ ਦੇ ਫੈਸਲੇ ਕਰਨ ਵਾਲੀ ਮੁੱਢਲੀ ਤੇ ਤਾਕਤਵਰ ਸੰਸਥਾ ਗ੍ਰਾਮ ਸਭਾ ਬਾਰੇ ਪੰਜਾਬ ਭਰ ਦੇ ਪਿੰਡਾਂ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ 'ਗ੍ਰਾਮ ਸਭਾ ਚੇਤਨਾ ਕਾਫ਼ਲਾ' ਕੱਢਿਆ ਜਾ ਰਿਹਾ ਹੈ।ਇਹ ਕਾਫ਼ਲਾ ਗ੍ਰਾਮ ਸਭਾਵਾਂ ਨੂੰ ਮਜ਼ਬੂਤ ਕਰਨ ਦਾ ਸੁਨੇਹਾ ਲੈ ਕੇ ਪਿੰਡਾਂ ਵਿੱਚ ਪਹੁੰਚਿਆ, ਜਿੱਥੇ ਆਮ ਲੋਕਾਂ ਵੱਲੋਂ ਕਾਫ਼ਲੇ ਨੂੰ ਭਰਵਾਂ ਹੁੰਗਾਰਾ ਮਿਲਿਆ।ਪਿੰਡ ਬਹਾਦਰਪੁਰ ਵਿੱਚ ਕਾਫ਼ਲੇ ਵੱਲੋਂ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੈ ਕੇ ਲੋਕਾਂ ਵਿੱਚ ਆਪਣੀ ਗੱਲ ਰੱਖੀ ਗਈ।

ਬੁਲਾਰਿਆਂ ਵੱਲੋਂ ਜ਼ੋਰ ਦਿੱਤਾ ਗਿਆ ਕਿ ਪਿੰਡ ਦੇ ਲੋਕਾਂ ਦੀ ਤਾਕਤ ਗ੍ਰਾਮ ਸਭਾ ਵਿੱਚ ਹੈ।ਪਿੰਡ ਦਾ ਹਰ ਵੋਟਰ ਗ੍ਰਾਮ ਸਭਾ ਦਾ ਸਥਾਈ ਮੈਂਬਰ ਹੈ ਤੇ ਗ੍ਰਾਮ ਸਭਾ ਕਦੇ ਭੰਗ ਨਹੀਂ ਹੁੰਦੀ।ਕਾਫ਼ਲੇ ਦੇ ਬੁਲਾਰੇ ਹਮੀਰ ਸਿੰਘ ਨੇ ਲੋਕਾਂ ਦੀ ਤਾਕਤ ਤੇ ਰਾਜ ਕਿਹੋ ਜਿਹਾ ਹੋਵੇ, ਇਸ ਬਾਬਤ ਲੋਕਾਂ ਨੂੰ ਜਾਗਰੂਕ ਕੀਤਾ।ਉਨ੍ਹਾਂ ਨੇ ਲੋਕਾਂ ਨੂੰ ਗ਼ਦਰੀਆਂ ਵੱਲੋਂ ਦੇਖੇ ਰਾਜ ਦੇ ਸੁਪਨੇ ਯਾਦ ਕਰਾਏ ਤੇ ਕਿਹਾ ਕਿ ਅੱਜ ਸਾਨੂੰ ਸੋਚਣ ਦੀ ਲੋੜ ਹੈ ਕਿ ਪੰਜਾਬ ਕਿਸ ਪਾਸੇ ਵੱਲ ਜਾ ਰਿਹਾ ਹੈ।ਉਨ੍ਹਾਂ ਨੇ ਪਿੰਡ ਬਚਾਉਣ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਤਕਰੀਬਨ 13,000 ਪਿੰਡਾਂ ਵਿੱਚ ਨੁਮਾਇੰਦੇ ਚੁਣੇ ਜਾਣੇ ਹਨ, ਇਹ ਨੁਮਾਇੰਦੇ ਬਹੁਤ ਸੋਚ-ਸਮਝ ਕੇ ਚੁਣਨ ਦੀ ਲੋੜ ਹੈ।

ਕਾਫ਼ਲੇ ਦੀ ਅਗਵਾਈ ਕਰ ਰਹੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਕੇਵਲ ਸਿੰਘ ਵੱਲੋਂ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਸਰਕਾਰ ਵੱਲੋਂ ਪੰਚਾਇਤੀ ਚੋਣਾਂ ਵਿੱਚ ਲੀਡਰਾਂ ਦੀਆਂ ਤਸਵੀਰਾਂ ਲਾਉਣ ਵਾਲੀ ਪਿਰਤ ਦੀ ਨਿਖੇਧੀ ਕੀਤੀ ਤੇ ਲੋਕਾਂ ਨੂੰ ਅਜਿਹੇ ਉਮੀਦਵਾਰਾਂ ਦਾ ਬਾਈਕਾਟ ਕਰਨ ਲਈ ਕਿਹਾ ਜੋ ਕਿਸੇ ਵੀ ਸਿਆਸੀ ਲੀਡਰ ਦੀ ਤਸਵੀਰ ਲਾਉਣਗੇ।ਉਨ੍ਹਾਂ ਲੋਕਾਂ ਨੂੰ ਸਰਬਸੰਮਤੀ ਨਾਲ ਪੰਚਾਇਤ ਚੁਣਨ ਲਈ ਅਪੀਲ ਕੀਤੀ ਤੇ ਕਿਹਾ ਕਿ ਅਜਿਹੇ ਲੋਕਾਂ ਨੂੰ ਵੋਟਾਂ ਨਾ ਪਾਈਆਂ ਜਾਣ ਜੋ ਨਸ਼ਾ ਜਾਂ ਪੈਸਾ ਵੰਡਣਗੇ।

ਉਨ੍ਹਾਂ ਕਿਹਾ ਕਿ ਸਰਪੰਚ ਪਿੰਡ ਦਾ ਹੋਵੇ, ਨਾ ਕਿ ਕਿਸੇ ਪਾਰਟੀ ਦਾ।ਜੇ ਸਰਪੰਚ ਪਿੰਡ ਦਾ ਹੋਵੇਗਾ ਤਾਂ ਹੀ ਪਿੰਡ ਲਈ ਕੰਮ ਕਰੇਗਾ।ਜੇ ਸਰਪੰਚ ਕਿਸੇ ਪਾਰਟੀ ਦਾ ਹੋਵੇਗਾ ਤਾਂ ਉਹ ਪਾਰਟੀ ਲਈ ਹੀ ਕੰਮ ਕਰੇਗਾ। ਵੱਖ-ਵੱਖ ਬੁਲਾਰਿਆਂ ਨੇ ਆਉਂਦੀਆਂ ਪੰਚਾਇਤੀ ਚੋਣਾਂ ਵਿੱਚ ਪੰਚਾਇਤਾਂ ਧੜੇਬੰਦੀ ਤੋਂ ਉੱਪਰ ਉੱਠ ਕੇ ਚੁਣਨ ਦਾ ਸੁਨੇਹਾ ਦਿੱਤਾ।ਨਾਲ ਹੀ ਔਰਤਾਂ ਤੇ ਦਲਿਤਾਂ ਦੇ ਰਾਖਵੇਂਕਰਨ ਨੂੰ ਸਹੀ ਤੇ ਸੁਚੱਜੇ ਰੂਪ ਵਿੱਚ ਲਾਗੂ ਕਰਨ ਦੀ ਅਪੀਲ ਕੀਤੀ।

# 3 ਆਈਲੈਟਸ ਸੈਂਟਰਾਂ ਦੇ ਲਾਇਸੰਸ ਕੀਤੇ ਰੱਦ

**ਬਠਿੰਡਾ/ਭਗਤਾ ਭਾਈ ਕਾ, (ਪਰਵਿੰਦਰ ਜੀਤ ਸਿੰਘ/ਰਾਜੀਵ ਗੋਇਲ)** ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਨਿਰਦੇਸ਼ ਜਾਰੀ ਕਰਦੇ ਹੋਏ 3 ਆਈਲੈਟਸ ਸੈਂਟਰਾਂ ਦੇ ਲਾਇਸੰਸ ਰੱਦ ਕੀਤੇ ਹਨ। ਉਨ੍ਹਾਂ ਦੱਸਿਆ ਕਿ ਐਮ/ਐਸ ਲਾਰੈਂਸ ਇੰਗਲਿਸ਼ ਐਕੇਡਮ, ਐਮਸੀ ਨੰਬਰ 19889 ਨੇੜੇ ਡਾ. ਮਹੇਸ਼ਵਰੀ ਐਂਡ 100 ਫੁੱਟ ਰੋਡ ਬਠਿੰਡਾ ਜੋ ਰਜਨੀ ਲਾਰੈਂਸ ਪਤਨੀ ਅਨਲ ਲਾਰੈਂਸ ਵਾਸੀ ਹਾਊਸ 100 ਫੁੱਟ ਰੋਡ ਬਠਿੰਡਾ ਦੇ ਨਾਂਅ 'ਤੇ ਰਜਿਸਟਰਡ ਹੈ। ਉਕਤ ਫਰਮ ਦੇ ਲਾਇਸੰਸ ਦੀ ਮਿਆਦ ਖਤਮ ਹੋਣ ਉਪਰੰਤ ਲਾਇਸੰਸ ਨੂੰ ਮਿਆਦ ਖਤਮ ਹੋਣ ਦੀ ਮਿਤੀ ਤੋਂ ਦੋ ਮਹੀਨੇ ਪਹਿਲਾ ਫਾਰਮ ਨੰਬਰ 3 ਭਰ ਕੇ ਰੀਨਿਊ ਕਰਾਉਣਾ ਜ਼ਰੂਰੀ ਸੀ, ਇਸ ਸਬੰਧੀ ਉਕਤ ਫਰਮ ਨੂੰ 25 ਅਗਸਤ 2023 ਅਤੇ 10 ਜੁਲਾਈ 2024 ਨੂੰ ਨੋਟਿਸ ਜਾਰੀ ਕਰਕੇ ਲਾਇਸੰਸ ਰੀਨਿਊ ਕਰਨ ਸਬੰਧੀ ਹਦਾਇਤ ਵੀ ਕੀਤੀ ਗਈ ਸੀ, ਪਰ ਉਕਤ ਫਰਮ ਵੱਲੋਂ ਲਾਇਸੰਸ ਰੀਨਿਊ ਨਹੀਂ ਕਰਾਇਆ ਗਿਆ। ਇਸ ਲਈ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਦੇ ਸੈਕਸ਼ਨ ਤਹਿਤ ਲਾਇਸੰਸ ਤੁਰੰਤ ਪ੍ਰਭਾਵ ਤੋਂ ਰੱਦ ਕੀਤਾ ਜਾਂਦਾ ਹੈ। ਇਸੇ ਤਰ੍ਹਾਂ ਐਮ/ਐਸ ਕਾਲਜ ਆਫ਼ ਆਇਲੈਟਸ, ਅਜੀਤ ਰੋਡ ਬਠਿੰਡਾ ਜੋ ਸੰਦੀਪ ਪੁਰੀ ਪੁੱਤਰ ਦਵਿੰਦਰ ਪੁਰੀ ਵਾਸੀ ਭਗਤਾ ਭਾਈਕਾ ਦੇ ਨਾਂਅ 'ਤੇ ਦਰਜ ਸੀ, ਨੂੰ ਵੀ ਲਾਇਸੰਸ ਰੀਨਿਊ ਨਾ ਕਰਾਉਣ ਕਰਕੇ ਰੱਦ ਕਰ ਦਿੱਤਾ ਗਿਆ। ਇਸ ਤੋਂ ਇਲਾਵਾ ਐਮ.ਐਸ ਗਲੋਬ ਟਰੋਟਿੰਗ ਇਮੀਗ੍ਰੇਸ਼ਨ ਐਂਡ ਆਈਲੈਟਸ ਇੰਸਟੀਚਿਊਟ 100 ਫੁੱਟ ਰੋਡ ਬਠਿੰਡਾ, ਜੋ ਹਰਜਿੰਦਰ ਸਿੰਘ ਸਿੱਧੂ ਪੁੱਤਰ ਲਾਲ ਸਿੰਘ ਵਾਸੀ ਮਕਾਨ ਨੰਬਰ ਗਲੀ ਨੰਬਰ 4/2 ਬਾਬਾ ਫਰੀਦ ਨਗਰ ਨੂੰ ਲਾਇਸੰਸ ਰੀਨਿਊ ਨਾ ਕਰਾਉਣ ਕਰਕੇ ਰੱਦ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਫਰਮਾਂ ਦੇ ਖਿਲਾਫ਼ ਜੇਕਰ ਕੋਈ ਸ਼ਿਕਾਇਤ ਹੋਵੇਗੀ ਤਾਂ ਉਹ ਫਰਮਾਂ ਖੁਦ ਇਸ ਦਾ ਜ਼ਿੰਮੇਵਾਰ ਹੋਣਗੀਆਂ।

# ਬਠਿੰਡਾ ਪੁਲਸ ਨੇ ਦੋਹਰੇ ਕਤਲ ਦੇ 4 ਦੋਸ਼ੀ ਕੀਤੇ ਕਾਬੂ

**ਬਠਿੰਡਾ (ਪਰਵਿੰਦਰਜੀਤ ਸਿੰਘ, ਰਾਜੀਵ ਗੋਇਲ)** ਥਾਣਾ ਤਲਵੰਡੀ ਸਾਬੋ ਅਮਨੀਤ ਕੌਂਡਲ ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ ਬਠਿੰਡਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼੍ਰੀ ਅਜੈ ਗਾਂਧੀ ਬਠਿੰਡਾ ਦੀ ਰਹਿਨੁਮਾਈ ਹੇਠ ਮਾੜੇ ਅਨਸਰਾਂ ਖਿਲ਼ਾਫ ਚਲਾਈ ਗਈ ਮੁਹਿੰਮ ਤਹਿਤ ਡੀ.ਐਸ.ਪੀ. ਤਲਵੰਡੀ ਸਾਬੋ ਦੀ ਅਗਵਾਈ ਵਿੱਚ ਤੇ ਮੁੱਖ ਅਫ਼ਸਰ ਥਾਣਾ ਤਲਵੰਡੀ ਸਾਬੋ ਦੀ ਪੁਲਸ ਪਾਰਟੀ ਨੇ ਮੁਕੱਦਮਾ ਨੰਬਰ ਉਕਤ ਵਿੱਚ ਦੋ ਵਿਅਕਤੀਆਂ ਦੇ ਹੋਏ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਕਤਲ ਕਰਨ ਵਾਲੇ ਦੋਸ਼ੀਆਂ ਵਿੱਚੋਂ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ।ਮੁੱਦਈ ਨੇ ਬਿਆਨ ਦਰਜ ਕਰਾਇਆ ਕਿ ਮੰਦਰ ਸਿੰਘ ਵਾਸੀ ਜੀਵਨ ਸਿੰਘ ਵਾਲਾ ਸਮੇਤ ਆਪਣੇ ਲੜਕੇ (ਮਕਤੂਲ) ਅਮਰੀਕ ਸਿੰਘ ਉਮਰ ਕਰੀਬ 35 ਸਾਲ ਘਰ ਵਿੱਚ ਸੀ ਤਾਂ ਵਕਤ ਕਰੀਬ 9 ਵਜੇ ਰਾਤ ਇਹਨਾਂ ਦੇ ਘਰ ਦਾ ਮੇਨ ਗੇਟ ਕਿਸੇ ਨੇ ਜੋਰ ਦੀ ਖੜਕਾਇਆ ਤਾਂ ਅਮਰੀਕ ਸਿੰਘ ਨੇ ਜਾ ਕੇ ਮੇਨ ਗੇਟ ਖੋਲ੍ਹਿਆ ਤੇ ਰੌਲਾ ਸੁਣ ਕੇ ਮੁਦਈ ਮੁਕੱਦਮਾ ਤੇ ਉਸ ਦਾ ਪਤੀ ਮੰਦਰ ਸਿੰਘ, ਨੂੰਹ, ਪੋਤਾ ਵੀ ਅਮਰੀਕ ਸਿੰਘ ਦੇ ਪਿੱਛੇ ਚਲੇ ਗਏ ਤਾਂ ਦੇਖਿਆ ਕਿ ਇਨ੍ਹਾਂ ਦੇ ਗੇਟ ਅੱਗੇ ਏਕਮਜੋਤ ਸਿੰਘ ਪੁੱਤਰ ਜਗਮੀਤ ਸਿੰਘ ਮੁਸੱਲਾ ਰਾਡ ਲੋਹਾ, ਵਾਸੀ ਜੀਵਨ ਸਿੰਘ ਵਾਲਾ ਮਨਦੀਪ ਸਿੰਘ ਉਰਫ਼ ਮਨੀ ਮੁੱਸਲਾ ਰਾਡ ਲੋਹਾ, ਜਗਦੀਪ ਸਿੰਘ ਉਰਫ਼ ਹਨੀ ਮੁੱਸਲਾ ਲੋਹੇ ਦੀ ਹੱਥੀ ਪੁੱਤਰਾਨ ਬਲਵਿੰਦਰ ਸਿੰਘ ਵਾਸੀਆਨ ਜੀਵਨ ਸਿੰਘ ਵਾਲਾ ਅਤੇ ਜਸਪ੍ਰੀਤ ਸਿੰਘ ਉਰਫ ਜੱਸੂ ਪੁੱਤਰ ਬਲਵੰਤ ਸਿੰਘ ਵਾਸੀ ਚੱਠੇਵਾਲਾ ਮੁਸੱਲਾ ਗੰਡਾਸਾ ਅਤੇ ਇਨ੍ਹਾਂ ਦੇ ਨਾਲ 2/3 ਹੋਰ ਅਣਪਛਾਤੇ ਵਿਅਕਤੀ ਸਨ, ਜਿਨ੍ਹਾਂ ਪਾਸ ਵੀ ਬੇਸਬਾਲ ਸਨ, ਇਨ੍ਹਾਂ ਦੇ ਗੇਟ ਅੱਗੇ ਖੜੇ ਸਨ, ਜੋ ਅਮਰੀਕ ਸਿੰਘ ਨਾਲ ਬਹਿਸਬਾਜ਼ੀ ਤੇ ਗਾਲੀ ਗਲੋਚ ਕਰਨ ਲੱਗ ਪਏ ਤਾਂ ਏਕਮ ਨੇ ਲਲਕਾਰਾ ਮਾਰ ਕੇ ਕਿਹਾ ਕਿ ਅੱਜ ਕਤੂਰਾ ਲੈ ਕੇ ਜਾਵਾਂਗੇ, ਜਿਸ 'ਤੇ ਦੋਸ਼ੀਆਨ ਉਕਤਾਨ ਨੇ ਆਪਣੇ-ਆਪਣੇ ਹਥਿਆਰਾਂ ਨਾਲ ਅਮਰੀਕ ਸਿੰਘ ਉਪਰ ਹਮਲਾ ਕਰ ਦਿੱਤਾ, ਜਿਸ 'ਤੇ ਮੰਦਰ ਸਿੰਘ ਉਕਤ ਆਪਣੇ ਲੜਕੇ ਅਮਰੀਕ ਸਿੰਘ ਨੂੰ ਬਚਾਉਣ ਲਈ ਅੱਗੇ ਆਇਆ ਤਾਂ ਦੋਸੀਆਨ ਨੇ ਉਸ 'ਤੇ ਵੀ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਜੋ ਦੋਨੋਂ ਹੇਠਾਂ ਧਰਤੀ 'ਤੇ ਡਿੱਗ ਪਏ, ਜਿਸ 'ਤੇ ਮੁਦਈ ਮੁਕੱਦਮਾ ਨੇ ਇਨ੍ਹਾਂ ਨੂੰ ਛੁਡਾਉਣ ਦੀ ਕੋਸ਼ਿਸ ਕੀਤੀ ਤਾਂ ਦੋਸ਼ੀ ਮਨਦੀਪ ਸਿੰਘ ਨੇ ਆਪਣੀ ਦਸਤੀ ਰਾਡ ਲੋਹਾ ਦਾ ਵਾਰ ਮਾਰ ਦੇਣ ਦੀ ਨੀਅਤ ਨਾਲ ਮੁਦਈ ਮੁਕੱਦਮਾ ਦੇ ਸਿਰ 'ਤੇ ਕੀਤਾ, ਜਿਸ 'ਤੇ ਮੁਦਈ ਮੁਕੱਦਮਾ ਵੱਲੋਂ ਰੌਲਾ ਪਾਉਣ ਤੇ ਦੋਸ਼ੀਆਨ ਉਕਤਾਨ ਆਪਣੇ-ਆਪਣੇ ਹਥਿਆਰਾਂ ਸਮੇਤ ਮੌਕਾ ਤੋਂ ਭੱਜ ਗਏ।

ਅਮਰੀਕ ਸਿੰਘ ਤੇ ਮੰਦਰ ਸਿੰਘ ਉਕਤਾਨ ਨੂੰ ਇਲਾਜ ਲਈ ਸਿਵਲ ਹਸਪਤਾਲ ਬਠਿੰਡਾ ਲੈ ਕੇ ਜਾ ਰਹੇ ਸੀ, ਜੋ ਰਸਤੇ ਵਿੱਚ ਹੀ ਅਮਰੀਕ ਸਿੰਘ ਦੀ ਮੌਤ ਹੋ ਗਈ ਅਤੇ ਇਸ ਦੇ ਪਿਤਾ ਮੰਦਰ ਸਿੰਘ ਦੀ ਲੁਧਿਆਣਾ ਲੈ ਕੇ ਜਾਂਦੇ ਸਮੇਂ ਰਸਤੇ ਵਿੱਚ ਮੌਤ ਹੋ ਗਈ ਸੀ।ਵਾਰਦਾਤ ਦੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਬਠਿੰਡਾ ਪੁਲਿਸ ਦੇ ਮੁੱਖ ਅਫਸਰ ਥਾਣਾ ਤਲਵੰਡੀ ਸਾਬੋ ਦੀਆਂ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ, ਜੋ ਇਨ੍ਹਾਂ ਟੀਮਾਂ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਮੁਕੱਦਮਾ ਉਕਤ ਦੇ 04 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

# ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਨੇ ਵਕ਼ਫ ਐਕਟ ਦਾ ਡਟ ਕੇ ਕੀਤਾ ਵਿਰੋਧ

**ਮਾਲੇਰਕੋਟਲਾ (ਅਸਗਰ ਪਰਿਹਾਰ)** ਲੋਕ ਸਭਾ ਦੇ ਇਜਲਾਸ ਦੌਰਾਨ ਸੰਸਦੀ ਕਾਰਜ ਅਤੇ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜਿਜੂ ਵੱਲੋਂ ਵਕਫ਼ ਐਕਟ 1995 'ਚ ਸੋਧ ਲਈ ਵਕਫ਼ ਬਿੱਲ 2024 ਪੇਸ਼ ਬਿੱਲ ਦੀ ਮੁਸਲਿਮ ਭਾਈਚਾਰੇ ਨਾਲ ਸਬੰਧਤ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਵਕਫ ਬੋਰਡ ਸੋਧ ਬਿੱਲ ਦਾ ਜੰਮ ਕੇ ਵਿਰੋਧ ਕੀਤਾ।ਇਸ ਬਿੱਲ ਨੂੰ ਲੈ ਕੇ ਕਿਹਾ ਕਿ ਮੁਸਲਿਮ ਭਾਈਚਾਰਾ ਮੌਜੂਦਾ ਵਕਫ਼ ਐਕਟ ਵਿਚ ਕਿਸੇ ਵੀ ਤਰ੍ਹਾਂ ਦੀ ਸੋਧ ਨੂੰ ਮਨਜ਼ੂਰ ਨਹੀਂ ਕਰੇਗਾ। ਵਿਧਾਇਕ ਮਾਲੇਰਕੋਟਲਾ ਵੱਲੋਂ ਕਿਹਾ ਕਿ ਭਾਰਤ ਦੇ ਸੰਵਿਧਾਨ ਦੇ ਅਨੁਛੇਦ 25, 26, 27 ਤੇ 28 ਦੇ ਆਧਾਰ 'ਤੇ ਅਸੀਂ ਆਪਣੀ ਪਸੰਦ ਦੇ ਕਿਸੇ ਵੀ ਧਰਮ ਦਾ ਪ੍ਰਚਾਰ, ਅਭਿਆਸ ਤੇ ਪ੍ਰਸਾਰ ਕਰਨ ਲਈ ਆਜ਼ਾਦ ਹਾਂ।ਭਾਰਤ ਸਰਕਾਰ ਨੇ, ਆਜ਼ਾਦੀ ਤੋਂ ਬਾਅਦ, ਵਕਫ਼ ਸੰਪਤੀਆਂ ਨੂੰ ਵਕਫ਼ ਐਕਟ, 1954 ਦੀ ਇੱਕ ਛਤਰ ਛਾਇਆ ਵਿੱਚ ਲੈ ਕੇ ਉਨ੍ਹਾਂ ਦੀ ਪਵਿੱਤਰਤਾ ਅਤੇ ਸਨਮਾਨ ਨੂੰ ਕਾਇਮ ਰੱਖਣ ਲਈ ਵਕਫ਼ ਸੰਪਤੀਆਂ ਦਾ ਸਹੀ ਢੰਗ ਨਾਲ ਪ੍ਰਬੰਧਨ ਅਤੇ ਸਾਂਭ-ਸੰਭਾਲ ਕਰਨ ਲਈ ਇੱਕ ਰਸਤਾ ਪ੍ਰਦਾਨ ਕੀਤਾ ਹੈ।ਰਾਜ ਦਾ ਵਕਫ਼ ਬੋਰਡ ਵਿਧਾਨਿਕ ਬੋਰਡ ਹੈ।ਇਸ ਵਿੱਚ 1995 ਤੇ 2013 ਵਿੱਚ ਪਹਿਲਾ ਹੀ ਸੋਧਾਂ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਇਸ ਨੂੰ ਮੌਲਿਕ ਅਧਿਕਾਰਾਂ ਦੀ ਉਲੰਘਣਾ ਦੱਸਦਿਆਂ ਕਿਹਾ ਕਿ ਵਕਫ਼ ਬਿੱਲ 2024 'ਚ ਸੋਧ ਕਿਸੇ ਵੀ ਹਾਲ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਇਸ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਸਤਾਵਿਤ ਸੋਧ ਬਿੱਲ ਰਾਜ ਤੇ ਵਕਫ਼ ਬੋਰਡ ਦੇ ਬੁਨਿਆਦੀ ਅਤੇ ਸੰਵਿਧਾਨਕ ਅਧਿਕਾਰਾਂ ਦੀ ਸਿੱਧੀ ਉਲੰਘਣਾ ਹੈ।ਸੋਧ ਬਿੱਲ ਰਾਹੀਂ ਕੇਂਦਰ ਸਰਕਾਰ ਨੇ ਧਾਰਾ 40 ਨੂੰ ਹਟਾ ਕੇ ਵਕਫ਼ ਬੋਰਡਾਂ ਨੂੰ ਕਮਜ਼ੋਰ ਕਰਨ ਦੇ ਮਨਸੂਬੇ ਕਾਮਯਾਬ ਨਹੀਂ ਹੋਣ ਦਿੱਤੇ ਜਾਣਗੇ।ਉਨ੍ਹਾਂ ਹੋਰ ਕਿਹਾ ਕਿ ਧਾਰਾ 104 ਨੂੰ ਛੱਡਣਾ, ਭਾਵ ਇਸਲਾਮ ਦਾ ਦਾਅਵਾ ਨਾ ਕਰਨ ਵਾਲੇ ਵਿਅਕਤੀਆਂ ਦੁਆਰਾ ਦਾਨ ਕੀਤੀਆਂ ਜਾਇਦਾਦਾਂ, ਸੰਵਿਧਾਨ ਦੇ ਅਨੁਛੇਦ 21 ਦੇ ਅਧੀਨ ਪ੍ਰੀਭਾਸ਼ਤ ਕੀਤੇ ਗਏ ਵਿਅਕਤੀ ਦੀ ਨਿੱਜੀ ਸੁਤੰਤਰਤਾ ਦੀ ਦੁਬਾਰਾ ਉਲੰਘਣਾ ਹੈ।ਇਸ ਤੋਂ ਇਲਾਵਾ ਧਾਰਾ 107, 108, 108-ਏ ਨੂੰ ਛੱਡਣ ਨਾਲ ਮੁਸਲਿਮ ਭਾਈਚਾਰੇ ਦੇ ਹਿੱਤਾਂ ਨੂੰ ਖ਼ਤਰੇ ਵਿਚ ਪਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਘੱਟ ਗਿਣਤੀਆਂ ਲਈ ਬਹੁਤ ਘਾਤਕ ਹੈ।ਭਾਜਪਾ ਸਰਕਾਰ ਜਾਣ- ਬੁੱਝ ਕੇ ਮੁਸਲਿਮ ਸਮਾਜ ਦੇ ਅੰਦਰੂਨੀ ਮਸਲਿਆਂ 'ਚ ਦਖਲ ਦੇ ਰਹੀ ਹੈ।ਭਾਜਪਾ ਇਹ ਬਿੱਲ ਲਿਆ ਕੇ ਧਰਮ ਅਤੇ ਆਸਥਾ 'ਤੇ ਹਮਲਾ ਕਰ ਰਹੀ ਹੈ। ਬਿੱਲ ਮੁਸਲਮਾਨਾਂ ਨਾਲ ਬੇਇਨਸਾਫ਼ੀ ਕਰਨ ਵਰਗਾ ਹੈ। ਇਹ ਇੱਕ ਵੱਡੀ ਗ਼ਲਤੀ ਦੀ ਤਰ੍ਹਾਂ ਹੈ, ਜਿਸ ਦੇ ਸਦੀਆਂ ਤੱਕ ਨਤੀਜੇ ਭੁਗਤਣੇ ਪੈਣਗੇ, ਇਹ ਕਿਸੇ ਵੀ ਧਰਮ ਵਿੱਚ ਦਖਲ ਦੇਣ ਦੇ ਬਰਾਬਰ ਹੀ ਹੈ।

# ਸੰਗਤਾਂ ਹੱਥੀਂ ਲੰਗਰ ਦੀਆਂ ਸੇਵਾਵਾਂ ਨਿਭਾਉਣ ਸਰਕਾਰੀ ਹਸਪਤਾਲਾਂ 'ਚ : ਲਵਲੀ




**ਨਾਭਾ (ਵਰਿੰਦਰ ਵਰਮਾ)** ਲੋੜਵੰਦਾਂ ਦੀ ਮਦਦ ਲਈ ਹਰ ਪੱਖੋਂ ਪਿਛਲੇ ਲੰਮੇ ਸਮੇਂ ਤੋਂ ਇਲਾਕੇ ਵਿੱਚ ਸੇਵਾਵਾਂ ਨਿਭਾਉਂਦੀ ਆ ਰਹੀ ਸ਼ਹੀਦ ਬਾਬਾ ਦੀਪ ਸਿੰਘ ਵੈਲਫ਼ੇਅਰ ਸੇਵਾ ਸੁਸਾਇਟੀ ਰਜਿ ਵੱਲੋਂ ਗ਼ਰੀਬ ਦਾ ਮੁੱਖ ਗੁਰੂ ਦੀ ਗੋਲਕ ਨੂੰ ਮੁੱਖ ਰੱਖਦਿਆਂ ਲਗਾਤਾਰ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਿਸਾਂ ਲਈ ਲੰਗਰ ਦੀਆਂ ਸੇਵਾਵਾਂ ਜਾਰੀ ਹਨ, ਜਿਸ ਦੇ ਚੱਲਦਿਆਂ ਮੁੜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੀਜੀਆਈ ਹਸਪਤਾਲ ਚੰਡੀਗੜ੍ਹ ਦੇ ਦੋ ਨੰਬਰ ਗੇਟ ਓਪੀਡੀ ਵਾਲਾ ਗੇਟ ਛੋਟੀ ਪੀਜੀਆਈ 32 ਸੈਕਟਰ ਕੈਂਸਰ ਹਸਪਤਾਲ ਨਿਊ ਚੰਡੀਗੜ੍ਹ, ਮੁੱਲਾਂਪੁਰ ਪਟਿਆਲਾ ਰਜਿੰਦਰ, ਨਾਭਾ ਸਰਕਾਰੀ ਹਸਪਤਾਲ, ਕੈਂਸਰ ਹਸਪਤਾਲ ਸੰਗਰੂਰ ਤੇ ਸੰਗਰੂਰ ਦੇ ਸਰਕਾਰੀ ਹਸਪਤਾਲ ਵਿੱਚ ਨਾਭਾ ਤੋਂ ਲੰਗਰ ਤਿਆਰ ਕਰ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਭੇਜਿਆ ਗਿਆ।

ਸੰਸਥਾ ਦੇ ਮੁੱਖ ਸੇਵਾਦਾਰ ਭਾਈ ਅਮਨਦੀਪ ਸਿੰਘ ਲਵਲੀ ਰਵਿੰਦਰ ਸਿੰਘ ਜਸਵਿੰਦਰ ਪਾਲ ਸਿੰਘ ਅੰਟਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਮਹੀਨਾ ਵਾਰੀ ਹੋਮੋਪੈਥਿਕ ਦੇ ਕੈਂਪ ਦੰਦਾਂ ਦੇ ਇਲਾਜ ਦੇ ਮੁਫ਼ਤ ਕੈਂਪਾਂ ਤੋਂ ਇਲਾਵਾ ਆਕਸੀਜਨ ਦੇ ਕੰਸਟਰੇਟਰਾਂ ਦੇ ਲੰਗਰ ਮਹੀਨਾ ਵਾਰੀ ਰਾਸ਼ਨ ਲੋੜਵੰਦਾਂ ਲਈ ਮੈਡੀਕਲ ਸੁਵਿਧਾ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਲਈ ਪੜ੍ਹਾਈ ਦੇ ਕਾਰਜ ਗੁਰੂ ਸਾਹਿਬ ਦੀ ਕ੍ਰਿਪਾ ਤੇ ਸੰਗਤ ਦੇ ਅਥਾਹ ਸਹਿਯੋਗ ਨਾਲ ਲਗਾਤਾਰ ਜਾਰੀ ਹੈ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਆਪਣੇ ਹੱਥੀ ਲੋੜਵੰਦਾਂ ਦੀ ਮਦਦ ਕਰੋ ਤੇ ਸੰਸਥਾ ਵੱਲੋਂ ਲੰਗਰ ਭੇਜੇ ਜਾਣ ਸਮੇਂ ਆਪ ਨਾਲ ਜਾ ਕੇ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਲੰਗਰ ਵਰਤਾਉਣ ਦੀਆਂ ਸੇਵਾਵਾਂ ਨਿਭਾਈਆਂ ਜਾਣ ਤਾਂ ਜੁ ਸੰਗਤਾਂ ਨੂੰ ਪਤਾ ਲੱਗੇ ਕਿ ਅਸਲ ਲੋੜਵੰਦਾਂ ਲਈ ਲੰਗਰ ਕਿਸ ਜਗ੍ਹਾ ਤੇ ਕਿੱਥੇ ਲੋੜ ਹੈ।

# ਸਿਵਲ ਹਸਪਤਾਲ 'ਚ ਬਾਇਓ ਮੈਡੀਕਲ ਵੇਸਟ ਵਰਕਸ਼ਾਪ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਦੇਵ ਸਮਾਜ ਕਾਲਜ ਫ਼ਾਰ ਵਿਮਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਏ+ ਗ੍ਰੇਡ ਹਾਸਲ ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੀ ਛਤਰ-ਛਾਇਆ ਤੇ ਪ੍ਰਿੰਸੀਪਲ ਡਾ. ਸੰਗੀਤਾ ਦੀ ਯੋਗ ਅਗਵਾਈ ਹੇਠ ਵਿੱਦਿਅਕ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਲਗਾਤਾਰ ਅੱਗੇ ਵਧ ਰਿਹਾ ਹੈ।ਇਸੇ ਲੜੀ ਤਹਿਤ ਕਾਲਜ ਦੇ ਹਸਪਤਾਲ ਪ੍ਰਸ਼ਾਸਨ ਤੇ ਪ੍ਰਬੰਧਨ ਵਿਭਾਗ ਅਤੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ, ਸਿਵਲ ਹਸਪਤਾਲ, ਫਿਰੋਜ਼ਪੁਰ ਵਿਖੇ ਇੱਕ ਬਾਇਓਮੈਡੀਕਲ ਵੇਸਟ ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਦੌਰੇ ਦਾ ਮੁੱਖ ਉਦੇਸ਼ ਬਾਇਓਮੈਡੀਕਲ ਵੇਸਟ (ਬੀਐੱਮਡਬਲਯੂ) ਦੀ ਸਹੀ ਵੰਡ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ, ਜੋ ਸਿਹਤ ਸੰਭਾਲ ਕ੍ਰਮਚਾਰੀਆਂ, ਮਰੀਜ਼ਾਂ ਤੇ ਵਾਤਾਵਰਣ ਦੀ ਸੁਰੱਖਿਆ ਲਈ ਮਹੱਤਵਪੂਰਨ ਸੀ।ਵਰਕਸ਼ਾਪ ਵਿੱਚ ਵਿਦਿਆਰਥਣਾਂ ਨੇ ਹਸਪਤਾਲ ਸਟਾਫ਼ ਮੈਂਬਰਜ਼ ਨੂੰ ਆਪੋ-ਆਪਣੇ ਵਿਭਾਗਾਂ ਵਿੱਚ ਰਹਿੰਦ-ਖੂੰਹਦ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਅਤੇ ਨਿਪਟਾਰਾ ਕਰਨ, ਕਾਨੂੰਨੀ ਲੋੜਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਜਨਤਕ ਸਿਹਤ ਦੀ ਸੁਰੱਖਿਆ ਬਾਰੇ ਬਿਹਤਰ ਸਮਝ ਦਿੱਤੀ। ਬਾਇਓ-ਮੈਡੀਕਲ ਵੇਸਟ ਸੇਗਰੀਗੇਸ਼ਨ 'ਤੇ ਵਰਕਸ਼ਾਪ ਲਈ ਸਿਵਲ ਹਸਪਤਾਲ ਦਾ ਦੌਰਾ ਬਹੁਤ ਮਹੱਤਵਪੂਰਨ ਰਿਹਾ।ਡਾ. ਸਾਨੀਆ ਗਿੱਲ ਨੇ ਦੱਸਿਆ ਕਿ ਵਿਦਿਆਰਥਣਾਂ ਦੁਆਰਾ ਚਲਾਈ ਜਾਗਰੂਕਤਾ ਮੁਹਿੰਮ ਦੌਰਾਨ ਹਸਪਤਾਲ ਵਿਖੇ ਹੈਲਥਕੇਅਰ ਸੈਟਿੰਗਾਂ ਵਿੱਚ ਸਖ਼ਤ ਕੂੜਾ ਪ੍ਰਬੰਧਨ ਅਭਿਆਸਾਂ ਦੀ ਲੋੜ, ਪ੍ਰਾਪਤ ਗਿਆਨ ਨੂੰ ਸਹੀ ਢੰਗ ਨਾਲ ਲਾਗੂ ਕਰਨ, ਹਸਪਤਾਲ ਦੇ ਸਟਾਫ਼ ਤੇ ਕਮਿਊਨਿਟੀ ਦੋਵਾਂ ਲਈ ਇੱਕ ਸੁਰੱਖਿਅਤ ਤੇ ਸਿਹਤਮੰਦ ਵਾਤਾਵਰਣ ਬਣ ਕੇ ਰੱਖਣ ਬਾਰੇ ਦੱਸਿਆ। ਇਸ ਮੌਕੇ ਡਾ. ਸੰਗੀਤਾ ਨੇ ਸਾਨੀਆ ਗਿੱਲ ਨੂੰ ਪ੍ਰੋਗਰਾਮ ਦੇ ਸਫ਼ਲ ਆਯੋਜਨ ਤੇ ਵਧਾਈ ਦਿੱਤੀ।ਉਨ੍ਹਾਂ ਵਿਦਿਆਰਥਣਾਂ ਨੂੰ ਜਾਗਰੂਕਤਾ ਮੁਹਿੰਮ ਦੌਰਾਨ ਬਾਇਓ-ਮੈਡੀਕਲ ਵੇਸਟ ਸੇਗਰੀਗੇਸ਼ਨ 'ਤੇ ਵਰਕਸ਼ਾਪ ਵਿੱਚ ਜਾਗਰੂਕਤਾ ਫੈਲਾਉਣ 'ਤੇ ਉਨ੍ਹਾਂ ਦੀ ਸ਼ਲਾਘਾ ਕੀਤੀ ਅਤੇ ਕਾਲਜ ਵਿੱਚ ਕਰਾਈਆਂ ਜਾਣ ਵਾਲੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਤ ਕੀਤਾ।ਕਾਲਜ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ ਆਪਣੀਆਂ ਸ਼ੁਭ ਕਾਮਨਾਵਾਂ ਦਿੱਤੀਆਂ।

## ਪਿੰਡ ਪੱਕਾ 'ਚ ਹੋਇਆ 6 ਲੱਖ ਦੀ ਲਾਗਤ ਨਾਲ ਸਕੂਲ ਪਾਰਕ ਦਾ ਨਿਰਮਾਣ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਛੱਡ ਰਹੀ, ਉੱਥੇ ਬੱਚਿਆਂ ਨੂੰ ਉਚੇਰੀ ਸਿੱਖਿਆ ਦੇ ਨਾਲ ਨਾਲ ਉਨ੍ਹਾਂ ਦੇ ਮਾਨਸਿਕ ਵਿਕਾਸ ਲਈ ਵੀ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਪੱਕਾ ਵਿਖੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਮਾਨਸਿਕ ਵਿਕਾਸ ਤੇ ਉਨ੍ਹਾਂ ਨੂੰ ਤਣਾਅ ਮੁਕਤ ਕਰਨ ਦੇ ਮਕਸਦ ਨਾਲ ਮਨੋਰੰਜਨ ਵਾਲਾ ਮਾਹੌਲ ਦੇਣ ਲਈ ਮਗਨਰੇਗਾ ਅਧੀਨ 06 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਪਾਰਕ ਦਾ ਨਿਰਮਾਣ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪਾਰਕ ਦੇ ਬਣਨ ਨਾਲ ਬੱਚਿਆਂ ਨੂੰ ਸਕੂਲ ਦੇ ਵਿੱਚ ਪੜ੍ਹਾਈ ਦੇ ਗਿਆਨ ਦੇ ਨਾਲ ਨਾਲ ਉਨ੍ਹਾਂ ਦੀ ਸਰੀਰਕ ਸਿਹਤ ਤੰਦਰੁਸਤ ਹੋਵੇਗੀ।ਇਸ ਪਾਰਕ ਦੇ ਬਣਨ ਨਾਲ ਹੁਣ ਬੱਚੇ ਪਾਰਕ ਵਿੱਚ ਬੈਠ ਕੇ ਖਾਣਾ ਖਾਂਦੇ ਹਨ ਤੇ ਖੇਡਾਂ ਖੇਡਦੇ ਹਨ, ਜਿਸ ਨਾਲ ਉਨ੍ਹਾਂ ਦਾ ਮਾਨਸਿਕ ਵਿਕਾਸ ਤੇ ਸਰੀਰਕ ਵਿਕਾਸ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਅਜਿਹੇ ਕਾਰਜ ਜ਼ਿਲ੍ਹੇ ਵਿੱਚ ਲਗਾਤਾਰ ਜਾਰੀ ਰਹਿਣਗੇ।

# ਸਿੱਖ ਜਥੇਬੰਦੀਆਂ ਨੇ ਐੱਸ ਪੀ (ਡੀ) ਨੂੰ ਸੌਂਪਿਆ ਮੰਗ ਪੱਤਰ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਇੰਟਰਨੈਸ਼ਨਲ ਪੰਥਕ ਦਲ, ਕਲਗੀਧਰ ਅੰਮ੍ਰਿਤ ਸੰਚਾਰ ਜਥਾ, ਸਟੂਡੈਂਟ ਫੈਡਰੇਸ਼ਨ (ਮਹਿਤਾ), ਏਕਨੂਰ ਖਾਲਸਾ ਫੌਜ ਸਿੱਖ ਜਥੇਬੰਦੀਆਂ ਨੇ ਐੱਸਐੱਸਪੀ ਫ਼ਿਰੋਜ਼ਪੁਰ ਦੇ ਨਾਂਅ ਐੱਸਪੀ (ਡੀ) ਰਣਧੀਰ ਕੁਮਾਰ ਨੂੰ ਪਿਛਲੇ ਦਿਨੀਂ ਬਾਬਾ ਵਡਭਾਗ ਸਿੰਘ ਦੇ ਪੈਰੋਕਾਰਾਂ ਵੱਲੋਂ ਫ਼ਿਰੋਜ਼ਪੁਰ ਵਿਖੇ ਕਰਾਏ ਸਮਾਗਮਾਂ ਤੇ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਹੋਈ ਬੇਅਦਬੀ ਸਬੰਧੀ ਕਾਨੂੰਨੀ ਕਾਰਵਾਈ ਸਬੰਧੀ ਮੰਗ ਪੱਤਰ ਦਿੱਤੇ ਗਏ।

ਭਾਈ ਲਖਵੀਰ ਸਿੰਘ ਮਹਾਲਮ, ਬਾਬਾ ਸਤਿਨਾਮ ਸਿੰਘ ਵੱਲੀਆਂ, ਭਾਈ ਜਸਪਾਲ ਸਿੰਘ ਆਦਿ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਬਾਬਾ ਵਡਭਾਗ ਸਿੰਘ ਦੇ ਪੈਰੋਕਾਰ ਲੋਕਾਂ ਦਾ ਧਾਰਮਿਕ ਅਤੇ ਆਰਥਿਕ ਸੋਸ਼ਣ ਕਰਦੇ ਹਨ ਅਤੇ ਪਿਛਲੇ ਦਿਨੀਂ ਇਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਦੇ ਉਲਟ ਸਮਾਗਮ ਕਰਾਏ, ਪਰ ਪ੍ਰਸ਼ਾਸਨ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ। ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਛਾਉਣੀ ਵਿਖੇ ਪੁਰਾਤਨ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਜੀ ਬਾਜ਼ਾਰ ਨੰਬਰ 7 ਵਿਖੇ ਜਦੋਂ ਸਿੱਖ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਨ ਗਈਆਂ ਤਾਂ ਕੁਲਦੀਪ ਕੌਰ, ਗੁਰਿੰਦਰ ਸਿੰਘ ਤੇ ਉਸ ਦੇ ਪਰਿਵਾਰ ਵੱਲੋਂ ਦਰਵਾਜ਼ਾ (ਗੁਰਦੁਆਰਾ ਸਾਹਿਬ ਦਾ ਮੁੱਖ ਦਰਵਾਜਾ) ਬੰਦ ਕਰਕੇ ਧਾਰਮਿਕ ਕੰਮ ਵਿਚ ਵਿਘਨ ਪਾਇਆ, ਜਿਸ ਨਾਲ ਸਾਡੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਤੇ ਅਸੀਂ ਪ੍ਰਸ਼ਾਸਨ ਪਾਸੋਂ ਮੰਗ ਕਰਦੇ ਹਾਂ ਕੁਲਦੀਪ ਕੌਰ, ਗੁਰਿੰਦਰ ਸਿੰਘ ਅਤੇ ਉਸ ਦੇ ਪਰਿਵਾਰ ਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਧਾਰਮਿਕ ਕੰਮ ਵਿੱਚ ਵਿਘਨ ਪਾਉਣ ਸਬੰਧੀ ਪਰਚਾ ਦਰਜ ਕੀਤਾ ਜਾਵੇ ਤੇ ਜੇਕਰ ਪ੍ਰਸ਼ਾਸਨ ਨੇ ਬਣਦੀ ਕਾਰਵਾਈ ਨਾ ਕੀਤੀ ਤਾਂ ਸਿੱਖ ਜਥੇਬੰਦੀਆਂ ਨੂੰ ਸੜਕ ਤੇ ਉਤਰਨ ਲਈ ਮਜ਼ਬੂਰ ਹੋਣਾ ਪਵੇਗਾ, ਜਿਸ ਦੀ ਜ਼ਿੰਮੇਵਾਰੀ ਸਿਵਲ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

# ਬਿਜਲੀ ਕਰਮਚਾਰੀਆਂ ਨੇ ਮੰਗਾਂ ਨੂੰ ਲੈ ਕੇ ਲਾਇਆ ਧਰਨਾ



**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਵੱਲੋਂ ਦਿੱਤੇ ਨੋਟਿਸ ਅਨੁਸਾਰ ਬਿਜਲੀ ਕ੍ਰਮਚਾਰੀਆਂ ਵੱਲੋਂ 10, 11 ਤੇ 12 ਸਤੰਬਰ 2024 ਤੱਕ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਾਰੇ ਸਾਥੀ ਸਮੂਹਿਕ ਛੁੱਟੀ 'ਤੇ ਜਾ ਰਹੇ ਹਨ।

ਧਰਨੇ ਦੀ ਪ੍ਰਧਾਨਗੀ ਸਾਥੀ ਰਾਜੇਸ਼ ਦੱਤਾ ਦੀ ਅਗਵਾਈ ਵਿਚ ਸਿਟੀ ਡਵੀਜ਼ਨ ਦੇ ਸਾਹਮਣੇ ਵੱਡੀ ਗਿਣਤੀ ਵਿਚ ਬਿਜਲੀ ਮੁਲਾਜ਼ਮਾਂ ਵੱਲੋਂ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦੇ ਹੋਏ ਆਗੂ ਸਾਥੀ ਸਰਕਲ ਪ੍ਰਧਾਨ ਜਗਤਾਰ ਸਿੰਘ, ਅਸ਼ਵਨੀ ਕੁਮਾਰ ਸਰਕਲ ਪ੍ਰਧਾਨ, ਰਾਜੇਸ਼ ਦੇਵਗਨ ਸਬ ਅਰਬਨ ਮੰਡਲ ਪ੍ਰਧਾਨ, ਸਤੀਸ਼ ਕੁਮਾਰ ਮੀਤ ਪ੍ਰਧਾਨ ਪੰਜਾਬ, ਰਾਕੇਸ਼ ਸੈਣੀ, ਕੁਲਵੰਤ ਸਿੰਘ, ਸੁਖਚੈਨ ਸਿੰਘ, ਰਵੀ ਸ਼ਰਮਾ ਬਾਜੀਦਪੁਰ, ਤਰਲੋਚਨ ਸਿੰਘ, ਅਮੋਲਕ ਸਿੰਘ, ਰਮਨਦੀਪ ਸਿੰਘ, ਅਵਤਾਰ ਸਿੰਘ, ਗੁਰਦੇਵ ਸਿੰਘ, ਰਾਮ ਸੁੱਖ, ਰਜਿੰਦਰ ਸ਼ਰਮਾ, ਨੰਦ ਲਾਲ, ਜਗਸੀਰ ਸਿੰਘ, ਰੇਸ਼ਮ ਸਿੰਘ ਆਦਿ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਬਿਜਲੀ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਮੁਤਾਬਕ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਦਿੱਤਾ ਹੋਇਆ ਹੈ, ਜੋ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਟਾਲ-ਮਟੋਲ ਕੀਤਾ ਜਾ ਰਿਹਾ ਹੈ, ਜਿਸ ਦਾ ਬਿਜਲੀ ਮੁਲਾਜ਼ਮਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨੇ ਮੀਟਿੰਗ ਦੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਹੱਲ ਨਾ ਕੀਤੀਆਂ ਤਾਂ ਬਿਜਲੀ ਮੁਲਾਜ਼ਮ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੇ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਹੋਵੇਗੀ।

## ਕਾਰ ਤੇ ਮੋਟਰਸਾਈਕਲ ਦੀ ਟੱਕਰ 'ਚ ਲੱਤਾਂ ਟੁੱਟੀਆਂ, ਮਾਮਲਾ ਦਰਜ

**ਫ਼ਿਰੋਜ਼ਪੁਰ, (ਅਸ਼ੋਕ ਸ਼ਰਮਾ)** ਨੇੜੇ ਬਰਡ ਸੈਂਚੂਰੀ ਜਲੰਧਰ ਰੋਡ ਵਿਖੇ ਕਾਰ ਤੇ ਮੋਟਰਸਾਈਕਲ ਦੀ ਟੱਕਰ ਵਿੱਚ ਇੱਕ ਵਿਅਕਤੀ ਦੀਆਂ ਦੋਵੇਂ ਲੱਤਾਂ ਟੁੱਟਣ ਦੀ ਖਬਰ ਮਿਲੀ। ਪੁਲਸ ਨੇ ਕਾਰ ਚਾਲਕ ਖਿਲਾਫ 281, 125 (ਏ), 125 (ਬੀ), 324 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਜੁਗਰਾਜ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਅਮੀ ਵਾਲਾ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਖੇਤ ਗੇੜਾ ਮਾਰਨ ਜਾ ਰਿਹਾ ਸੀ, ਜਦ ਉਹ ਬਰਡ ਸੈਂਚੂਰੀ ਪਾਸ ਪੁੱਜਾ ਤਾਂ ਮੂਹ ਪਾਸਿਓਂ ਇਕ ਕਾਰ ਤੇਜ਼ ਰਫਤਾਰ ਨਾਲ ਆਈ, ਜਿਸ ਦੇ ਚਾਲਕ ਰਘਬੀਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਤਤੀਰੇ ਵਾਲਾ ਥਾਣਾ ਮਹਿਣਾ ਜ਼ਿਲ੍ਹਾ ਮੋਗਾ ਨੇ ਲਾਪ੍ਰਵਾਹੀ ਨਾਲ ਕਾਰ ਉਸ ਦੇ ਮੋਟਰਸਾਈਕਲ ਵਿਚ ਮਾਰੀ। ਇਸ ਹਾਦਸੇ ਵਿੱਚ ਉਸ ਦੀਆਂ ਦੋਵੇਂ ਲੱਤਾਂ ਪੱਟ ਕੋਲੋਂ ਟੁੱਟ ਗਈਆਂ। ਜੁਗਰਾਜ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਡੀਐੱਮਸੀ ਲੁਧਿਆਣਾ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਕਾਰ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# 'ਖੇਡਾਂ ਵਤਨ ਪੰਜਾਬ ਦੀਆਂ' ਅਧੀਨ ਜ਼ਿਲ੍ਹਾ ਪੱਧਰੀ ਖੇਡਾਂ 16 ਤੱਕ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਪੰਜਾਬ ਸਰਕਾਰ ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ-2024 ਸੀਜ਼ਨ 3 ਅਧੀਨ ਜ਼ਿਲ੍ਹਾ ਪੱਧਰੀ ਖੇਡਾਂ 12 ਸਤੰਬਰ ਤੋਂ ਕਰਾਈਆਂ ਜਾ ਰਹੀਆਂ ਹਨ।ਜ਼ਿਲ੍ਹਾ ਖੇਡ ਅਫ਼ਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ ਦੀਆਂ ਇਨ੍ਹਾਂ ਖੇਡਾਂ ਵਿੱਚ 20 ਖੇਡਾਂ ਦੇ ਟੂਰਨਾਮੈਂਟ ਕਰਾਏ ਜਾ ਰਹੇ ਹਨ, ਜੋ 16 ਸਤੰਬਰ ਤੱਕ ਕਰਾਏ ਜਾਣਗੇ।ਇਨ੍ਹਾਂ ਖੇਡਾਂ ਵਿੱਚ ਅੰਡਰ 14, ਅੰਡਰ 17 ਤੇ ਅੰਡਰ 21 (ਲੜਕੇ ਅਤੇ ਲੜਕੀਆਂ) ਦੇ ਖੇਡ ਮੁਕਾਬਲੇ 12 ਸਤੰਬਰ ਤੋਂ 14 ਸਤੰਬਰ ਤੱਕ ਤੇ ਬਾਅਦ ਵਾਲੇ ਏਜ਼ ਗਰੁੱਪ 15 ਸਤੰਬਰ ਤੋਂ 16 ਸਤੰਬਰ ਤੱਕ ਕਰਾਏ ਜਾਣਗੇ।ਉਨ੍ਹਾਂ ਦੱਸਿਆ ਕਿ ਜੇਕਰ ਪਹਿਲੇ ਏਜ਼ ਗਰੁੱਪਾਂ ਵਿੱਚੋਂ ਕੋਈ ਏਜ਼ ਗਰੁੱਪ ਦਾ ਟੂਰਨਾਮੈਂਟ ਨਿਰਧਾਰਤ ਵਿੱਚ ਕਰਾਉਣ ਤੋਂ ਰਹਿ ਜਾਵੇਗਾ ਤਾਂ ਉਹ ਅਗਲੀਆਂ ਮਿਤੀਆਂ ਵਿੱਚ ਕਰਾਇਆ ਜਾਵੇਗਾ।ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਦੇ ਉਮਰ ਮਾਪਦੰਡ ਅੰਡਰ 14 ਲਈ ਖਿਡਾਰੀ ਦਾ ਜਨਮ ਮਿਤੀ 01-01-2011 ਤੋਂ ਬਾਅਦ, ਅੰਡਰ 17 ਲਈ 01-01-2008 ਤੋਂ ਬਾਅਦ, ਅੰਡਰ 21 ਲਈ 01-01-2004 ਤੋਂ ਬਾਅਦ, 21 ਤੋਂ 30 ਲਈ 01-01-1994 ਤੋਂ 31-12-2003 ਤੱਕ, 31 ਤੋਂ 40 ਲਈ 01-01-1984 ਤੋਂ 31-12-1993 ਤੱਕ, 41 ਤੋਂ 50 ਲਈ 01-01-1974 ਤੋਂ 31-12-1983 ਤੱਕ, 51 ਤੋਂ 60 ਵਰਗ ਲਈ ਮਿਤੀ 01-01-1964 ਤੋਂ 31-12-1973 ਤੱਕ, 61 ਤੋਂ 70 ਲਈ 01-01-1954 ਤੋਂ 31-12-1963 ਤੱਕ ਤੇ 70 ਸਾਲ ਤੋਂ ਉੱਪਰ ਦੇ ਉਮਰ ਵਰਗ ਲਈ 31-12-1953 ਜਾਂ ਉਸ ਤੋਂ ਪਹਿਲਾਂ ਦਾ ਜਨਮ ਹੋਣਾ ਚਾਹੀਦਾ ਹੈ।ਇਨ੍ਹਾਂ ਖੇਡਾਂ ਲਈ ਵਧੇਰੇ ਜਾਣਕਾਰੀ ਲਈ ਦਫਤਰ ਜ਼ਿਲ੍ਹਾ ਖੇਡ ਅਫ਼ਸਰ ਫ਼ਰੀਦਕੋਟ ਵਿਖੇ ਤਾਲਮੇਲ ਕੀਤਾ ਜਾ ਸਕਦਾ ਹੈ।ਇਨ੍ਹਾਂ ਖੇਡਾਂ ਵਿਚ ਭਾਗ ਲੈਣ ਲਈ ਖਿਡਾਰੀ ਪੰਜਾਬ ਰਾਜ ਦਾ ਵਸਨੀਕ ਹੋਣਾ ਚਾਹੀਦਾ ਹੈ ਤੇ ਉਸ ਕੋਲ ਰਿਹਾਇਸ਼ੀ ਸਰਟੀਫਿਕੇਟ ਜਾਂ ਪੰਜਾਬ ਦਾ ਆਧਾਰ ਕਾਰਡ ਹੋਣਾ ਚਾਹੀਦਾ ਹੈ।ਪੰਜਾਬ ਸਰਕਾਰ ਦੇ ਵਿਭਾਗਾਂ ਵਿੱਚ ਕੰਮ ਕਰਦੇ ਕ੍ਰਮਚਾਰੀ, ਜੋ ਚੰਡੀਗੜ੍ਹ ਵਿੱਚ ਰਹਿ ਰਹੇ ਹਨ, ਖੁਦ ਤੇ ਉਨ੍ਹਾਂ ਦੇ ਆਸ਼ਰਿਤ ਵੀ ਖੇਡਾਂ ਵਿੱਚ ਭਾਗ ਲੈ ਸਕਦੇ ਹਨ।ਉਨ੍ਹਾਂ ਦੱਸਿਆ ਕਿ ਇੱਕ ਖਿਡਾਰੀ ਇੱਕ ਟੀਮ ਜਾਂ ਵਿਅਕਤੀਗਤ ਖੇਡ ਵਿੱਚ ਵੱਧ ਤੋਂ ਵੱਧ ਦੋ ਈਵੈਂਟਾਂ ਵਿੱਚ ਭਾਗ ਲੈ ਸਕਦਾ ਹੈ।ਇਕ ਖਿਡਾਰੀ ਇੱਕ ਉਮਰ ਵਰਗ ਵਿੱਚ (ਜੋ ਅਸਲ ਉਮਰ ਦੇ ਹਿਸਾਬ ਨਾਲ ਹੈ) ਵਿੱਚ ਹਿੱਸਾ ਲੈ ਸਕਦਾ ਹੈ।ਸਾਰੇ ਸਕੂਲ, ਪਿੰਡਾਂ ਰਜਿਸਟਰ ਯੂਥ ਕਲੱਬਾਂ, ਰਜਿਸਟਰਡ ਅਕੈਡਮੀਆਂ, ਸ਼ਹਿਰ ਬਲਾਕ/ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਭਾਗ ਲੈ ਸਕਦੇ ਹਨ।ਇਸ ਖੇਡ ਮੇਲੇ ਦੌਰਾਨ ਲੋੜ ਪੈਣ 'ਤੇ ਖਿਡਾਰੀਆਂ ਦਾ ਡੋਪ ਟੈੱਸਟ ਕਿਸੇ ਵੀ ਸਮੇਂ ਕਰਾਇਆ ਜਾ ਸਕਦਾ ਹੈ।ਕਿਸੇ ਵੀ ਟੀਮ ਨੂੰ ਆਉਣ ਜਾਣ ਦਾ ਕਿਰਾਇਆ ਨਹੀਂ ਦਿੱਤਾ ਜਾਵੇਗਾ। ਟੀਮ ਖੇਡਾਂ ਲਈ ਸਬੰਧਤ ਸਕੂਲ/ਸੰਸਥਾ/ਕਲੱਬ ਵੱਲੋਂ ਪੂਰੀ ਟੀਮ ਦੀ ਐਂਟਰੀ ਕੀਤੀ ਜਾਵੇ, ਅਧੂਰੀ ਟੀਮ ਸਵੀਕਾਰ ਨਹੀਂ ਕੀਤੀ ਜਾਵੇਗੀ। ਇਸਤੋਂ ਇਲਾਵਾ ਕੋਸ਼ਿਸ਼ ਕੀਤੀ ਜਾਵੇ ਟੀਮ ਦੇ ਖਿਡਾਰੀਆਂ ਦੀ ਖੇਡ ਕਿੱਟ ਇੱਕੋ ਜਿਹੀ ਹੋਵੇ।ਖਿਡਾਰੀ ਆਪਣੀ ਉਮਰ ਦੇ ਸਬੂਤ ਵਜੋਂ ਆਧਾਰ ਕਾਰਡ/ਪੈੱਨ ਕਾਰਡ ਜਾਂ ਕੋਈ ਹੋਰ ਆਈਡੀ ਪਰੂਫ਼ ਆਪਣੇ ਨਾਲ ਲੈ ਕੇ ਆਉਣਗੇ।

# ਹਿੰਦੂਆਂ ਨਾਲ ਹੋ ਰਿਹਾ ਵਿਤਕਰਾ : ਰਾਹੁਲ ਖੰਨਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਪੰਜਾਬ ਦੇ ਹਰ ਸ਼ਹਿਰ ਅਤੇ ਪਿੰਡਾਂ ਦੇ ਹਿੰਦੂਆਂ ਨੂੰ ਇੱਕ ਮੰਚ 'ਤੇ ਇਕੱਠਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਨੇ ਇੱਕ ਵਿਸ਼ੇਸ਼ ਮੁਹਿੰਮ ਚਲਾਈ ਹੋਈ ਹੈ ਤਾਂ ਜੋ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਹਿੰਦੂਆਂ ਨਾਲ ਹੋ ਰਹੇ ਵਿਤਕਰੇ ਸਬੰਧੀ ਪੂਰੀ ਤੇ ਸਹੀ ਜਾਣਕਾਰੀ ਦਿੱਤੀ ਜਾ ਸਕੇ। ਇਸੇ ਸਬੰਧੀ ਸ਼ਿਵ ਸੈਨਾ ਹਿੰਦੁਸਤਾਨ ਦੇ ਦਫਤਰ ਟਾਂਡਾ ਵਿਖੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ ਅਤੇ ਸਿਟੀ ਪ੍ਰਧਾਨ ਰਾਜੀਵ ਖੰਨਾ ਦੀ ਅਗਵਾਈ ਵਿੱਚ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ, ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਬਲਾਕ ਪ੍ਰਧਾਨ ਗਣੇਸ਼ ਵੈਦ, ਸਿਟੀ ਸਕੱਤਰ ਅਰੁਣ ਸੇਠੀ, ਸਿਟੀ ਮੀਤ ਪ੍ਰਧਾਨ ਬਿਸ਼ਨ ਦੇਵਰਾਜ, ਯੁਵਾ ਨੇਤਾ ਰਾਜੂ ਖੋਸਲਾ, ਬਬਲੂ ਮੁਨਕਾ, ਪੁਨੀਤ ਮਦਾਨ, ਅਮਨ ਮਾਹਲਾ, ਨੀਰਜ ਵਰਮਾ, ਰੇਬਨ, ਗੋਪੀ ਅਤੇ ਹੋਰ ਸ਼ਿਵ ਸੈਨ ਵਰਕਰ ਸ਼ਾਮਿਲ ਹੋਏ। ਸਮਾਰੋਹ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਦੇ ਹਿੰਦੂ ਇੱਕ ਮੰਚ 'ਤੇ ਇਕੱਠੇ ਨਾ ਹੋਣ ਕਾਰਨ ਹਰ ਪੱਖੋਂ ਮਾਰ ਖਾ ਰਹੇ ਹਨ ਅਤੇ ਸਿਆਸਤ ਦੀ ਗੰਦੀ ਰਾਜਨੀਤੀ ਵਿੱਚ ਪਿਸ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹਿੰਦੂਆਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਹੱਕਾਂ ਤੋਂ ਉਨ੍ਹਾਂ ਨੂੰ ਵੰਚਿਤ ਕੀਤਾ ਜਾ ਰਿਹਾ ਹੈ ਜਿਸ ਨੂੰ ਸ਼ਿਵ ਸੈਨਾ ਹਿੰਦੁਸਤਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਇਸ ਮੌਕੇ ਦੇ ਰਾਹੁਲ ਖੰਨਾ ਨੇ ਟਾਂਡਾ ਸ਼ਹਿਰ ਦੇ ਵਾਰਡ ਨੰਬਰ 2 ਦਾ ਰਾਮ ਚੰਦਰ ਨੂੰ, ਵਾਰਡ ਨੰਬਰ 5 ਦਾ ਜਤਿਨ ਕੁਮਾਰ, ਵਾਰਡ ਨੰਬਰ 6 ਦਾ ਕਸ਼ਿਸ਼ ਚੋਪੜਾ, ਵਾਰਡ ਨੰਬਰ 7 ਦਾ ਹਰਬੰਸ ਲਾਲ, ਵਾਰਡ ਨੰਬਰ 12 ਦਾ ਲਾਡੀ ਅਰੋੜਾ ਅਤੇ ਵਾਰਡ ਨੰਬਰ 15 ਦਾ ਵਿੱਕੀ ਕੁਮਾਰ ਨੂੰ ਪ੍ਰਧਾਨ ਮਨੋਨੀਤ ਕਰਕੇ ਬਾਕੀ ਕਮੇਟੀ ਗਠਿਤ ਕਰਨ ਦਾ ਅਧਿਕਾਰ ਦਿੱਤਾ। ਇਸ ਮੌਕੇ ਵੱਖ ਵੱਖ ਵਾਰਡਾਂ ਦੇ ਪ੍ਰਧਾਨਾਂ ਨੇ ਰਾਹੁਲ ਖੰਨਾ ਨੂੰ ਭਰੋਸਾ ਦਿੱਤਾ ਕਿ ਪਾਰਟੀ ਹਾਈ ਕਮਾਨ ਨੇ ਸਾਨੂੰ ਜਿਹੜੀਆਂ ਜ਼ਿੰਮੇਵਾਰੀਆਂ ਸੌਂਪੀਆਂ ਹਨ, ਅਸੀਂ ਉਨ੍ਹਾਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਵਾਂਗੇ। ਸਮਾਰੋਹ ਦੇ ਆਖਿਰ ਵਿੱਚ ਰਾਹੁਲ ਖੰਨਾ ਨੇ ਸਾਰੇ ਵਾਰਡਾਂ ਦੇ ਪ੍ਰਧਾਨਾਂ ਨੂੰ ਵਧਾਈ ਦਿੰਦੇ ਹੋਏ ਸਨਮਾਨਿਤ ਕੀਤਾ।


## REQUIREMENT

**St. Soldier College (Co-Education)** invites online applications, Performa available on College website **www.stsoldierdegreecollege.com** for the post of **Assistant Professor** in Commerce - 2, Computer Science - 2, Physiotherapy - 2, Music (V) - 1 & Sociology – 1 on regular basis. Qualification and Grade as per UGC/NCTE/Punjab Govt./GNDU norms. Reservation Policy will be as per Punjab Govt. rules. Candidates must submit online, application within 15 days from the date of publication of advertisement. Candidates must fill up the Score Card Performa (as per Annexure-IV) available in CDC Portal on University Website **(www.gndu.ac.in)** and submit it alongwith the application.

**Director**
**98554-04206**


## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ।
ਮੀਮੋ ਨੰ: 320

ਵਿਸ਼ਾ : **Other Cases/7/2022 of 2022 - Inderjit Kaur D/o Nirmal Singh Resident of Village Devidass Pur, Teh. Kartarpur, Distt. Jalandhar Versus Kuldeep Singh S/o Piara Singh**

ਸ੍ਰੀ 1. ਕੁਲਦੀਪ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 2. ਪਰਮਜੀਤ ਸਿੰਘ ਪੁੱਤਰ ਮੋਹਨ ਸਿੰਘ ਰਾਹੀਂ ਵਾਰਸਾਨ (ੳ) ਕਰਮਜੀਤ ਕੌਰ (ਪਤਨੀ), (ਅ) ਸੁਖਦੀਪ ਕੌਰ (ਪੁੱਤਰੀ), (ੲ) ਜਗਬੀਰ ਸਿੰਘ ਪੁੱਤਰ ਵਾਸੀ ਪਿੰਡ ਮੌਲੀ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ, 3. ਹਰਪ੍ਰੀਤ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 4. ਗੁਰਮੇਜ਼ ਕੌਰ ਵਿਧਵਾ ਮੋਹਨ ਸਿੰਘ ਰਾਹੀਂ ਵਾਰਸਾਨ ਪਰਮਜੀਤ ਸਿੰਘ ਪੁੱਤਰ ਮੋਹਨ ਸਿੰਘ ਰਾਹੀਂ ਵਾਰਸਾਨ (ੳ) ਕਰਮਜੀਤ ਕੌਰ (ਪਤਨੀ), (ਅ) ਸੁਖਦੀਪ ਕੌਰ (ਪੁੱਤਰੀ), (ੲ) ਜਗਬੀਰ ਸਿੰਘ ਪੁੱਤਰ ਵਾਸੀ ਪਿੰਡ ਮੌਲੀ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ, 5. ਰਣਜੀਤ ਸਿੰਘ ਪੁੱਤਰ ਨਰਦੇਵ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 6. ਗੁਰਨੇਕ ਸਿੰਘ ਪੁੱਤਰ ਨਰਦੇਵ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 7. ਬਿਅੰਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 8. ਕਿਰਨਦੀਪ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 9. ਸਤਵਿੰਦਰ ਸਿੰਘ ਪੁੱਤਰ ਪਾਲ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 10. ਰਣਜੀਤ ਸਿੰਘ ਪੁੱਤਰ ਪਾਲ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 11. ਗੁਰਬਚਨ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 12. ਗਰਦਾਵਰ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 13. ਬਲਦੇਵ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ, 14. ਮੋਹਿੰਦਰ ਕੌਰ ਪਤਨੀ ਮੋਹਨ ਸਿੰਘ ਰਾਹੀਂ ਵਰਸਾਨ (ੳ) ਬਲਦੇਵ ਸਿੰਘ (ਅ) ਗਰਦਾਵਰ ਸਿੰਘ (ੲ) ਗੁਰਬਚਨ ਸਿੰਘ ਰਾਹੀਂ ਵਾਰਸਾਨ (ਸ) ਹਰਜੀਤ ਕੌਰ ਪਤਨੀ, (ਹ) ਕੋਮਲਜੀਤ ਕੌਰ (ਪੁੱਤਰੀ) (ਕ) ਜਸਦੀਪ ਸਿੰਘ (ਪੁੱਤਰ) ਵਾਸੀ ਮਾਂਗੇਕੀ, ਤਹਿਸੀਲ ਕਰਤਾਰਪੁਰ।

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 17.09.2024 ਨੂੰ ਦੁਪਹਿਰ 02.30 ਵਜੇ ਦੀ ਤਾਰੀਖ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਖ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 29.08.2024 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ।

## ਜਨਤਕ ਨੋਟਿਸ

ਮੈਂ, ਸ਼ਿਖਾ ਪਤਨੀ ਯੋਗੇਸ਼ ਕੁਮਾਰ ਪੁੱਤਰ ਰਾਮ ਲਾਲ ਵਾਸੀ ਮਾਧਵ ਨਗਰ, ਨੰਗਲ, ਤਹਿਸੀਲ ਨੰਗਲ ਅਤੇ ਜ਼ਿਲ੍ਹਾ ਰੂਪਨਗਰ, 1. ਮੇਰੇ ਵੱਲੋਂ ਪ੍ਰਾਪਤ ਕੀਤੀ ਜਾਇਦਾਦ, ਜਿਸ ਦਾ ਵੇਰਵਾ ਅੱਗੇ ਦਿੱਤਾ ਗਿਆ (ਏ) ਜਾਇਦਾਦ ਰਕਬਾ 0 ਕਨਾਲ-2 ਮਰਲਾ, ਜੋ ਕਿ 0 ਕਨਾਲ-16 ਮਰਲਾ ਦਾ 1/8 ਹਿੱਸਾ, ਖੇਵਟ ਨੰ. 636/593, ਖਤੌਨੀ ਨੰ. 719, ਖਸਰਾ ਨੰ. 1575 (0-16), (ਬੀ) ਜਾਇਦਾਦ ਰਕਬਾ 0 ਕਨਾਲ- 1 ਮਰਲਾ, ਜੋ ਕਿ 0 ਕਨਾਲ-18 ਮਰਲਾ ਦਾ 1/18 ਹਿੱਸਾ, ਖੇਵਟ ਨੰ. 640/596 ਮਿੰਨ, ਖਤੌਨੀ ਨੰ. 723, ਖਸਰਾ ਨੰ. 1583 (0-18) ਹੰਬੇਵਾਲ ਦੀਆਂ ਮਾਲੀਆ ਹੱਦਾਂ 'ਤੇ ਸਥਿਤ, ਹੱਦਬਸਤ ਨੰ. 281, ਤਹਿਸੀਲ ਨੰਗਲ ਅਤੇ ਜ਼ਿਲ੍ਹਾ ਰੂਪਨਗਰ, (2) ਮੈਂ ਐੱਸ ਬੀ ਆਈ ਸ਼ਾਖਾ ਮਹਿਤਪੁਰ-08579 ਤੋਂ ਕ੍ਰੈਡਿਟ ਸਹੂਲਤ ਰੁਪਏ 17,90,000 ਪ੍ਰਾਪਤ ਕੀਤੀ ਸੀ। ਮੈਂ ਲੈਮੀਨੇਟਿਡ ਅਸਲ ਟਾਈਟਲ ਬੈਨਾਮਾ ਦੇ ਆਧਾਰ 'ਤੇ ਕ੍ਰੀਏਟ ਚਾਰਜ ਅਰਥਾਤ ਗਿਰਵੀਂ ਰੱਖਣ ਦਾ ਇਰਾਦਾ ਰੱਖਦਾ ਹਾਂ। ਉਕਤ ਅਸਲ ਟ੍ਰਾਂਸਫਰ ਬੈਨਾਮਾ ਨੰ. 2022-23/33/1/154 ਮਿਤੀ 12.05.2020 ਨੂੰ ਲੈਮੀਨੇਟ ਕੀਤਾ ਗਿਆ ਹੈ ਅਤੇ ਪਹਿਲੇ 'ਚੋਂ ਟਾਈਟਲ ਬੈਨਾਮੇ, ਟਾਈਟਲ ਬੈਨਾਮਾ ਨੰ. 2021-22/33/1/30 ਮਿਤੀ 07.04.2021 ਅਤੇ ਟਾਈਟਲ ਬੈਨਾਮਾ ਨੰ. 2020-21/33/1/1197 ਮਿਤੀ 31.12.2020 ਦੀ ਲੜੀ 'ਚ ਪੈਂਦੇ ਹਨ, ਵੀ ਲੈਮੀਨੇਟ ਕੀਤੇ ਹੋਏ ਹਨ। ਉਕਤ ਬੈਨਾਮੇ ਹੰਢਣਸਾਰਤਾ ਦੇ ਉਦੇਸ਼ ਨਾਲ ਲੈਮੀਨੇਟ ਸਨ। ਉਕਤ ਬੈਨਾਮੇ ਅਸਲੀ ਹਨ ਅਤੇ ਡੁਪਲੀਕੇਟ ਨਹੀਂ। ਜੇਕਰ ਕਿਸੇ ਨੂੰ ਕੋਈ ਇਤਰਾਜ਼/ਦਾਅਵਾ ਹੈ ਤਾਂ ਉਕਤ ਦੱਸੀ ਬੈਂਕ ਅਤੇ ਮੈਨੂੰ ਅੱਜ ਤੋਂ 15 ਦਿਨਾਂ ਦੇ ਅੰਦਰ-ਅੰਦਰ ਦਾਅਵਾ ਪੇਸ਼ ਕਰ ਸਕਦਾ ਹੈ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ।
ਮੀਮੋ ਨੰ: 312, ਮਿਤੀ 05.09.24
ਨੋਟਿਸ ਬਨਾਮ

Sukhdev Singh Son of Mohinder Singh, (2) Gurminder Singh Son of Mohinder Singh, (3) Pritam Singh Son of Tara Singh, (4) Manjit Singh Son of Jarnail Singh, (5) Jaswant Singh Son of Jarnail Singh, (6) Sukhwinder Singh Son of Nirmal Singh, (7) Gurdeep Kaur D/o Shiv Singh, (8) Paramjit Singh Kahlon Son of Kashmir Singh, (9) Parwinder Singh Kahlon Son of Kashmir Singh, All Residents of Village Chakrala, Tehsil and Distt. Jalandhar. (10) Union Bank of India, Mustfapur Branch, Kartarpur, (11) Punjab Gramin Bank Alampur Bakka, Tehsil and Distt. Jalandhar, (12) Gagandeep Singh Son of Satnam Singh, (13) Manveer Singh Son of Satnam Singh, (14) Ajit Singh Son of Ugajjar Singh, (15) Gurbachan Kaur W/o Bakshish Singh, (16) Manjinder Singh Son of Sucha Singh, (17) Iqbal Singh Son of Massa Singh, (18) Sukhpal Singh Son of Massa Singh. All Residents of Village Chakrala, Distt. Jalandhar.

ਵਿਸ਼ਾ : Other Cases/16/2023 Dera Baba Badrinath, resident of Village Rahimpur, Tehsil and Distt. Jalandhar
Versus
Sukhdev Singh S/o Mohinder Singh etc.
(ਵੰਡ ਪਾਰਟੀਸ਼ਨ)

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 19.09.2024 ਨੂੰ ਦੁਪਹਿਰ 02.30 ਵਜੇ ਦੀ ਤਾਰੀਖ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਖ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 05.09.2024 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਕਰਤਾਰਪੁਰ।

## COURT NOTICE

(U/o 5 Rule 20 CPC)
In the Court of
**Ms. Rashmi Sharma**
Additional Principal Judge
Family Court-1, Jalandhar
CNR No. PBJL01-011844-2024
Next Date :- 28-10-2024
Amandeep Kaur
Vs.
General Public
Petition Under Guardian and Ward Act
Publication Issued to : General Public
: General Public

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 28.10.2024 at 10:00 A.M.

For details logon to https://highcourtchd.gov.in/?trs=district_notice&district=Jalandhar

Additional Principal Judge
Family Court-1, Jalandhar
Dated this day of 09.09.2024

## COURT NOTICE

(U/o 5 Rule 20 CPC)
In the Court of
**Mrs. Manzra Dutta**
Civil Judge (Junior Division), Kharar
CNR No. PBSAA0-000689-2024
Next Date 20.09.2024
Sanju
Vs.
1. Labh Singh
Publication Issued to :
1. Labh Singh S/o Kehar Singh R/o Village Machhali Kalan,Tehsil Kharar, District SAS Nagar, Mohali.
2. Harpreet Singh S/o Sukhdev Singh R/o Village Machhali Kalan,Tehsil Kharar, District SAS Nagar, Mohali.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20.09.2024 at 10:00 A.M.

For details logon to https://highcourtchd.gov.in/?trs=district_notice&district=SAS Nagar

Civil Judge (Junior Division), Kharar
Dated this day of 04-09-2024

## COURT NOTICE

(U/o 5 Rule 20 CPC)
In the Court of
**Hasan Deep Singh Bajwa**
Additional Civil Judge, (Senior Division) Kharar
CNR No. PBSAA0-000698-2023
Next Date 18.10.2024
CS/479/2023
Harpal Singh S/o Inder Singh R/o Village Khizrabad, Tehsil Kharar, Distt. Mohali
Vs.
Baljinder Kaur and others
Publication Issued to :
1. Baljinder Kaur D/o Bhagwant Singh, 2, Paramjeet Kaur D/o Bhagwant Singh, 3. Jaskiran Kaur D/o Bhagwant Singh, 4. Punjeet Singh S/o Bhagwant Singh. All R/o Village Khizrabad, Tehsil Kharar, Distt. Mohali

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18.10.2024 at 10:00 A.M.

For details logon to https://highcourtchd.gov.in/?trs=district_notice&district=SAS Nagar

Additional Civil Judge, (Senior Division) Kharar
Dated this day of 05-09-2024

## COURT NOTICE

(U/o 5 Rule 20 CPC)
In the Court of
**Sh. Amrinder Pal Singh**
Principal Judge Family Court, Malerkotla
CNR No. PBSGF4-000178-2024
Next Date : 24-09-2024
Navneet Kaur
Vs
Binder SIngh
U/S 13 HMA
Publication Issued to :
Binder SIngh S/o Zora Singh Resident of Village Mallian, Tehsil and Distt. Barnala

In above titled case, the defendant (s)/ respondent(s) could not be served. It is ordered that defendant(s) respondent(s) should appear in person or through counsel on 24.09.2024 at 10:00 A.M.

For details logon to https://highcourtchd.gov.in/?trs=district_notice&district=Sangrur

Principal Judge Family Court, Malerkotla
Dated, this day of 06.09.2024

## CRIMINAL COURTS, LUDHIANA

In the Court of
**MS. Prabha Prashar**
Judicial Magistrate-1st Class
Ludhiana
CNR No. PBLD03-053036-2021
Peshi : 08-10-2024
Publication Notice for Proclamation under section 82 CR. PC
Kotak Mahindra Bank
Vs Ravi Sharma
Petition u/s 138 of negotiable instruments Act, 1881 Amended upto date
Notice to :-
1. Ravi Sharma S/o Sunder Ram Sharma R/o H.No. 2553, St. No. 19-21-22,Nai Abadi, Abohar, Badi Paudi, Fazilka-152116

Whereas it has been proved to the satisfaction of this court that the accused above named can't be served in the ordinary way of service. Hence this proclamation under section 82 CRPC is hereby 08.10.2024 at 10.00 A.M.

Take notice that, in default of his/their appearance on the day before mentioned, the above said case will be heard and determined in his/their absence.

Give under my hand and the seal of the court.

For details logon to https://highcourtchd.gov.in/?trs=district notice&district= Ludhiana

Judicial Magistrate-1st Class
Ludhiana

## COURT NOTICE

(U/o 5 Rule 20 CPC)
In the Court of
Hasan Deep Singh Bajwa
Additional Civil Judge, (Senior Division) Kharar
CNR No. PBSAA0-000832-2023
Next Date 05.10.2024
CS/599/2023
Punjab National Bank, Branch Office at Mullanpur, Garibdass, through attorney and principal officer of the Bank
Vs.
M/S Mishra Hardware and Sanitary through its prop Adesh Kumar S/o Ram Sanjevan Mishra, R/o H. No. 544, Singha Devi Colony, Village Nada, Naya Gaon, Distt. Mohali, PB. 133301.
Publication Issued to :
M/S Mishra Hardware and Sanitary :- Through its prop Adesh Kumar S/o Ram Sanjevan Mishra, R/o H. No. 544, Singha Devi Colony, Village Nada, Naya Gaon, Distt. Mohali, PB. 133301.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 05.10.2024 at 10:00 A.M.

For details logon to https://highcourtchd.gov.in/?trs=district_notice&district=SAS Nagar

Additional Civil Judge, (Senior Division) Kharar
Dated this day of 05-09-2024

## ਦਫ਼ਤਰ ਨਗਰ ਕੌਂਸਲ ਕਰਤਾਰਪੁਰ, ਜ਼ਿਲ੍ਹਾ ਜਲੰਧਰ (ਪਬਲਿਕ ਨੋਟਿਸ)

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਤਨਵੀਰ ਸਿੰਘ ਪੁੱਤਰ ਹਰਦੀਪ ਸਿੰਘ ਸੇਖੜੀ ਵਾਸੀ ਮਕਾਨ ਨੰਬਰ 4141 ਵਾਰਡ ਨੰ: 9, ਟਾਹਲੀ ਮੁਹੱਲਾ, ਕਰਤਾਰਪੁਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਦੁਕਾਨ ਯੂ.ਆਈ.ਡੀ. ਨੰ: ਬੀ-14-0256 ਰਕਬਾ ਲੱਗਭੱਗ 140 ਵਰਗ ਫੁੱਟ ਵਾਕਿਆ ਵਿਸ਼ਵਕਰਮਾ ਮਾਰਕੀਟ ਕਰਤਾਰਪੁਰ ਉਨ੍ਹਾਂ ਦੀ ਦਾਦੀ ਬਲਵੀਰ ਕੌਰ ਦੀ ਮਲਕੀਤੀ ਹੈ ਅਤੇ ਉਨ੍ਹਾਂ ਨੇ ਇਹ ਦੁਕਾਨ ਬੈਨਾਮਾ ਮਿਤੀ 30.04.2001 ਅਨੁਸਾਰ ਖਰੀਦ ਕੀਤੀ ਸੀ। ਹੁਣ ਬਲਵੀਰ ਕੌਰ ਦੀ ਮੌਤ ਮਿਤੀ 22.06.2018 ਨੂੰ ਹੋ ਚੁੱਕੀ ਹੈ। ਬਿਨੈਕਾਰ ਦੀ ਦਾਦੀ ਬਲਵੀਰ ਕੌਰ ਨੇ ਇਹ ਦੁਕਾਨ ਦੀ ਇਕ ਰਜਿਸਟਰਡ ਵਸੀਅਤ ਨੰਬਰ 1/3 ਮਿਤੀ 07.04.2010 ਅਨੁਸਾਰ ਆਪਣੇ ਪੋਤੇ ਤਨਵੀਰ ਸਿੰਘ ਦੇ ਹੱਕ ਵਿਚ ਕੀਤੀ ਹੈ। ਬਿਨੈਕਾਰ ਨੇ ਆਪਣਾ ਹਲਫੀਆ ਬਿਆਨ ਪੱਤਰ, ਆਪਣੀ ਦਾਦੀ ਬਲਵੀਰ ਕੌਰ ਦੀ ਮੌਤ ਦੇ ਸਰਟੀਫਿਕੇਟ ਦੀ ਕਾਪੀ, ਰਜਿਸਟਰਡ ਵਸੀਅਤ ਦੀ ਕਾਪੀ, ਪੁਰਾਣੀ ਬੈਨਾਮਾ ਦੀ ਕਾਪੀ, ਆਧਾਰ ਕਾਰਡ ਦੀ ਕਾਪੀ ਨਾਲ ਨੱਥੀ ਕੀਤੀ ਗਈ ਹੈ। ਬਿਨੈਕਾਰ ਦੀ ਦਾਦੀ ਬਲਵੀਰ ਕੌਰ ਨੇ ਉਕਤ ਪ੍ਰਾਪਰਟੀ ਸੰਬੰਧੀ ਇਕ ਰਜਿਸਟਰਡ ਵਸੀਅਤ ਨੰਬਰ 1/3 ਮਿਤੀ 07.04.2010 ਨੂੰ ਆਪਣੇ ਪੋਤੇ ਤਨਵੀਰ ਸਿੰਘ ਦੇ ਹੱਕ ਵਿਚ ਕੀਤੀ ਹੈ। ਤਨਵੀਰ ਸਿੰਘ ਨੇ ਹਲਫੀਆ ਬਿਆਨ ਪੱਤਰ ਰਾਹੀਂ ਉਕਤ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿਚ ਆਪਣੇ ਨਾਂਅ 'ਤੇ ਦਰਜ/ਤਬਦੀਲ ਕਰਨ ਲਈ ਬੇਨਤੀ ਕੀਤੀ ਹੈ। ਨਗਰ ਕੌਂਸਲ ਦੇ ਟੀ. ਐੱਸ. 1 ਰਿਕਾਰਡ ਵਿਚ ਇਹ ਪ੍ਰਾਪਰਟੀ ਬਲਵੀਰ ਕੌਰ ਦੇ ਨਾਂਅ ਅਤੇ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਾਲੇ ਕਾਲਮ ਵਿਚ ਇਹ ਦੁਕਾਨ ਦਰਜ ਨਹੀਂ ਹੈ। ਬਿਨੈਕਾਰ ਵੱਲੋਂ ਰਜਿਸਟਰਡ ਵਸੀਅਤ ਤੋਂ ਇਲਾਵਾ ਹੋਰ ਕੋਈ ਵੀ ਮਾਲਕੀ ਸਬੂਤ ਪੇਸ਼ ਨਹੀਂ ਕੀਤਾ ਹੈ।

ਹੁਣ ਇਸ ਪ੍ਰਾਪਰਟੀ ਦਾ ਇੰਦਰਾਜ਼ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿਚ ਪ੍ਰਾਪਰਟੀ ਟੈਕਸ ਮੰਤਵ ਲਈ ਤਨਵੀਰ ਸਿੰਘ ਪੁੱਤਰ ਹਰਦੀਪ ਸਿੰਘ ਦੇ ਨਾਂਅ 'ਤੇ ਤਬਦੀਲ/ਦਰਜ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫ਼ਤਰ ਵਿਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ ਕਰਤਾਰਪੁਰ।

## ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਕੰਪਨੀਜ਼ ਐਕਟ ਤਹਿਤ ਇਕ ਕਾਰਪੋਰੇਟ ਅਦਾਰਾ ਜਿਸ ਦਾ ਮੁੱਖ ਦਫਤਰ 37, ਮਿਡਾਸ ਕਾਰਪੋਰੇਟ ਪਾਰਕ, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਦਫਤਰ ਕੰਗਣਾ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ। ਬਿਨੈਕਾਰ

ਬਨਾਮ

1. ਜਸਵੰਤ ਸਿੰਘ ਥਿੰਦ ਪੁੱਤਰ ਇਕਬਾਲ ਸਿੰਘ ਵਾਸੀ ਅਲਾਬਾਦ ਵਸਤੀ, ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ।
2. ਪਰਮਜੀਤ ਕੌਰ ਪਤਨੀ ਜਸਵੰਤ ਸਿੰਘ ਥਿੰਦ ਵਾਸੀ ਅਲਾਬਾਦ ਵਸਤੀ, ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ।
3. ਦਲਬੀਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਕਿੱਲੀ ਗਾਂਧਰਾ, ਮੋਗਾ, ਕਾਦਰਵਾਲਾ।
4. ਸਰਦੂਲ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ ਮਕਾਨ ਨੰ: 154, ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ।

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਜਵਾਬਦੇਹਾਂ ਨੂੰ ਪਹਿਲੀ ਵਾਰ ਭੇਜੇ ਗਏ ਨੋਟਿਸ ਵਾਪਸ ਪ੍ਰਾਪਤ ਨਹੀਂ ਹੋਏ। ਦੂਜੀ ਵਾਰ ਜਵਾਬਦੇਹ ਨੰ: 4 ਨੂੰ ਭੇਜੇ ਗਏ ਨੋਟਿਸ ਇਨਕਾਰੀ ਟਿੱਪਣੀ ਨਾਲ ਵਾਪਸ ਪ੍ਰਾਪਤ ਹੋਏ ਅਤੇ ਹੋਰ ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ ਜੋ ਕਿ ਲਿਫਾਫੇ ਅਤੇ ਵਾਪਸੀ ਰਸੀਦਾਂ ਸਨ, ਵਾਪਸ ਪ੍ਰਾਪਤ ਨਹੀਂ ਹੋਏ। ਜਿਸ ਤੋਂ ਸਪੱਸ਼ਟ ਹੈ ਕਿ ਜਵਾਬਦੇਹਾਂ ਨੇ ਬਕਾਇਦਾ ਨੋਟਿਸ ਪ੍ਰਾਪਤ ਕਰ ਲਏ ਹਨ ਅਤੇ ਜਾਣਬੁੱਝ ਕੇ ਟ੍ਰਿਬਿਊਨਲ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ। ਬੇਸ਼ੱਕ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 15.10.2024 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 07.09.2024 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ

# ਕਲਾਸੀਫਾਈਡ ਇਸ਼ਤਿਹਾਰ

## Change of Name

I, Amandeep S/o Baldev Raj R/o Sahib Jada Ajit Singh Road, Baba Gadhia, Phagwara, District Kapurthala, Punjab-144401. I have changed my name from Amandeep to Amandeep Mamman. All concerned note.

I, Paramjeet S/o Dina R/o Vill. Khojpur P.O. Rajpur, Distt. Jalandhar, (Pb.) have changed my son's name Karandeep to Karandeep Singh.

I, Yaskaran Kaur W/o Robinjit Singh R/o VPO. Laroi Distt. Jalandhar (Pb.) have Changed my name from Yaskaran Kaur to Kaur Yaskaran.

I Vijay Lachmi W/o Pinka R/o Village Khera, PO. Chachoki, Tehsil Phagwara District Kapurthala, Punjab-144632 have changed my name spelling From Vijay Lachmi to Vijay Lakshmi.

I, Nek Parveen S/o Mohan Lal R/o H.No.738/12 Islamganj, Jalandhar have changed my minor daughter's name from Poorbi to Shachi.

I Parmod Kumar S/O Harbans Lal R/O H. No 5 gali no 11 Gurbax Nagar, Nawankot Amritsar have changed my name from Parmod Kumar to Parmod Arora . All concerned please note.

I, Aashim S/o Madan Lal R/o 331, New Golden Avenue, Ward Number 30, Jaura Phatak, Amritsar, Punjab have changed my name from Aashim to Aashim Sanotra.

I, Manjit Kaur W/o Dalbir Singh R/o 1510, Ward No. 5, Mohalla Jawant Singh Wala, Raja Sansi, Amritsar, Punjab-143101 have changed my name from Manjit Kaur to Paramjit Kaur.

I, Baldish Kaur (Aadhar No. 8607 8939 1010) W/o Ravinder Kumar R/o Village Parsrampur, Jalandhar have changed the name of my daughter from Vanshika to Vanshika Kaur. All Concerned please note. (10638)

I, Baldish Kaur (Aadhar No. 8607 8939 1010) W/o Ravinder Kumar R/o Village Parsrampur, Jalandhar have changed the name of my daughter from Ekamjot to Ekamjot Kaur . All Concerned please note. (10638)

I, Jagir Masih S/O Sewa Masih R/O Majitha Road, Nag Kalan, Amritsar, Punjab have changed my name from Jagir Masih to Jagir as my Given name and Masih as my Surname.Concerned note.

I, Seema W/o Daljit Kumar R/o H.No.D17/1682, Gali No.7, Kartar Nagar Chheharta, Amritsar have changed my name from Seema to Seema Sharma

I Swaran Singh S/o Darbara Singh R/o Village Gulami Wala, PO Arifke, Distt Ferozepur have changed my name Swarn Singh to Swaran Singh.

I, Virk Harinder Singh S/o Sukhwinder Singh R/o H.No. 2236, Mori Gate, Jandiala Guru, Tehsil & Distt. Amritsar, Punjab-143115, India have changed my name from Virk Harinder Singh to Harinder Singh.

I, Tanu Mattoo W/o Late Prem John R/o H.No.441, Lane No.1, Sandhu Colony Pandori Waraich, Majitha Road, Amritsar have changed my name from Tanu Mattoo to Tanu John

I, Bajeet Kaur W/o Daljit Singh R/o Vill Jamali Wala, PO Makhu, Tehsil Zira, Firozepur have changed my name from Baljeet Kaur to Baljit Kaur

I, Sukhbir Kaur Wife of S. Harwinder Singh R/o Village Kotli Nasir Khan, PO Khaper Kheri, Tehsil and District Amritsar have changed my name to Kulbir Kaur.

I, Sarbjeet Kour W/o Charan Singh R/o Guru Ram Dass Nagar Amritsar have changed my name from Sarabjeet Kour to Sarabjeet Kaur.

I, Harprit Kaur W/o Jagdeep Singh R/o H.No.45/12, Prem Nagar Colony Mira Kot Chowk Khairabad Road, Amritsar have changed my name from Harprit Kaur to Harpreet Kaur

I Subash Chander S/o Munshi Ram R/o 902, Chowk Baba Bhouri Wala, Dholi Mohalla, Amritsar have changed my name from Subash Chander to Subhash Chander.

I, Charanjeet Kaur W/o Avtar Singh Gill R/o H.No.382, Guru Ram Dass Avenue, Amritsar have changed my name from Charanjeet Kaur to Charanjit Kaur

I, Avtar Singh S/o Bachan Singh R/o H.No.382, Guru Ram Dass Avenue, Amritsar have changed my name from Avtar Singh to Avtar Singh Gill

I Rekha W/o Tribhuvan Gupta R/o Gali No.5, Near Dargah, Dashmesh Nagar, Kot Khalsa Amritsar have changed my name from Rekha to Rekha Gupta

I, Meenu Gill W/o Ajay Khokhar R/o H.No.434, Bishop House 12, Tailor Road, Distt Amritsar have changed my name from Meenu Gill to Meenu Khokhar

I, Palwinder Singh Turna S/o Jasveer Singh R/o Village Machhiwara Kamagar PO Piareana, Ferozepur have changed my name from Palwinder Singh Turna to Palwinder Singh

I, Rawinder Kaur W/o Narinder Singh R/o Village Bal Khurd, Block Verka Tehsil and District Amritsar have changed my name from Rawinder Kaur to Ravinder Kaur

I, Ragu Raja S/o Subash Chander R/o H.No.730, Amritsar Di Gali, Ghanupur, Chheharta, Amritsar have changed my name from Ragu Raja to Raghu Raja

I Gurkirat Singh S/o Manpreet Singh R/o H.No. 2198, Gali Ave Wali Kucha Ariyan Wala Gate Bhagat Wala Amritsar have declare that Singh is my Surname and Gurkirat is my Given name

I, Sri Kanta Deb Nath S/o Ram Deb Nath R/o H.No.45 X 11, Gali Ardarsiaan Guru Bazar Jamadar Haweli Amritsar have changed my name from Sri Kanta Deb Nath to Srikanta Bednath

I, Payal Deb Nath W/o Srikanta Debanth R/o H.No.45 X 11, Gali Ardarsiaan Guru Bazar Jamadar Haweli Amritsar have changed my name from Payal Deb Nath to Payal Debnath

I, Ravinder Singh S/O Pargat Singh R/o Vill And Po Dostpur Tehsil Kalanaur Distt.gurdaspur Stat Punjab Pin Code 143526, I Have Changed My Name From Ravinder Singh To Singh Ravinder, Surname As Singh. And Given Name As Ravinder.

## Change of Name

I, Jaspal Singh Brar S/O Nand Singh R/O Village Lakhmerana Po Khunan Kalan District Sri Muktsar Sahib Have Changed My Name From Jaspal Singh Brar To Jaspal Singh

I, Jatinder Singh S/O Prem Singh , R/o Ward No-1, Amloh (P), Fatehgarh Sahib, Punjab-147203, have changed my name and shall hereafter be Known as Tejinder Singh.

I, Monu, W/O Hemant Goyal R/o H. No-277, E Block, Sirsa, Haryana-125055. have changed my name and shall hereafter be Known as Monika Goyal.

I, Akshay Kumar S/O Sukhjeet Kumar, R/o Street No-02, B/Side, Gurdwara Ram Lal, Ferozepur City, Punjab- 152002, have changed my name and shall hereafter be Known as Akshayajit Singh.

I, Ranjiv Kumar S/O Jaswant Singh,R/o Village Bajrawar, Post Office Bajrawar, Hoshiarpur, Punjab-146001, I have changed the name of my minor daughter Jaanvi aged about 14 Years and She shall hereafter be known as Jaanvi Rana.

I, Raj Kumar S/o Kashmir Lal R/o Patti Surtiyan, VPO. Bundala, Tehsil Phillaur, Distt. Jalandhar, Punjab-144034, India have changed my name to Given Name as Raj & Surname as Kumar. All concerned please note.

I, Narender Kaur Jajau W/o Sahib Singh R/o H.No. WR 409, Banian Mohalla, Basti Sheikh, PO: Basti Guzan, Distt. Jalandhar, Punjab-144002, India have changed my name from Narender Kaur Jajau to Narinder Kaur. All concerned please note.

I, SHAHID KHAN S/o Reham Ali, R/o Village Bhet, Post Office Ahmadpur, District Kapurthala, Punjab, India, declare that I want to change my name from SHAHID to SHAHID KHAN.

I, Manjit Kaur W/O Sukhwant Singh Minhas R/O Vill. & Post office Mehtiana, Hoshiarpur, Punjab have changed my name (After Marriage) from Manjit Kaur to Manjit Kaur Minhas(Minhas As Surname). All Concerned may note.

I, Ramandeep S/O Jagmohan Chopra R/o H.No. E.J. 157, Chahar Bagh Near Milap Chowk, Jalandhar,144001, Punjab, India. Have changed my name from Ramandeep To Ramandeep Singh in future may be known as Ramandeep Singh.

I, Jagmohan S/O Desa Singh Chopra R/o H.No. E.J.157, Chahar Bagh Near Milap Chowk, Jalandhar,144001, Punjab, India. Have changed my name from Jagmohan To Jagmohan Chopra in future may be known as Jagmohan Chopra.

I, Ajit Pal Singh S/O Gurbachan Singh R/O We 286, Bansa Wala Bazar, Jalandhar, Punjab I Have Changed My Name From Ajit Pal Singh To Ajit Pal Malhotra.

I, Nisha Arora W/o Sumit Kumar Seth R/o Main Bazar Dialpur Jalandhar have changed my name from Nisha Arora to Nisha Seth.

I, Som Nath S/O Malkiat Singh R/O VPO Satnaur Tehsil Garhshankar, Distt. Hoshiarpur, Punjab, India, have changed my name from Som Nath to Nath Som.

I, Manisha Bhardwaj alias Nisha w/o Naresh Bhardwaj r/o Vill.Kurali, Po.Lambra, Distt. Jalandhar-144026, Punjab have changed my name to Nisha Bhardwaj. All concerned please note.

I, Charanjit s/o Hazara Ram r/o VPO. Dolike Sunderpur, Distt.Jalandhar have changed the spelling of my name from Charanjit to Charnjit. All concerned please note.

I, hitherto known as Sarbjit s/o Makhan Lal r/o H.No. B-1-984, Ram Nagar, Jalandhar, Punjab-144008 have changed my name and shall hereafter be known as Sarbjit Mehmi.

I, Gagan s/o Jyoti r/o H.No. 873, Shah Sikander, Jalandhar, Punjab-144004 have changed my name from Gagan to Gagan Gagan. All concerned please note.

I, Preeti Verma w/o Vijay Kumar r/o H.No. 18/27, Jaimal Nagar, Jalandhar have changed my surname from Preeti Verma to Preeti Varma. All concerned please note.

I, Ravinder Kaur d/o Piara Singh w/o Nachattar Singh r/o Village Buh, Po. Fattu Dhinga, Kapurthala, Punjab have changed my name to Ravinderjit Kaur. All concerned please note.

I, Hritik S/o Ashwani Kumar R/o H.No. 271, Gali No.5, Ishwar Nagar, Basti Sheikh, Jalandhar-144002 have changed my name from Hritik to Hritik Bhardwaj (Bhardwaj as Surname). All concerned please note.

I, Dalbir Singh S/o Naranjan Singh R/o Vill. Bal Nau, Po. Khanpur Dhadda, Tehsil Shahkot, Distt. Jalandhar (144701) have changed my name from Dalbir Singh to Dalvir Singh. All concerned please note.

I, hitherto known as HITESH SINGH S/O Sukhwant Singh R/o V.P.O Kalra, Tehsil Adampur, District Jalandhar, Punjab have changed my name and shall hereafterbe known as SINGH HITESH.

## Lost and Found

I, Gagandeep Singh S/O Dilbag Singh R/O 6/36, Gali Agnihotri Wali Opp. Gandhi Park, Mohalla Rodupura, Tarn Taran inform that old sale deed of my house executed by Vijay Kumar S/O Ramsaran Dass in favour of Kiran Amarjit Kaur W/O Amrik Singh,sale deed No.3733 dated 16.01.2009 has been lost on 09.09.2024. Its DDR is submitted at PSOC City Tarn Taran on 10.09.24 Its LR No.is 514411/2024 If anybody finds it please contact - 7889094725.

I, Angrej Singh S/O Kuldeep Singh R/O Green Avenue, Amritsar Road,Tarn Taran inform that old sale deed of my plot executed by Dilbag Singh S/O Harbans Singh in favour of Amarjit Kaur Wd/O Kewal Singh,sale deed No.3261 dated 26.09.2013 has been lost on 10.09.2024. Its DDR is submitted at PSOC City Tarn Taran on 11.09.24 Its LR No.is 514742/2024 If anybody finds it please contact - 9914688006

## ਨਾਂਅ ਦੀ ਬਦਲੀ

ਮੈਂ ਪੁਨਮਦੀਪ ਕੌਰ ਪਤਨੀ ਕਰਨਦੀਪ ਸਿੰਘ ਸਿੱਧੂ, #ਐਮਸੀਬੀ-ਜ਼ੈੱਡ5-0655, ਗਲੀ ਨੰ: 2, ਬਾਬਾ ਫ਼ਰੀਦ ਨਗਰ, ਬੀਬੀ ਵਾਲਾ ਚੌਂਕ, ਬਠਿੰਡਾ ਨੇ ਆਪਣਾ ਨਾਮ ਬਦਲ ਕੇ ਪੁਨਮਦੀਪ ਕੌਰ ਸਿੱਧੂ ਰੱਖ ਲਿਆ ਹੈ।

ਮੈਂ, ਹਰਜੀਤ ਕੌਰ ਪਤਨੀ ਪਰਮਿੰਦਰ ਸਿੰਘ ਨਿਵਾਸੀ ਪਿੰਡ ਜੇਠਪੁਰ, ਜਲੰਧਰ, ਪੰਜਾਬ, 144102, ਭਾਰਤ ਨੇ ਵਿਆਹ ਤੋਂ ਬਾਅਦ ਆਪਣਾ ਨਾਂਅ ਹਰਵਿੰਦਰ ਕੌਰ ਤੋਂ ਬਦਲ ਕੇ ਹਰਜੀਤ ਕੌਰ ਰੱਖ ਲਿਆ ਹੈ। (10644)

ਮੈਂ, ਸ਼ੀਲਾ ਦੇਵੀ ਪਤਨੀ ਕਨਈਆ ਵਾਸੀ ਪਿੰਡ ਮਿਰਜ਼ਾਪੁਰ, ਡਾਕ. ਕੋਟਲਾ ਨੌਧ ਸਿੰਘ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਗ ਲੜਕੇ ਦਾ ਨਾਂਅ ਰਾਹੁਲ ਤੋਂ ਬਦਲ ਕੇ ਰੋਹਿਤ ਰੱਖ ਲਿਆ ਹੈ।

ਮੈਂ, ਰੁਪਿੰਦਰ ਸਿੰਘ ਢਿੱਲੋਂ ਪੁੱਤਰ ਭੁਪਿੰਦਰ ਸਿੰਘ, ਵਾਸੀ ਮਕਾਨ ਨੰਬਰ 322, ਧੂਰੀ ਪਿੰਡ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਰੁਪਿੰਦਰ ਸਿੰਘ ਰੱਖ ਲਿਆ ਹੈ।

ਮੈਂ, ਜਯੋਤੀ ਪਾਠਕ ਪਤਨੀ ਸ਼ਿਵ ਕੁਮਾਰ ਵਾਸੀ ਸ਼ੇਖੂਪੁਰ ਡਾਕਖਾਨਾ ਸ਼ੇਖੂਪੁਰ ਜ਼ਿਲ੍ਹਾ ਕਪੂਰਥਲਾ, ਘੋਸ਼ਣਾ ਕਰਦੀ ਹਾਂ ਕਿ ਮੈਂ ਆਪਣਾ ਨਾਮ ਜਯੋਤੀ ਪਾਠਕ ਤੋਂ ਬਦਲਕੇ ਜਯੋਤੀ ਕਰ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਇੰਦਰਜੀਤ ਪਾਠਕ ਪੁੱਤਰ ਗਿਦਾਰੀ ਲਾਲ ਪਾਠਕ ਵਾਸੀ ਮਕਾਨ ਨੰਬਰ 3542, ਵਾਰਡ ਨੰਬਰ 05, ਚੌੜੀਆਂ ਮੁਹੱਲਾਂ, ਕਰਤਾਰਪੁਰ, ਜ਼ਿਲ੍ਹਾ ਜਲੰਧਰ-144801, ਪੰਜਾਬ ਨੇ ਆਪਣਾ ਨਾਂਅ ਇੰਦਰਜੀਤ ਕੁਮਾਰ ਤੋਂ ਬਦਲ ਕੇ ਇੰਦਰਜੀਤ ਪਾਠਕ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਆਸ਼ਾ ਬੱਧਨ ਪਤਨੀ ਇੰਦਰਜੀਤ ਬੱਧਨ ਵਾਸੀ ਮਕਾਨ ਨੰਬਰ 1651/01, ਨੇੜੇ ਗੁਰਦੁਆਰਾ, ਚਰਖੜੀ ਮੁਹੱਲਾ, ਕਰਤਾਰਪੁਰ, ਜ਼ਿਲ੍ਹਾ ਜਲੰਧਰ-144801, ਪੰਜਾਬ ਨੇ ਆਪਣਾ ਨਾਂਅ ਆਸ਼ਾ ਤੋਂ ਬਦਲ ਕੇ ਆਸ਼ਾ ਬੱਧਨ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਸਵਿੰਦਰ ਕੌਰ ਪਤਨੀ ਲੇਟ ਸ੍ਰੀ ਪ੍ਰਤਾਪ ਸਿੰਘ ਵਾਸੀ ਪਿੰਡ ਹਰਚੋਵਾਲ, ਤਹਿ. ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦੀ ਹਾਂ ਕਿ ਜਮ੍ਹਾਂਬੰਦੀ ਵਿਚ ਗਲਤੀ ਨਾਲ ਮੇਰਾ ਨਾਂਅ ਸੁਰਿੰਦਰ ਕੌਰ ਵਿਧਵਾ ਪ੍ਰਤਾਪ ਸਿੰਘ ਲਿਖਿਆ ਗਿਆ ਹੈ, ਜਦ ਕਿ ਮੇਰਾ ਸਹੀ ਅਤੇ ਅਸਲ ਨਾਂਅ ਸਵਿੰਦਰ ਕੌਰ ਪਤਨੀ ਲੇਟ ਸ੍ਰੀ ਪ੍ਰਤਾਪ ਸਿੰਘ ਹੈ।

## ਆਮ ਸੂਚਨਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਅਧੀਨ ਮੋਟਰ ਕੁਨੈਕਸ਼ਨ 17.5 ਹਾਰਸ ਪਾਵਰ ਦਾ ਕੁਨੈਕਸ਼ਨ ਖਾਤਾ ਨੰਬਰ ਏ ਪੀ 12-0028-ਐੱਲ ਵਾਕਿਆ ਰਕਬਾ ਫਤਿਹਗੜ੍ਹ ਵਿਚ ਦਿਆਲ ਸਿੰਘ ਪੁੱਤਰ ਗੰਗਾ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਨਾ ਦੇ ਨਾਂਅ 'ਤੇ ਚੱਲ ਰਿਹਾ ਹੈ। ਇਹ ਮੋਟਰ ਕੁਨੈਕਸ਼ਨ ਦਾ ਨਾਂਅ ਬਦਲੀ ਕਰਕੇ ਰੁਪਿੰਦਰਪਾਲ ਕੌਰ ਪਤਨੀ ਜਗਦੇਵ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਨਾ, ਜ਼ਿਲ੍ਹਾ ਮੋਗਾ ਦੇ ਨਾਂਅ 'ਤੇ ਅਪਲਾਈ ਕੀਤਾ ਗਿਆ ਹੈ। ਜੇਕਰ ਇਹ ਮੋਟਰ ਕੁਨੈਕਸ਼ਨ ਨਾਂਅ ਬਦਲੀ ਕਰਨ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਲਿਖਤੀ ਤੌਰ 'ਤੇ 15 ਦਿਨਾਂ ਦੇ ਅੰਦਰ ਉਪ ਮੰਡਲ ਅਫਸਰ ਪੀ ਐੱਸ ਪੀ ਸੀ ਐੱਲ ਸਬ-ਡਵੀਜ਼ਨ ਭਿੰਡਰ ਕਲਾਂ ਪਾਸ ਕਰ ਸਕਦਾ ਹੈ। ਮਿਆਦ ਲੰਘਣ ਤੋਂ ਬਾਅਦ ਕੋਈ ਵੀ ਇਤਰਾਜ਼ ਮੰਨਿਆ ਨਹੀਂ ਜਾਵੇਗਾ ਅਤੇ ਮੋਟਰ ਕੁਨੈਕਸ਼ਨ ਨਾਂਅ ਬਦਲੀ ਕਰਕੇ ਰੁਪਿੰਦਰਪਾਲ ਕੌਰ ਪਤਨੀ ਜਗਦੇਵ ਸਿੰਘ ਦੇ ਨਾਂਅ 'ਤੇ ਕਰ ਦਿੱਤਾ ਜਾਵੇਗਾ।

ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫ਼ਤਰ ਅਧੀਨ ਮੋਟਰ ਕੁਨੈਕਸ਼ਨ 20 ਹਾਰਸ ਪਾਵਰ ਦਾ ਕੁਨੈਕਸ਼ਨ ਖਾਤਾ ਨੰਬਰ ਏ ਪੀ 12-525-ਪੀ ਵਾਕਿਆ ਰਕਬਾ ਫਤਿਹਗੜ੍ਹ ਕੋਰੋਟਾਨਾ ਵਿਚ ਗੁਰਦੀਪ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਨਾ ਦੇ ਨਾਂਅ 'ਤੇ ਚੱਲ ਰਿਹਾ ਹੈ। ਇਹ ਮੋਟਰ ਕੁਨੈਕਸ਼ਨ ਦਾ ਨਾਂਅ ਬਦਲੀ ਕਰਕੇ ਰੁਪਿੰਦਰਪਾਲ ਕੌਰ ਪਤਨੀ ਜਗਦੇਵ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਨਾ ਜ਼ਿਲ੍ਹਾ ਮੋਗਾ ਦੇ ਨਾਂਅ 'ਤੇ ਅਪਲਾਈ ਕੀਤਾ ਗਿਆ ਹੈ। ਜੇਕਰ ਇਹ ਮੋਟਰ ਕੁਨੈਕਸ਼ਨ ਨਾਂਅ ਬਦਲੀ ਕਰਨ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਲਿਖਤੀ ਤੌਰ 'ਤੇ 15 ਦਿਨਾਂ ਦੇ ਅੰਦਰ ਉਪਰ ਮੰਡਲ ਅਫਸਰ ਪੀ ਐੱਸ ਪੀ ਸੀ ਐੱਲ ਸਬ-ਡਵੀਜ਼ਨ ਭਿੰਡਰ ਕਲਾਂ ਪਾਸ ਕਰ ਸਕਦਾ ਹੈ। ਮਿਆਦ ਲੰਘਣ ਤੋਂ ਬਾਅਦ ਕੋਈ ਵੀ ਇਤਰਾਜ਼ ਮੰਨਿਆ ਨਹੀਂ ਜਾਵੇਗਾ ਅਤੇ [illegible]

[illegible]

## ਬੇਦਖਲੀ ਨੋਟਿਸ

[illegible]

## ਬੇਦਖਲੀ ਨੋਟਿਸ

ਮੈਂ ਕੇਸਰ ਸਿੰਘ ਸਪੁੱਤਰ ਚੈਚਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮਾਹਿਲਪੁਰ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਤੇ ਉਸਦੀ ਪਤਨੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ ਸੰਤੋਖ ਸਿੰਘ ਪੁੱਤਰ ਵੀਰ ਸਿੰਘ ਵਾਸੀ ਪਿੰਡ ਜਗਤਪੁਰ ਖੁਰਦ ਡਾ. ਪੁਰਾਣਾ ਸ਼ਾਲਾ ਜ਼ਿਲਾ ਗੁਰਦਾਸਪੁਰ ਆਪਣੇ ਲੜਕੇ ਪਰਦੀਪ ਸਿੰਘ ਅਤੇ ਇਸ ਦੀ ਪਤਨੀ ਸੁਨੀਤਾ ਦੇਵੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਤਰਲੋਕ ਸਿੰਘ ਪੁੱਤਰ ਆਸਾ ਸਿੰਘ, ਵਾਸੀ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਮਨਿੰਦਰਪਾਲ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕਸ਼ਮੀਰ ਸਿੰਘ ਪੁੱਤਰ ਭਗਤ ਸਿੰਘ ਵਾਸੀ ਪਿੰਡ ਅਤੇ ਡਾਕਖਾਨਾ ਜੱਬੋਵਾਲ,ਤਹਿਸੀਲ ਬਾਬਾ ਬਕਾਲਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਜੋ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਸੁਣਨੇ ਤੋਂ ਬਾਹਰ ਹੈ, ਮਨ ਮਰਜੀ ਕਰਦਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਅਤੇ ਰਿਸ਼ਤੇਦਾਰੀ ਵਿਚੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਕੰਵਲਜੀਤ ਕੌਰ ਵਿਧਵਾ ਭਾਗ ਸਿੰਘ ਵਾਸੀ ਪਿੰਡ ਰੂੜੀਵਾਲਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਦੀ ਵਸਨੀਕ ਹਾਂ। ਇਹ ਕਿ ਮੇਰਾ ਪੁੱਤਰ ਅਰਸ਼ਦੀਪ ਸਿੰਘ, ਜੋ ਸ਼ਾਦੀਸ਼ੁਦਾ ਹੈ। ਅਰਸ਼ਦੀਪ ਸਿੰਘ ਤੇ ਉਸ ਦੀ ਪਤਨੀ ਮੇਰੇ ਕਹਿਣੇਕਾਰ ਨਹੀਂ। ਇਸ ਕਰਕੇ ਮੈਂ ਆਪਣੀ ਨੂੰਹ ਤੇ ਪੁੱਤ ਨੂੰ ਆਪਣੀ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਰਾਜੇਸ਼ ਲਾਲ ਪੁੱਤਰ ਰਾਮ ਕੁਮਾਰ ਲਾਲ ਤੇ ਮੀਨਾ ਦੇਵੀ ਪਤਨੀ ਰਾਜੇਸ਼ ਲਾਲ ਵਾਸੀ ਪਿੰਡ ਬੁਲੰਦਪੁਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਬੇਟਾ ਸੰਜੂ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜੱਸਾ ਸਿੰਘ ਪੁੱਤਰ ਮੰਗਲ ਸਿੰਘ ਭੱਠਾ ਬਸਤੀ ਗੁਰੂਹਰਸਹਾਏ ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜ਼ਪੁਰ ਦਾ ਰਹਿਣ ਵਾਲਾ ਹਾਂ ਮੇਰਾ ਲੜਕਾ ਅਰਜਨ ਉਰਫ ਗੋਲਡੀ ਉਮਰ 20 ਸਾਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦਾ ਹੈ ਅੱਜ ਤੋਂ ਬਾਅਦ ਸਾਡਾ ਉਸ ਨਾਲ ਕੋਈ ਲੈਣ ਦੇਣ ਨਹੀਂ। ਮੇਰਾ ਉਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਮੈਂ ਉਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਰਿਸ਼ਤੇਦਾਰ ਅਤੇ ਸੰਬੰਧਤ ਨੋਟ ਕਰਨ।

ਮੈਂ, ਰਾਣੀ ਪਤਨੀ ਲੇਟ ਕਾਲਾ ਰਾਮ ਵਾਸੀ 7665/ਬੀ, ਚੰਦਸਰ ਬਸਤੀ, ਬਠਿੰਡਾ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਦੀਪਕ ਵਾ ਉਸਦੀ ਪਤਨੀ ਵੰਦਨਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਬਖਸ਼ ਕੌਰ ਪਤਨੀ ਅਵਤਾਰ ਸਿੰਘ ਵਾਸੀ ਪਿੰਡ ਚਾਣਸੂ ਜੱਟਾਂ, ਡਾਕ: ਮਜ਼ਾਰਾ ਡੀਂਗਰੀਆ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ [illegible]

[illegible]


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਗਾਵਾਂ/ਪਸ਼ੂਆਂ ਨੂੰ ਬੇਸਹਾਰਾ ਛੱਡਣ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ

ਨਵਾਂਸ਼ਹਿਰ, (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਪਸ਼ੂਆਂ ਨੂੰ ਬੇਸਹਾਰਾ ਛੱਡਣ ਵਾਲੇ ਲੋਕਾਂ ਨੂੰ ਅਜਿਹਾ ਕਰਨ ਤੋਂ ਰੋਕਣ ਲਈ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਗਾਵਾਂ/ਪਸ਼ੂਆਂ ਨੂੰ ਬੇਸਹਾਰਾ ਛੱਡਣ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਗਊਵੰਸ਼ ਦਾ ਕੁਝ ਧਰਮਾਂ ਵਿਚ ਬਹੁਤ ਜ਼ਿਆਦਾ ਸਤਿਕਾਰ ਹੋਣ ਕਾਰਨ ਗਊਵੰਸ਼ ਨੂੰ ਇਸ ਤਰ੍ਹਾਂ ਬੇਸਹਾਰਾ ਛੱਡਣ ਕਾਰਨ ਜਾਨੀ ਨੁਕਸਾਨ ਨਾਲ ਜਿਥੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ, ਉਥੇ ਅਮਨ ਅਤੇ ਕਾਨੂੰਨ ਦੀ ਸਮੱਸਿਆ ਵੀ ਪੈਦਾ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਹੁਕਮਾਂ ਨੂੰ ਲਾਗੂ ਕਰਨ ਲਈ ਪੁਲਸ ਵਿਭਾਗ, ਪਸ਼ੂ ਪਾਲਣ ਵਿਭਾਗ, ਬੀ.ਡੀ.ਪੀ.ਓਜ਼, ਕਾਰਜ ਸਾਧਕ ਅਫਸਰ ਜ਼ਿੰਮੇਵਾਰ ਹੋਣਗੇ ਅਤੇ ਜੇਕਰ ਉਨ੍ਹਾਂ ਦੇ ਧਿਆਨ ਵਿਚ ਕੋਈ ਬੇਸਹਾਰਾ ਪਸ਼ੂ ਛੱਡਣ ਦੀ ਘਟਨਾ ਆਉਂਦੀ ਹੈ ਤਾਂ ਤੁਰੰਤ ਅਜਿਹੇ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਇਸ ਤੋਂ ਇਲਾਵਾ ਪਸ਼ੂਆਂ ਨੂੰ ਬੇਸਹਾਰਾ ਛੱਡਣ ਨਾਲ ਇਹ ਸੜਕਾਂ 'ਤੇ ਹਾਦਸਿਆਂ ਦਾ ਕਾਰਨ ਵੀ ਬਣਦੇ ਹਨ। ਇਹ ਹੁਕਮ 8 ਨਵੰਬਰ 2024 ਤੱਕ ਲਾਗੂ ਰਹੇਗਾ।

# ਫਗਵਾੜਾ ਪੱਤਰਕਾਰ ਸੰਗਠਨ ਨੇ ਮਨਾਇਆ ਅਧਿਆਪਕ ਦਿਵਸ



ਫਗਵਾੜਾ ( ਜਸਵਿੰਦਰ ਢੱਡਾ )- ਫਗਵਾੜਾ ਪੱਤਰਕਾਰ ਸੰਗਠਨ ਵਲੋਂ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਅਤੇ ਪ੍ਰੋਜੈਕਟ ਡਾਇਰੈਕਟਰ ਜੀਵਨ ਸੰਘਾ ਦੀ ਸੁਚੱਜੀ ਦੇਖ-ਰੇਖ ਹੇਠ ਗੌਰਮਿੰਟ ਪ੍ਰਾਇਮਰੀ ਸਕੂਲ ਭਗਤਪੁਰਾ ਵਿਖੇ ਅਧਿਆਪਕਾਂ ਦੇ ਸਨਮਾਨ ਲਈ ਅਧਿਆਪਕ ਦਿਵਸ ਮਨਾਇਆ ਗਿਆ। ਸੰਬੋਧਨ 'ਚ ਡਾ. ਰਮਨ ਨੇ ਕਿਹਾ ਕਿ ਡਾ. ਸਰਵਪੱਲੀ ਰਾਧਾਕ੍ਰਿਸ਼ਨਨ, ਜਿਨ੍ਹਾਂ ਦੇ ਜਨਮ ਦਿਨ ਨੂੰ ਅਸੀਂ ਅਧਿਆਪਕ ਦਿਵਸ ਵਜੋਂ ਮਨਾਉਂਦੇ ਹਾਂ, ਉਹ ਖੁਦ ਇੱਕ ਮਹਾਨ ਅਧਿਆਪਕ ਸਨ। ਉਨ੍ਹਾਂ ਸਿੱਖਿਆ ਦੀ ਮਹੱਤਤਾ ਬਾਰੇ ਦੱਸਿਆ ਤੇ ਸਮਾਜ ਵਿੱਚ ਅਧਿਆਪਕਾਂ ਦੀ ਭੂਮਿਕਾ ਬਾਰੇ ਦੱਸਿਆ। ਜੀਵਨ ਸੰਘਾ ਨੇ ਕਿਹਾ ਕਿ ਅਧਿਆਪਕ ਉਸ ਗੁਰੂ ਸਮਾਨ ਹੈ, ਜਿਹੜਾ ਗੁਰੂ ਆਪਣੇ ਵਿਦਿਆਰਥੀ ਦੇ ਚੰਗੇਰੇ ਭਵਿੱਖ ਲਈ ਹਮੇਸ਼ਾ ਚਿੰਤਤ ਰਹਿੰਦਾ ਹੈ। ਸੁਸ਼ੀਲ ਸ਼ਰਮਾ ਨੇ ਕਿਹਾ ਕਿ ਅਧਿਆਪਕ ਅਤੀਤ ਦਾ ਸੁਧਾਰਕ ਵੀ ਹੈ ਅਤੇ ਭਵਿੱਖ ਦਾ ਨਿਰਮਾਤਾ ਵੀ ਹੈ ਕਿਉਂਕਿ ਹਰ ਅਧਿਆਪਕ ਅਧਿਐਨ, ਅਧਿਆਪਨ ਅਤੇ ਬਿਹਤਰ ਨਿਰਮਾਣ ਦਾ ਪ੍ਰਮਾਣ ਹੈ। ਉਨ੍ਹਾਂ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਅਧਿਆਪਕਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਨਮਾਨਤ ਹੋਣ ਵਾਲੇ ਅਧਿਆਪਕਾਂ 'ਚ ਮੁੱਖ ਅਧਿਆਪਕ ਜਸਵਿੰਦਰ ਸਿੰਘ, ਮੈਡਮ ਹਰਜਿੰਦਰ ਕੌਰ ਈ ਟੀ ਟੀ ਅਧਿਆਪਕ, ਮੈਡਮ ਸੰਦੀਪ ਕੌਰ ਈ ਟੀ ਟੀ ਅਧਿਆਪਕ ਸ਼ਾਮਿਲ ਸਨ। ਇਸ ਮੌਕੇ ਫਗਵਾੜਾ ਪੱਤਰਕਾਰ ਸੰਗਠਨ ਦੇ ਪ੍ਰਧਾਨ ਡਾ. ਰਮਨ , ਸੁਸ਼ੀਲ ਸ਼ਰਮਾ, ਜੀਵਨ ਸੰਘਾ, ਅਜੇ ਕੋਛੜ, ਅਮ੍ਰਿਤਪਾਲ ਸਿੰਘ, ਸਤਪ੍ਰਕਾਸ਼ ਸਿੰਘ ਸੰਗੂ, ਜਸਵਿੰਦਰ ਸਿੰਘ ਭਗਤਪੁਰਾ ਆਦਿ ਮੌਜੂਦ ਸਨ।

# ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਗਰੋਹ ਦਾ ਪਰਦਾ ਫਾਸ਼

ਜਲੰਧਰ, ( ਸ਼ੈਲੀ ਐਲਬਰਟ)- ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਕੇ ਇਸ ਵਿੱਚ ਸ਼ਾਮਲ ਤਿੰਨ ਅਪਰਾਧੀਆਂ ਜਿਨ੍ਹਾਂ ਵਿਚ ਦੋ ਨਾਬਾਲਗ ਸ਼ਾਮਿਲ ਹਨ, ਨੂੰ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪਿੰਡ ਫੋਲੜੀਵਾਲ ਨੇੜੇ ਗਸ਼ਤ ਦੌਰਾਨ ਪੁਲਸ ਪਾਰਟੀ ਨੂੰ ਇਤਲਾਹ ਮਿਲੀ ਕਿ ਇਲਾਕੇ 'ਚ ਕੁਝ ਵਿਅਕਤੀ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ। ਉਨ੍ਹਾਂ ਦੱਸਿਆ ਕਿ ਅਪਰਾਧੀ ਦੱਖਣੀ ਸ਼ਹਿਰ ਨੇੜੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ। ਸਵਪਨ ਸ਼ਰਮਾ ਨੇ ਦੱਸਿਆ ਕਿ ਇਨਪੁਟ ਦੇ ਅਧਾਰ 'ਤੇ ਪੁਲਸ ਨੇ ਅਪਰਾਧ ਦੀ ਯੋਜਨਾ ਬਣਾ ਰਹੇ ਤਿੰਨ ਅਪਰਾਧੀਆਂ ਨੂੰ ਗ੍ਰਿਫਤਾਰ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਤਿੰਨਾਂ ਦੀ ਪਛਾਣ ਕਾਕੂ, ਮਿੱਠਾਪੁਰ ਕਾਲੋਨੀ ਜਲੰਧਰ, ਵਾਸੀ ਐਚ.ਐਨ. 81 ਮੁਹੱਲਾ ਈਦਗਾਹ ਦਯਾਨੰਦ ਚੌਕ ਗੜ੍ਹਾ ਜਲੰਧਰ ਅਤੇ ਸੌਰਵ ਉਰਫ ਸੋਨੂੰ ਪੁੱਤਰ ਰਾਮ ਵਾਸੀ ਰਾਣਾ ਪਿੰਡ ਅਲੀਪੁਰ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਨੂੰ ਦੋ ਮੋਟਰਸਾਈਕਲਾਂ, ਪੰਜ ਮੋਬਾਇਲ ਫ਼ੋਨ, ਇੱਕ ਦਾਤਰ ਅਤੇ ਇੱਕ ਖੰਡਾ ਸਮੇਤ ਕਾਬੂ ਕੀਤਾ ਗਿਆ ਹੈ।

## Public Notice

I, Jeet Chand Alias Jit Chand S/o Dara R/o H.No. 620, Tanda, Dashmesh Nagar, Tehsil Tanda, Distt. Hoshiarpur, Punjab, declare that I am the same and one Person of Both these names Jeet Chand and Jit Chand. Kindly note for all future Purpose. (Behl)

## ਬੇਦਖਲੀ ਨੋਟਿਸ

ਮੈਂ, ਪ੍ਰੀਤੀ ਟੱਲਾ ਪਤਨੀ ਰਕੇਸ਼ ਕੁਮਾਰ ਵਾਸੀ ਮਕਾਨ ਨੰ. ਜੀ-3/003, ਸ਼ ਰਿਆ ਗਰੀਨਜ਼ ਅਪਾਰਟਮੈਂਟ, ਸੂਰਿਯਾ ਇਨਕਲੇਵ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਿਤਿਕ ਟੱਲਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜਸਬੀਰ ਕੌਰ ਪਤਨੀ ਵਿਧਵਾ ਬਲਵੰਤ ਸਿੰਘ, ਵਾਸੀ ਪਿੰਡ ਕਾਲਾਬਾਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਪੁੱਤਰ ਸ਼ਮਸ਼ੇਰ ਸਿੰਘ ਅਤੇ ਉਸ ਦੀ ਪਤਨੀ ਰਾਜਵਿੰਦਰ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ [illegible]

# ਜਮਹੂਰੀ ਚੇਤਨਾ ਕਨਵੈਨਸ਼ਨ ਨੇ ਫਾਸ਼ੀਵਾਦੀ ਹਮਲੇ ਵਿਰੁੱਧ ਸੰਘਰਸ਼ ਤੇਜ਼ ਕਰਨ ਦਾ ਹੋਕਾ ਦਿੱਤਾ

**ਲੁਧਿਆਣਾ (ਪੱਤਰ ਪ੍ਰੇਰਕ)** ਨਵੇਂ ਫ਼ੌਜਦਾਰੀ ਕਾਨੂੰਨ ਨਿਆਂ ਨੂੰ ਸੌਖਾ ਨਹੀਂ ਬਣਾਉਣ, ਸਗੋਂ ਨਾਗਰਿਕਾਂ ਨੂੰ ਅਧਿਕਾਰਾਂ ਤੋਂ ਵਾਂਝੇ ਕਰਨ ਤੇ ਜ਼ੁਬਾਨਬੰਦੀ ਕਰਕੇ ਬੇਵੱਸ ਪਰਜਾ ਬਣਾਉਣ ਦਾ ਸੰਦ ਹਨ।ਭਾਰਤ ਨੂੰ ਪੁਲਿਸ ਸਟੇਟ ਬਣਨ ਤੋਂ ਰੋਕਣ ਲਈ ਇਨ੍ਹਾਂ ਕਾਨੂੰਨਾਂ ਵਿਰੁੱਧ ਵਿਸ਼ਾਲ ਲੋਕ ਚੇਤਨਾ ਲਹਿਰ ਖੜੀ ਕਰਨੀ ਜ਼ਰੂਰੀ ਹੈ।ਪੰਜਾਬੀ ਭਵਨ ਵਿਖੇ ਐਡਵੋਕੇਟ ਦਲਜੀਤ ਸਿੰਘ, ਪ੍ਰੋਫੈਸਰ ਜਗਮੋਹਨ ਸਿੰਘ ਜਸਵਿੰਦਰ ਫਗਵਾੜਾ ਦੀ ਪ੍ਰਧਾਨਗੀ ਹੇਠ ਹੋਈ ਜਮਹੂਰੀ ਚੇਤਨਾ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਵਕਤਾ ਐਡਵੋਕੇਟ ਦਲਜੀਤ ਸਿੰਘ ਨੇ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਸੰਵਿਧਾਨ 'ਚ ਦਰਜ ਜਿਉਣ ਦਾ ਅਧਿਕਾਰ ਮਹਿਜ਼ ਜ਼ਿੰਦਾ ਰਹਿਣ ਦਾ ਅਧਿਕਾਰ ਨਹੀਂ ਹੈ, ਇਹ ਇਨਸਾਨ ਲਈ ਸਨਮਾਨਜਨਕ, ਮਨੁੱਖੀ ਮਿਆਰਾਂ ਵਾਲੀ ਆਜ਼ਾਦ ਜ਼ਿੰਦਗੀ ਦੀ ਜ਼ਾਮਨੀ ਦਿੰਦਾ ਹੈ।ਭਾਜਪਾ ਸਰਕਾਰ ਵੱਲੋਂ ਤਿੰਨ ਨਵੇਂ ਫ਼ੌਜਦਾਰੀ ਕਾਨੂੰਨ ਇਸ ਸੰਵਿਧਾਨਕ ਵਿਵਰਣ ਦਾ ਅਧਿਕਾਰ ਹਨ ਤੇ ਪੂਰੀ ਤਰ੍ਹਾਂ ਖੰਡਨ ਕਰਦੇ ਹਨ ਤੇ ਇਹ ਪਾਰਲੀਮੈਂਟ ਵਿਚ ਸ਼ਾਹ ਰਾਜਨੀਤਕ ਧਿਰ ਵੱਲੋਂ ਪਾਰਲੀਮੈਂਟਰੀ ਮਰਯਾਦਾ ਦੀਆਂ ਧੱਜੀਆਂ ਉਡਾ ਕੇ ਦੇਸ਼ ਤੇ 140 ਕਰੋੜ ਨਾਗਰਿਕਾਂ ਉੱਪਰ ਥੋਪੇ ਗਏ ਹਨ।ਸੱਤਾਧਾਰੀ ਧਿਰ ਕੋਈ ਵੀ ਦਾਅਵੇ ਕਰੇ, ਦਰਅਸਲ ਇਹ ਕਾਨੂੰਨ ਜਾਨ-ਬੁੱਝਕੇ ਐਸੇ ਸੰਘਰਸ਼ਾਂ ਰਾਹੀਂ ਹਾਸਲ ਕੀਤੇ ਜਮਹੂਰੀ ਤੇ ਸੰਵਿਧਾਨਕ ਹੱਕਾਂ ਨੂੰ ਖੋਹਣ ਲਈ ਪਾਸ ਕੀਤੇ ਗਏ ਹਨ।ਕਾਨੂੰਨਾਂ ਦੇ ਗ਼ੈਰਕਾਨੂੰਨੀ ਤੱਤ ਨੂੰ ਸਪਸ਼ਟ ਕਰਦਿਆਂ ਉਨ੍ਹਾਂ ਕਿਹਾ ਕਿ ਯੂਏਪੀਏ ਵਰਗੇ ਬਦਨਾਮ ਜਾਬਰ ਕਾਨੂੰਨਾਂ ਨੂੰ ਲਾਗੂ ਕਰਨ ਲਈ ਸਰਕਾਰੀ ਮਨਜ਼ੂਰੀ ਲੈਣ ਦੀ ਲੋੜ ਪੈਂਦੀ ਸੀ।ਹੁਣ ਯੂਏਪੀਏ ਦੀ ਦਹਿਸ਼ਤਵਾਦ ਦੀ ਪ੍ਰੀਭਾਸ਼ਾ ਨੂੰ ਭਾਰਤੀਆ ਨਿਆਏ ਸੰਹਿਤਾ ਦੀ ਧਾਰਾ 113 ਬਣਾਕੇ ਸਰਕਾਰੀ ਮਨਜ਼ੂਰੀ ਦੀ ਰੁਕਾਵਟ ਦੂਰ ਕੀਤੀ ਗਈ ਹੈ ਤੇ ਹੁਣ ਇੱਕ ਥਾਣੇਦਾਰ ਮਹਿਜ਼ ਜ਼ਿਲ੍ਹਾ ਪੁਲਸ ਮੁਖੀ ਦੀ ਮਨਜ਼ੂਰੀ ਨਾਲ ਕਿਸੇ ਨੂੰ ਵੀ ਦਹਿਸ਼ਤਵਾਦ ਦਾ ਠੱਪਾ ਲਾ ਕੇ ਜੇਲ੍ਹ ਵਿਚ ਬੰਦ ਕਰ ਸਕਦਾ ਹੈ।ਹੜਤਾਲ, ਪੈੱਨਡਾਊਨ ਹੜਤਾਲ, ਸੜਕਾਂ-ਰੇਲਾਂ ਆਦਿ ਰੋਕਣ ਵਰਗੇ ਸੰਘਰਸ਼ ਦੇ ਰਵਾਇਤੀ ਤਰੀਕੇ ਗੈਰਕਾਨੂੰਨੀ ਦੇ ਘੇਰੇ ਵਿਚ ਲਿਆਂਦੇ ਜਾ ਸਕਦੇ ਹਨ।




ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦਾ ਰਾਜਧ੍ਰੋਹ ਦੀ ਧਾਰਾ ਖ਼ਤਮ ਕਰਨ ਦਾ ਦਾਅਵਾ ਪੂਰੀ ਤਰ੍ਹਾਂ ਝੂਠ ਹੈ, ਕਿਉਂਕਿ ਦੇਸ਼ ਦੇ ਮਾੜੇ ਹਾਲਾਤ ਜਾਂ ਭ੍ਰਿਸ਼ਟਾਚਾਰੀ ਪ੍ਰਬੰਧ ਬਾਰੇ ਕਿਸੇ ਵੀ ਰੂਪ 'ਚ ਟਿੱਪਣੀ ਨੂੰ ਏਕਤਾ-ਅਖੰਡਤਾ ਨਾਲ ਸੰਬੰਧਤ ਬੀਐੱਨਐੱਸ ਦੀ ਧਾਰਾ 152 ਤਹਿਤ ਦੇਸ਼ ਵਿਰੋਧੀ ਗਰਦਾਨਿਆ ਜਾ ਸਕੇਗਾ। ਮੌਜੂਦਾ ਪ੍ਰਬੰਧ ਜਾਂ ਸਰਕਾਰ ਤੋਂ ਅਸੰਤੁਸ਼ਟ ਹਿੱਸਿਆਂ ਦੇ ਕਿਸੇ ਵੀ ਅੰਦੋਲਨ ਦੀ ਵਿਰੋਧੀ ਜਾਂ ਕਿਸੇ ਹੋਰ ਰੂਪ 'ਚ ਸਰਗਰਮੀਆਂ ਵੀ ਦੇਸ਼ ਦੀ ਅਖੰਡਤਾ ਵਿਰੁੱਧ ਮੰਨੀ ਜਾਵੇਗੀ।ਭੁੱਖ ਹੜਤਾਲ ਜਾਂ ਹੋਰ ਰੂਪਾਂ 'ਚ ਜਨਤਕ ਦਬਾਅ ਪਾਉਣ ਦੇ ਤਰੀਕੇ ਨਵੀਂ ਕਾਨੂੰਨੀ ਵਿਵਸਥਾ ਤਹਿਤ ਆਤਮਹੱਤਿਆ ਦੀ ਗ਼ੈਰਕਾਨੂੰਨੀ ਕਾਰਵਾਈ ਮੰਨੇ ਜਾਣਗੇ।ਉਨ੍ਹਾਂ ਕਿਹਾ ਕਿ ਇਸ ਨਿਜ਼ਾਮ ਕੋਲ ਲੋਕਾਂ ਦੇ ਮਸਲਿਆਂ ਦਾ ਕੋਈ ਹੱਲ ਨਹੀਂ ਹੈ ਅਤੇ ਇਹ ਸਾਰੀਆਂ ਕਾਨੂੰਨੀ ਪੇਸ਼ਬੰਦੀਆਂ ਸਵਾਲ ਉਠਾਉਣ ਵਾਲੇ ਜਾਗਰੂਕ ਹਿੱਸਿਆਂ ਦੀ ਜ਼ਬਾਨਬੰਦੀ ਕਰਨ ਅਤੇ ਲੋਕਾਂ ਨੂੰ ਦਹਿਸ਼ਤਜ਼ਦਾ ਕਰਨ ਦਾ ਸੰਦ ਹਨ।ਇਨ੍ਹਾਂ ਦੁਆਰਾ ਪੁਲਸ ਤੇ ਪ੍ਰਸ਼ਾਸਨਿਕ ਮਸ਼ੀਨਰੀ ਨੂੰ ਦਿੱਤੀਆਂ ਬੇਲਗਾਮ ਤਾਕਤਾਂ ਨਾਗਰਿਕਾਂ ਦੀ ਆਜ਼ਾਦੀ ਤੇ ਸਨਮਾਨਜਨਕ ਜ਼ਿੰਦਗੀ ਦੇ ਹੱਕ ਦੀ ਸੰਵਿਧਾਨਕ ਗਾਰੰਟੀ ਲਈ ਗੰਭੀਰ ਖ਼ਤਰਾ ਹਨ।ਇਨ੍ਹਾਂ ਕਾਨੂੰਨਾਂ ਰਾਹੀਂ ਸਮਾਜ ਦੇ ਵਾਂਝੇ, ਗਰੀਬ ਤੇ ਨਿਤਾਣੇ ਹਿੱਸਿਆਂ ਲਈ ਨਿਆਂ ਹਾਸਲ ਕਰਨਾ ਤਾਂ ਦੂਰ, ਬਹੁਤ ਸਾਰੇ ਜੁਰਮਾਂ ਦੀ ਸੂਰਤ 'ਚ ਆਪਣੇ ਨਾਲ ਹੋਏ ਧੱਕੇ ਜਾਂ ਬੇਇਨਸਾਫ਼ੀ ਵਿਰੁੱਧ ਐਫਆਈਆਰ ਦਰਜ ਕਰਾਉਣਾ ਵੀ ਲਗਭਗ ਅਸੰਭਵ ਬਣਾ ਦਿੱਤਾ ਗਿਆ ਹੈ, ਜੋ ਸਿਰਫ਼ ਤੇ ਸਿਰਫ਼ ਸਬੰਧਤ ਪੁਲਸ ਅਧਿਕਾਰੀ ਦੀ ਮਰਜ਼ੀ ਨਾਲ ਦਰਜ ਹੋਵੇਗੀ।ਇਸ ਤਰ੍ਹਾਂ ਰਿਮਾਂਡ ਦਾ ਸਮਾਂ 90 ਦਿਨ ਤੱਕ ਦਾਇਰਾ ਵਧਾ ਕੇ ਜ਼ਮਾਨਤ ਦੇ ਹੱਕ ਨੂੰ ਬੇਅਸਰ ਬਣਾ ਦਿੱਤਾ ਗਿਆ ਹੈ ਅਤੇ ਜੱਜਾਂ ਦੇ ਅਧਿਕਾਰ ਘਟਾ ਕੇ ਪੁਲਿਸ ਦੀਆਂ ਹੋਰ ਤਾਕਤਾਂ ਵਧਾ ਦਿੱਤੀਆਂ ਗਈਆਂ ਹਨ। ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ ਤੇ ਜਸਵੰਤ ਜੀਰਖ ਨੇ ਹਾਜ਼ਰੀਨ ਨੂੰ ਕਿਹਾ ਕਿ ਕਾਨੂੰਨਾਂ ਦੇ ਨਾਮ ਹਿੰਦੀ ਵਿਚ ਰੱਖ ਕੇ ਇਨ੍ਹਾਂ ਦੇ ਲੋਕ ਵਿਰੋਧੀ ਚਰਿੱਤਰ ਨੂੰ ਲੁਕੋ ਕੇ ਬਸਤੀਵਾਦੀ ਵਿਰਾਸਤ ਤੋਂ ਮੁਕਤ ਹੋਣ ਦਾ ਭਰਮ ਫੈਲਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜਦਕਿ 80ਫ਼ੀਸਦੀ ਤੋਂ ਵੱਧ ਵਿਵਸਥਾਵਾਂ ਪੁਰਾਣੇ ਕਾਨੂੰਨ ਹੂਬਹੂ ਪਹਿਲਾਂ ਵਾਲੇ ਕਾਪੀ-ਪੇਸਟ ਕੀਤੇ ਗਏ ਹਨ।ਇਹ ਨਵੇਂ ਨਾਵਾਂ ਹੇਠ ਉਹੀ ਕਾਨੂੰਨੀ ਵਿਵਸਥਾ ਹੈ, ਜੋ ਬਸਤੀਵਾਦੀ ਰਾਜ ਦੀ ਮਜ਼ਬੂਤੀ ਲਈ ਬਣਾਈ ਗਈ ਸੀ ਤੇ ਜਿਨ੍ਹਾਂ ਤਹਿਤ ਅੰਗਰੇਜ਼ ਬਸਤੀਵਾਦੀ ਹਕੂਮਤ ਭਾਰਤੀ ਦੇਸ਼ਭਗਤਾਂ ਨੂੰ ਜੇਲ੍ਹਾਂ ਵਿੱਚ ਸਾੜਦੀ ਰਹੀ।ਤਰਕਸ਼ੀਲ ਸੁਸਾਇਟੀ ਦੇ ਸੂਬਾਈ ਆਗੂ ਜਸਵਿੰਦਰ ਫਗਵਾੜਾ ਨੇ ਕਿਹਾ ਕਿ ਹਕੂਮਤ ਲੋਕ ਸੰਘਰਸ਼ਾਂ ਦੀ ਤਾਕਤ ਤੋਂ ਭੈਅ ਭੀਤ ਹੈ ਤੇ ਇਸੇ ਡਰ 'ਚੋਂ ਲੋਕਾਂ ਨੂੰ ਦਹਿਸ਼ਤਜ਼ਦਾ ਕਰਕੇ ਬੋਲਣ ਤੋਂ ਰੋਕਣ ਲਈ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਏ ਜਾਂਦੇ ਹਨ। ਇਨ੍ਹਾਂ ਲੋਕਵਿਰੋਧੀ ਕਾਨੂੰਨਾਂ ਬਾਰੇ ਚੇਤਨਾ ਨੂੰ ਪਿੰਡਾਂ-ਸ਼ਹਿਰਾਂ ਵਿੱਚ ਘਰ-ਘਰ ਤੱਕ ਪਹੁੰਚਾ ਕੇ ਹੀ ਸੱਤਾ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕੀਤਾ ਜਾ ਸਕਦਾ ਹੈ।ਉਨ੍ਹਾਂ ਨੇ ਅੰਧਵਿਸ਼ਵਾਸ ਵਿਰੋਧੀ ਕਾਨੂੰਨ ਬਣਾਉਣ ਲਈ ਅੰਦੋਲਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

## ਪੈਟਰੋਲ, ਡੀਜ਼ਲ ਦੇ ਰੇਟ ਤੇ ਬੱਸਾਂ ਦੇ ਕਿਰਾਏ ਵਧਾਉਣ ਦੀ ਭਾਕਿਯੂ ਏਕਤਾ ਉਗਰਾਹਾਂ ਵੱਲੋਂ ਸਖ਼ਤ ਨਿਖੇਧੀ

**ਚੰਡੀਗੜ੍ਹ /ਪਟਿਆਲਾ ( ਰਾਜਿੰਦਰ ਸਿੰਘ ਥਿੰਦ )**- ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਬੀਤੇ ਦਿਨੀਂ ਪੰਜਾਬ ਸਰਕਾਰ ਦੁਆਰਾ ਪਹਿਲੀਆਂ ਸਰਕਾਰਾਂ ਦੇ ਨਕਸ਼ੇ ਕਦਮ 'ਤੇ ਚੱਲਦਿਆਂ ਪੈਟਰੋਲ ਡੀਜ਼ਲ ਦੇ ਰੇਟਾਂ ਵਿੱਚ ਅਤੇ ਬੱਸਾਂ ਦੇ ਕਿਰਾਇਆਂ ਵਿੱਚ ਭਾਰੀ ਵਾਧਾ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਇਹ ਵਾਧੇ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੋਸ਼ ਲਾਇਆ ਹੈ ਕਿ ਪਹਿਲਾਂ ਹੀ ਘੋਰ ਆਰਥਿਕ ਮੰਦਹਾਲੀ ਕਾਰਨ ਖੁਦਕੁਸ਼ੀਆਂ ਦਾ ਸ਼ਿਕਾਰ ਹੋ ਰਹੇ ਪੰਜਾਬ ਦੇ ਆਮ ਕਿਸਾਨਾਂ, ਖੇਤ ਮਜ਼ਦੂਰਾਂ ਤੇ ਕਿਰਤੀ ਲੋਕਾਂ ਉੱਤੇ ਹੋਰ ਬੋਝ ਪਾ ਕੇ ਆਪ ਸਰਕਾਰ ਨੇ ਆਪਣੇ ਉਸ ਚੋਣ ਵਾਅਦੇ ਨੂੰ ਖੂਹ ਪੈਰਾਂ ਹੇਠ ਮਸਲਿਆ ਹੈ ਜੀਹਦੇ ਮੁਤਾਬਕ ਪੰਜਾਬ ਦੇ ਲੋਕਾਂ ਉੱਤੇ ਕੋਈ ਨਵਾਂ ਬੋਝ ਨਾ ਪਾਉਣ ਦਾ ਦਾਅਵਾ ਕੀਤਾ ਗਿਆ ਸੀ। ਪਹਿਲਾਂ ਹੀ ਅੱਤਾਂ ਦੀ ਮਹਿੰਗਾਈ ਦੇ ਝੰਬੇ ਹੋਏ ਕਿਸਾਨ ਮਜ਼ਦੂਰ ਤੇ ਕਿਰਤੀ ਲੋਕ ਹੋਰ ਆਰਥਿਕ ਬੋਝ ਝੱਲਣ ਤੋਂ ਪੂਰੀ ਤਰ੍ਹਾਂ ਅਸਮਰੱਥ ਹਨ। ਆਪਣੇ ਬਿਆਨ ਵਿੱਚ ਕਿਸਾਨ ਆਗੂਆਂ ਨੇ ਪੰਜਾਬ ਭਰ ਦੇ ਸਰਕਾਰੀ ਡਾਕਟਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੜਤਾਲ ਦੀ ਹਮਾਇਤ ਕੀਤੀ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਡਾਕਟਰਾਂ ਦੀ ਖਾਸ ਕਰਕੇ ਔਰਤ ਡਾਕਟਰਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਸਮੇਤ ਉਨ੍ਹਾਂ ਦੀਆਂ ਬਾਕੀ ਸਾਰੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ ਤਾਂ ਕਿ ਆਮ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਨਾ ਕਰਨਾ ਪਵੇ।

## ਪ੍ਰਿੰਸੀਪਲ ਪੰਨਾ ਲਾਲ ਨੇ ਕੋਟਕਪੂਰਾ ਲੜਕੇ ਸਕੂਲ 'ਚ ਅਹੁਦਾ ਸੰਭਾਲਿਆ



**ਕੋਟਕਪੂਰਾ (ਰਛਪਾਲ ਭੁੱਲਰ)** ਡਾਕਟਰ ਹਰੀ ਸਿੰਘ ਸੇਵਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ ਵਿਖੇ ਪ੍ਰਿੰਸੀਪਲ ਪੰਨਾ ਲਾਲ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਤੋਂ ਪਹਿਲਾਂ ਉਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਾਜਾਖਾਨਾ ਵਿਖੇ ਸੇਵਾਵਾਂ ਨਿਭਾਅ ਰਹੇ ਸਨ।ਸਕੂਲ ਦੇ ਪਹਿਲੇ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰ ਕੌਰ, ਜੋ ਆਪਣੇ ਕਾਰਜਕਾਲ ਦੌਰਾਨ ਵਿਵਾਦਾਂ ਵਿੱਚ ਘਿਰੇ ਰਹੇ, ਦੀ ਬਦਲੀ ਕੁੱਝ ਦਿਨ ਪਹਿਲਾਂ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੱਤੀ ਰੋੜੀ ਡੱਗੋਰੋਮਾਣਾ ਵਿਖੇ ਕਰ ਦਿੱਤੀ ਗਈ ਸੀ। ਪ੍ਰਿੰਸੀਪਲ ਪੰਨਾ ਲਾਲ ਨੇ ਅਹੁਦਾ ਸੰਭਾਲਣ ਤੋਂ ਬਾਅਦ ਸਮੁੱਚੇ ਸਟਾਫ਼ ਮੈਂਬਰਾਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਲਗਨਤਾ ਨਾਲ ਨਿਭਾਉਂਦੇ ਹੋਏ ਆਪਣੇ ਸਕੂਲ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਵਚਨਬਧਤਾ ਪ੍ਰਗਟ ਕੀਤੀ।ਇਸ ਮੌਕੇ ਡਾਕਟਰ ਹਰੀ ਸਿੰਘ ਸੇਵਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ ਦੇ ਸਟਾਫ਼ ਮੈਂਬਰਜ਼ ਤੇ ਹੋਰਨਾਂ ਸਕੂਲਾਂ ਦੇ ਅਧਿਆਪਕਾਂ ਤੋਂ ਇਲਾਵਾ ਪ੍ਰਿੰਸੀਪਲ ਤਜਿੰਦਰ ਸਿੰਘ ਕੋਹਾਰਵਾਲਾ ਵੀ ਸ਼ਾਮਲ ਸਨ।

## ਭਗਵਾਨ ਸ਼ਿਵ ਸ਼ੰਕਰ ਤੇ ਗਣੇਸ਼ ਜੀ ਦੀ ਮਹਾਂ ਆਰਤੀ ਕੀਤੀ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਰੋਪੜ ਰੋਡ 'ਤੇ ਸਥਿਤ ਪ੍ਰਾਚੀਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਗਣੇਸ਼ ਮਹਾਂਉਤਸਵ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਭਗਵਾਨ ਗਣੇਸ਼ ਜੀ ਦੀ ਮੂਰਤੀ ਸਥਾਪਤ ਕਰ ਪੂਜਾ ਅਰਚਨਾ ਕੀਤੀ ਜਾ ਰਹੀ ਹੈ। ਸ਼ਿਵਾਲਾ ਮੰਦਰ ਵਿੱਚ ਤਪਕੇਸ਼ਵਰ ਮਹਾਰਾਜ ਲੁਧਿਆਣਾ ਵੱਲੋਂ ਆਏ ਸੇਵਾਦਾਰਾਂ ਨੇ ਢੋਲ, ਨਗਾਰਿਆਂ ਭਗਵਾਨ ਸ਼ਿਵ ਸ਼ੰਕਰ ਤੇ ਗਣੇਸ਼ ਜੀ ਦੀ ਮਹਾਂਆਰਤੀ ਕੀਤੀ। ਇਸ ਮਹਾਂਆਰਤੀ ਵਿੱਚ ਭਾਰੀ ਗਿਣਤੀ ਸ਼ਰਧਾਲੂਆਂ ਨੇ ਸ਼ਮੂਲੀਅਤ ਕਰ ਇਸ ਦਾ ਆਨੰਦ ਮਾਣਿਆ। ਕਰੀਬ 1 ਘੰਟਾ ਚੱਲੀ ਇਸ ਆਰਤੀ ਵਿੱਚ ਭਗਵਾਨ ਸ਼ਿਵ ਸ਼ੰਕਰ ਤੇ ਗਣੇਸ਼ ਜੀ ਦੀ ਪਵਿੱਤਰ ਜੋਤਾਂ ਨਾਲ ਪੂਜਾ ਕੀਤੀ ਗਈ। ਮੰਦਰ 'ਚ ਗਣਪਤੀ ਮਹਾਂਉਤਸਵ 17 ਸਤੰਬਰ ਤੱਕ ਜਾਰੀ ਰਹੇਗਾ। ਆਈ ਸੰਗਤ ਲਈ ਪ੍ਰਬੰਧਕਾਂ ਵੱਲੋਂ ਲੰਗਰ ਵੀ ਵਰਤਾਏ ਗਏ।

## ਡੀ ਐੱਮ ਸੂਬਾ ਸਿੰਘ ਵੱਲੋਂ ਸੀਵਰੇਜ ਟਰੀਟਮੈਂਟ ਪਲਾਂਟ ਦਾ ਅਚਨਚੇਤ ਦੌਰਾ



**ਮੂਣਕ (ਰਾਜਪਾਲ ਸਿੰਗਲਾ)** ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਬ ਡਵੀਜ਼ਨਲ ਮੈਜਿਸਟ੍ਰੇਟ (ਐਸ.ਡੀ.ਐਮ.) ਮੂਣਕ ਸੂਬਾ ਸਿੰਘ ਨੇ ਸੀਵਰੇਜ ਟਰੀਟਮੈਂਟ ਪਲਾਂਟ ਦਾ ਅਚਨਚੇਤ ਦੌਰਾ ਕੀਤਾ।ਉਨ੍ਹਾਂ ਨਾਲ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਵੀ ਹਾਜ਼ਰ ਸਨ।ਇਸ ਮੌਕੇ ਐਸ.ਡੀ.ਐਮ. ਸੂਬਾ ਸਿੰਘ ਨੇ ਸੀਵਰੇਜ ਟਰੀਟਮੈਂਟ ਪਲਾਂਟ ਦੀ ਕਾਰਜਸ਼ੈਲੀ ਦੇਖੀ ਤੇ ਹਦਾਇਤ ਕੀਤੀ ਕਿ ਇਸ ਦੀ ਹੋਰ ਸੁਚੱਜੇ ਤਰੀਕੇ ਨਾਲ ਸਾਂਭ-ਸੰਭਾਲ ਕੀਤੀ ਜਾਵੇ ਤੇ ਇਸ ਦੀ ਕਾਰਜਪ੍ਰਣਾਲੀ ਵਿੱਚ ਹੋਰ ਸੁਧਾਰ ਲਿਆਂਦਾ ਜਾਵੇ।ਇਸ ਫੇਰੀ ਦੌਰਾਨ ਐਸ.ਡੀ.ਐਮ. ਨੇ ਕਿਹਾ ਕਿ ਟਰੀਟਮੈਂਟ ਪਲਾਂਟ ਵਿੱਚੋਂ ਸਾਫ਼ ਕੀਤੇ ਪਾਣੀ ਦੀ ਨਿਯਮਤ ਤੌਰ 'ਤੇ ਪਰਖ ਕਰਾਈ ਜਾਵੇ ਤਾਂ ਜੁ ਸਾਫ਼ ਕੀਤੇ ਗਏ ਪਾਣੀ ਨੂੰ ਸਿੰਚਾਈ ਜਾਂ ਹੋਰ ਵਰਤੋਂ ਵਾਸਤੇ ਇਸੇਤਮਾਲ ਕੀਤਾ ਜਾ ਸਕੇ।ਉਨ੍ਹਾਂ ਨਗਰ ਕੌਂਸਲ ਅਧਿਕਾਰੀਆਂ ਨੂੰ ਐਨ.ਜੀ.ਟੀ. ਵੱਲੋਂ ਜਾਰੀ ਹਦਾਇਤਾਂ ਦੀ ਵੀ ਇੰਨ-ਬਿੰਨ ਪਾਲਣਾ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾਂ ਹਦਾਇਤ ਕੀਤੀ ਕਿ ਸੀਵਰੇਜ ਪਲਾਂਟ ਦੀਆਂ ਸਾਰੀਆਂ ਮੋਟਰਾਂ ਚਾਲੂ ਹਾਲਤ ਵਿੱਚ ਰੱਖਣ ਦੀ ਵੀ ਹਦਾਇਤ ਕੀਤੀ।

## ਕੈਰੀਅਰ ਗਾਈਡੈਂਸ ਪ੍ਰੋਗਰਾਮ ਕਰਾਇਆ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)** ਸ਼੍ਰੀਮਤੀ ਸਰੂਤੀ ਸ਼ੁਕਲਾ ਅਸਿਸਟੈਂਟ ਡਾਇਰੈਕਟਰ, ਤਰਵਿੰਦਰ ਕੌਰ ਡੀ.ਈ.ਓ. (ਸੈ. ਸਿ.) ਸੰਗਰੂਰ, ਰਾਕੇਸ਼ ਕੁਮਾਰ (ਜ਼ਿਲ੍ਹਾ ਕੈਰੀਅਰ ਕੌਂਸਲਰ) ਦੇ ਦਿਸ਼ਾ-ਨਿਰਦੇਸ਼ ਤਹਿਤ ਯਾਦਵਿੰਦਰ ਸਿੰਘ (ਬਲਾਕ ਕੈਰੀਅਰ ਕੌਂਸਲਰ), ਸਕੂਲ ਇੰਚਾਰਜ ਸੰਜੀਵ ਕੁਮਾਰ ਅਤੇ ਸਕੂਲ ਕੈਰੀਅਰ ਕੌਂਸਲਰ ਅਮਨਦੀਪ ਕੌਰ ਲਾਇਬ੍ਰੇਰੀਅਨ ਦੀ ਅਗਵਾਈ ਹੇਠ ਕੈਰੀਅਰ ਗਾਈਡੈਂਸ ਪ੍ਰੋਗਰਾਮ ਸਿਪਾਹੀ ਦਰਸ਼ਨ ਸਿੰਘ ਸੀਨੀਅਰ ਸੈਕਡਰੀ ਸਕੂਲ ਸ਼ੇਰੋ ਵਿਖੇ ਕਰਾਇਆ ਗਿਆ, ਜਿਸ ਵਿੱਚ ਕਿਰਨਦੀਪ ਕੌਰ 12ਵੀਂ ਕਲਾਸ ਦੀ ਵਿਦਿਆਰਥਣ ਨੇ ਤਨਾਅ ਮੈਨੇਜਮੈਂਟ ਤੇ ਹਰਮਨ ਸਿੰਘ, ਪਵਨ ਰੇਖਾ ਕਲਾਸ 12ਵੀਂ ਦੇ ਵਿਦਿਆਰਥੀਆਂ ਨੇ ਸਮਾਂ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ ਗਈ। ਸਕੂਲ ਇੰਚਾਰਜ ਸੰਜੀਵ ਕੁਮਾਰ ਤੇ ਸਕੂਲ ਕੌਂਸਲਰ ਅਮਨਦੀਪ ਕੌਰ ਨੇ ਪ੍ਰੀਖਿਆ ਵਿੱਚ ਵਧੀਆ ਨੰਬਰ ਲੈਣ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ।ਜਗਸੀਰ ਸਿੰਘ ਸਮਾਜਿਕ ਸਿੱਖਿਆ ਅਧਿਆਪਕ ਤੇ ਨਰਿੰਦਰ ਸਿੰਘ, ਗਗਨਦੀਪ ਕੌਰ ਐਨ.ਐਸ.ਕਿਊ.ਐਫ ਵੱਲੋਂ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ ਗਏ। ਪ੍ਰੋਗਰਾਮ ਦੌਰਾਨ ਸਕੂਲ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੇ ਭਾਗੀਦਾਰੀ ਕੀਤੀ।

## ਸਿਹਾਲਾ ਦਾ ਦੰਗਲ ਮੇਲਾ ਅੱਜ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਚੋਟੀ ਦੇ ਮੇਲਿਆਂ ਵਿਚ ਸ਼ੁਮਾਰ ਪਿੰਡ ਸਿਹਾਲਾ ਦਾ ਦੰਗਲ ਮੇਲਾ 12 ਸਤੰਬਰ ਵੀਰਵਾਰ ਨੂੰ ਕਰਾਇਆ ਜਾ ਰਿਹਾ ਹੈ। ਸਾਬਕਾ ਸਰਪੰਚ ਰਾਣਾ ਮਨਜੀਤ ਸਿੰਘ, ਸਾਬਕਾ ਸਰਪੰਚ ਰਾਕੇਸ਼ ਕੁਮਾਰ, ਭੋਲਾ ਚੌਧਰੀ, ਪ੍ਰਿਤਪਾਲ ਸਾਸ਼ਤਰੀ ਤੇ ਗੋਨੀ ਰਾਣਾ ਨੇ ਦੱਸਿਆ ਕਿ ਇਸ ਵਾਰ ਦਾ ਦੰਗਲ ਮੇਲਾ ਬਾਬਾ ਦੀਪਾ ਫਲਾਹੀ ਦੀ ਦੇਖ-ਰੇਖ ਹੇਠ ਜਿਸ ਵਿੱਚ ਝੰਡੀ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਤੇ ਧਰਮਿੰਦਰ ਕੁਹਾਲੀ ਵਿਚਕਾਰ ਹੋਵੇਗੀ, ਜਦਕਿ ਦੂਜੇ ਨੰਬਰ ਦੀ ਕੁਸ਼ਤੀ ਤਾਲਿਬ ਬਾਬਾ ਫਲਾਹੀ ਤੇ ਸੋਨੂੰ ਕਾਂਗੜਾ ਵਿਚਕਾਰ ਹੋਵੇਗੀ। ਜੇਤੂ ਪਹਿਲਵਾਨਾਂ ਨੂੰ ਲੱਖਾਂ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਜਾਵੇਗਾ। ਆਈਆਂ ਸੰਗਤਾਂ ਲਈ ਲੰਗਰ ਵਰਤਾਇਆ ਜਾਵੇਗਾ।

## ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਠੁੱਲੀਵਾਲ ਵਿਖੇ ਭਾਕਿਯੂ ਡਕੌਂਦਾ ਬਲਾਕ ਮਹਿਲ ਕਲਾਂ ਦੀ ਮੀਟਿੰਗ ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਖ਼ਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ, ਸੀਨੀ: ਮੀਤ ਪ੍ਰਧਾਨ ਜਗਰਾਜ ਹਰਦਾਸਪੁਰਾ ਨੇ ਕਿਹਾ ਕਿ ਕੁਲਰੀਆਂ ਦੇ ਜ਼ਮੀਨੀ ਘੋਲ ਬਾਰੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਲਗਾਤਾਰ ਵਾਅਦੇ ਕਰਨ ਦੇ ਬਾਵਜੂਦ ਕਿਸਾਨਾਂ ਨੂੰ ਮਾਲਕੀ ਦਾ ਹੱਕ ਨਹੀਂ ਦਿੱਤਾ ਜਾ ਰਿਹਾ।5 ਅਕਤੂਬਰ ਨੂੰ ਬਲਾਕ ਮਹਿਲ ਕਲਾਂ ਤੋਂ ਵੱਡੀ ਗਿਣਤੀ 'ਚ ਕਾਫ਼ਲਾ ਕੁਲਰੀਆਂ ਜ਼ਮੀਨ ਵੱਲ ਕੂਚ ਕਰੇਗਾ।ਕੁਲਰੀਆਂ ਦੇ ਕਿਸਾਨਾਂ ਦੀ ਜ਼ਮੀਨ ਸਰਕਾਰ ਦੇ ਨੁਮਾਇੰਦਿਆਂ ਦੀ ਸ਼ਹਿ ਤੇ ਖੋਹ ਕੇ ਭੂ ਮਾਫ਼ੀਏ ਦੇ ਹਵਾਲੇ ਕਰਨਾ ਚਾਹੁੰਦੇ ਹਨ।ਅਜਿਹਾ ਕਦਾਚਿਤ ਵੀ ਨਹੀਂ ਹੋਣ ਦਿੱਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਬਿਜਲੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਸੰਘਰਸ਼ ਉੱਪਰ ਐਸਮਾ ਲਾ ਕੇ ਉਨ੍ਹਾਂ ਨੂੰ ਡਰਾਉਣ ਦਾ ਯਤਨ ਕੀਤਾ ਜਾ ਰਿਹਾ ਹੈ, ਜਿਸ ਦੀ ਸਖ਼ਤ ਨਿਖੇਧੀ ਕਰਦਿਆ ਐਸਮਾ ਰੱਦ ਕਰਨ ਦੀ ਮੰਗ ਕੀਤੀ ਗਈ।ਆਮ ਲੋਕਾਂ ਨੂੰ ਬਿਜਲੀ ਤੇ 3 ਰੁਪਏ ਮਿਲਦੀ ਸਬਸਿਡੀ ਖ਼ਤਮ ਕਰਕੇ ਲੋਕਾਂ ਉੱਤੇ 1800 ਕਰੋੜ ਦਾ ਬੋਝ ਸਰਕਾਰ ਪਾ ਰਹੀ ਹੈ, ਜਦੋਂਕਿ ਆਮ ਲੋਕ ਪਹਿਲਾਂ ਹੀ ਮਹਿੰਗਾਈ ਕਾਰਨ ਕਰਜ਼ੇ ਹੇਠ ਆਉਣ ਕਾਰਨ ਖੁਦਕੁਸ਼ੀਆਂ ਕਰ ਰਹੇ ਹਨ।ਡੀਜ਼ਲ ਦੇ ਭਾਅ ਵਧਣ ਨਾਲ ਹੀ ਪੰਜਾਬ ਵਿੱਚ ਬੱਸ ਕਿਰਾਇਆ ਵਿੱਚ ਵਾਧਾ ਕਰਕੇ ਆਮ ਲੋਕਾਈ ਉੱਤੇ ਹੋਰ ਆਰਥਿਕ ਬੋਝ ਪਾਉਣ ਦੀ ਨਿਖੇਧੀ ਕਰਦਿਆਂ ਇਸ ਨੂੰ ਵਾਪਸ ਲੈਣ ਦੀ ਮੰਗ ਕੀਤੀ।

## ਮਾਣੇਵਾਲ ਦਾ ਦੰਗਲ ਮੇਲਾ ਲੱਕੀ ਗਰਚਾ ਨੇ ਜਿੱਤਿਆ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਨੇੜਲੇ ਪਿੰਡ ਮਾਣੇਵਾਲ ਵਿਖੇ ਦੰਗਲ ਕਮੇਟੀ ਵਲੋਂ ਇਲਾਕਾ ਨਿਵਾਸੀਆਂ ਤੇ ਪ੍ਰਵਾਸੀ ਭਰਾਵਾਂ ਦੇ ਸਹਿਯੋਗ ਨਾਲ 12ਵਾਂ ਦੰਗਲ ਮੇਲਾ ਕਰਾਇਆ ਗਿਆ, ਜਿਸ ਵਿੱਚ 65 ਤੋਂ ਵੱਧ ਪਹਿਲਵਾਨਾਂ ਨੇ ਆਪਣੇ ਜੌਹਰ ਦਿਖਾਏ। ਦੰਗਲ ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਦੱਸਿਆ ਕਿ ਦੰਗਲ ਮੇਲੇ 'ਚ ਝੰਡੀ ਦੀ ਕੁਸ਼ਤੀ ਲੱਕੀ ਗਰਚਾ ਨੇ ਰੋਹਿਤ ਦਿੱਲੀ ਨੂੰ ਹਰਾ ਕੇ ਜਿੱਤੀ, ਜਦਕਿ ਦੂਜੇ ਨੰਬਰ ਦੀ ਕੁਸ਼ਤੀ ਵਿੱਚ ਪਰਮਿੰਦਰ ਮਾਣੇਵਾਲ ਨੇ ਲੱਕੀ ਖੇੜੀ ਨੂੰ ਚਿੱਤਾ ਕੀਤਾ। ਜੇਤੂ ਪਹਿਲਵਾਨਾਂ ਨੂੰ ਸਨਮਾਨਤ ਕਰਨ ਦੀ ਰਸਮ ਉਚੇਚੇ ਤੌਰ 'ਤੇ ਪੁੱਜੇ ਹਰਜੀਵਨ ਸਿੰਘ ਨਾਗਰਾ, ਰਾਜੀਵ ਰਾਣਾ, ਕੁਲਦੀਪ ਰਾਣਾ, ਅੰਮ੍ਰਿਤਪਾਲ ਮਠਾੜੂ, ਸੋਨੀ ਮਠਾੜੂ, ਰਣਧੀਰ ਸਿੰਘ, ਰਣਜੋਧ ਸਿੰਘ ਤੇ ਪ੍ਰਬੰਧਕ ਕਮੇਟੀ ਦੇ ਬਾਬਾ ਗੁਰਚਰਨ ਸਿੰਘ, ਗੁਰਦੇਵ ਸਿੰਘ, ਪ੍ਰਧਾਨ ਕੁਲਦੀਪ ਸਿੰਘ, ਮੀਤ ਪ੍ਰਧਾਨ ਬਲਦੇਵ ਸਿੰਘ, ਖ਼ਜ਼ਾਨਚੀ ਜਸਦੇਵ ਸਿੰਘ, ਵਲੈਤ ਸਿੰਘ, ਪੰਚ ਲਾਲ ਸਿੰਘ, ਮਨਜੀਤ ਸਿੰਘ ਬੱਬੂ, ਬਾਬਾ ਬਲਵਿੰਦਰ ਸਿੰਘ, ਪਰਮਜੀਤ ਸਿੰਘ ਪੰਮਾ, ਆਤਮਾ ਸਿੰਘ, ਆਸ਼ਿਕ ਸਿੰਘ, ਭੁਪਿੰਦਰ ਸਿੰਘ, ਗੁਰਟੇਕ ਸਿੰਘ ਹੀਰਾ, ਬਲਜਿੰਦਰ ਸਿੰਘ ਸਰਪੰਚ, ਲਾਲ ਸਿੰਘ, ਸਤਨਾਮ ਸਿੰਘ ਸੱਤਾ, ਸੁਖਵਿੰਦਰ ਸਿੰਘ ਪੰਮਾ, ਜੋਧਾ ਸਿੰਘ ਪੰਚ, ਮਨਦੀਪ ਸਿੰਘ ਸ਼ੈਲੀ, ਕਸ਼ਮੀਰ ਸਿੰਘ ਆਦਿ ਨੇ ਅਦਾ ਕੀਤੀ। ਮੇਲੇ ਦੇ ਅਖੀਰ ਵਿਚ ਪ੍ਰਧਾਨ ਕੁਲਦੀਪ ਸਿੰਘ ਨੇ ਮੁੱਖ ਮਹਿਮਾਨਾਂ, ਪਹਿਲਵਾਨਾਂ ਤੇ ਦਰਸ਼ਕਾਂ ਦਾ ਧੰਨਵਾਦ ਕੀਤਾ। ਮੇਲੇ ਦਾ ਅੱਖੀਂ ਡਿੱਠਾ ਹਾਲ ਸ਼ਿਵ ਬੈਂਸ ਨੇ ਸੁਣਾਇਆ।

## ਬਿਜਲੀ ਬੋਰਡ ਦੀਆਂ ਜਥੇਬੰਦੀਆਂ ਵੱਲੋਂ ਡਵੀਜ਼ਨ ਮੌੜ 'ਚ ਭਾਰੀ ਰੋਸ ਪ੍ਰਦਰਸ਼ਨ

**ਤਲਵੰਡੀ ਸਾਬੋ (ਜਗਦੀਪ ਗਿੱਲ)** ਬਿਜਲੀ ਬੋਰਡ ਦੀਆਂ ਜਥੇਬੰਦੀਆਂ ਇੰਪਲਾਈਜ਼ ਜੁਆਇੰਟ ਫੋਰਮ, ਮੁਲਾਜ਼ਮ ਏਕਤਾ ਮੰਚ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ, ਟੀ ਐਸ ਯੂ ਭੰਗਲ ਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਡਵੀਜ਼ਨ ਮੌੜ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਜਥੇਬੰਦੀਆਂ ਦੇ ਆਗੂਆਂ ਵੱਲੋਂ ਸੰਬੋਧਨ ਕਰਦਿਆਂ ਦੱਸਿਆ ਗਿਆ ਕਿ 10, 11, 12 ਸਤੰਬਰ ਦੀ ਸਮੂਹਿਕ ਛੁੱਟੀ 100% ਸਬੰਧਤ ਮੁਲਾਜ਼ਮਾਂ ਵੱਲੋਂ ਭਰੀ ਗਈ ਹੈ।ਵਰਕ ਟੂ ਰੂਲ ਤਨਦੇਹੀ ਨਾਲ ਲਾਗੂ ਕੀਤਾ ਜਾ ਰਿਹਾ ਹੈ।ਇਸਦੇ ਇਲਾਵਾ ਨਾ ਆਉਣ 'ਤੇ ਸਬੰਧਤ ਅਧਿਕਾਰੀ ਨੂੰ ਜਾਣੂ ਕਰਾਉਣ ਉਪਰੰਤ ਕੰਮ ਤੋਂ ਛੁੱਟੀ ਕੀਤੀ ਜਾ ਰਹੀ ਹੈ।ਐਸ ਈ ਬਠਿੰਡਾ ਵੱਲੋਂ ਮੌੜ ਡਵੀਜ਼ਨ ਦੇ ਲਾਈਨ ਮੈਨ ਮੁਲਾਜ਼ਮਾਂ ਨੂੰ ਪਰਮਿਟ ਲੈਣ ਲਈ ਅਫ਼ਸਰੀ ਕੀਤਾ ਗਿਆ ਹੈ, ਦਾ ਵਿਰੋਧ ਕੀਤਾ ਗਿਆ। ਇਸ ਦਫ਼ਤਰੀ ਹੁਕਮ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ।ਚੱਲਦੇ ਸੰਘਰਸ਼ ਦੌਰਾਨ ਬਦਲੀਆਂ ਜਾਂ ਸ਼ਿਫਟ ਡਿਊਟੀ ਲਾਉਣ ਦਾ ਵੀ ਵਿਰੋਧ ਕੀਤਾ ਗਿਆ।ਇਸ ਤੋਂ ਇਲਾਵਾ ਜੇ ਈ ਚੇਤਨ ਗਰਗ ਨਾਲ ਕੀਤੀ ਵਧੀਕੀ ਦਾ ਜਵਾਬ ਦੇਣ ਲਈ ਸੰਘਰਸ਼ ਪ੍ਰੋਗਰਾਮ ਉਲੀਕਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਜੇਈ ਚੇਤਨ ਗਰਗ ਤਲਵੰਡੀ ਸਾਬੋ ਸਬ ਡਵੀਜ਼ਨ ਨਾਲ ਹੋਈ ਵਧੀਕੀ ਦਾ ਜਵਾਬ ਦੇਣ ਲਈ ਸੰਘਰਸ਼ ਪ੍ਰੋਗਰਾਮ ਉਲੀਕਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ।

## ਝੋਨੇ ਦੇ ਸੀਜ਼ਨ ਵਾਸਤੇ ਢੋਆ-ਢੁਆਈ ਸਬੰਧੀ ਟੈਂਡਰ ਪਾਉਣ ਲਈ ਮੀਟਿੰਗ




**ਮਮਦੋਟ, (ਜਸਬੀਰ ਸਿੰਘ ਕੰਬੋਜ)** ਮਾਰਕੀਟ ਕਮੇਟੀ ਅਧੀਨ ਆਉਂਦੀ ਮੁੱਖ ਮੰਡੀ ਮਮਦੋਟ ਤੇ ਇਸ ਦੇ ਨਾਲ ਸੰਬੰਧਿਤ ਹੋਰ ਖਰੀਦ ਕੇਂਦਰਾਂ ਤੋਂ ਝੋਨੇ ਦੀ ਢੋਆ ਢੁਆਈ ਵਾਸਤੇ ਜੋ ਟੈਂਡਰ ਪਹਿਲਾਂ ਪਾਏ ਗਏ ਸਨ, ਉਹ ਕਿਸੇ ਕਾਰਨ ਰੱਦ ਕਰ ਦਿੱਤੇ ਗਏ ਹਨ। ਇਨ੍ਹਾਂ ਮੰਡੀਆਂ ਵਿੱਚੋਂ ਝੋਨੇ ਦੀ ਢੋਆ ਢੁਆਈ ਵਾਸਤੇ ਦੁਬਾਰਾ ਟੈਂਡਰ ਪਾਏ ਜਾਣ ਸਬੰਧੀ ਵਿਸ਼ੇਸ਼ ਮੀਟਿੰਗਾਂ ਦਲਜੀਤ ਸਿੰਘ ਬਾਬਾ ਵੱਲੋਂ ਟਰੱਕ ਅਪ੍ਰੇਟਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਬਿਜਲੀ ਘਰ ਦੇ ਨਜ਼ਦੀਕ ਟਰੱਕ ਅਪ੍ਰੇਟਰਾਂ ਨਾਲ ਹੋਈ ਮੀਟਿੰਗ ਤੋਂ ਬਾਅਦ ਦਲਜੀਤ ਸਿੰਘ ਬਾਬਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਜ਼ਿਆਦਾਤਰ ਟਰੱਕ ਅਪ੍ਰੇਟਰ ਉਨ੍ਹਾਂ ਦੇ ਸਮਰਥਨ ਵਿੱਚ ਸਨ, ਪ੍ਰੰਤੂ ਕਿਸੇ ਕਾਰਨ ਪ੍ਰਸ਼ਾਸਨ ਵੱਲੋਂ ਟੈਂਡਰ ਰੱਦ ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹੁਣ ਫਿਰ ਦੁਬਾਰਾ ਪ੍ਰਸ਼ਾਸਨ ਵੱਲੋਂ ਦਿੱਤੀਆਂ ਹਦਾਇਤਾਂ ਮੁਤਾਬਕ ਟੈਂਡਰ ਪਾਉਣ ਦੀ ਪ੍ਰਕਿਰਿਆ ਸ਼ੁਰੂ ਹੋਣ ਤੇ ਟੈਂਡਰ ਦੁਬਾਰਾ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇਗਾ ਕਿ ਝੋਨੇ ਦੇ ਸੀਜ਼ਨ ਵਿੱਚ ਆੜ੍ਹਤੀਆਂ ਤੇ ਕਿਸਾਨਾਂ ਨੂੰ ਝੋਨੇ ਦੀ ਢੋਆ ਢੁਆਈ ਸਬੰਧੀ ਕੋਈ ਮੁਸ਼ਕਲ ਪੇਸ਼ ਨਾ ਆਵੇ।

ਇਸ ਮੌਕੇ ਟਰੱਕ ਆਪਰੇਟਰ ਅਸ਼ੋਕ ਪੁਰੀ, ਅਸ਼ਵਨੀ ਕੁਮਾਰ ਲਾਟੀ, ਸੁਖਵਿੰਦਰ ਪਾਲ (ਸੋਨੂੰ ਪੁਰੀ) ਗੁਰਮੇਸ਼ ਸਿੰਘ (ਗੇਜਾ ਪੁਰੀ) ਰਕੇਸ਼ ਕੁਮਾਰ ਉਰਫ਼ ਵਿੱਕੀ ਸੋਨੂੰ ਸ਼ਰਮਾ, ਵੀਰ ਚੰਦ ਉਰਫ਼ ਵੀਰੂ ਬਾਬਾ (ਮਿਸਤਰੀ) ਕੁਲਵਿੰਦਰ ਪੁਰੀ ਤੇ ਹਰਿਮਿਲਨ ਸਿੰਘ ਵੀ ਹਾਜ਼ਰ ਸਨ।

## ਇਲੈਕਟ੍ਰੀਕਲ ਤੇ ਇਲੈਕਟ੍ਰੋਨਿਕਸ ਯੂਨੀਅਨ ਦੀ ਮੀਟਿੰਗ ਹੋਈ

**ਮੱਖੂ (ਰਛਪਾਲ ਸਿੰਘ ਸੰਧੂ)** ਇਲੈਕਟਰੀਕਲ ਤੇ ਇਲੈਕਟ੍ਰੋਨਿਕਸ ਯੂਨੀਅਨ ਦੀ ਮੀਟਿੰਗ ਯੂਨੀਅਨ ਦੇ ਪ੍ਰਧਾਨ ਅਸ਼ੋਕ ਮਾਨਕਟਾਲਾ ਦੀ ਅਗਵਾਈ ਹੇਠ ਹੋਈ।ਯੂਨੀਅਨ ਦੇ ਪ੍ਰਧਾਨ ਅਸ਼ੋਕ ਮਾਨਕਟਾਲਾ ਨੇ ਦੱਸਿਆ ਮੀਟਿੰਗ ਦੌਰਾਨ ਇਲੈਕਟ੍ਰੀਕਲ ਤੇ ਇਲੈਕਟ੍ਰੋਨਿਕਸ ਦੇ ਦੁਕਾਨਦਾਰਾਂ ਵੱਲੋਂ ਕੁਝ ਅਹਿਮ ਮਸਲਿਆਂ 'ਤੇ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ ਤੇ ਯੂਨੀਅਨ ਵੱਲੋਂ ਸਰਬਸੰਮਤੀ ਨਾਲ ਫੈਸਲਾ ਲਿਆ ਹੋਇਆ ਹੈ ਕਿ ਹਰੇਕ ਮਹੀਨੇ ਦੇ ਆਖ਼ਿਰੀ ਐਤਵਾਰ ਨੂੰ ਇਲੈਕਟ੍ਰੀਕਲ ਤੇ ਇਲੈਕਟ੍ਰੋਨਿਕਸ ਦੀਆਂ ਦੁਕਾਨਾਂ ਬੰਦ ਰੱਖੀਆਂ ਜਾਣਗੀਆਂ।ਮੀਟਿੰਗ ਵਿੱਚ ਯੂਨੀਅਨ ਦੇ ਪ੍ਰਧਾਨ ਅਸ਼ੋਕ ਮਾਨਕਟਾਲਾ, ਸੈਕਟਰੀ ਬਲਵਿੰਦਰ ਸਿੰਘ, ਖ਼ਜ਼ਾਨਚੀ ਪ੍ਰੇਮ ਗਰੋਵਰ, ਸ਼ਾਮ ਲਾਲ ਛਾਬੜਾ, ਰਣਜੀਤ ਸਿੰਘ ਰਾਣਾ, ਰੋਹਿਤ ਕਾਲੜਾ, ਵਾਸਦੇਵ ਮਾਨਕਟਾਲਾ, ਪਾਲ ਸਿੰਘ ਸੱਧਰਵਾਲਾ, ਗੁਰਪ੍ਰੀਤ ਸਿੰਘ ਲਹਿਰਾ, ਗੁਰਮੀਤ ਸਿੰਘ, ਅਮਿਤ ਅਰੋੜਾ, ਬਿੱਲਾ ਸੇਠੀ, ਸੰਨੀ ਅਰੋੜਾ, ਰਾਮ ਛਾਬੜਾ, ਗੁਰਦਿੱਤ ਸਿੰਘ ਢਿੱਲੋਂ, ਪ੍ਰਿੰਸ ਮਾਨਕਟਾਲਾ, ਤਾਰਾ ਸਿੰਘ, ਨਰੇਸ਼ ਮੋਂਗਲਾ, ਗੁਰਜਿੰਦਰ ਸਿੰਘ ਦੁਆਬਾ, ਅਭੀ ਠੁਕਰਾਲ ਆਦਿ ਹਾਜ਼ਰ ਸਨ।



## ਪੰਜਾਬ ਫੂਡ ਕਮਿਸ਼ਨ ਦੀ ਮੈਂਬਰ ਨੇ ਸਕੂਲਾਂ ਤੇ ਆਂਗਣਵਾੜੀਆਂ ਦੀ ਕੀਤੀ ਚੈਕਿੰਗ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਪੰਜਾਬ ਫੂਡ ਕਮਿਸ਼ਨ ਦੀ ਮੈਂਬਰ ਸ਼੍ਰੀਮਤੀ ਪ੍ਰੀਤੀ ਚਾਵਲਾ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਮਹਿਦੂਦਾਂ, ਧੂੰਦਾ, ਲੋਹਾਰੀ ਕਲਾਂ ਤੇ ਬਸੀ ਪਠਾਣਾਂ ਸਥਿਤ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਮਿਡ ਡੇਅ ਮੀਲ ਅਤੇ ਆਂਗਣਵਾੜੀ ਕੇਂਦਰਾਂ ਤੇ ਗਰਭਵਤੀ ਔਰਤਾਂ ਤੇ ਛੋਟੇ ਬੱਚਿਆਂ ਨੂੰ ਸਿਹਤਮੰਦ ਬਣਾਉਣ ਲਈ ਦਿੱਤੀ ਜਾ ਰਹੀ ਖਾਣ ਪੀਣ ਦੀ ਸਮੱਗਰੀ ਦਾ ਜਾਇਜ਼ਾ ਲਿਆ।ਉਨ੍ਹਾਂ ਜ਼ਿਲ੍ਹੇ ਵਿੱਚ ਦਿੱਤੀ ਜਾ ਰਹੀ ਖਾਣ-ਪੀਣ ਦੀ ਸਮੱਗਰੀ ਦੇ ਮਿਆਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਫੂਡ ਕਮਿਸ਼ਨ ਦੇ ਚਾਰ ਮੈਂਬਰ ਹਨ, ਜੋ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮਿਲ ਡੇਅ ਮੀਲ ਸਕੀਮ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਖਾਣ-ਪੀਣ ਦੇ ਸਮਾਨ ਅਤੇ ਆਂਗਨਵਾੜੀ ਕੇਂਦਰਾਂ ਵਿੱਚ ਗਰਭਵਤੀ ਔਰਤਾਂ ਤੇ ਛੋਟੇ ਬੱਚਿਆਂ ਨੂੰ ਦਿੱਤੀ ਜਾਣ ਵਾਲੇ ਖੁਰਾਕੀ ਵਸਤਾਂ ਦੀ ਚੈਕਿੰਗ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਭਾਗਸ਼ਾਲੀ ਸਮਝਦੇ ਹਨ ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਦੇ ਸਕੂਲਾਂ ਤੇ ਆਂਗਨਵਾੜੀ ਕੇਂਦਰਾਂ ਦੀ ਚੈਕਿੰਗ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਉਨ੍ਹਾਂ ਕਿਹਾ ਕਿ ਜੇਕਰ ਸਾਡੇ ਬੱਚੇ ਸਿਹਤਮੰਦ ਹੋਣਗੇ ਤਾਂ ਹੀ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ ਤੇ ਸਰਕਾਰ ਨੇ ਇਸ ਮੰਤਵ ਦੀ ਪੂਰਤੀ ਲਈ ਮਿਡ ਡੇਅ ਮੀਲ ਸਕੀਮ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਦੁਪਹਿਰ ਦਾ ਖਾਣਾ ਦੇਣਾ ਸ਼ੁਰੂ ਕੀਤਾ ਹੈ।

ਸ਼੍ਰੀਮਤੀ ਚਾਵਲਾ ਨੇ ਸਕੂਲਾਂ ਵਿੱਚ ਤਿਆਰ ਕੀਤੇ ਗਏ ਮਿਡ ਡੇਅ ਮੀਲ ਦਾ ਜਾਇਜ਼ਾ ਲਿਆ ਤੇ ਇਸ ਸਬੰਧੀ ਤਸੱਲੀ ਪ੍ਰਗਟਾਈ।ਉਨ੍ਹਾਂ ਕਈ ਸਕੂਲਾਂ ਦੇ ਬੁਨਿਆਦੀ ਢਾਂਚੇ ਸਬੰਧੀ ਦਿੱਕਤਾਂ ਦੂਰ ਕਰਨ ਲਈ ਵੀ ਕਿਹਾ।ਉਨ੍ਹਾਂ ਹਦਾਇਤ ਕੀਤੀ ਕਿ ਮਿਡ ਡੇਅ ਮੀਲ ਤਿਆਰ ਕਰਨ ਵਾਲਾ ਅਮਲਾ ਸਾਫ਼-ਸਫ਼ਾਈ ਦਾ ਹਮੇਸ਼ਾ ਉਚੇਚਾ ਧਿਆਨ ਰੱਖੇ ਤੇ ਇਸ ਸਬੰਧੀ ਸਾਰੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

## ਕਾਂਗੜ 'ਚ 'ਆਪ ਦੀ ਸਰਕਾਰ ਆਪ ਦੇ ਦੁਆਰ' ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਪਿੰਡ ਕਾਂਗੜ ਵਿਖੇ ਕੈਂਪ ਲਾਇਆ ਗਿਆ।ਕੈਂਪ ਦੌਰਾਨ ਮੌਜੂਦ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਾਏ ਜਾ ਰਹੇ ਹਨ ਤਾਂ ਜੁ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਕੇ ਸੁਵਿਧਾਵਾਂ ਮੁਹੱਈਆ ਕਰਾਈਆਂ ਜਾਣ।ਇਸ ਦੇ ਨਾਲ ਜਿੱਥੇ ਪਿੰਡ ਵਾਸੀਆਂ ਦੀ ਖੱਜਲ-ਖੁਆਰੀ ਘਟਦੀ ਹੈ, ਉਥੇ ਮੌਕੇ 'ਤੇ ਹੀ ਸਮੱਸਿਆਵਾਂ ਦਾ ਹੱਲ ਹੋ ਜਾਂਦਾ ਹੈ।ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਿਹਤ, ਸਿੱਖਿਆ ਤੋਂ ਇਲਾਵਾ ਵਿਕਾਸ ਦੇ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਸੂਬਾ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਅਹਿਮ ਪ੍ਰਾਪਤੀਆਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਸੀ ਭਾਈਚਾਰਕ ਸਾਂਝ ਨੂੰ ਪੂਰਨ ਬਰਕਰਾਰ ਰੱਖਿਆ ਜਾਵੇ ਤੇ ਛੋਟੇ-ਮੋਟੇ ਮਸਲਿਆਂ ਨੂੰ ਆਪਸ ਵਿੱਚ ਮਿਲ ਬੈਠ ਕੇ ਹੱਲ ਕਰਨ ਨੂੰ ਤਰਜੀਹ ਦਿੱਤੀ ਜਾਵੇ।ਇਸ ਮੌਕੇ ਪਿੰਡ ਕਾਂਗੜ ਤੋਂ ਇਲਾਵਾ ਆਦਮਪੁਰਾ, ਗੋਸਪੁਰਾ, ਸਲਾਬਤਪੁਰਾ, ਦਿਆਲਪੁਰਾ ਭਾਈਕਾ ਅਤੇ ਰਾਜਗੜ੍ਹ ਆਦਿ ਨੇੜਲੇ ਪਿੰਡਾਂ ਦੇ ਲੋਕ ਆਪਣੀਆਂ ਸਾਂਝੀਆਂ ਤੇ ਨਿੱਜੀ ਸਮੱਸਿਆਵਾਂ ਲੈ ਕੇ ਪਹੁੰਚੇ, ਜਿਨ੍ਹਾਂ 'ਚ ਪੀਣ ਵਾਲੇ ਪਾਣੀ, ਗੰਦੇ ਪਾਣੀ ਦੀ ਨਿਕਾਸੀ, ਛੱਪੜਾਂ ਦੇ ਓਵਰ ਫਲੋਅ ਹੋਣ ਅਤੇ ਨਜਾਇਜ਼ ਕਬਜ਼ੇ, ਨਹਿਰੀ ਪਾਣੀ ਤੋਂ ਇਲਾਵਾ ਮਾਲ ਵਿਭਾਗ ਨਾਲ ਸਬੰਧਤ ਜ਼ਿਆਦਾਤਰ ਸਮੱਸਿਆਵਾਂ ਸਾਹਮਣੇ ਆਈਆਂ, ਜਿਨ੍ਹਾਂ 'ਚੋਂ ਬਹੁਤੀਆਂ ਸਮੱਸਿਆਵਾਂ ਦਾ ਵਿਧਾਇਕ ਬਲਕਾਰ ਸਿੱਧੂ ਵੱਲੋਂ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ ਤੇ ਰਹਿੰਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।

## ਔਰਤਾਂ ਨੂੰ ਰੁਜ਼ਗਾਰ ਮੁਹੱਈਆ ਕਰਾਉਣਾ ਸਰਕਾਰ ਦਾ ਸ਼ਲਾਘਯੋਗ ਕੰਮ : ਡਾ. ਬਲਜੀਤ ਕੌਰ



**ਗਿੱਦੜਬਾਹਾ/ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ/ਚਾਵਲਾ)** ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਗਿੱਦੜਬਾਹਾ ਵਿਖੇ ਲੜਕੀਆਂ ਲਈ ਵਿਸ਼ੇਸ਼ ਮੈਗਾ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੀ ਪ੍ਰਧਾਨਗੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤੀ।

ਉਨ੍ਹਾਂ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰੀ ਦੀ ਇਹ ਨਿਵੇਕਲੀ ਪਹਿਲਕਦਮੀ ਹੈ, ਜਿਸ ਤਹਿਤ ਔਰਤਾਂ ਨੂੰ ਰੋਜ਼ਗਾਰ ਮੁਹੱਈਆ ਕਰਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ 1134 ਪ੍ਰਾਰਥਨਾਂ ਵੱਲੋਂ ਭਾਗ ਲਿਆ ਗਿਆ ਤੇ ਵੱਖ-ਵੱਖ ਕੰਪਨੀਆਂ ਵੱਲੋਂ ਮੌਕੇ 'ਤੇ ਚੋਣ ਕਰਕੇ 578 ਪ੍ਰਾਰਥਨਾਂ ਨਿਯੁਕਤੀ ਪੱਤਰ ਦਿੱਤੇ ਗਏ ਤੇ 24 ਪ੍ਰਾਰਥਨਾਂ ਵੱਲੋਂ ਸਵੈ ਰੋਜ਼ਗਾਰ ਲਈ ਅਪਲਾਈ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਕੰਮ ਬਹੁਤ ਸ਼ਲਾਘਾਯੋਗ ਹੈ, ਜਿਸ ਤਹਿਤ ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜੇ ਹੋਣ ਦੇ ਮੌਕੇ ਮਿਲਣਗੇ ਤੇ ਸਮਾਜ ਵਿੱਚ ਅੱਗੇ ਵਧਣ ਦੀ ਸੇਧ ਮਿਲੇਗੀ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਮੁਹੱਈਆ ਕਰਾਉਣ ਲਈ ਅਜਿਹੇ ਕੈਂਪ ਲਗਾਤਾਰ ਜਾਰੀ ਰਹਿਣਗੇ।

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਕਿਹਾ ਕਿ ਇਸ ਕੈਂਪ ਦੌਰਾਨ ਜਿਹੜੀਆਂ ਪ੍ਰਾਰਥਨਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ ਤੇ ਕਿਸੇ ਕਾਰਨ ਉਨ੍ਹਾਂ ਨੂੰ ਨਿਯੁਕਤੀ ਪੱਤਰ ਨਹੀਂ ਮਿਲੇ ਤਾਂ ਉਹ ਪ੍ਰਾਰਥਨਾ ਮਾਯੂਸ ਨਾ ਹੋਣ ਭਵਿੱਖ ਵਿੱਚ ਅਜਿਹੇ ਕੈਂਪ ਜਲਦੀ ਲਾ ਕੇ ਉਨ੍ਹਾਂ ਦੀ ਚੋਣ ਕੀਤੀ ਜਾਵੇਗੀ।

ਇਸ ਮੌਕੇ ਉਨ੍ਹਾਂ ਚੁਣੀਆਂ ਗਈਆਂ ਪ੍ਰਾਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਵਿੱਖ ਵਿੱਚ ਵੀ ਔਰਤਾਂ ਦੇ ਸ਼ਸ਼ਤੀਕਰਨ ਲਈ ਅਜਿਹੇ ਉਪਰਾਲੇ ਕੀਤੇ ਜਾਣਗੇ।

## ਆਤਮ-ਹੱਤਿਆ ਕਿਸੇ ਮਸਲੇ ਦੇ ਦੁੱਖ ਨੂੰ ਘਟਾਉਂਦਾ ਨਹੀਂ, ਵਧਾਉਂਦਾ ਹੈ : ਪ੍ਰੋ. ਗਿੱਲ




**ਮਲੋਟ, (ਗੁਰਮੀਤ ਸਿੰਘ ਮੱਕੜ)** ਵਿਸ਼ਵ ਸਿਹਤ ਸੰਗਠਨ ਤੇ ਵਰਡਲ ਫੈਡਰੇਸ਼ਨ ਫਾਰ ਸੈਂਟਲ ਹੈਲਥ ਵੱਲੋਂ ਹਰ ਸਾਲ 10 ਸਤੰਬਰ ਨੂੰ ਵਿਸ਼ਵ ਆਤਮਹੱਤਿਆ ਰੋਕਥਾਮ ਦਿਵਸ ਮਨਾਇਆ ਜਾਂਦਾ ਹੈ। ਸੀ.ਜੀ.ਐਮ ਕਾਲਜ ਮੋਹਲਾਂ ਵਿੱਚ ਪ੍ਰੋ. ਬਲਜੀਤ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਆਪਣੇ ਲੈਕਚਰ ਵਿੱਚ ਕਿਹਾ ਕਿ ਹਰ ਸਾਲ 8 ਲੱਖ ਵਿਅਕਤੀ ਆਤਮਹੱਤਿਆਵਾਂ ਕਾਰਨ ਮਰਦੇ ਹਨ, ਜਿਨ੍ਹਾਂ 'ਚੋਂ ਲਗਭਗ 17 ਫ਼ੀਸਦੀ ਭਾਰਤੀ ਹਨ ਤੇ ਵਿਸ਼ਵ ਸਿਹਤ ਸੰਗਠਨ ਵੱਲੋਂ ਜਾਰੀ ਇਕ ਰਿਪੋਰਟ ਅਨੁਸਾਰ ਦੁਨੀਆਂ ਵਿਚ ਔਸਤਨ ਇੱਕ ਲੱਖ ਪਿੱਛੇ 11 ਵਿਅਕਤੀਆਂ ਨੇ ਆਤਮਹੱਤਿਆ ਕੀਤੀ ਹੈ ਤੇ ਇਹ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿ ਆਤਮਹੱਤਿਆ ਕਰਨ ਵਾਲਿਆਂ ਵਿਚ ਨੌਜਵਾਨਾਂ ਦੀ ਗਿਣਤੀ ਸਭ ਤੋਂ ਵੱਧ ਹੈ ਅਤੇ ਵੱਖ-ਵੱਖ ਦੇਸ਼ਾਂ ਵਿੱਚ ਆਤਮਹੱਤਿਆ ਕਰਨ ਵਾਲਿਆਂ ਦੀ ਦਰ ਇੱਕ ਲੱਖ ਪਿੱਛੇ ਪੰਜ ਤੋਂ ਤੀਹ ਵਿਅਕਤੀਆਂ ਦੀ ਹੈ। ਉਨ੍ਹਾਂ ਕਿਹਾ ਕਿ ਉੱਚ ਆਮਦਨ ਵਾਲੇ ਦੇਸ਼ਾਂ ਵਿਚ ਮਹਿਲਾਵਾਂ ਦੇ ਮੁਕਾਬਲੇ ਪੁਰਸ਼ ਲਗਭਗ ਤਿੰਨ ਗੁਣਾ ਵੱਧ ਆਤਮਹੱਤਿਆਵਾਂ ਕਰਦੇ ਹਨ, ਜਦਕਿ ਦੁਨੀਆਂ ਦੀਆਂ ਕੁੱਲ ਔਰਤਾਂ ਦੀਆਂ ਖੁਦਕੁਸ਼ੀਆਂ ਦਾ ਲਗਭਗ 40 ਫ਼ੀਸਦੀ ਭਾਰਤ ਵਿੱਚ ਹੁੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸਭ ਤੋਂ ਵੱਧ ਖੁਦਕੁਸ਼ੀਆਂ ਮਹਾਰਾਸ਼ਟਰ, ਤਾਮਿਲਨਾਡੂ, ਮੱਧ ਪ੍ਰਦੇਸ਼, ਪੱਛਮੀ ਬੰਗਾਲ, ਕਰਨਾਟਕ, ਅੰਡੇਮਾਨ-ਨਿਕੋਬਾਰ, ਸਿੱਕਮ, ਪਾਂਡੇਚਰੀ, ਤੇਲੰਗਾਣਾ ਤੇ ਕੇਰਲ ਵਿਚ ਹੋਈਆਂ ਹਨ। ਉਨ੍ਹਾਂ ਕਿਹਾ ਕਿ ਆਤਮ ਹੱਤਿਆਵਾਂ ਦਾ ਇੱਕ ਵੱਡਾ ਅਨੁਪਾਤ ਮਨੋਵਿਗਿਆਨਿਕ ਬਿਮਾਰੀਆਂ ਜਿਵੇਂ ਡਿਪਰੈਸ਼ਨ, ਨਸ਼ੀਲੇ ਪਦਾਰਥਾਂ ਦੀ ਵਰਤੋਂ ਤੋਂ ਇਲਾਵਾ ਵਿਆਹੁਤਾ ਜੀਵਨ ਸਬੰਧੀ ਝਗੜੇ, ਪ੍ਰੀਖਿਆ 'ਚੋਂ ਫੇਲ੍ਹ ਹੋਣਾ, ਕੋਈ ਗੰਭੀਰ ਬਿਮਾਰੀ ਹੋਣਾ, ਗਰੀਬੀ, ਬੇਰੁਜ਼ਗਾਰੀ, ਤਣਾਅ, ਦਬਾਅ, ਜਾਇਦਾਦ ਦੇ ਝਗੜੇ, ਕਰਜ਼, ਵਿੱਦਿਅਕ ਅਦਾਰਿਆਂ 'ਚ ਵਿਦਿਆਰਥੀਆਂ ਦੀ ਹੁੰਦੀ ਮਾਨਸਿਕ ਪ੍ਰੇਸ਼ਾਨੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਿਹਤ ਸੰਗਠਨ ਨਾਲ ਜੁੜੇ 183 ਦੇਸ਼ਾਂ ਵਿਚੋਂ ਸਿਰਫ 80 ਦੇਸ਼ਾਂ ਨੇ ਹੀ ਇਸ ਸਬੰਧੀ ਸਹੀ ਅੰਕੜੇ ਇਕੱਠੇ ਕੀਤੇ ਹਨ। ਪ੍ਰੋ. ਗਿੱਲ ਨੇ ਗੁਰੂ ਗੋਬਿੰਦ ਸਿੰਘ ਦੇ ਜੀਵਨ ਦੀ ਕਹਾਣੀ ਸੁਣਾਉਂਦਿਆਂ ਵਿਦਿਆਰਥੀਆਂ ਨੂੰ ਕਿਹਾ ਕਿ ਜੀਵਨ ਵਿਚ ਕਿਤੇ ਵੀ ਤੁਹਾਡੇ ਉੱਪਰ ਕਿਸੇ ਕਿਸਮ ਦੀ ਕੋਈ ਤਕਲੀਫ/ਪ੍ਰੇਸ਼ਾਨੀ ਆ ਜਾਵੇ ਤਾਂ ਘਬਰਾਉਣ ਦੀ ਲੋੜ ਨਹੀਂ, ਕਿਉਂਕਿ ਤੁਹਾਡੀ ਤਕਲੀਫ਼ ਗੁਰੂ ਗੋਬਿੰਦ ਸਿੰਘ ਦੀ ਤਕਲੀਫ਼ ਨਾਲੋਂ ਬਹੁਤ ਜ਼ਿਆਦਾ ਛੋਟੀ ਹੈ, ਇਸ ਕਰਕੇ ਆਤਮਹੱਤਿਆਵਾਂ ਵਾਲੇ ਰਾਹ ਦੀ ਕਦੇ ਵੀ ਚੋਣ ਨਹੀਂ ਕਰਨੀ, ਜੇ ਸਮਾਂ ਮਾੜਾ ਆਉਂਦਾ ਹੈ, ਉਸ ਦੇ ਨਾਲ ਚੰਗਾ ਵੀ ਆਉਂਦਾ ਹੈ ਤੇ ਬੁਰਾ ਅਤੇ ਚੰਗਾ ਸਮਾਂ ਆਪਸ ਵਿੱਚ ਭੈਣ-ਭਰਾ ਹਨ।

## ਸਾਡੀ ਪਾਰਟੀ ਸਭ ਤਰ੍ਹਾਂ ਦੀਆਂ ਧਾਰਮਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਦੀ ਪੂਰਨ ਹਾਮੀ : ਮਾਨ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਇੰਡੀਆ ਦੇ ਹਿੰਦੂਤਵ ਸੋਚ ਵਾਲੇ ਹੁਕਮਰਾਨ 1947 ਤੋਂ ਹੀ ਸਿੱਖ ਕੌਮ ਨਾਲ ਸੰਬੰਧਤ ਮਹਾਨ ਪ੍ਰੰਪਰਾਵਾਂ, ਮਰਿਯਾਦਾਵਾਂ, ਨਿਯਮਾਂ ਤੇ ਇਤਿਹਾਸਕ ਯਾਦਗਾਰਾਂ ਨੂੰ ਇੱਕ-ਇੱਕ ਕਰਕੇ ਖਤਮ ਕਰਨ ਦੇ ਅਤਿ ਦੁਖਦਾਇਕ ਕਾਰਵਾਈਆਂ ਕਰਦੇ ਆ ਰਹੇ ਹਨ। 1984 ਵਿੱਚ ਬਲਿਊ ਸਟਾਰ ਦੇ ਕੀਤੇ ਗਏ ਫ਼ੌਜੀ ਹਮਲੇ ਰਾਹੀ ਹੁਕਮਰਾਨਾਂ ਨੇ ਸਾਡੇ ਸਰਵਉੱਚ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਨੂੰ ਢਹਿ-ਢੇਰੀ ਕਰਕੇ ਸਾਡੇ ਮਹਾਨ ਮਨੁੱਖਤਾ ਪੱਖੀ ਅਤੇ ਇਨਸਾਨੀਅਤ ਪੱਖੀ ਇਤਿਹਾਸ ਨੂੰ ਖਤਮ ਕਰਨ ਦੀ ਸਾਜ਼ਿਸ਼ ਰਚੀ ਸੀ।

ਇਹ ਹੋਰ ਵੀ ਦੁੱਖ ਤੇ ਅਫ਼ਸੋਸ ਵਾਲੀ ਕਾਰਵਾਈ ਹੈ ਕਿ ਅਜਿਹੇ ਗ਼ੈਰ ਧਾਰਮਿਕ ਅਤੇ ਗੈਰ ਸਮਾਜਿਕ ਕਾਰਵਾਈਆਂ ਕਰਦੇ ਹੋਏ ਕਾਂਗਰਸ, ਬੀਜੇਪੀ-ਆਰ.ਐਸ.ਐਸ ਆਦਿ ਸਭ ਹਿੰਦੂ ਸੰਗਠਨ ਘਿਓ-ਖਿਚੜੀ ਸਨ।1992 ਵਿੱਚ ਇਸੇ ਮੰਦਭਾਵਨਾ ਭਰੀ ਸੋਚ ਅਧੀਨ ਬੀਜੇਪੀ-ਆਰ.ਐਸ.ਐਸ. ਆਗੂ ਐਲ.ਕੇ. ਅਡਵਾਨੀ ਦੀ ਅਗਵਾਈ ਹੇਠ ਮੁਸਲਿਮ ਕੌਮ ਦੇ ਵੱਡੇ ਧਾਰਮਿਕ ਸਥਾਨ ਬਾਬਰੀ ਮਸਜਿਦ ਨੂੰ ਦਿਨ-ਦਿਹਾੜੇ ਗੈਤੀਆਂ, ਹਥੌੜਿਆਂ ਨਾਲ ਜਬਰੀ ਗਿਰਾਇਆ ਗਿਆ।ਜਦੋਂ ਜਾਮੀਆ ਮੁਸਲਿਮ ਯੂਨੀਵਰਸਿਟੀ ਵਿਖੇ ਵਿਦਿਆਰਥੀਆਂ ਵੱਲੋਂ ਆਪਣੀਆ ਮੰਗਾਂ ਦੇ ਹੱਕ ਵਿੱਚ ਸੰਘਰਸ਼ ਕੀਤਾ ਜਾ ਰਿਹਾ ਸੀ ਤਾਂ ਬੀਜੇਪੀ ਦੇ ਕੈਬਨਿਟ ਵਜ਼ੀਰ ਅਨੁਰਾਗ ਠਾਕੁਰ ਨੇ ਇਸੇ ਮੰਦਭਾਵਨਾ ਭਰੀ ਸੋਚ ਅਧੀਨ ਖੁੱਲ੍ਹੇਆਮ ਇਹ ਨਾਅਰਾ ਦਿੱਤਾ ਸੀ ਕਿ 'ਦੇਸ਼ ਕੇ ਗਦਾਰੋ ਕੋ, ਗੋਲੀ ਮਾਰੋ ਸਾਲੋ ਕੋ', ਜਿਸ ਤੋਂ ਇਨ੍ਹਾਂ ਹਿੰਦੂਤਵੀਆਂ ਦੀ ਘੱਟ ਗਿਣਤੀ ਕੌਮਾਂ ਦੇ ਧਾਰਮਿਕ ਸਥਾਨਾਂ, ਯਾਦਗਰਾਂ ਨੂੰ ਖਤਮ ਕਰਨ ਦੀ ਸਾਜ਼ਿਸ਼ ਪ੍ਰਤੱਖ ਹੋ ਰਹੀ ਹੈ।

ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਿੰਦੂਤਵ ਹੁਕਮਰਾਨਾਂ ਦੀ ਘੱਟ ਗਿਣਤੀ ਕੌਮਾਂ ਦੇ ਧਾਰਮਿਕ ਸਥਾਨਾਂ ਤੇ ਉਨ੍ਹਾਂ ਦੀਆਂ ਇਤਿਹਾਸਿਕ ਯਾਦਗਰਾਂ ਨੂੰ ਨਸ਼ਟ ਕਰਨ ਦੀ ਮੰਦਭਾਵਨਾ ਭਰੀ ਸੋਚ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਘੱਟ ਗਿਣਤੀ ਕੌਮਾਂ ਨੂੰ ਇਸ ਵਿਸੇ ਤੇ ਸੰਜੀਦਾ ਹੋਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਭਾਵੇਂ ਕਾਂਗਰਸ ਹੋਵੇ, ਬੀਜੇਪੀ-ਆਰ.ਐਸ.ਐਸ ਜਾਂ ਹੋਰ ਹਿੰਦੂਤਵ ਜਮਾਤਾਂ, ਇਨ੍ਹਾਂ ਤੋਂ ਇਹ ਉਮੀਦ ਕਦਾਚਿਤ ਨਹੀਂ ਕੀਤੀ ਜਾ ਸਕਦੀ ਕਿ ਇਹ ਹੁਕਮਰਾਨ ਸਿੱਖ, ਮੁਸਲਿਮ, ਇਸਾਈ, ਰੰਘਰੇਟਿਆਂ ਦੇ ਧਾਰਮਿਕ ਸਥਾਨਾਂ ਤੇ ਯਾਦਗਾਰਾਂ ਨੂੰ ਸੁਰੱਖਿਅਤ ਰੱਖਣ ਦੀ ਜ਼ਿੰਮੇਵਾਰੀ ਨਿਭਾਉਣਗੇ।

## ਸਿਹਤ ਮੰਤਰੀ ਨੇ ਡਿਪਟੀ ਕਮਿਸ਼ਨਰਾਂ, ਸਿਵਲ ਸਰਜਨਾਂ ਤੇ ਐੱਸ ਐੱਸ ਪੀਜ਼ ਨਾਲ ਕੀਤੀ ਵੀਡੀਓ ਕਾਨਫਰੰਸ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸਿਹਤ ਤੇ ਪਰਿਵਾਰ ਭਲਾਈ ਮੰਤਰੀ, ਪੰਜਾਬ ਡਾ ਬਲਬੀਰ ਸਿੰਘ ਨੇ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ, ਸਿਵਲ ਸਰਜਨਾਂ ਅਤੇ ਐਸ.ਐਸ.ਪੀਜ਼ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਕੀਤੀ। ਮੀਟਿੰਗ ਵਿੱਚ ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ । ਉਹਨਾਂ ਕਿਹਾ ਕਿ ਹਸਪਤਾਲਾਂ ਵਿੱਚ ਡਿਪਟੀ ਕਮਿਸ਼ਨਰਾਂ ਦੀ ਅਧੀਨਗੀ ਹੇਠ "ਹੋਸਪਿਟਲ ਸਿਕਿਉਰਟੀ ਐਂਡ ਵਾਇਲੈਂਸ ਪ੍ਰੋਟੈਕਸ਼ਨ ਕਮੇਟੀ" ਦਾ ਗਠਨ ਕੀਤਾ ਜਾਵੇ। ਉਹਨਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਕਰਮਚਾਰੀ ਨੂੰ ਗਾਲੀ ਗਲੋਚ ਕਰਦਾ ਹੈ, ਭੱਦੇ ਸ਼ਬਦ ਬੋਲਦਾ ਹੈ, ਉਸ ਉੱਪਰ ਹੱਥ ਚੁੱਕਦਾ ਹੈ, ਹੁੱਲੜਬਾਜ਼ੀ ਕਰਦਾ ਹੈ ਜਾਂ ਸਰਕਾਰੀ ਸਿਹਤ ਸੰਸਥਾ ਦੀ ਬਿਲਡਿੰਗ ਵਿੱਚ ਭੰਨ ਤੋੜ ਕਰਦਾ ਹੈ ਤਾਂ ਉਸ ਖਿਲਾਫ ਪੰਜਾਬ ਮੈਡੀਕਲ ਪ੍ਰੋਟੈਕਸ਼ਨ ਐਕਟ 2008 ਤਹਿਤ ਕੀਤੇ ਜਾਣ ਵਾਲੇ ਜੁਰਮਾਨੇ /ਸਜ਼ਾ ਆਦਿ ਨੂੰ ਦਰਸਾਉਂਦੇ ਬੋਰਡ ਡਿਸਪਲੇਅ ਕੀਤੇ ਜਾਣ। ਉਹਨਾਂ ਇਹ ਵੀ ਕਿਹਾ ਕਿ ਸਾਰੀਆਂ ਸਿਹਤ ਸੰਸਥਾਵਾਂ ਅੰਦਰ ਥਾਂ ਥਾਂ ਤੇ ਸੀ ਸੀ ਟੀ ਵੀ ਕੈਮਰੇ ਲਗਾਏ ਜਾਣ। ਹਸਪਤਾਲਾਂ ਦੇ ਸਮੂਹ ਸਟਾਫ ਮੈਂਬਰਾਂ ਨੂੰ ਆਈਡੀ ਕਾਰਡ ਇਸ਼ੂ ਕੀਤੇ ਜਾਣ। ਹਸਪਤਾਲਾਂ ਦੀ ਨਿਗਰਾਨੀ ਲਈ ਹੋਮਗਾਰਡ ਵੀ ਰੱਖੇ ਜਾਣ। ਉਹਨਾਂ ਇਹ ਵੀ ਕਿਹਾ ਕਿ ਐਮਰਜੰਸੀ ਹਾਲਾਤ 'ਚ 112 ਨੰਬਰ ਡਾਇਲ ਕੀਤਾ ਜਾ ਸਕਦਾ ਹੈ। ਮੀਟਿੰਗ ਦੌਰਾਨ ਸਿਹਤ ਮੰਤਰੀ ਵੱਲੋਂ ਵਾਟਰ ਬੌਰਨ ਅਤੇ ਵੈਕਟਰ ਬੌਰਨ ਬਿਮਾਰੀਆਂ ਸਬੰਧੀ ਰਿਵਿਊ ਕਰਨ ਮੌਕੇ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ ਦਵਿੰਦਰਜੀਤ ਕੌਰ ਨੇ ਮੰਤਰੀ ਨੂੰ ਜ਼ਿਲ੍ਹੇ ਦੀ ਸਥਿਤੀ ਬਾਰੇ ਜਾਣੂ ਕਰਵਾਇਆ।

## ਸਿੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਲਈ ਰਿਫਾਇਨਰੀ ਨੇ 30 ਸਰਕਾਰੀ ਸਕੂਲਾਂ 'ਚ ਪ੍ਰਿੰਟਰ, 18 'ਚ ਸਮਾਰਟ ਬੋਰਡ ਪੈਨਲ ਦਿੱਤੇ




**ਤਲਵੰਡੀ ਸਾਬੋ (ਜਗਦੀਪ ਗਿੱਲ)** ਐਚਪੀਸੀਐਲ-ਮਿੱਤਲ ਐਨਰਜੀ ਲਿਮ: ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਨਿਰੰਤਰ ਕੰਮ ਕਰ ਰਹੀ ਹੈ।ਇਸ ਤਹਿਤ ਸਕੂਲਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਦੀਆਂ ਜ਼ਰੂਰੀ ਲੋੜਾਂ ਨੂੰ ਸਮਝਦਿਆਂ ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਦੇ ਆਲੇ-ਦੁਆਲੇ ਦੇ 30 ਸਰਕਾਰੀ ਸਕੂਲਾਂ ਵਿੱਚ ਪ੍ਰਿੰਟਰ ਵੰਡੇ ਗਏ।ਇਹ ਕੋਸ਼ਿਸ਼ ਇਹ ਯਕੀਨੀ ਬਣਾਉਣ ਲਈ ਕੀਤੀ ਗਈ ਹੈ ਕਿ ਅਧਿਆਪਕਾਂ ਨੂੰ ਵਿਦਿਅਕ ਸਮੱਗਰੀ ਲਈ ਲੰਬੀ ਦੂਰੀ ਦੀ ਯਾਤਰਾ ਨਾ ਕਰਨੀ ਪਵੇ ਤੇ ਸਕੂਲ ਵਿੱਚ ਹੀ ਪ੍ਰਿੰਟਿੰਗ ਦੀ ਸਹੂਲਤ ਮੁਹੱਈਆ ਕਰਾਈ ਜਾ ਸਕੇ।ਇਸ ਨਾਲ ਨਾ ਸਿਰਫ ਅਧਿਆਪਕਾਂ ਨੂੰ ਪ੍ਰਸ਼ਾਸਕੀ ਕੰਮਾਂ 'ਚ ਸਹੂਲਤ ਮਿਲੇਗੀ, ਸਗੋਂ ਸਕੂਲ ਪੱਧਰ 'ਤੇ ਹੀ ਸਕੂਲ ਦੀ ਵਿੱਦਿਅਕ ਸਮੱਗਰੀ ਦੀ ਜ਼ਰੂਰਤ ਵੀ ਪੂਰੀ ਹੋਵੇਗੀ।ਇਸ ਤੋਂ ਇਲਾਵਾ ਬੱਚਿਆਂ ਨੂੰ ਸਾਫ ਪਾਣੀ ਦੀ ਸਹੂਲਤ ਮੁਹੱਈਆ ਕਰਾਉਣ ਲਈ ਸਰਕਾਰੀ ਹਾਈ ਸਕੂਲ ਬਾਘਾ ਵਿਖੇ ਆਰ.ਓ ਲਾਇਆ ਗਿਆ ਸੀ।ਇਸ ਤੋਂ ਇਲਾਵਾ ਪਿੰਡ ਗੁਰੂਸਰ ਜੱਗਾ, ਤਰਖਾਣਵਾਲਾ, ਫੂਲੋਖਾਰੀ, ਗੋਲੇਵਾਲਾ, ਸੇਖੂ, ਮਾਹੀਨੰਗਲ, ਸਿੰਗੋ, ਬੰਗੀ ਕਲਾਂ, ਬੰਗੀ ਰੁੱਘੂ, ਜੱਜਲ, ਬਹਿਮਣ ਕੌਣ ਸਿੰਘ, ਬਹਿਮਣ ਜੱਸਾ ਸਿੰਘ, ਸਰਕਾਰੀ ਸੈਕੰਡਰੀ ਸਕੂਲ ਜਗਾ ਰਾਮ ਤੀਰਥ, ਪਿੰਡ ਕੋਰੀਆਣਾ ਦੇ ਸਰਕਾਰੀ ਸਕੂਲ ਵਿੱਚ ਪ੍ਰਿੰਟਰ ਮੁਹੱਈਆ ਕਰਾਏ ਗਏ।ਇਹ ਜਾਣਕਾਰੀ ਰਿਫਾਇਨਰੀ ਦੇ ਪੀ ਆਰ ਓ ਸ੍ਰੀ ਨਰਿੰਦਰ ਸ਼ਰਮਾ ਵੱਲੋਂ ਦਿੱਤੀ ਗਈ ਹੈ।

ਉਨ੍ਹਾਂ ਅਨੁਸਾਰ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ ਤੇ ਆਧੁਨਿਕ ਤਕਨਾਲੋਜੀ ਨੂੰ ਕੇਂਦਰ ਵਿੱਚ ਰੱਖਣ ਲਈ ਹੁਣ ਤੱਕ 18 ਸਰਕਾਰੀ ਸਕੂਲਾਂ ਵਿੱਚ 21 ਸਮਾਰਟ ਬੋਰਡ ਪੈਨਲ ਵੀ ਮੁਹੱਈਆ ਕਰਾਏ ਗਏ ਹਨ, ਤਾਂ ਜੁ ਬੱਚਿਆਂ ਨੂੰ ਸਮਾਰਟ ਪੈਨਲਾਂ ਦੀ ਮਦਦ ਨਾਲ ਬਿਹਤਰ ਤਰੀਕੇ ਨਾਲ ਪੜ੍ਹਾਇਆ ਜਾ ਸਕੇ।ਇਸ ਯੋਜਨਾ ਤਹਿਤ ਵਿੱਤੀ ਸਾਲ 2024-25 'ਚ ਰਿਫਾਇਨਰੀ ਦੇ ਆਲੇ-ਦੁਆਲੇ ਦੇ 100 ਸਰਕਾਰੀ ਸਕੂਲਾਂ 'ਚ 230 ਸਮਾਰਟ ਬੋਰਡ ਪੈਨਲ ਮੁਹੱਈਆ ਕਰਾਉਣ ਦੀ ਯੋਜਨਾ ਹੈ ਤਾਂ ਜੁ ਸਰਕਾਰੀ ਸਕੂਲਾਂ ਨੂੰ ਤਕਨੀਕੀ ਤੌਰ 'ਤੇ ਮਜ਼ਬੂਤ ਕੀਤਾ ਜਾ ਸਕੇ ਅਤੇ ਬੱਚਿਆਂ ਨੂੰ ਸਿੱਖਿਆ ਵੱਲ ਆਕਰਸ਼ਤ ਕੀਤਾ ਜਾ ਸਕੇ।ਸਰਕਾਰੀ ਪ੍ਰਾਇਮਰੀ ਸਕੂਲ ਸੁਖਲਦੀ ਦੇ ਮੁੱਖ ਅਧਿਆਪਕ ਰਣਜੀਤ ਸਿੰਘ ਨੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਰਿਫਾਇਨਰੀ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਟੈਕਨਾਲੋਜੀ ਦੇ ਯੁੱਗ ਵਿੱਚ ਸਮਾਰਟ ਬੋਰਡ ਪੈਨਲ ਸਿੱਖਿਆ ਵਿੱਚ ਕ੍ਰਾਂਤੀ ਦਾ ਕੰਮ ਕਰਨਗੇ, ਜਿਸ ਨਾਲ ਬੱਚਿਆਂ ਦਾ ਸਿੱਖਿਆ ਪ੍ਰਤੀ ਆਕਰਸ਼ਣ ਵਧੇਗਾ ਤੇ ਉਨ੍ਹਾਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਤਿਆਰ ਕੀਤਾ ਜਾਵੇਗਾ।

12-SEP-PAGE-8.qxd 9/11/2024 10:25 PM Page 1



# 'ਸਰਕਾਰ ਸਮਾਰਟ ਸਕੂਲ ਆਫ ਐਮੀਨੈਂਸ 'ਚ ਖਾਲੀ ਪੋਸਟਾਂ ਰੱਖ ਕੇ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ'



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲੇਬਰ ਪਾਰਟੀ ਦੇ ਪ੍ਰਧਾਨ ਜੈ ਗੁਪਾਲ ਧੀਮਾਨ ਨੇ ਸੂਚਨਾ ਅਧਿਕਾਰ ਐਕਟ ਤਹਿਤ ਕੀਤਾ ਖੁਲਾਸਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਮਾਰਟ ਸਕੂਲ ਆਫ ਐਮੀਨੈਂਸ 'ਚ ਖਾਲੀ ਪੋਸਟਾਂ ਰੱਖ ਕੇ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ। ਅੱਜ ਬੱਚੇ ਪੜ੍ਹਨਾ ਚਾਹੁੰਦੇ ਹਨ ਪਰ ਸਰਕਾਰਾਂ ਦੀ ਘਟੀਆ ਸੋਚ ਕਾਰਨ ਬੱਚਿਆਂ ਨਾਲ ਮੂਲ ਸੰਵਿਧਾਨਕ ਅਧਿਕਾਰਾਂ ਦੇ ਵਿਰੁੱਧ ਜਾ ਕੇ ਸ਼ਰੇਆਮ ਖਿਲਵਾੜ ਕੀਤਾ ਜਾ ਰਿਹਾ ਹੈ। ਕਦੇ ਸਕੂਲ ਆਫ ਐਮੀਨੈਂਸ ਤੇ ਕਦੇ ਸਮਾਰਟ ਸਕੂਲ ਦੇ ਨਾਮ ਉਤੇ ਗੁੰਮਰਾਹ ਕਰ ਰਹੀ ਹੈ। ਧੀਮਾਨ ਨੇ ਦੱਸਿਆ ਕਿ ਬੱਚਿਆਂ ਨੂੰ ਅਧਿਆਪਕ ਦਾ ਮਿਲਣਾ ਅਤਿਅੰਤ ਜ਼ਰੂਰੀ ਹੈ। ਬੱਚੇ ਦੇ ਹਰ ਵਿਕਾਸ ਲਈ ਅਧਿਆਪਕ ਦਾ ਅਹਿਮ ਯੋਗਦਾਨ ਹੈ। ਪਰ ਟੀਚਰਾਂ ਨੂੰ ਸਿੰਗਾਪੁਰ ਦੀਆਂ ਸੈਰਾਂ ਕਰਵਾ ਕੇ ਕਿਸ ਤਰ੍ਹਾਂ ਬੱਚਿਆਂ ਦੀਆਂ ਅੱਖਾਂ ਵਿਚ ਘੱਟਾ ਪਾਇਆ ਜਾ ਰਿਹਾ ਤੇ ਲੋਕਾਂ ਨੂੰ ਸੁਨਹਿਰੀ ਸੁਪਨਿਆਂ ਵਿਚ ਉਲਝਾ ਕੇ ਬੱਚਿਆਂ ਦੇ ਭਵਿਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਸਕੂਲ ਵਿਚ ਮਿਡਲ ਕਲਾਸ ਦੇ 145 ਬੱਚੇ, ਹਾਈ ਵਿਚ 141 ਬੱਚੇ ਅਤੇ ਸੀਨੀਅਰ ਸੈਕੰਡਰੀ ਵਿਚ 339 ਬੱਚੇ ਪੜ੍ਹਦੇ ਹਨ ਤੇ ਕੁਲ ਸਕੂਲ ਵਿਚ 625 ਬੱਚੇ ਹਨ। ਉਨ੍ਹਾਂ ਦੱਸਿਆ ਕਿ ਸਾਇੰਸ ਗਰੁੱਪ ਵਿਚ 58, ਕਮਰਸ ਗਰੁੱਪ ਵਿਚ 52, ਆਰਟਸ ਗਰੁੱਪ ਵਿਚ 165 ਅਤੇ ਵੋਕੇਸ਼ਨਲ ਗਰੁੱਪ ਵਿਚ 64 ਬੱਚੇ ਪੜ੍ਹਦੇ ਹਨ। ਧੀਮਾਨ ਨੇ ਦੱਸਿਆ ਕਿ ਇਸ ਸਕੂਲ ਨੇ ਪਹਿਲੇ ਸਮੇਂ ਵਿਚ ਅਨੇਕਾਂ ਪ੍ਰਾਪਤੀਆਂ ਕੀਤੀਆਂ ਹਨ ਤੇ ਅਨੇਕਾਂ ਟੂਰਨਾਮੈਂਟਾਂ ਦੇ ਖਿਡਾਰੀ ਵੀ ਪੈਦਾ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸੂਚਨਾ ਅਨੁਸਾਰ ਮਿਡਲ ਕਲਾਸ ਤੱਕ ਆਰ ਟੀ ਈ ਐਕਟ 2009 ਦੇ ਤਹਿਤ ਬੱਚਿਆਂ ਦੀਆਂ ਫੀਸਾਂ ਮੁਆਫ ਹਨ। ਪਰ 9ਵੀਂ,10 ਵੀਂ ਕਲਾਸ ਦੇ ਬੱਚਿਆਂ ਤੋਂ ਅਮਲਗਾਮੇਟਿਡ 20 ਰੁ:, ਪੀਟੀਏ ਫੰਡ 15 ਰੁ:, ਸਪੋਰਟ ਫੰਡ 15 ਰੁ: ਅਤੇ ਕਲਚਰਲ ਫੰਡ 5 ਰੁ: ਪ੍ਰਤੀ ਮਹੀਨਾ ਪ੍ਰਤੀ ਵਿਦਿਆਰਥੀ ਲਿਆ ਜਾਂਦਾ ਹੈ। ਇਸੇ ਤਰ੍ਹਾਂ ਸੀਨੀਅਰ ਸੈਕੰਡਰੀ ਵਿਚ ਪੜ੍ਹਨ ਵਾਲੇ ਬੱਚਿਆਂ ਤੋਂ ਅਮਲਗਾਮੇਟਿਡ ਫੰਡ 25 ਰੁ:, ਪੀ ਟੀ ਏ ਫੰਡ 20 ਰੁ:, ਸਪੋਰਟਸ ਫੰਡ 20 ਰੁ: ਅਤੇ ਕਲਚਰਲ ਫੰਡ 8 ਰੁ: ਪ੍ਰਤੀ ਵਿਦਿਆਰਥੀ ਪ੍ਰਤੀ ਮਹੀਨਾ ਲਏ ਜਾਂਦੇ ਹਨ। 6ਵੀਂ ਤੋਂ 8ਵੀਂ ਜਮਾਤ ਦੇ ਐਸ ਸੀ ਅਤੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਬੱਚਿਆਂ ਨੂੰ ਵਰਦੀਆਂ ਦਿੱਤੀਆਂ ਜਾਂਦੀਆਂ ਹਨ ਤੇ ਜਨਰਲ ਕੈਟਾਗਰੀ ਵਾਲੇ ਬੱਚਿਆਂ ਨੂੰ ਇਹ ਸਹੂਲਤ ਨਹੀਂ ਹੈ। ਸ਼ਰੇਆਮ ਮੂਲ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਸਰਕਾਰ ਸਕੂਲਾਂ ਤੋਂ ਸਪੋਰਟਸ ਫੰਡ ਦਾ 70 ਪ੍ਰੀਤਸ਼ਤ ਹਿੱਸਾ ਵੀ ਲੈ ਜਾਂਦੀ ਹੈ। ਧੀਮਾਨ ਨੇ ਦੱਸਿਆ ਕਿ ਮਾਸਟਰ ਕੈਡਰ ਦੇ ਵਿਸ਼ੇ ਦੀਆਂ ਪੋਸਟਾਂ ਐਗਰੀ ਬਿਜ਼ਨਸ ਦੀਆਂ 2 ਵਿਚੋਂ 2 ਖਾਲੀ, ਮਕੈਨੀਕਲ ਦੀਆਂ 2 ਵਿਚੋਂ 2 ਖਾਲੀ, ਵੀ ਟੀ ਕਾਰਪੈਂਟਰ ਦੀਆਂ 1 ਵਿਚੋਂ 1 ਖਾਲੀ, ਵੀ ਟੀ ਮੋਟਰ ਮਕੈਨਿਕ ਦੀਆਂ 2 ਵਿਚੋਂ 2 ਖਾਲੀ, ਵੀ ਟੀ ਰੇਡੀਓ ਅਤੇ ਟੀ ਵੀ ਰੀਪੇਅਰ ਦੀਆਂ 1 ਵਿਚੋਂ 1 ਖਾਲੀ, ਆਈ ਸੀ ਟੀ ਦੀਆਂ 1 ਵਿਚੋਂ 1 ਖਾਲੀ ਅਤੇ ਇਲੈਕਟ੍ਰੀਕਲ ਦੀਆਂ 2 ਵਿਚੋਂ 1 ਖਾਲੀ ਹਨ। ਇਸੇ ਤਰ੍ਹਾਂ ਮਾਸਟਰ ਕੇਡਰ ਦੀਆਂ ਵਿਸ਼ਾ ਇੰਗਲਿਸ਼ ਦੀਆਂ 2 ਵਿਚੋਂ 1 ਖਾਲੀ, ਸਮਾਜਿਕ ਵਿਗਿਆਨ ਦੀਆਂ 2 ਵਿਚੋਂ 1 ਖਾਲੀ ਹਨ। ਉਨ੍ਹਾਂ ਦੱਸਿਆ ਕਿ ਲੈਕਚਰਰ ਕੈਡਰ ਵਿਚ ਜਨਰਲ ਪੰਜਾਬੀ ਦੇ ਵਿਸ਼ੇ ਦੀਆਂ 2 ਵਿਚੋਂ 1 ਖਾਲੀ, ਜਨਰਲ ਇੰਗਲਿਸ਼ ਦੀਆਂ 2 ਵਿਚੋਂ 1 ਖਾਲੀ, ਮੈਥ ਦੀਆਂ 1 ਵਿਚੋਂ 1 ਖਾਲੀ, ਕਮਰਸ ਦੀਆਂ 2 ਵਿਚੋਂ 2 ਖਾਲੀ ਅਤੇ ਇਕਨੋਮਿਕਸ ਦੀਆਂ 1 ਵਿਚੋਂ 1 ਖਾਲੀ ਪੋਸਟਾਂ ਹਨ। ਜਦੋਂ ਕਿ ਇਨ੍ਹਾਂ ਵਿਸ਼ਿਆਂ ਨਾਲ ਸਬੰਧਤ ਸਕੂਲ ਵਿਚ ਵਿਦਿਆਰਥੀ ਵੀ ਪੜ੍ਹਦੇ ਹਨ। ਹਰ ਤੇ ਹਰ ਸਿਖਿਆ ਦੇ ਖੇਤਰ ਵਿਚ ਲੈਬੋਰੇਟਰੀਆਂ ਦੀ ਬਹੁਤ ਵੱਡੀ ਭੂਮਿਕਾ ਹੈ, ਕਿੰਨਾ ਦੁਖਦਾਈ ਹੈ ਕਿ ਸਰਕਾਰ ਨੇ ਇਨ੍ਹਾਂ ਲੈਬੋਰੇਟਰੀਆਂ ਨੂੰ ਸਾਲ 2010 ਤੋਂ ਲੈ ਕੇ 19 ਜੁਲਾਈ 2024 ਤੱਕ ਇਕ ਨਿੱਕੇ ਪੈਸੇ ਦੀ ਵੀ ਗ੍ਰਾਂਟ ਜਾਰੀ ਨਹੀਂ ਕੀਤੀ ਗਈ। ਜਦੋਂ ਕਿ ਸਿੰਗਾਪੁਰ ਵਰਗੇ ਦੇਸ਼ ਵਿਚ ਇਨ੍ਹਾਂ ਨੂੰ ਵੱਧ ਮਹੱਤਤਾ ਦਿਤੀ ਜਾਂਦੀ ਹੈ। ਧੀਮਾਨ ਨੇ ਕਿਹਾ ਕਿ ਸੀਨੀਅਰ ਸੈਕੰਡਰੀ ਦੀਆਂ ਕਲਾਸਾਂ ਵਿਚ ਇੰਗਲਿਸ਼ ਵਾਲੇ ਮੈਥ ਨਹੀਂ ਕਰਵਾ ਸਕਦੇ, ਜਿਸ ਵਿਚ ਸਪੈਸ਼ੇਲਾਈਜੇਸ਼ਨ ਦੀ ਜ਼ਰੂਰਤ ਹੁੰਦੀ ਹੈ। ਉਨ੍ਹਾਂ ਕਿਹਾ ਕਿ 'ਆਪ' ਦਾ ਅਜੰਡਾ ਝੂਠ ਅਤੇ ਫਲੈਕਸਾਂ ਉਤੇ ਨਿਰਭਰ ਹੋ ਕੇ ਰਹਿ ਗਿਆ ਹੈ। ਬੱਚਿਆਂ ਦੇ ਜੀਵਨ ਨਾਲ ਖਿਲਵਾੜ ਕਰਨਾ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਹੈ। ਬੱਚਿਆਂ ਵਿਚ ਸਾਇੰਸ ਪ੍ਰਤੀ ਰੁਚੀ ਨੂੰ ਘਟਾਉਣ ਨਾਲ ਦੇਸ਼ ਦੇ ਭਵਿਖ ਨੂੰ ਬਹੁਤ ਵੱਡਾ ਨੁਕਸਾਨ ਹੋਵੇਗਾ।

# ਮੰਗਾਂ ਨੂੰ ਲੈ ਕੇ 3 ਘੰਟੇ ਲਈ ਓ ਪੀ ਡੀ ਬੰਦ ਰੱਖੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਗਰਾਪੁਰੀਆ)**-ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਯੂਨੀਅਨ (ਪੀਸੀਐਮਐਸਏ) ਤਹਿਤ ਆਪਣੀਆਂ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਨਵਾਂਸ਼ਹਿਰ ਵਿਖੇ 3 ਘੰਟੇ ਲਈ ਓਪੀਡੀ ਬੰਦ ਰੱਖੀ ਗਈ। ਐਸ ਐਮ ਓ ਡਾ. ਸਤਵਿੰਦਰ ਪੀਲ ਬਿੱਟੂ ਨੇ ਕਿਹਾ ਕਿ ਡਾਕਟਰੀ ਪੇਸ਼ੇ ਵਿਚ ਸੁਰੱਖਿਆ ਨਾਂ ਦੀ ਚੀਜ਼ ਸਾੜ-ਫੂਕ ਵਾਂਗ ਖ਼ਤਮ ਹੁੰਦੀ ਜਾ ਰਹੀ ਹੈ। ਕੋਲਕਾਤਾ ਵਿਚ ਡਾਕਟਰਾਂ ਨੂੰ ਗੁੰਡਿਆਂ ਵੱਲੋਂ ਧਮਕੀਆਂ ਮਿਲਣਾ ਅਤੇ ਉਨ੍ਹਾਂ ਨਾਲ ਲੜਾਈ ਝਗੜਾ ਹੋਣਾ ਆਮ ਗੱਲ ਹੋ ਗਈ ਹੈ। ਜਿਸ ਕਾਰਨ ਸਿਵਲ ਹਸਪਤਾਲ ਨਵਾਂਸ਼ਹਿਰ ਵਿਚ ਐਮਰਜੈਂਸੀ ਸੇਵਾਵਾਂ ਜਾਰੀ ਰਹੀਆਂ ਪਰ ਉਨ੍ਹਾਂ ਨੇ ਓਪੀਡੀ ਸੇਵਾ ਬੰਦ ਕਰਕੇ ਸਰਕਾਰ ਦੇ ਕੰਨ ਖੋਲ੍ਹਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਹਤ ਢਾਂਚੇ ਨੂੰ ਬਚਾਏ, ਹਸਪਤਾਲ ਦੇ ਸਟਾਫ ਦੀ ਸੁਰੱਖਿਆ ਨੂੰ ਬਹਾਲ ਕੀਤਾ ਜਾਵੇ। ਡਾਕਟਰਾਂ ਦੀ ਤਰੱਕੀ ਸਮੇਂ ਸਿਰ ਕੀਤੀ ਜਾਵੇ। ਸਰਕਾਰ ਨੂੰ ਆਪਣੇ ਡਾਕਟਰਾਂ ਦੇ ਅਧਿਕਾਰਾਂ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਡਾ. ਨਿਰਮਲ ਕੁਮਾਰ, ਡਾ ਗੁਰਪਾਲ ਕਟਾਰੀਆ, ਡਾ ਪਰਮਿੰਦਰ, ਡਾ ਅਮਿਤ ਸੁਨਿਆਰਾ, ਡਾ ਬਸਰਾ, ਡਾ ਸਵਰਨ ਕੁਲਾਰ, ਡਾ ਰੁਪਿੰਦਰ, ਡਾ ਲੈਬ ਨੀਰਜ ਕੁਮਾਰ, ਲਵਪ੍ਰੀਤ, ਬਲਵੀਰ ਕੌਰ, ਰੇਖਾ, ਸਤੀਸ਼ ਕੁਮਾਰ, ਵਿਵੇਕ ਮਿਸ਼ਰਾ, ਪਿੰਸ ਆਦਿ ਹੋਰ ਸਟਾਫ ਹਾਜ਼ਰ ਸਨ।

# ਮੋਟਰਸਾਈਕਲਾਂ ਸਮੇਤ ਚਾਰ ਮੁਲਜ਼ਮ ਕਾਬੂ, 7 ਮੋਬਾਇਲ ਵੀ ਬਰਾਮਦ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ)**- ਜ਼ਿਲ੍ਹਾ ਪੁਲਸ ਮੁਖੀ ਗੁਲਨੀਤ ਸਿੰਘ ਖੁਰਾਨਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਸ਼ਾ ਤਸਕਰਾਂ ਅਤੇ ਲੁੱਟਾਂ ਖੋਹਾਂ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਚਮਕੌਰ ਸਾਹਿਬ ਪੁਲਸ ਨੇ ਡੀ ਐਸ ਪੀ ਮਨਜੀਤ ਸਿੰਘ ਔਲਖ ਦੀ ਦੇਖ ਰੇਖ ਹੇਠ ਅਤੇ ਥਾਣਾ ਮੁਖੀ ਰੋਹਿਤ ਸ਼ਰਮਾ ਦੀ ਅਗਵਾਈ ਹੇਠ ਚਾਰ ਨੌਜਵਾਨਾਂ ਨੂੰ ਲੁੱਟ ਖੋਹ ਦੇ 3 ਮੋਟਰਸਾਈਕਲਾਂ ਅਤੇ ਅੱਧੀ ਦਰਜਨ ਤੋਂ ਵੱਧ ਮੋਬਾਇਲ ਫੋਨਾਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਥਾਣਾ ਮੁਖੀ ਰੋਹਿਤ ਸ਼ਰਮਾ ਨੇ ਦੱਸਿਆ ਕਿ ਏ ਐਸ ਆਈ ਸੁਰਿੰਦਰ ਸਿੰਘ ਇੱਥੋਂ ਗਾਂਧੀ ਚੌਕ ਵਿਖੇ ਨਾਕਾਬੰਦੀ ਤੇ ਮੌਜੂਦ ਸੀ, ਜਿੱਥੇ ਇਕ ਇਤਲਾਹ ਮਿਲੀ ਕਿ ਇੱਥੋਂ ਦੇ ਅਵਤਾਰ ਸਿੰਘ ਪੁੱਤਰ ਮਨਜੀਤ ਸਿੰਘ ਨਿਵਾਸੀ ਮੁਹੱਲਾ ਰਾਈਆਂਵਾਲਾ ਅਤੇ ਦਮਨਜੀਤ ਸਿੰਘ ਪੁੱਤਰ ਜਤਿੰਦਰ ਸਿੰਘ ਵਾਸੀ ਪਿੰਡ ਮੰਡੋਫਲ (ਫਤਿਹਗੜ੍ਹ ਸਾਹਿਬ) ਚੋਰੀ ਦੇ ਮੋਟਰਸਾਈਕਲਾਂ ਉੱਤੇ ਰੂਪਨਗਰ ਵਲੋਂ ਆ ਰਹੇ ਹਨ, ਜਿਸ 'ਤੇ ਏ ਐਸ ਆਈ ਸੁਰਿੰਦਰ ਸਿੰਘ ਵਲੋਂ ਦੋਨੋਂ ਮੁਲਜ਼ਮਾਂ ਨੂੰ ਪੁਲਸ ਪਾਰਟੀ ਦੀ ਸਹਾਇਤਾ ਨਾਲ ਕਾਬੂ ਕਰਕੇ ਕੇਸ ਦਰਜ ਉਨ੍ਹਾਂ ਕੋਲੋਂ ਹੋਰ ਪੁੱਛਗਿੱਛ ਕੀਤੀ ਗਈ। ਜਿਨ੍ਹਾਂ ਪੁੱਛਗਿੱਛ ਦੌਰਾਨ ਆਪਣੇ ਹੋਰ ਸਾਥੀਆਂ ਅਜੇਦੀਪ ਸਿੰਘ ਪਿੰਡ ਵੇਈਂਪੋਈ ਅਤੇ ਹਰਪ੍ਰੀਤ ਸਿੰਘ ਪਿੰਡ ਮੁੰਡਾ ਦੋਨੋਂ ਜ਼ਿਲ੍ਹਾ ਤਰਨ ਤਾਰਨ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਉਪਰੰਤ ਉਨ੍ਹਾਂ ਕੋਲੋਂ ਵੱਖ ਵੱਖ ਥਾਵਾਂ ਤੋਂ ਚੋਰੀ ਕੀਤੇ 3 ਮੋਟਰਸਾਈਕਲ ਅਤੇ 7 ਮੋਬਾਇਲ ਫੋਨ ਅਤੇ 2 ਤਲਵਾਰਾਂ ਬਰਾਮਦ ਕੀਤੀਆਂ ਗਈਆਂ, ਜਿਨ੍ਹਾਂ ਦੀ ਮਦਦ ਨਾਲ ਮੁਲਜ਼ਮ ਰਾਹਗੀਰਾਂ ਨੂੰ ਡਰਾ ਧਮਕਾ ਕੇ ਉਨ੍ਹਾਂ ਕੋਲੋਂ ਮੋਬਾਇਲ ਫੋਨ ਖੋਹ ਲੈਂਦੇ ਸਨ। ਸ਼ਰਮਾ ਨੇ ਦੱਸਿਆ ਕਿ ਉਪਰੋਕਤ ਚਾਰੋਂ ਮੁਲਜ਼ਮਾਂ ਵਿਰੁੱਧ ਅਗਲੇਰੀ ਅਦਾਲਤੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਹਰਪ੍ਰੀਤ ਸਿੰਘ ਗਿੱਲ ਨੇ ਨਾਇਬ ਤਹਿਸੀਲਦਾਰ ਭੁਲੱਥ ਵਜੋਂ ਅਹੁਦਾ ਸੰਭਾਲਿਆ



-ਸਬ ਡਵੀਜ਼ਨ ਭੁਲੱਥ ਦੀ ਤਹਿਸੀਲ 'ਚ ਨਾਇਬ ਤਹਿਸੀਲਦਾਰ ਪਵਨ ਕੁਮਾਰ ਦਾ ਇਥੋਂ ਤਬਾਦਲਾ ਹੋਣ ਕਾਰਨ ਨਵੇਂ ਨਾਇਬ ਤਹਿਸੀਲਦਾਰ ਵਜੋਂ ਹਰਪ੍ਰੀਤ ਸਿੰਘ ਗਿੱਲ ਨੇ ਅਹੁਦਾ ਸੰਭਾਲਣ ਉਪਰੰਤ ਕੰਮਕਾਜ ਕਰਨਾ ਸ਼ੁਰੂ ਕਰ ਦਿੱਤਾ ਹੈ। ਅਹੁਦਾ ਸੰਭਾਲਣ ਉਪਰੰਤ ਨਾਇਬ ਤਹਿਸੀਲਦਾਰ ਹਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਉਹ ਫਾਜ਼ਿਲਕਾ ਤੋਂ ਤਬਦੀਲ ਹੋ ਕੇ ਭੁਲੱਥ ਆਏ ਹਨ। ਉਹਨਾਂ ਕਿਹਾ ਕਿ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ। ਤਹਿਸੀਲ ਦੇ ਕੰਮਾਂ ਵਿਚ ਕਿਸੇ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਤਹਿਸੀਲ ਦੇ ਸਟਾਫ ਸੁਪਰਡੈਂਟ ਸੁਖਜਿੰਦਰ ਕੌਰ, ਰੀਡਰ-ਟੂ-ਤਹਿਸੀਲਦਾਰ ਸਿਮਰਨਜੀਤ ਸਿੰਘ, ਰਜਿਸਟਰੀ ਕਲਰਕ ਅੰਮ੍ਰਿਤਪਾਲ ਸਿੰਘ, ਰੀਡਰ-ਟੂ-ਨਾਇਬ ਤਹਿਸੀਲਦਾਰ ਪਰਮਜੀਤ ਕੌਰ, ਤਰਸੇਮ ਸਿੰਘ ਬਿੱਲ ਕਲਰਕ, ਫਰਦ ਕੇਂਦਰ ਇੰਚਾਰਜ ਦੀਪਕ ਕੁਮਾਰ ਅਤੇ ਪਟਵਾਰੀਆਂ ਵੱਲੋਂ ਨਵੇਂ ਨਾਇਬ ਤਹਿਸੀਲਦਾਰ ਹਰਪ੍ਰੀਤ ਸਿੰਘ ਨੂੰ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

# ਐੱਮ ਐੱਸ ਸੀ ਫਿਜ਼ਿਕਸ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ.ਐਸ ਸੀ. ਫਿਜ਼ਿਕਸ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਅਦਿੱਤੀ ਨੇ 10 ਵਿਚੋਂ 7.91 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਨਵਜੋਤ ਕੌਰ ਨੇ 7.73 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਚੌਥਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥਣਾਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਡਾ. ਨਰਵੀਰ ਸਿੰਘ, ਮੁਖੀ ਫਿਜ਼ਿਕਸ ਵਿਭਾਗ, ਡਾ. ਅਮਨਪ੍ਰੀਤ ਕੌਰ ਸੰਧੂ, ਡਾ. ਅੰਮ੍ਰਿਤਪਾਲ ਸਿੰਘ ਨਿੰਦਰਾਯੋਗ, ਡਾ. ਰੰਜੂ ਮਹਾਜਨ, ਡਾ. ਨਵਨੀਤ ਅਰੋੜਾ, ਡਾ. ਰਵਨੀਤ ਕੌਰ ਅਤੇ ਡਾ. ਮਨਦੀਪ ਕੌਰ ਵੀ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਸਕੀਮ ਪ੍ਰਾਪਤੀ ਲਈ ਲਾਏ ਜਾ ਰਹੇ ਸੰਗਰੂਰ ਮੋਰਚੇ ਲਈ ਲਾਮਬੰਦੀ ਸ਼ੁਰੂ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਪੰਜਾਬ (ਪੀ.ਪੀ.ਪੀ.ਐੱਫ.) ਦੀ ਸੂਬਾ ਕਾਰਜਕਾਰਨੀ ਦੇ ਫੈਸਲੇ ਅਨੁਸਾਰ ਨਵੀਂ ਪੈਨਸ਼ਨ ਸਕੀਮ (ਐੱਨ.ਪੀ.ਐੱਸ.) ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਦੁਬਾਰਾ ਬਹਾਲ ਕਰਵਾਉਣ ਹਿੱਤ 1 ਅਕਤੂਬਰ ਤੋਂ 3 ਅਕਤੂਬਰ ਤੱਕ ਸੰਗਰੂਰ ਵਿਖੇ ਲਗਾਏ ਜਾਣ ਵਾਲੇ ਤਿੰਨ ਦਿਨਾ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਲਈ ਐਨ ਪੀ ਐਸ ਅਧੀਨ ਆਉਂਦੇ ਮੁਲਾਜ਼ਮਾਂ ਨੂੰ ਲਾਮਬੰਦ ਕਰਨ ਲਈ ਅਤੇ ਸੰਗਰੂਰ ਮੋਰਚੇ ਲਈ ਤਿਆਰੀ ਹਿਤ ਬਲਾਕ ਗੜ੍ਹਸ਼ੰਕਰ ਦੇ ਵੱਖ ਵੱਖ ਸਕੂਲਾਂ ਵਿੱਚ ਲਾਮਬੰਦੀ ਕੀਤੀ ਗਈ। ਇਸ ਵੇਲੇ ਡੀ ਟੀ ਐੱਫ ਦੇ ਸੂਬਾ ਆਗੂ ਮੁਕੇਸ਼ ਕੁਮਾਰ ਅਤੇ ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਪੰਜਾਬ ਦੇ ਆਗੂ ਬਲਕਾਰ ਸਿੰਘ ਮਘਾਣੀਆਂ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਲਗਭਗ ਦੋ ਸਾਲ ਪਹਿਲਾਂ ਹਿਮਾਚਲ ਪ੍ਰਦੇਸ਼ ਅਤੇ ਗੁਜਰਾਤ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਮੌਕੇ ਪੰਜਾਬ ਅੰਦਰ ਨਵੀਂ ਪੈਨਸਨ ਸਕੀਮ ਨੂੰ ਬੰਦ ਕਰਕੇ ਦੁਬਾਰਾ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕੀਤਾ ਸੀ ਅਤੇ ਇਸ ਬਾਰੇ ਨੋਟਫਿਕੇਸ਼ਨ ਵੀ ਜਾਰੀ ਕੀਤਾ ਸੀ ਪਰ ਲਗਭਗ ਦੋ ਸਾਲਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਅੰਦਰ ਹਕੀਕੀ ਰੂਪ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਨਹੀਂ ਕੀਤਾ ਗਿਆ। ਸਰਕਾਰ ਦੇ ਪੁਰਾਣੀ ਪੈਨਸਨ ਸਕੀਮ ਲਾਗੂ ਕਰਨ ਦੇ ਐਲਾਨ ਅਤੇ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਵੀ ਪੰਜਾਬ ਦੇ ਸਰਕਾਰੀ ਵਿਭਾਗਾਂ ਅਧੀਨ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਦੀ ਐੱਨ.ਪੀ.ਐੱਸ. ਕਟੌਤੀ ਕਰਨੀ ਬੰਦ ਨਹੀਂ ਹੋਈ ਅਤੇ ਨਾ ਹੀ ਮੁਲਾਜ਼ਮਾਂ ਦੇ ਜੀ.ਪੀ.ਐਫ. (ਜਨਰਲ ਪਰਾਵੀਡੈਂਟ ਫੰਡ) ਦੇ ਖਾਤੇ ਖੋਲ੍ਹ ਕੇ ਉਨ੍ਹਾਂ ਦਾ ਜੀ.ਪੀ.ਐਫ. ਕੱਟਣਾ ਹੀ ਸ਼ੁਰੂ ਹੋਇਆ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਪੁਰਾਣੀ ਪੈਨਸ਼ਨ ਸਕੀਮ ਨੂੰ ਹਕੀਕੀ ਰੂਪ ਵਿੱਚ ਲਾਗੂ ਕੀਤਾ ਜਾਵੇ ਅਤੇ ਮੁਲਾਜ਼ਮਾਂ ਦਾ ਜੀ.ਪੀ.ਐਫ. ਕੱਟਣਾ ਸ਼ੁਰੂ ਕੀਤਾ ਜਾਵੇ ਨਹੀਂ ਤਾਂ ਓਹ ਆਪਣੇ ਸੰਘਰਸ ਨੂੰ ਹੋਰ ਤਿੱਖਾ ਕਰਦਿਆਂ 1 ਅਕਤੂਬਰ ਤੋਂ 3 ਅਕਤੂਬਰ ਤੱਕ ਮੁੱਖ ਮੰਤਰੀ ਦੇ ਹਲਕੇ ਸੰਗਰੂਰ ਵਿੱਚ ਤਿੰਨ ਦਿਨਾ ਪੈਨਸਨ ਪ੍ਰਾਪਤੀ ਮੋਰਚਾ ਲਗਾਉਣਗੇ।

# ਸਾਹਿਲ ਸ਼ਰਮਾ ਨੇ ਨੀਟ ਦੀ ਪ੍ਰੀਖਿਆ ਪਾਸ ਕਰਕੇ ਐੱਮ ਬੀ ਬੀ ਐੱਸ 'ਚ ਲਿਆ ਦਾਖਲਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਨਜ਼ਦੀਕੀ ਪਿੰਡ ਲੋਦੀਪੁਰ ਬਰੋਟੂ ਬਾਸ ਦੇ ਪ੍ਰਦੀਪ ਕੁਮਾਰ ਦੇ ਪੁੱਤਰ ਸਾਹਿਲ ਸ਼ਰਮਾ ਨੇ ਨੀਟ ਦੀ ਪ੍ਰੀਖਿਆ ਪਾਸ ਕਰਕੇ ਰਜਿੰਦਰ ਪ੍ਰਸਾਦ ਮੈਡੀਕਲ ਸਰਕਾਰੀ ਕਾਲਜ ਟਾਂਡਾ ਜ਼ਿਲ੍ਹਾ ਕਾਂਗੜਾ ਹਿਮਾਚਲ ਪ੍ਰਦੇਸ਼ ਵਿੱਚ ਦਾਖਲਾ ਲੈ ਕੇ ਪਰਵਾਰ ਸਮੇਤ ਪਿੰਡ ਲੋਦੀਪੁਰ ਅਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ। ਸਾਹਿਲ ਸ਼ਰਮਾ ਦੇ ਪਿਤਾ ਸਮਾਜ ਸੇਵੀ ਪ੍ਰਦੀਪ ਕੁਮਾਰ ਪਿੰਡ ਲੋਦੀਪੁਰ ਦੇ ਰਹਿਣ ਵਾਲੇ ਹਨ ਅਤੇ ਬੀ ਬੀ ਐਮ ਬੀ ਹਸਪਤਾਲ ਨੰਗਲ ਵਿਖੇ ਐਲ ਡੀ ਸੀ ਦੀ ਪੋਸਟ 'ਤੇ ਸੇਵਾ ਨਿਭਾ ਰਹੇ ਹਨ। ਸਾਹਿਲ ਨੇ ਆਪਣੇ ਪਹਿਲੇ ਹੀ ਅਟੈਮਪਟ ਦੇ ਵਿੱਚ ਨੀਟ ਦੀ ਪ੍ਰੀਖਿਆ 644 ਅੰਕ ਪ੍ਰਾਪਤ ਕਰਕੇ ਹਿਮਾਚਲ ਪ੍ਰਦੇਸ਼ ਵਿੱਚੋਂ 77 ਵਾਂ ਸਥਾਨ ਹਾਸਲ ਕੀਤਾ ਅਤੇ ਹੁਣ ਐਮ ਬੀ ਬੀ ਐਸ ਕਰਨ ਦੇ ਲਈ ਦਾਖਲਾ ਲਿਆ ਹੈ। ਸਾਹਿਲ ਸ਼ਰਮਾ ਦੀ ਇਸ ਪ੍ਰਾਪਤੀ 'ਤੇ ਗੁਰਮਿੰਦਰ ਸਿੰਘ ਭੁੱਲਰ, ਡਾਕਟਰ ਆਤਮਾ ਸਿੰਘ, ਸਾਬਕਾ ਸਰਪੰਚ ਹਰਜਾਪ ਸਿੰਘ, ਹਰਦੀਪ ਸਿੰਘ ਬਬਲੀ, ਬਲਵਿੰਦਰ ਸਿੰਘ ਲੋਦੀਪੁਰ, ਜਰਨੈਲ ਸਿੰਘ, ਬਲਮ ਸਿੰਘ, ਜਸਵਿੰਦਰ ਸਿੰਘ, ਚਰਨਜੀਤ ਸਿੰਘ, ਰਾਜਕੁਮਾਰ, ਬਲਦੇਵ ਸਿੰਘ ਆਦਿ ਨੇ ਜਿੱਥੇ ਉਹਨਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਉੱਥੇ ਹੀ ਕਿਹਾ ਕਿ ਇੱਕ ਸਧਾਰਨ ਪਰਵਾਰ ਵਿੱਚੋਂ ਨੀਟ ਦੀ ਪ੍ਰੀਖਿਆ ਪਾਸ ਕਰਕੇ ਐਮ ਬੀ ਬੀ ਐਸ ਕਰਨਾ ਬਹੁਤ ਵੱਡੀ ਪ੍ਰਾਪਤੀ ਹੈ।

# ਅੱਪਰਾ ਜਾਗਰਣ 'ਚ ਸੇਵਾਦਾਰਾਂ ਨੂੰ ਸਨਮਾਨ ਚਿੰਨ੍ਹ



**ਅੱਪਰਾ (ਨਿਰਮਲ ਗੁੜਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਵ ਦੁਰਗਾ ਜਗਰਾਤਾ ਕਮੇਟੀ, ਐੱਨ. ਆਰ. ਆਈ ਵੀਰਾਂ, ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 30ਵਾਂ ਵਿਸ਼ਾਲ ਭਗਵਤੀ ਜਾਗਰਣ ਦੁਰਗਾ ਮਾਤਾ ਮੰਦਿਰ ਅੱਪਰਾ ਦੇ ਅੰਦਰ ਨੇੜੇ ਪੁਰਾਣਾ ਬੱਸ ਅੱਡਾ ਅੱਪਰਾ ਵਿਖੇ ਵਿਖੇ ਗੁਰੂ ਮਾਂ ਸਵਰਨ ਦੇਵਾ (ਯੂ. ਕੇ) ਵਾਲਿਆਂ ਦੇ ਆਸ਼ੀਰਵਾਦ ਸਦਕਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ । ਇਸ ਮੌਕੇ ਮਹਾਂਮਾਈ ਦੀ ਪਵਿੱਤਰ ਜੋਤ ਜਵਾਲਾ ਜੀ ਤੋਂ ਲਿਆਂਦੀ ਗਈ। ਇਸ ਮੌਕੇ ਪੰਜਾਬੀ ਗਾਇਕ ਦੁਰਗਾ ਰੰਗੀਲਾ, ਲਵਪ੍ਰੀਤ ਲਵ ਤੇ ਮਹੰਤ ਛਿੰਦੂ ਭਗਤ ਨੇ ਮਾਤਾ ਜੀ ਦੀ ਮਹਿਮਾ ਦਾ ਗੁਣਗਾਣ ਕੀਤਾ ਤੇ ਆਏ ਹੋਏ ਭਗਤਾਂ ਨੂੰ ਮਾਂ ਦੇ ਚਰਨਾਂ ਨਾਲ ਜੋੜਿਆ । ਇਸ ਮੌਕੇ ਪ੍ਰਬੰਧਕ ਕਮੇਟੀ ਅਤੇ ਸਟੇਜ ਸਕੱਤਰ ਵਲੋਂ ਗੁਰੂ ਮਾਂ ਸਵਰਨ ਦੇਵਾ ਨੂੰ ਵਾਰ ਵਾਰ ਯਾਦ ਕੀਤਾ ਗਿਆ ਅਤੇ ਗੁਰੂ ਮਾਂ ਸਵਰਨ ਦੇਵਾ ਦੇ ਨਾਮ ਤੇ ਦਰਬਾਰ ਵਲੋਂ ਆਈ ਸੰਗਤ ਅਤੇ ਮਾਂ ਵੈਸ਼ਨੋ ਦਰਬਾਰ ਪ੍ਰਬੰਧਕ ਅਤੇ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਨੂੰ ਸਨਮਾਨ ਚਿੰਨ੍ਹ ਦਿੱਤਾ ਗਿਆ। ਇਸ ਮੌਕੇ ਪ੍ਰਬੰਧਕਾਂ ਵਲੋਂ ਆਏ ਹੋਏ ਗਾਇਕਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਅਤੁੱਟ ਲੰਗਰ ਵੀ ਵਰਤਾਏ ਗਏ ।

# ਓਵਰਲੋਡਡ ਹੈਵੀ ਵਾਹਨਾਂ ਦੇ ਦਾਖ਼ਲ ਹੋਣ 'ਤੇ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸ਼ਹਿਰ ਨਵਾਂਸ਼ਹਿਰ ਵਿਚੋਂ ਸਮਾਂ ਸਵੇਰੇ 7 ਵਜੇ ਤੋਂ ਰਾਤ 9 ਵਜੇ ਤੱਕ ਓਵਰਲੋਡਡ ਹੈਵੀ ਵਾਹਨਾਂ (ਬੱਜਰੀ, ਸੀਮਿੰਟ, ਰੇਤ, ਮਿੱਟੀ, ਸਰੀਆ, ਓਵਰਲੋਡਡ ਤੂੜੀ/ਫੱਕ ਵਾਲੀਆਂ ਟਰਾਲੀਆਂ/ਟਰੱਕ, ਕਮਰਸ਼ੀਅਲ ਤੌਰ 'ਤੇ ਜਾਣ ਵਾਲਾ ਸਾਮਾਨ ਆਦਿ) ਨੂੰ ਲੰਘਣ/ਦਾਖ਼ਲ ਹੋਣ 'ਤੇ ਪਾਬੰਦੀ ਲਗਾ ਦਿੱਤੀ ਹੈ।ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਹੈ ਕਿ ਜ਼ਿਲ੍ਹੇ ਵਿਚੋਂ ਗੜ੍ਹਸ਼ੰਕਰ-ਨਵਾਂਸ਼ਹਿਰ ਰੋਡ ਤੋਂ ਰੋਜ਼ਾਨਾ ਦਿਨ ਅਤੇ ਰਾਤ ਸਮੇਂ ਓਵਰਲੋਡਡ ਵਾਹਨਾਂ ਦਾ ਆਉਣਾ-ਜਾਣਾ ਲੱਗਿਆ ਰਹਿੰਦਾ ਹੈ। ਜਿਸ ਕਾਰਨ ਸਵੇਰ ਸਮੇਂ ਸਕੂਲ ਜਾ ਰਹੇ ਬੱਚਿਆਂ ਅਤੇ ਦਫ਼ਤਰ ਜਾ ਰਹੇ ਮੁਲਾਜ਼ਮਾਂ/ਪ੍ਰਾਈਵੇਟ ਵਿਅਕਤੀਆਂ ਨੂੰ ਕਾਫ਼ੀ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਰੋਜ਼ਾਨਾ ਕੋਈ ਨਾ ਕੋਈ ਵੱਡਾ ਹਾਦਸਾ ਵਾਪਰ ਜਾਂਦਾ ਹੈ। ਜਿਸ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਟ੍ਰੈਫਿਕ ਸਮੱਸਿਆ ਬਣੀ ਰਹਿੰਦੀ ਹੈ। ਇਸ ਲਈ ਰੋਜ਼ਾਨਾ ਵਾਪਰਨ ਵਾਲੇ ਹਾਦਸਿਆਂ ਨੂੰ ਰੋਕਣ ਲਈ, ਪਬਲਿਕ ਦੇ ਜਾਨ ਤੇ ਮਾਲ ਨੂੰ ਨੁਕਸਾਨ ਤੋਂ ਬਚਾਉਣ ਅਤੇ ਸ਼ਹਿਰ ਵਿਚ ਟ੍ਰੈਫਿਕ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਉਕਤ ਹੁਕਮ ਲਾਗੂ ਕੀਤਾ ਗਿਆ ਹੈ। ਇਹ ਹੁਕਮ 8 ਨਵੰਬਰ 2024 ਤੱਕ ਲਾਗੂ ਰਹੇਗਾ।

# ਸ਼ਮਸ਼ਾਨਘਾਟ ਦੇ ਰਸਤੇ 'ਚ ਭਰੇ ਪਾਣੀ ਕਾਰਨ ਸਕੂਲੀ ਬੱਚੇ ਸਕੂਲ ਜਾਣ ਤੋਂ ਅਸਮਰੱਥ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਮਾਹਿਲਪੁਰ ਬੀਤੀ ਸਵੇਰ ਪਏ ਭਾਰੀ ਮੀਂਹ ਕਾਰਨ ਬਲਾਕ ਮਾਹਿਲਪੁਰ ਦੇ ਪਿੰਡ ਲਕਸੀਹਾਂ ਦੇ ਸਕੂਲ, ਵਾਟਰ ਸਪਲਾਈ ਸਕੀਮ, ਸ਼ਮਸ਼ਾਨਘਾਟ ਦੇ ਰਸਤੇ ਵਿਚ ਭਰੇ ਪਾਣੀ ਕਾਰਨ ਸਕੂਲੀ ਬੱਚੇ ਸਕੂਲ ਜਾਣ ਤੋਂ ਵੀ ਅਸਮਰੱਥ ਰਹੇ। ਇਕ ਅਧਿਆਪਕ ਦੇ ਪਾਣੀ ਵਿਚ ਰੁੜ੍ਹ ਜਾਣ ਤੋਂ ਹੋਏ ਬਚਾਅ ਕਾਰਨ ਵੱਡਾ ਹਾਦਸਾ ਟਲ ਗਿਆ। ਭਾਰਤ ਜਗਾਓ ਅੰਦੋਲਨ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਕਿਹਾ ਕਿ ਪਿੰਡ ਲਕਸੀਹਾਂ ਵਿਚ ਬਰਸਾਤੀ ਪਾਣੀ ਦਾ ਵਹਾਅ ਆਉਣ ਕਰਕੇ ਅਤੇ ਬਰਸਾਤੀ ਪਾਣੀ ਦੇ ਕੁਦਰਤੀ ਰਸਤੇ ਬੰਦ ਹੋਣ ਵੱਲ ਨਾ ਧਿਆਨ ਦੇਣ ਕਾਰਨ ਸਰਕਾਰੀ ਹਾਈ ਸਕੂਲ, ਪਿੰਡ ਦਾ ਛੱਪੜ ਓਵਰਫਲੋ ਹੋਣ, ਵਾਟਰ ਸਪਲਾਈ ਸਕੀਮ ਪੂਰੀ ਤਰ੍ਹਾਂ ਪਾਣੀ ਵਿਚ ਡੁੱਬਣ ਤੇ ਖੇਤਾਂ ਨੂੰ ਜਾਣ ਵਾਲੇ ਰਸਤਿਆਂ ਵਿਚ ਪਾਣੀ ਭਰਨ ਵਰਗੀਆਂ ਮੁਸ਼ਕਲਾਂ ਨੂੰ ਅਣਗੌਲਿਆਂ ਕਰਨ ਦੀ ਨਿੰਦਾ ਕਰਦਿਆ ਕਿਹਾ ਕਿ ਪਿੰਡ ਦੇ ਹਾਈ ਸਕੂਲ ਦੇ ਅੱਗੇ ਪਾਣੀ ਭਰਨ ਕਾਰਨ ਬੱਚਿਆਂ ਨੂੰ ਆਪਣੇ ਘਰਾਂ ਨੂੰ ਬਿਨਾਂ ਪੜ੍ਹਾਈ ਕੀਤਿਆਂ ਵਾਪਸ ਪਰਤਣਾ ਪਿਆ। ਪਾਣੀ ਕਾਰਨ ਇਕ ਟੀਚਰ ਪਾਣੀ ਦੇ ਵਹਾਅ ਦੀ ਭੇਟ ਚੜ੍ਹਨ ਲੱਗੀ ਸੀ ਜਿਸ ਨੂੰ ਪਿੰਡ ਵਾਸੀਆਂ ਨੇ ਬਚਾਇਆ।

ਉਨ੍ਹਾਂ ਦੱਸਿਆ ਕਿ ਪੀਣ ਵਾਲੇ ਟਿਊਬਵੈਲ ਵਿਚ ਮੁੜ ਪਾਣੀ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਬਰਸਾਤੀ ਪਾਣੀ ਦੇ ਕੁਦਰਤੀ ਵਹਾਅ ਦੇ ਰਸਤੇ ਨਜਾਇਜ਼ ਕਬਜ਼ਿਆਂ ਦੀ ਭੇਟ ਚੜ੍ਹੇ ਹੋਏ ਹਨ ਪਰ ਪ੍ਰਸ਼ਾਸਨ ਧਿਆਨ ਨਹੀਂ ਦੇ ਰਿਹਾ। ਜਿਸ ਕਾਰਨ ਕੁਝ ਰਸਤੇ ਬੰਦ ਹੋ ਗਏ ਹਨ।ਲੋਕ ਗੁਰੂ ਘਰ ਵੀ ਜਾਣ ਤੋਂ ਵਾਂਝੇ ਹਨ। ਉਨ੍ਹਾਂ ਮੰਗ ਕੀਤੀ ਕਿ ਇਸ ਵੱਲ ਸਰਕਾਰ ਧਿਆਨ ਦੇਵੇ।

# ਸਕੂਲਾਂ 'ਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਭਰੀਆਂ ਜਾਣਗੀਆਂ : ਚੱਬੇਵਾਲ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ )**-ਉਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸੁਖਵਿੰਦਰ ਸਿੰਘ ਨੇ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨਾਲ ਮੁਲਾਕਾਤ ਕਰਕੇ ਐਲੀਮੈਂਟਰੀ ਸਿੱਖਿਆ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ। ਸੁਖਵਿੰਦਰ ਸਿੰਘ ਨੇ ਦੱਸਿਆ ਕਿ ਕਈ ਐਲੀਮੈਂਟਰੀ ਸਕੂਲਾਂ ਵਿੱਚ ਅਧਿਆਪਕਾਂ ਤੇ ਮੁਲਾਜ਼ਮਾਂ ਦੀਆਂ ਅਸਾਮੀਆਂ ਖਾਲੀ ਹਨ। ਇਸ 'ਤੇ ਸੰਸਦ ਮੈਂਬਰ ਚੱਬੇਵਾਲ ਨੇ ਭਰੋਸਾ ਦਿੱਤਾ ਕਿ ਇਨ੍ਹਾਂ ਖਾਲੀ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਿਆ ਜਾਵੇਗਾ ਤਾਂ ਜੋ ਵਿਦਿਆਰਥੀ ਵਧੀਆ ਸਿੱਖਿਆ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਇਸ ਦਿਸ਼ਾ ਵਿੱਚ ਤੇਜ਼ੀ ਨਾਲ ਕੰਮ ਕਰ ਰਹੀ ਹੈ ਅਤੇ ਪ੍ਰਾਇਮਰੀ ਸਿੱਖਿਆ ਵਿੱਚ ਸੁਧਾਰ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ। ਸੰਸਦ ਮੈਂਬਰ ਚੱਬੇਵਾਲ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ। ਇਸ ਦੇ ਮੱਦੇਨਜ਼ਰ ਸਰਕਾਰ ਨੇ ਮੌਜੂਦਾ ਅਧਿਆਪਕਾਂ ਨੂੰ ਤਰੱਕੀ ਦੇਣ ਦੇ ਨਾਲ-ਨਾਲ ਨਵੇਂ ਅਧਿਆਪਕਾਂ ਦੀ ਨਿਯੁਕਤੀ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਵਾਅਦਿਆਂ ਨੂੰ ਨਿਭਾਉਂਦੇ ਹੋਏ ਅਧਿਆਪਕਾਂ ਦੀਆਂ ਤਰੱਕੀਆਂ ਦੀ ਪ੍ਰਕਿਰਿਆ ਨੂੰ ਤੇਜ਼ ਕਰ ਰਹੀ ਹੈ ਤਾਂ ਜੋ ਅਧਿਆਪਕਾਂ ਦੀ ਕਾਰਜਕੁਸ਼ਲਤਾ ਵਧੇ ਅਤੇ ਵਿਦਿਆਰਥੀਆਂ ਨੂੰ ਇਸ ਦਾ ਸਿੱਧਾ ਲਾਭ ਮਿਲ ਸਕੇ। ਸੰਸਦ ਮੈਂਬਰ ਚੱਬੇਵਾਲ ਨੇ ਕਿਹਾ ਕਿ ਅਧਿਆਪਕਾਂ ਦੀਆਂ ਤਰੱਕੀਆਂ ਨਾਲ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਹੋਵੇਗਾ ਅਤੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮਿਲੇਗੀ। ਚੱਬੇਵਾਲ ਨੇ ਕਿਹਾ ਕਿ ਸਿੱਖਿਆ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਇਸ ਮੌਕੇ ਨੀਰਜ ਧੀਮਾਨ ਅਤੇ ਰਜਨੀਸ਼ ਕੁਮਾਰ ਗੁਲਿਆਣੀ ਵੀ ਹਾਜ਼ਰ ਸਨ।

# ਪ੍ਰਾਇਮਰੀ ਸਕੂਲ ਖੇਡਾਂ ਜਨੌੜੀ ਵਿਖੇ ਧੂਮਧਾਮ ਨਾਲ ਸ਼ੁਰੂ

**ਅੱਡਾ ਸਰਾਂ, (ਜਸਵੀਰ ਕਾਜਲ)**- 67 ਵੀਆਂ ਤਿੰਨ ਦਿਨਾ ਪੰਜਾਬ ਰਾਜ ਪ੍ਰਾਇਮਰੀ ਸਕੂਲ ਖੇਡਾਂ ਸੈਂਟਰ ਸਕੂਲ ਜਨੌੜੀ ਵਿਖੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਬਲਾਕ ਖੇਡ ਅਧਿਕਾਰੀ ਕੁਲਜੀਤ ਕੌਂ ਦੀ ਅਗਵਾਈ ਹੇਠ ਧੂਮਧਾਮ ਨਾਲ ਸ਼ੁਰੂ ਹੋਈਆਂ। ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰਾਮਨਗਰ, ਜਨੌੜੀ ਮੁੰਡੇ, ਜਨੌੜੀ ਕੁੜੀਆਂ, ਰਾਮ ਟਟਵਾਲੀ, ਟਾਹਲੀਵਾਲ ਅਤੇ ਰਾਮ ਟਟਵਾਲੀ ਬ੍ਰਾਂਚ ਦੇ ਸਮੂਹ ਵਿਦਿਆਰਥੀਆਂ ਨੇ ਅਧਿਆਪਕਾਂ ਦੇ ਸਹਿਯੋਗ ਨਾਲ ਪੂਰੇ ਜੋਸ਼ੋ-ਖਰੋਸ਼ ਨਾਲ ਹਿੱਸਾ ਲਿਆ।ਪਹਿਲੇ ਦਿਨ ਦੇ ਐਥਲੈਟਿਕ ਮੁਕਾਬਲਿਆਂ ਵਿੱਚ ਰਾਮਨਗਰ ਸਕੂਲ ਦੇ ਵਿਦਿਆਰਥੀਆਂ ਨੇ ਜਿੱਤ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਸੈਂਟਰ ਹੈੱਡ ਟੀਚਰ ਸੰਗੀਤਾ ਰਾਣੀ, ਹੈੱਡ ਟੀਚਰ ਅਸ਼ੋਕ ਕੁਮਾਰ, ਹੈੱਡ ਟੀਚਰ ਵਿਜੈ ਪਟਿਆਲ, ਹੈੱਡ ਟੀਚਰ ਜਸਪ੍ਰੀਤ ਕੌਰ, ਹੈੱਡ ਟੀਚਰ ਰਜਨੀ ਚਿੱਬ, ਅਨੀਤਾ ਦੇਵੀ, ਸੁਨੀਲ ਕੁਮਾਰ, ਸੰਜੀਵ ਕੁਮਾਰ, ਤਿਰਲੋਚਨ ਸਿੰਘ, ਮਨੀਸ਼ਾ ਰਾਜਪੂਤ ਆਦਿ ਹਾਜ਼ਰ ਸਨ।

# ਅੱਜ ਮਨਾਇਆ ਜਾਵੇਗਾ ਬਾਬਾ ਸ੍ਰੀ ਚੰਦ ਦਾ ਜਨਮ ਦਿਹਾੜਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਦਾ ਜਨਮ ਦਿਹਾੜਾ 12 ਸਤੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ। ਇਹ ਜਾਣਕਾਰੀ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਉਦਾਸੀ ਦੇ ਮੁੱਖ ਪ੍ਰਬੰਧਕ ਮਹੰਤ ਬਾਬਾ ਸਰਬਜੀਤ ਸਿੰਘ ਅਤੇ ਭਾਈ ਹਿੰਮਤ ਸਿੰਘ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਨਵੀਂ ਆਬਾਦੀ ਵਿਖੇ ਸਥਿਤ ਇਸ ਗੁਰੂ ਘਰ ਵਿੱਚ ਜਿੱਥੇ ਬਾਬਾ ਜੀ ਦਾ ਧੂਣਾ ਵੀ ਸਥਾਪਤ ਹੈ ਉੱਥੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਉਹਨਾਂ ਦੱਸਿਆ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਗਏ ਹਨ ਜਿਨ੍ਹਾਂ ਦਾ ਭੋਗ 12 ਸਤੰਬਰ ਨੂੰ ਪਾਇਆ ਜਾਵੇਗਾ। ਉਪਰੰਤ ਕੀਰਤਨ ਅਤੇ ਕਥਾ ਵਿਚਾਰ ਹੋਣਗੀਆਂ। ਗੁਰੂ ਕਾ ਅਤੁੱਟ ਲੰਗਰ ਵਰਤੇਗਾ।

# ਆਮ ਆਦਮੀ ਕਲੀਨਿਕ ਦੀ ਕੀਤੀ ਅਚਨਚੇਤ ਚੈਕਿੰਗ



**ਨਵਾਂਸ਼ਹਿਰ, (ਮਨੋਜ ਲਾਡੀ)**-ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਨੇ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਪਿੰਡ ਖਟਕੜ ਕਲਾਂ ਵਿਖੇ ਚੱਲ ਰਹੇ ਆਮ ਆਦਮੀ ਕਲੀਨਿਕ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਉਨ੍ਹਾਂ ਨੇ ਸਿਹਤ ਸੇਵਾਵਾਂ ਦਾ ਪ੍ਰੈਸਕ੍ਰਿਪਸ਼ਨ ਆਡਿਟ ਵੀ ਕੀਤਾ। ਡਾ. ਜਸਪ੍ਰੀਤ ਕੌਰ ਨੇ ਆਨਲਾਈਨ ਓ.ਪੀ.ਡੀ., ਟਾਕਸ ਸਿਸਟਮ ਮਸ਼ੀਨ ਦੀ ਵਰਕਿੰਗ, ਦਵਾਈਆਂ ਦੀ ਉਪਲੱਬਧਤਾ ਸਮੇਤ ਮਰੀਜ਼ਾਂ ਦੀ ਸਹੀ ਦੇਖਭਾਲ ਤੇ ਹੋਰ ਸਿਹਤ ਪ੍ਰਬੰਧਾਂ ਨੂੰ ਦੇਖਿਆ। ਉਨ੍ਹਾਂ ਵੱਲੋਂ ਸਾਫ-ਸਫਾਈ ਦਾ ਵਿਸ਼ੇਸ਼ ਤੌਰ 'ਤੇ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਆਮ ਆਦਮੀ ਕਲੀਨਿਕ ਵਿਚ ਸਿਹਤ ਸੇਵਾਵਾਂ ਲੈ ਕੇ ਗਏ ਮਰੀਜ਼ਾਂ ਨੂੰ ਫੋਨ ਕਰਕੇ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ ਗਈਆਂ ਸੇਵਾਵਾਂ ਬਾਰੇ ਜਾਣਕਾਰੀ ਵੀ ਲਈ। ਇਸ ਦੇ ਨਾਲ ਹੀ ਉਨ੍ਹਾਂ ਨੇ ਆਏ ਹੋਏ ਮਰੀਜ਼ਾਂ ਪਾਸੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ।ਡਾ. ਕੌਰ ਨੇ ਆਮ ਆਦਮੀ ਕਲੀਨਿਕ ਵਿੱਚ ਡਿਊਟੀ 'ਤੇ ਤਾਇਨਾਤ ਸਟਾਫ ਦੀ ਹਾਜ਼ਰੀ ਚੈੱਕ ਕੀਤੀ। ਮੌਕੇ ਸਾਰਾ ਸਟਾਫ ਹਾਜ਼ਰ ਪਾਇਆ ਗਿਆ। ਸਿਵਲ ਸਰਜਨ ਨੇ ਮੈਡੀਕਲ ਅਫਸਰ ਅਤੇ ਹੋਰ ਸਟਾਫ ਨੂੰ ਕੰਮਕਾਜ ਅਤੇ ਮਰੀਜ਼ਾਂ ਦਾ ਰਿਕਾਰਡ ਮੇਨਟੇਨ ਰੱਖਣ ਲਈ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਮਰੀਜ਼ਾਂ ਲਈ ਜ਼ਰੂਰੀ ਦਵਾਈਆਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ ਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀ ਜਾਣ ਵਾਲੀ ਹਰ ਬਣਦੀ ਸਹੂਲਤ ਦਿੱਤੀ ਜਾ ਸਕੇ। ਉਨ੍ਹਾਂ ਨੇ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ, ਡਿਊਟੀ 'ਤੇ ਤਾਇਨਾਤ ਸਟਾਫ ਦੇ ਕੰਮਕਾਜ, ਸਾਫ-ਸਫਾਈ ਦੇ ਪ੍ਰਬੰਧਾਂ ਅਤੇ ਮੈਡੀਕਲ ਰਿਕਾਰਡ ਦੇ ਰੱਖ-ਰਖਾਵ 'ਤੇ ਤਸੱਲੀ ਪ੍ਰਗਟਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ ਤੇ ਫਾਰਮੇਸੀ ਅਫ਼ਸਰ ਨੇਹਾ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਜ਼ੋਨਲ ਮੁਕਾਬਲਿਆਂ 'ਚ ਸੀ ਟੀ ਪਬਲਿਕ ਸਕੂਲ ਚਮਕਿਆ



**ਜਲੰਧਰ (ਸ਼ੈਲੀ ਐਲਬਰਟ)**-ਸੀ ਟੀ ਪਬਲਿਕ ਸਕੂਲ ਨੇ ਪੰਜਾਬ ਸਕੂਲ ਖੇਡਾਂ ਵੱਲੋਂ ਹਾਲ ਹੀ ਵਿੱਚ ਕਰਵਾਏ ਜ਼ੋਨਲ ਟੂਰਨਾਮੈਂਟਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖੇਡਾਂ ਵਿੱਚ ਆਪਣੀ ਉੱਤਮਤਾ ਦਾ ਪ੍ਰਦਰਸ਼ਨ ਕੀਤਾ ਹੈ। ਸਕੂਲ ਦੇ ਐਥਲੀਟਾਂ ਨੇ ਆਪਣੇ ਸਮਰਪਣ, ਟੀਮ ਵਰਕ ਅਤੇ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਕਈ ਸ਼੍ਰੇਣੀਆਂ ਵਿੱਚ ਚੋਟੀ ਦੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ। ਅੰਡਰ-14 ਲੜਕਿਆਂ ਦੇ ਬਾਸਕਟਬਾਲ ਵਰਗ ਵਿੱਚ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ, ਜਿਸ ਵਿੱਚ ਅਜੈਪਾਲ, ਵਿਰਾਜ ਅਤੇ ਅੰਕੁਸ਼ ਜ਼ਿਲ੍ਹਾ ਪੱਧਰ ਲਈ ਚੁਣੇ ਗਏ। ਅਜੈਪਾਲ ਦੇ ਬੇਮਿਸਾਲ ਪ੍ਰਦਰਸ਼ਨ ਨੇ ਵੀ ਉਸਦੀ ਪ੍ਰਤਿਭਾ ਅਤੇ ਸਮਰੱਥਾ ਨੂੰ ਉਜਾਗਰ ਕਰਦੇ ਹੋਏ ਰਾਜ ਟੀਮ ਲਈ ਉਸਦੀ ਚੋਣ ਕੀਤੀ। ਅੰਡਰ-19 ਗਰਲਜ਼ ਬਾਸਕਟਬਾਲ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ, ਜਿਸ ਵਿੱਚ ਤਸੇਵਾਂਗ, ਅਵਨੀਤ ਅਤੇ ਨਵਪ੍ਰੀਤ ਨੂੰ ਜ਼ਿਲ੍ਹਾ ਟੀਮ ਲਈ ਚੁਣਿਆ ਗਿਆ। ਅੰਡਰ-19 ਲੜਕੀਆਂ ਵਾਲੀਬਾਲ ਵਿੱਚ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ, ਜਿਸ ਵਿੱਚ ਜਸਮੀਤ ਅਤੇ ਰਸਮੀਨ ਨੇ ਜ਼ਿਲ੍ਹਾ ਟੀਮ ਵਿੱਚ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-19 ਲੜਕਿਆਂ ਵਾਲੀਬਾਲ ਵਿੱਚ ਸੰਨੀ ਬੱਧਨ ਦੇ ਹੁਨਰ ਸਦਕਾ ਉਸ ਦੀ ਜ਼ਿਲ੍ਹਾ ਪੱਧਰ ਲਈ ਚੋਣ ਹੋਈ। ਅੰਡਰ-19 ਲੜਕਿਆਂ ਦੀ ਬਾਸਕਟਬਾਲ ਟੀਮ ਨੇ ਵੀ ਜ਼ਬਰਦਸਤ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰ ਤੇ ਤੀਜਾ ਸਥਾਨ ਹਾਸਲ ਕੀਤਾ। ਕ੍ਰਿਕਟ 'ਚ ਅੰਡਰ-19 ਲੜਕਿਆਂ ਦੀ ਟੀਮ ਦੂਜੇ ਸਥਾਨ ਤੇ ਰਹੀ। ਮਨਨ, ਦੇਵ, ਹਰਸ਼ ਅਤੇ ਅਨਮੋਲ ਜ਼ਿਲ੍ਹਾ ਟੀਮ ਲਈ ਚੁਣੇ ਗਏ । ਸੀ ਟੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਅਤੇ ਵਾਈਸ ਪ੍ਰਿੰਸੀਪਲ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਹਾਰਦਿਕ ਵਧਾਈ ਦਿੱਤੀ।

# ਇਨੋਸੈਂਟ ਹਾਰਟਸ ਸਟੂਡੈਂਟਸ ਨੇ ਪ੍ਰਕਾਸ਼ਤ ਕੀਤਾ ਰਿਸਰਚ ਪੇਪਰ



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਦੋ ਵਿਦਿਆਰਥਣਾਂ ਖੁਸ਼ਬੂ ਵਰਮਾ ਅਤੇ ਅਕਾਂਸ਼ਾ ਨੇ ਸ਼ਾਨਦਾਰ ਪ੍ਰਾਪਤੀ ਕਰਦਿਆਂ ਕੋਰੀਆ ਰਿਵਿਊ ਆਫ਼ ਇੰਟਰਨੈਸ਼ਨਲ ਸਟੱਡੀਜ਼ ਵਿੱਚ ਆਪਣਾ ਪੇਪਰ ਪ੍ਰਕਾਸ਼ਿਤ ਕਰਕੇ ਅਕਾਦਮਿਕ ਖੋਜ ਵਿੱਚ ਅਹਿਮ ਯੋਗਦਾਨ ਪਾਇਆ ਹੈ। ਡਾ. ਗਗਨਦੀਪ ਕੌਰ ਧੰਜੂ ਦੀ ਅਗਵਾਈ ਹੇਠ ਕੀਤੀ ਗਈ ਖੋਜ ਦਾ ਸਿਰਲੇਖ ਹੈ ਖਪਤਕਾਰ ਅਧਿਕਾਰਾਂ ਬਾਰੇ ਜਾਗਰੂਕਤਾ ਦੇ ਪੱਧਰ ਨੂੰ ਮਾਪਣਾ: ਜਲੰਧਰ ਸ਼ਹਿਰ ਦੇ ਕਾਲਜ ਵਿਦਿਆਰਥੀਆਂ ਦਾ ਇੱਕ ਅਧਿਐਨ। ਇਹ ਪੇਪਰ ਜਲੰਧਰ ਵਿੱਚ ਕਾਲਜ ਦੇ ਵਿਦਿਆਰਥੀਆਂ ਵਿੱਚ ਖਪਤਕਾਰਾਂ ਦੇ ਅਧਿਕਾਰਾਂ ਦੀ ਸਮਝ ਅਤੇ ਜਾਗਰੂਕਤਾ ਦੀ ਪੜਚੋਲ ਕਰਦਾ ਹੈ, ਇਸ ਗੱਲ ਦੀ ਕੀਮਤੀ ਜਾਣਕਾਰੀ ਪ੍ਰਦਾਨ ਕਰਦਾ ਹੈ ਕਿ ਨੌਜਵਾਨ ਪੀੜ੍ਹੀ ਨੂੰ ਮਾਰਕੀਟ ਪਲੇਸ ਵਿੱਚ ਆਪਣੇ ਅਧਿਕਾਰਾਂ ਬਾਰੇ ਕਿਵੇਂ ਜਾਣੂ ਕਰਵਾਇਆ ਜਾਂਦਾ ਹੈ । ਪੇਪਰ ਦੀ ਅਗਵਾਈ ਕਰਨ ਵਾਲੀ ਡਾ. ਗਗਨਦੀਪ ਕੌਰ ਧੰਜੂ ਨੇ ਵਿਦਿਆਰਥੀਆਂ ਦੇ ਸਮਰਪਣ ਦੀ ਪ੍ਰਸ਼ੰਸਾ ਕੀਤੀ ।

# ਨੂਰਪੁਰ ਵਿਖੇ ਪੰਜਾਬੀ ਫਿਲਮ 'ਅਰਦਾਸ ਸਰਬੱਤ ਦੇ ਭਲੇ ਦੀ' ਟੀਮ ਪਹੁੰਚੀ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)**-ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਅਤੇ ਸੰਤ ਬਾਬਾ ਨਿਧਾਨ ਸਿੰਘ ਹਜ਼ੂਰ ਸਾਹਿਬ ਵਾਲੇ ਦਾ ਜੱਦੀ ਪਿੰਡ ਨਡਾਲੋਂ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸੰਸਥਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰਪੁਰ ਵਿਖੇ ਪੰਜਾਬੀ ਫਿਲਮ ਅਰਦਾਸ ਸਰਬੱਤ ਦੇ ਭਲੇ ਦੀ ਟੀਮ ਫਿਲਮ ਦੇ ਪ੍ਰਮੋਸ਼ਨ ਲਈ ਪਹੁੰਚੀ। ਫਿਲਮ ਕਲਾਕਾਰਾਂ ਮਲਕੀਤ ਸਿੰਘ ਰੌਣੀ ਨੇ ਦੱਸਿਆ ਕਿ ਪੰਜਾਬੀ ਫਿਲਮ ਅਰਦਾਸ ਸਰਬੱਤ ਦੇ ਭਲੇ ਦੀ ਬੱਚਿਆਂ ਬਜ਼ੁਰਗ ਅਤੇ ਨੌਜਵਾਨਾਂ ਦੀ ਕਹਾਣੀ ਹੈ। ਪੰਜਾਬ ਵਿੱਚ ਅਣਗਿਣਤ ਸੰਸਥਾਵਾਂ ਸਰਬੱਤ ਦੇ ਭਲੇ ਲਈ ਕੰਮ ਕਰ ਰਹੀਆਂ ਹਨ। ਸਾਡੀ ਟੀਮ ਫਿਲਮਾਂ ਦੁਆਰਾ ਸਰਬੱਤ ਦੇ ਭਲੇ ਦਾ ਕਾਰਜ ਕਰ ਰਹੀ ਹੈ। ਸੰਸਥਾ ਦੀ ਟੀਮ ਵਲੋਂ ਫਿਲਮ ਦੇ ਕਲਾਕਾਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਪੱਤਰਕਾਰ ਸਤਵੰਤ ਸਿੰਘ ਫਿਲਮ ਦੇ ਕਲਾਕਾਰਾਂ ਮਲਕੀਤ ਸਿੰਘ ਰੌਣੀ, ਬੀਬੀ ਸੀਮਾ ਕੌਸ਼ਲ, ਬੀਬੀ ਰਵਨੀਤ ਕੌਰ, ਡਾ.ਤਰਸੇਮ ਸਿੰਘ, ਸੰਦੀਪ ਕੌਰ, ਬਲਜੀਤ ਕੌਰ, ਲਵਪ੍ਰੀਤ ਕੌਰ, ਸਿਮਰਨ ਕੌਰ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਜਤਿੰਦਰ ਸਿੰਘ ਰਾਣਾ ਖਾਲਸਾ, ਗੁਰਪ੍ਰੀਤ ਸਿੰਘ ਗੁਗਲੀ ਖਾਲਸਾ, ਸੁਮੀਤ ਪਾਲ ਸਿੰਘ, ਮਨਪ੍ਰੀਤ ਸਿੰਘ, ਸੁਰਿੰਦਰ ਪਾਲ ਸਿੰਘ, ਬਲਜੀਤ ਸਿੰਘ ਬਿੱਲਾ, ਬੀਬੀ ਜਸਵਿੰਦਰ ਕੌਰ ਅਜਨੋਹਾ, ਲੰਬੜਦਾਰ ਪਰਮਜੀਤ ਸਿੰਘ, ਹਰਦੀਪ ਸਿੰਘ ਨਸੀਰਾਬਾਦ, ਉਂਕਾਰ ਸਿੰਘ ਨੂਰਪੁਰ,ਗੁਰਪਾਲ ਸਿੰਘ ਨਡਾਲੋਂ, ਇੰਦਰਜੀਤ ਸਿੰਘ ਮੁਖਲਿਆਣਾ, ਪੰਚ ਗੁਰਮੀਤ ਸਿੰਘ, ਪੰਚ ਸਤਨਾਮ ਸਿੰਘ, ਬਰਿੰਦਰ ਸਿੰਘ ਪੰਜੌੜ, ਪ੍ਰੇਮ ਕੁਮਾਰ, ਸਤਨਾਮ ਸਿੰਘ ਨੂਰਪੁਰ, ਮੋਹਨਜੀਤ ਕੌਰ, ਗੁਰਲੀਨ ਕੌਰ ਨੂਰਪੁਰ ਆਦਿ ਹਾਜ਼ਰ ਸਨ।

# ਮੰਗਾਂ ਨੂੰ ਮਨਵਾਉਣ ਲਈ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ ਦੇ ਗੇਟ ਸਾਹਮਣੇ ਧਰਨਾ



**ਐੱਸ. ਏ.ਐੱਸ. ਨਗਰ (ਮੁਹਾਲੀ)** : ਪੰਚਾਇਤੀ ਰਾਜ ਪੈਨਸ਼ਨਰਜ਼ ਯੂਨੀਅਨ ਪੰਜਾਬ ਵੱਲੋਂ ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਮਨਵਾਉਣ ਲਈ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ 'ਵਿਕਾਸ ਭਵਨ' ਦੇ ਗੇਟ ਸਾਹਮਣੇ ਧਰਨਾ ਲਾ ਕੇ ਵਿਭਾਗ ਦੀ ਸੰਬੰਧਤ ਅਫਸਰਸ਼ਾਹੀ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਰੋਸ ਦਾ ਪ੍ਰਗਟਾਵਾ ਕੀਤਾ।

ਜਥੇਬੰਦੀ ਦੇ ਬੁਲਾਰਿਆਂ ਨੇ ਕਿਹਾ ਕਿ ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰ ਉਨ੍ਹਾਂ ਮੰਗਾਂ ਲਈ ਸੰਘਰਸ਼ ਕਰ ਰਹੇ ਹਨ ਜੋ ਪੰਜਾਬ ਦੇ ਪੈਨਸ਼ਨਰ ਪਿਛਲੇ ਲੰਮੇ ਸਮੇਂ ਤੋਂ ਪ੍ਰਾਪਤ ਕਰਦੇ ਆ ਰਹੇ ਹਨ ਜਿਵੇਂ ਕਿ ਛੇਵੇਂ ਪੇ ਕਮਿਸ਼ਨ ਅਨੁਸਾਰ ਪੈਨਸ਼ਨ, ਸੌ ਸਾਲ ਦੀ ਉਮਰ ਤੱਕ ਬੁਢਾਪਾ ਭੱਤਾ, ਐੱਲ.ਟੀ.ਸੀ. ਆਦਿ। ਪੰਚਾਇਤ ਸਮਿਤੀਆਂ/ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਨੂੰ ਜੂਨ 2024 ਤੋਂ ਪੇ ਕਮਿਸ਼ਨ ਦੇਣਾ ਸ਼ੁਰੂ ਕੀਤਾ ਗਿਆ ਹੈ ਜੋ ਅਜੇ ਵੀ ਸਾਰਿਆਂ ਨੂੰ ਨਹੀਂ ਮਿਲ ਰਿਹਾ, ਬੁਢਾਪਾ ਭੱਤਾ 70 ਸਾਲ ਤੱਕ ਹੀ ਦਿੱਤਾ ਜਾ ਰਿਹਾ ਹੈ, ਐੱਲ.ਟੀ.ਸੀ. ਦਿੱਤਾ ਹੀ ਨਹੀਂ ਜਾ ਰਿਹਾ। ਬੁਲਾਰਿਆਂ ਨੇ ਕਿਹਾ ਕਿ ਇਹ ਧੱਕਾ ਵਿਭਾਗ ਦੇ ਅਧਿਕਾਰੀਆਂ ਵੱਲੋਂ ਹੀ ਕੀਤਾ ਜਾ ਰਿਹਾ ਹੈ। ਪੈਨਸ਼ਨ ਨਾ ਸਮੇਂ ਸਿਰ ਲਾਈ ਜਾਂਦੀ ਹੈ ਅਤੇ ਨਾ ਦਿੱਤੀ ਜਾਂਦੀ ਹੈ। ਜਥੇਬੰਦੀ ਦੇ ਆਗੂਆਂ ਨੇ ਵਿਭਾਗੀ ਅਧਿਕਾਰੀਆਂ ਅਤੇ ਸਰਕਾਰ ਪਾਸੋਂ ਜ਼ੋਰਦਾਰ ਮੰਗ ਕੀਤੀ ਕਿ ਇਨ੍ਹਾਂ ਪੈਨਸ਼ਨਰਾਂ ਨਾਲ ਬੇ-ਇਨਸਾਫੀ ਕਰਨੀ ਤੁਰੰਤ ਬੰਦ ਕੀਤੀ ਜਾਵੇ। ਬੇ-ਇਨਸਾਫੀ ਦੇ ਚਲਦਿਆਂ ਧਰਨੇ-ਮੁਜ਼ਾਹਰਿਆਂ ਦਾ ਸਿਲਸਿਲਾ ਜਾਰੀ ਰਹੇਗਾ। ਜਥੇਬੰਦੀ ਦੇ ਅਹੁਦੇਦਾਰਾਂ ਨੇ ਫੈਸਲਾ ਕੀਤਾ ਕਿ ਮੰਗਾਂ ਦੀ ਪੂਰਤੀ ਕਰਾਉਣ ਲਈ ਅਗਲਾ ਧਰਨਾ 15 ਅਕਤੂਬਰ ਨੂੰ ਲਾਇਆ ਜਾਵੇਗਾ। ਅੱਜ ਦੇ ਧਰਨੇ ਨੂੰ ਕੁਲਵੰਤ ਕੌਰ ਬਾਠ, ਲਛਮਣ ਸਿੰਘ ਗਰੇਵਾਲ, ਗੁਰਮੀਤ ਸਿੰਘ ਭਾਂਖਰਪੁਰ, ਜੋਗਿੰਦਰ ਸਿੰਘ, ਮਹਿੰਦਰ ਸਿੰਘ, ਰਜਿੰਦਰ ਸਿੰਘ, ਰਾਮ ਆਸਰਾ, ਅਵਤਾਰ ਸਿੰਘ, ਦਿਆਲ ਸਿੰਘ, ਜਾਗੀਰ ਸਿੰਘ ਢਿੱਲੋਂ ਆਦਿ ਆਗੂਆਂ ਵੱਲੋਂ ਸੰਬੋਧਿਤ ਕੀਤਾ ਗਿਆ।

ਜਥੇਬੰਦੀ ਦਾ ਚਾਰ ਮੈਂਬਰੀ ਵਫਦ ਡਾਇਰੈਕਟਰ ਨੂੰ ਮਿਲਣ ਉਨ੍ਹਾਂ ਦੇ ਦਫਤਰ ਗਿਆ ਤਾਂ ਉਨ੍ਹਾਂ ਵੱਲੋਂ ਸੰਯੁਕਤ ਡਾਇਰੈਟਰ ਸੰਜੀਵ ਕੁਮਾਰ ਗਰਗ ਅਤੇ ਸਹਾਇਕ ਡਾਇਰੈਕਟਰ ਸ੍ਰੀਮਤੀ ਪ੍ਰਨੀਤ ਕੌਰ ਨੂੰ ਮੰਗਾਂ ਪ੍ਰਤੀ ਗੱਲ ਕਰਨ ਲਈ ਧਰਨਾ ਸਥਲ 'ਤੇ ਭੇਜਿਆ ਗਿਆ। ਦੋਵੇਂ ਅਧਿਕਾਰੀਆਂ ਨੇ ਸਤੰਬਰ ਮਹੀਨੇ ਦੀ ਪੈਨਸ਼ਨ ਪਾਉਣ ਤੱਕ ਮੰਗਾਂ ਪੂਰੀਆਂ ਕਰਨ ਦਾ ਯਕੀਨ ਦਿਵਾਇਆ।

# ਭਾਈ ਲਾਲੋ ਦਾ ਜਨਮ ਦਿਹਾੜਾ 29 ਨੂੰ ਮਨਾਇਆ ਜਾਵੇਗਾ



**ਐੱਸ ਏ ਐੱਸ ਨਗਰ (ਮੋਹਾਲੀ) (ਗੁਰਜੀਤ ਬਿੱਲਾ)**- ਰਾਮਗੜ੍ਹੀਆ ਸਭਾ ਮੋਹਾਲੀ ਦੀ ਇੱਕ ਮੀਟਿੰਗ ਸਭਾ ਦੇ ਪ੍ਰਧਾਨ ਸੂਰਤ ਸਿੰਘ ਕਲਸੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਹਰ ਸਾਲ ਦੀ ਤਰ੍ਹਾਂ ਬ੍ਰਹਮ ਗਿਆਨੀ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਮਿਤੀ 29 ਸਤੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ। ਇਸ ਸਬੰਧ ਵਿੱਚ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਪਾਏ ਜਾਣਗੇ ਉਪਰੰਤ ਪੰਥ ਦੇ ਮਹਾਨ ਰਾਗੀ ਅਤੇ ਸੰਤ ਵਿਦਵਾਨ ਸੰਗਤਾਂ ਨੂੰ ਬਾਬਾ ਜੀ ਦੇ ਜੀਵਨ ਇਤਿਹਾਸ ਬਾਰੇ ਜਾਣੂ ਕਰਵਾਉਣਗੇ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਜਾਵੇਗਾ। ਪ੍ਰੋਗਰਾਮ ਉਪਰੰਤ ਰਾਮਗੜ੍ਹੀਆ ਭਾਈਚਾਰੇ ਵਿੱਚੋ ਵਿਸ਼ੇਸ਼ ਉਪਲਬੱਧੀਆਂ ਹਾਸਲ ਕਰਨ ਵਾਲੀਆਂ ਸ਼ਖਸੀਅਤਾਂ ਦਾ ਵੀ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਸਮੁੱਚੀ ਪ੍ਰਬੰਧਕ ਕਮੇਟੀ ਵਲੋਂ ਬਾਬਾ ਬੰਦਾ ਸਿੰਘ ਬਹਾਦਰ ਯਾਦਗਾਰੀ ਬੁੱਤ ਜੋ ਕਿ ਨਵੇਂ ਬਣੇ ਮੁਹਾਲੀ ਬੱਸ ਅੱਡੇ ਬਲੌਂਗੀ ਵਿਖੇ ਲੱਗਾ ਹੋਇਆ ਸੀ, ਜਿਸ ਨੂੰ ਕਿ ਮੌਜੂਦਾ ਸਰਕਾਰ ਵੱਲੋਂ ਕਿਸੇ ਕਾਰਨ ਕਰਕੇ ਹਟਾਇਆ ਗਿਆ ਹੈ ਜਿਨ੍ਹਾਂ ਕਰਕੇ ਸਮੁੱਚੇ ਇਲਾਕੇ ਦੇ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਹੋਇਆ ਹੈ ਅਤੇ ਇਸ ਨਾਲ ਵੱਡੇ ਇਲਾਕੇ ਵਿੱਚ ਲੋਕਾਂ ਵਿੱਚ ਰੋਸ ਦੀ ਭਾਵਨਾ ਹੈ ਅਤੇ ਸਮੁੱਚੇ ਸਿੱਖ ਪੰਥ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਇਹ ਇਲਾਕਾ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਕਾਰਵਾਈਆਂ ਦਾ ਗੜ੍ਹ ਰਿਹਾ ਹੈ। ਚੱਪੜਚਿੜੀ ਸਥਾਨ ਦਾ ਮਹਾਨ ਯੁੱਧ ਵੀ ਇਸੇ ਇਲਾਕੇ ਵਿੱਚ ਹੀ ਲੜਿਆ ਗਿਆ ਸੀ। ਜਿਸ ਕਾਰਨ ਇਸ ਇਲਾਕੇ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ਮਹਾਨਤਾ ਅਤੇ ਮਾਨਤਾ ਕਾਫੀ ਜ਼ਿਆਦਾ ਹੈ।ਜਿਸ ਨੂੰ ਦੇਖਦੇ ਹੋਏ ਇਲਾਕੇ ਦੀਆਂ ਸਿਰ ਕੱਢਵੀਆਂ ਅਤੇ ਧਾਰਮਿਕ ਸਿੱਖ ਸੰਸਥਾਵਾਂ ਵਲੋਂ ਇਹ ਇਤਿਹਾਸਕ ਬੁੱਤ ਦੁਬਾਰਾ ਲਗਾਉਣ ਲਈ ਬੇਨਤੀ ਕੀਤੀ ਜਾਂਦੀ ਹੈ ਤਾਂ ਜੋ ਲੋਕਾਂ ਦੀਆਂ ਭਾਵਨਾਵਾਂ ਬਹਾਲ ਹੋ ਸਕਣ। ਮੀਟਿੰਗ ਵਿੱਚ ਦਰਸ਼ਨ ਸਿੰਘ ਕਲਸੀ, ਸ. ਅਜੀਤ ਸਿੰਘ ਰਨੌਤਾ, ਡਾ ਸਤਵਿੰਦਰ ਸਿੰਘ ਭੰਮਰਾ, ਨਰਿੰਦਰ ਸਿੰਘ ਸੰਧੂ, ਪਰਦੀਪ ਸਿੰਘ ਭਾਰਜ, ਮਨਜੀਤ ਸਿੰਘ ਮਾਨ, ਬਿਕਰਮਜੀਤ ਸਿੰਘ ਹੂੰਜਣ, ਕਰਮ ਸਿੰਘ ਬਬਰਾ, ਬਲਵਿੰਦਰ ਸਿੰਘ ਹੂੰਜਣ, ਮੋਹਨ ਸਿੰਘ ਸੱਭਰਵਾਲ, ਨਿਰਮਲ ਸਿੰਘ ਸੱਭਰਵਾਲ, ਤਰਸੇਮ ਸਿੰਘ ਖੋਖਰ, ਸੁਖਵਿੰਦਰ ਸਿੰਘ ਠੇਠੀ ਅਤੇ ਹੋਰ ਕਈ ਪਤਵੰਤੇ ਸੱਜਣ ਹਾਜ਼ਰ ਸਨ ਉਪਰੋਕਤ ਜਾਣਕਾਰੀ ਸਭਾ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ ਹੂੰਜਣ ਵਲੋਂ ਦਿੱਤੀ ਗਈ।

# ਚੱਬੇਵਾਲ ਨੇ 5.26 ਕਰੋੜ ਦੀ ਲਾਗਤ ਨਾਲ ਬਣਨ ਵਾਲੀ ਲਿੰਕ ਸੜਕ ਦਾ ਰੱਖਿਆ ਨੀਂਹ ਪੱਥਰ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਚੱਬੇਵਾਲ ਵਿਧਾਨ ਸਭਾ ਹਲਕੇ ਦੇ ਪਿੰਡ ਮਹਿਮੋਵਾਲ ਵਿੱਚ ਵਿਕਾਸ ਵੱਲ ਇੱਕ ਹੋਰ ਕਦਮ ਪੁੱਟਦੇ ਹੋਏ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਲੋਕ ਨਿਰਮਾਣ ਵਿਭਾਗ ਵੱਲੋਂ 5.26 ਕਰੋੜ ਰੁਪਏ ਦੀ ਲਾਗਤ ਨਾਲ ਬਣਾਈ ਜਾ ਰਹੀ ਲਿੰਕ ਸੜਕ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਨਾਲ ਡਾ. ਇਸ਼ਾਂਕ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਪ੍ਰੋਗਰਾਮ ਵਿੱਚ ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਇਲਾਕੇ ਦੇ ਸਾਰੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨਾ ਉਨ੍ਹਾਂ ਦੀ ਤਰਜੀਹ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸਾਰੇ ਪਿੰਡਾਂ ਦੀ ਤਸਵੀਰ ਬਦਲ ਦਿੱਤੀ ਜਾਵੇਗੀ।ਹੁਸ਼ਿਆਰਪੁਰ ਤੋਂ ਫਗਵਾੜਾ ਰੋਡ 'ਤੇ ਮੁੱਖ ਸੜਕ 'ਤੇ ਪਿੰਡ ਪਹਰੀਏ, ਅਟੱਲਗੜ੍ਹ, ਮਹਿਮੋਵਾਲ, ਫਲਾਹੀ, ਹਰਮੋਆ, ਤਾਜੋਵਾਲ, ਹੁੱਕੜਾ ਲਿੰਕ ਸੜਕ ਨੂੰ ਚੌੜਾ ਅਤੇ ਮਜ਼ਬੂਤ ਕੀਤਾ ਜਾਵੇਗਾ।ਸੰਸਦ ਮੈਂਬਰ ਚੱਬੇਵਾਲ ਨੇ ਕਿਹਾ ਕਿ ਪੇਂਡੂ ਖੇਤਰ ਦਾ ਵਿਕਾਸ ਸਿਰਫ਼ ਸੜਕਾਂ ਤੱਕ ਸੀਮਤ ਨਹੀਂ ਹੈ, ਸਗੋਂ ਸਿੱਖਿਆ, ਸਿਹਤ, ਰੁਜ਼ਗਾਰ ਅਤੇ ਹੋਰ ਸਹੂਲਤਾਂ ਨੂੰ ਵੀ ਮਜ਼ਬੂਤ ਕੀਤਾ ਜਾਵੇਗਾ। ਲਿੰਕ ਸੜਕ ਦਾ ਨਿਰਮਾਣ ਉਨ੍ਹਾਂ ਯੋਜਨਾਵਾਂ ਦਾ ਹਿੱਸਾ ਹੈ ਜੋ ਪਿੰਡਾਂ ਨੂੰ ਬਿਹਤਰ ਸੰਪਰਕ, ਵਪਾਰ ਅਤੇ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਮਦਦ ਕਰੇਗੀ। ਇਹ ਸੜਕ ਪਿੰਡ ਮਹਿਮੋਵਾਲ ਨੂੰ ਹੋਰ ਨੇੜਲੇ ਪਿੰਡਾਂ ਅਤੇ ਸ਼ਹਿਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗੀ, ਜਿਸ ਨਾਲ ਇੱਥੋਂ ਦੇ ਵਸਨੀਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮਿਲਣਗੀਆਂ। ਇਸ ਸੜਕ ਦੇ ਬਣਨ ਨਾਲ ਨਾ ਸਿਰਫ਼ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਆਸਾਨੀ ਹੋਵੇਗੀ, ਸਗੋਂ ਆਰਥਿਕ ਅਤੇ ਸਮਾਜਿਕ ਵਿਕਾਸ 'ਤੇ ਵੀ ਇਸ ਦਾ ਸਾਕਾਰਾਤਮਕ ਪ੍ਰਭਾਵ ਪਵੇਗਾ। ਸੰਸਦ ਮੈਂਬਰ ਨੇ ਇਸ ਮੌਕੇ ਕਿਹਾ ਕਿ ਸਰਕਾਰ ਦੇ ਨਾਲ-ਨਾਲ ਸਿੱਖਿਆ ਖੇਤਰ ਦੇ ਸੁਧਾਰ ਲਈ ਵੀ ਵੱਡੇ ਕਦਮ ਚੁੱਕੇ ਜਾਣਗੇ। ਪਿੰਡਾਂ ਦੇ ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰਨ ਲਈ ਸਕੂਲਾਂ ਦੀਆਂ ਨਵੀਆਂ ਇਮਾਰਤਾਂ ਦੀ ਉਸਾਰੀ, ਆਧੁਨਿਕ ਸਹੂਲਤਾਂ ਦੀ ਸਥਾਪਨਾ ਅਤੇ ਯੋਗ ਅਧਿਆਪਕਾਂ ਦੀ ਨਿਯੁਕਤੀ 'ਤੇ ਕੰਮ ਕੀਤਾ ਜਾ ਰਿਹਾ ਹੈ। ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਅਪਗ੍ਰੇਡ ਕੀਤਾ ਜਾਵੇਗਾ ਅਤੇ ਵੱਧ ਤੋਂ ਵੱਧ ਡਾਕਟਰਾਂ ਅਤੇ ਮੈਡੀਕਲ ਸਹੂਲਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਸਾਰੇ ਵਿਕਾਸ ਕਾਰਜ ਪਾਰਦਰਸ਼ੀ ਢੰਗ ਨਾਲ ਕਰਵਾਏ ਜਾਣਗੇ ਅਤੇ ਇਕ-ਇਕ ਪੈਸੇ ਦੀ ਸਹੀ ਵਰਤੋਂ ਕੀਤੀ ਜਾਵੇਗੀ।

# ਸਿੱਖਿਆ ਬੋਰਡ ਵੱਲੋਂ ਪ੍ਰਾਈਵੇਟ ਸਕੂਲਾਂ 'ਤੇ 18 ਫੀਸਦੀ ਜੀ ਐੱਸ ਟੀ ਲਗਾਉਣ ਦੇ ਫੈਸਲੇ ਨੂੰ ਲੱਗੀਆਂ ਬਰੇਕਾਂ

**ਮੋਹਾਲੀ (ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਰੈਕੋਗਨਾਈਜ਼ਡ ਅਤੇ ਐਫੀਲੀਏਟਿਡ ਸਕੂਲਾਂ ਤੋਂ ਨਵੀਂ ਮਾਨਤਾ ਲੈਣ, ਮਾਨਤਾ ਨਵਿਆਉਣ ਅਤੇ ਵਾਧੂ ਸੈਕਸ਼ਨ ਲੈਣ ਲਈ ਲਈ ਜਾਂਦੀ ਫੀਸ ਤੇ 18 ਫੀਸਦੀ ਜੀ ਐਸ ਟੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ । ਜਿਸ 'ਤੇ ਸੁਣਵਾਈ ਕਰਦੇ ਹੋਏ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਬਰੇਕਾਂ ਲਾ ਦਿੱਤੀਆਂ। ਇਸ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਮਾਨਤਾ ਪ੍ਰਾਪਤ ਅਤੇ ਐਫੀਲੀਏਟਿਡ ਸਕੂਲ ਐਸੋਸੀਏਸ਼ਨ ਰਾਸਾ ਯੂਕੇ ਪੰਜਾਬ ਦੇ ਚੇਅਰਮੈਨ ਹਰਪਾਲ ਸਿੰਘ ਯੂਕੇ, ਪ੍ਰਧਾਨ ਰਵੀ ਕੁਮਾਰ ਸ਼ਰਮਾ ਅਤੇ ਜਨਰਲ ਸਕੱਤਰ ਗੁਰਮੁਖ ਸਿੰਘ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਿੱਖਿਆ ਬੋਰਡ ਦੇ ਇਸ ਫੈਸਲੇ ਨੂੰ ਸੀਨੀਅਰ ਵਕੀਲ ਦਿਲਪ੍ਰੀਤ ਸਿੰਘ ਗਾਂਧੀ ਰਾਹੀਂ ਚੁਣੌਤੀ ਦਿੱਤੀ ਗਈ ਸੀ। ਉਨ੍ਹਾਂ ਦੱਸਿਆ ਕਿ 15 ਸਤੰਬਰ ਤੱਕ ਨਵੀਂ ਐਫੀਲੀਏਸ਼ਨ ਲੈਣ ਲਈ ਹੁਣ ਛੇ ਲੱਖ ਦੀ ਥਾਂ ਇਸ ਉੱਤੇ 27000 ਰੁਪਏ ਦੀ ਜੀ ਐਸ ਟੀ ਵੀ ਅਦਾ ਕਰਨੀ ਪਵੇਗੀ ਅਤੇ ਸੀਨੀਅਰ ਸੈਕੰਡਰੀ ਵਾਸਤੇ 50 ਹਜ਼ਾਰ ਦੀ ਫੀਸ ਦੇ ਨਾਲ 9000 ਰੁਪਏ ਜੀ ਐਸ ਟੀ ਅਦਾ ਕਰਨੀ ਪਵੇਗੀ। ਵਾਧੂ ਸੈਕਸ਼ਨ ਲੈਣ ਲਈ ਦਿੱਤੀ ਜਾਣ ਵਾਲੀ ਫੀਸ ਅਤੇ ਸਲਾਨਾ ਪ੍ਰਗਤੀ ਰਿਪੋਰਟ ਦੀ ਫੀਸ ਉੱਤੇ ਵੀ ਹੁਣ 18% ਜੀ ਐਸ ਟੀ ਦੇਣਾ ਪਵੇਗਾ।ਉਨ੍ਹਾਂ ਕਿਹਾ ਕਿ ਨਵੀਂ ਐਫੀਲੀਏਸ਼ਨ ਅਗਲੇ 3 ਸਾਲ ਲਈ ਪ੍ਰਦਾਨ ਕੀਤੀ ਜਾਵੇਗੀ। ਐਫੀਲੀਏਸ਼ਨ ਦੇ ਵਾਧੇ ਲਈ ਤੀਜੇ ਸਾਲ ਦੇ ਸੈਸ਼ਨ ਦੀ ਸ਼ੁਰੂਆਤ ਵਿੱਚ ਹੀ ਬਣਦੀ ਫੀਸ 50000/- + 9000/- 18 ਫੀਸਦੀ ਜੀ ਐਸ ਟੀ ਦੀ ਬਣਦੀ ਰਾਸ਼ੀ ਨਾਲ ਵੀ ਅਪਲਾਈ ਕੀਤਾ ਜਾ ਸਕਦਾ ਹੈ। ਗੁਰਮੁਖ ਸਿੰਘ ਨੇ ਕਿਹਾ ਕਿ 30 ਅਗਸਤ ਤੱਕ ਵਾਧੂ ਸੈਕਸ਼ਨ ਲੈਣ ਲਈ ਫੀਸ ਨਾਲ 50,000 ਰੁ + 9000 ਰੁ (18% ਜੀ ਐਸ ਟੀ ਜਿਹੜੀਆਂ ਸੰਸਥਾਵਾਂ ਸਾਲ 2024-25 ਲਈ ਵਾਧੂ ਸੈਕਸ਼ਨ ਦਾ ਦੇ ਕੇ ਅਪਲਾਈ ਕਰਨਗੀਆਂ, ਉਨ੍ਹਾਂ ਦਾ ਨਿਰੀਖਣ ਕਰਵਾਉਣ ਲਈ ਵਾਧੂ ਸੈਕਸ਼ਨ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਹਰਪਾਲ ਸਿੰਘ ਅਤੇ ਰਵੀ ਸ਼ਰਮਾ ਨੇ ਦੱਸਿਆ ਇਸ ਸਬੰਧੀ ਸਿੱਖਿਆ ਬੋਰਡ ਦੇ ਸਕੱਤਰ ਵੱਲੋਂ 21 ਅਗਸਤ ਨੂੰ ਸਕੂਲਾਂ ਦੀਆਂ ਸਾਰੀਆਂ ਜਥੇਬੰਦੀਆਂ ਦੀ ਇਕ ਮੀਟਿੰਗ ਬੁਲਾਈ ਗਈ ਜੋ ਕਿ ਬੇਸਿੱਟਾ ਰਹੀ। ਇਸ ਤੋਂ ਮਾਨਤਾ ਪ੍ਰਾਪਤ ਅਤੇ ਐਫੀਲੀਏਟਿਡ ਸਕੂਲ ਐਸੋਸੀਏਸ਼ਨ ਰਾਸਾ ਯੂਕੇ ਪੰਜਾਬ ਵਲੋਂ ਇਹ ਮਾਮਲਾ ਮਾਣਯੋਗ ਪੰਜਾਬ ਹਰਿਆਣਾ ਹਾਈ ਕੋਰਟ ਵਿੱਚ ਸੀਨੀਅਰ ਵਕੀਲ ਦਿਲਪ੍ਰੀਤ ਸਿੰਘ ਗਾਂਧੀ ਰਾਹੀਂ ਸੀ ਡਬਲਯੂ ਪੀ ਨੰਬਰ 22499-2024 ਪੇਸ਼ ਕੀਤਾ ਗਿਆ। ਜਿਸ 'ਤੇ 6 ਸਤੰਬਰ ਨੂੰ ਮਾਣਯੋਗ ਜਸਟਿਸ ਸੰਜੀਵ ਪ੍ਰਕਾਸ਼ ਸਰਮਾਂ ਅਤੇ ਸੰਜੈ ਵਸ਼ਿਸ਼ਟ ਨੇ ਵਕੀਲ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਸਿੱਖਿਆ ਬੋਰਡ ਦੇ ਫੈਸਲੇ 'ਤੇ ਸਟੇਅ ਆਰਡਰ ਜਾਰੀ ਕਰਕੇ ਇਸ ਦੀ ਅਗਲੀ ਸੁਣਵਾਈ 15 ਅਕਤੂਬਰ 2024 ਨਿਸਚਤ ਕੀਤੀ ਗਈ ਹੈ।

# ਚੇਅਰਮੈਨ ਇੰਡੀਅਨ ਤੇ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਵੱਲੋਂ ਵਿਕਾਸ ਕਾਰਜਾਂ ਦੀ ਸ਼ੁਰੂਆਤ



ਕਾਲਾ ਸੰਘਿਆਂ (ਮਨਜੀਤ ਮਾਨ)-ਅੱਜ ਆਮ ਆਦਮੀ ਪਾਰਟੀ ਵਲੋਂ ਪਿੰਡ ਕਾਲਾ ਸੰਘਿਆਂ ਦੀ ਕਲੋਨੀ ਵਿੱਚ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਦੀ ਅਗਵਾਈ ਵਿੱਚ ਮੀਟਿੰਗ ਰੱਖੀ ਗਈ। ਇਸ ਮੌਕੇ ਖਾਸ ਤੌਰ 'ਤੇ ਆਮ ਆਦਮੀ ਪਾਰਟੀ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ ਸ਼ਾਮਲ ਹੋਏ ਅਤੇ ਕਲੋਨੀ ਵਿੱਚ ਸੀਵਰੇਜ ਦਾ ਕੰਮ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ ਅਤੇ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਵਲੋਂ ਲੱਡੂ ਵੰਡ ਕੇ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਇੰਡੀਅਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੇ ਕੰਮ ਕਰਵਾਉਣ ਲਈ ਵਚਨਬੱਧ ਹੈ ਅਤੇ ਆਮ ਲੋਕਾਂ ਵਿੱਚ ਜਾ ਕੇ ਲੋਕਾਂ ਦੀ ਸਲਾਹ ਨਾਲ ਕੰਮ ਕੀਤੇ ਜਾ ਰਹੇ ਹਨ। ਹੁਣ ਤੱਕ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 45000 ਤੋਂ ਜ਼ਿਆਦਾ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਮ ਆਦਮੀ ਪਾਰਟੀ ਵਲੋਂ ਹੁਣ ਤਕ 900 ਦੇ ਕਰੀਬ ਮੁਹੱਲਾ ਕਲੀਨਿਕ ਖੋਲ੍ਹੇ ਜਾ ਚੁੱਕੇ ਹਨ। ਅੱਜ ਕਾਲਾ ਸੰਘਿਆਂ ਕਲੋਨੀ ਵਿੱਚ 25 ਪਰਵਾਰਾਂ ਵਲੋਂ ਸਿਰੋਪਾ ਪਾ ਕੇ ਆਮ ਆਦਮੀ ਪਾਰਟੀ ਦੇ ਪਰਵਾਰ ਦਾ ਹਿੱਸਾ ਬਣਾਇਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਵਲੋਂ ਸਾਰੇ ਵਰਗਾਂ ਨੂੰ 600 ਯੂਨਿਟ ਮਾਫ ਨਾਲ ਲਗਭਗ ਹਰੇਕ ਘਰ ਨੂੰ ਸਾਲ ਦਾ 60-70 ਹਜ਼ਾਰ ਦਾ ਫਾਇਦਾ ਮਿਲ ਰਿਹਾ ਹੈ। ਸੰਘਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਭ੍ਰਿਸ਼ਟਾਚਾਰ ਵਿਰੋਧੀ ਸਰਕਾਰ ਹੈ ਅਤੇ ਕਿਸੇ ਵੀ ਕੀਮਤ ਤੇ ਕਿਸੇ ਵੀ ਕਿਸਮ ਦਾ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਮ ਲੋਕਾਂ ਦੇ ਟੈਕਸ ਦਾ ਪੈਸਾ ਲੋਕਾਂ ਦੀ ਸਹੂਲਤ ਲਈ ਲੋਕਾਂ ਦੇ ਕੰਮਾਂ ਤੇ ਹੀ ਲਗਾਇਆ ਜਾਵੇਗਾ ਇਸ ਮੌਕੇ ਬਲਾਕ ਪ੍ਰਧਾਨ ਪਰਮਜੀਤ ਸਿੰਘ ਖਾਲਸਾ,ਅਨਮੋਲ ਗਿੱਲ, ਕਰਨੈਲ ਸਿੰਘ, ਹਰਵਿੰਦਰ ਸਿੰਘ, ਗੁਰਦਾਵਰ ਸਿੰਘ, ਆਦਿ ਮੈਂਬਰ ਸ਼ਾਮਲ ਹੋਏ।

# ਡੀ ਟੀ ਐੱਫ ਨੇ ਕੰਪਿਊਟਰ ਅਧਿਆਪਕਾਂ ਨੂੰ ਚੋਣ ਡਿਊਟੀਆਂ ਤੋਂ ਹਟਾ ਕੇ ਵਾਪਸ ਸਕੂਲਾਂ 'ਚ ਭੇਜਣ ਲਈ ਡੀ ਸੀ ਦੇ ਨਾਂ ਦਿੱਤਾ ਮੰਗ ਪੱਤਰ



**ਦਸੂਹਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲੰਘੀਆਂ ਲੋਕ ਸਭਾ ਚੋਣਾਂ ਦੌਰਾਨ ਬਹੁਤ ਸਾਰੇ ਕੰਪਿਊਟਰ ਅਧਿਆਪਕਾਂ ਨੂੰ ਉਨ੍ਹਾਂ ਦੇ ਸਕੂਲਾਂ ਤੋਂ ਹਟਾ ਕੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ/ਰਿਟਰਨਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਦਫ਼ਤਰੀ ਕੰਮਾਂ ਲਈ ਲਗਾਇਆ ਗਿਆ ਸੀ, ਉਹ ਜੁਲਾਈ ਮਹੀਨੇ ਹੀ ਵਾਪਸ ਆਪਣੇ ਸਕੂਲਾਂ ਵਿੱਚ ਆਏ ਸਨ ਪਰ ਫ਼ਿਰ ਕੁਝ ਦਿਨਾਂ ਬਾਅਦ ਹੀ ਉਨ੍ਹਾਂ ਨੂੰ ਦੁਬਾਰਾ ਸਕੂਲਾਂ ਵਿਚੋਂ ਕੱਢ ਕੇ ਚੋਣ ਡਿਊਟੀ ਦੇ ਨਾਂ ਉੱਤੇ ਇਨ੍ਹਾਂ ਦਫ਼ਤਰਾਂ ਵਿੱਚ ਤਾਇਨਾਤ ਕਰ ਦਿੱਤਾ ਗਿਆ ਹੈ ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਦਾ ਬਹੁਤ ਹੀ ਜ਼ਿਆਦਾ ਨੁਕਸਾਨ ਹੋ ਰਿਹਾ ਹੈ ਅਤੇ ਵਿਦਿਆਰਥੀਆਂ ਦੇ ਮਾਪਿਆਂ ਵਿੱਚ ਵੀ ਰੋਸ ਫੈਲ ਰਿਹਾ ਹੈ ਜਿਸ ਕਾਰਨ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ.ਟੀ.ਐੱਫ਼.) ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ, ਬਲਾਕ ਪ੍ਰਧਾਨ ਜਸਵੀਰ ਬੋਦਲ, ਬਲਾਕ ਜਨਰਲ ਸਕੱਤਰ ਰਵਿੰਦਰ ਝਿੰਗੜ, ਵਿਜੇ ਕੁਮਾਰ ਅਤੇ ਗੁਰਮੇਲ ਸਿੰਘ ਆਦਿ ਆਗੂਆਂ ਦਾ ਇੱਕ ਵਫ਼ਦ ਮਾਣਯੋਗ ਐੱਸ.ਡੀ.ਐੱਮ. ਕਮ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਵਿਧਾਨ ਸਭਾ ਹਲਕਾ ਦਸੂਹਾ ਹਰਦੀਪ ਸਿੰਘ ਬੈਂਸ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣਕਾਰ ਅਫ਼ਸਰ ਦੇ ਨਾਂ ਇਸ ਬਾਬਤ ਇੱਕ ਮੰਗ ਪੱਤਰ ਸੌਂਪਿਆ। ਇਸ ਮੰਗ ਪੱਤਰ ਰਾਹੀਂ ਉਨ੍ਹਾਂ ਇਸ ਮੰਗ ਦੇ ਨਾਲ ਹੀ ਲੰਘੀਆਂ ਲੋਕ ਸਭਾ ਚੋਣਾਂ ਵਿੱਚ ਅੱਤ ਦੀ ਗਰਮੀ ਵਿੱਚ ਦੋ ਦਿਨ ਪੋਲਿੰਗ ਪਾਰਟੀਆਂ ਲਈ ਖਾਣੇ ਅਤੇ ਚਾਹ ਪਾਣੀ ਆਦਿ ਦੀ ਸੇਵਾ ਨਿਭਾਉਣ ਵਾਲੀਆਂ ਮਿੱਡ ਡੇ ਮੀਲ ਕੁੱਕ ਬੀਬੀਆਂ ਨੂੰ ਮਿਲੀ ਮਿਹਨਤਾਨੇ ਦੀ ਰਾਸ਼ੀ ਨੂੰ ਬਹੁਤ ਹੀ ਘੱਟ ਦੱਸਦਿਆਂ ਮੰਗ ਕੀਤੀ ਕਿ ਘੱਟੋ ਘੱਟ 1000 ਰੁਪਏ ਪ੍ਰਤੀ ਕੁੱਕ ਬੀਬੀ ਨੂੰ ਮਿਹਨਤਾਨੇ ਦੇ ਤੌਰ ਉੱਤੇ ਦਿੱਤੇ ਜਾਣ ਅਤੇ ਲੋਕ ਸਭਾ ਚੋਣਾਂ ਤੋਂ ਪਹਿਲਾਂ ਬੀ.ਐੱਲ. ਓਜ਼. ਦੁਆਰਾ ਘਰੋ ਘਰੀ ਵੋਟਰ ਪਰਚੀਆਂ ਵੰਡਣ ਦਾ ਕੰਮ ਜੋ ਕਿ ਇੰਨੀ ਗਰਮੀ ਵਿੱਚ ਕੀਤਾ ਗਿਆ ਸੀ ਉਸ ਬਦਲੇ ਵੀ ਉਨ੍ਹਾਂ ਨੂੰ 1000 ਰੁਪਏ ਹੋਰ ਮਿਹਨਤਾਨੇ ਦੇ ਰੂਪ ਵਿੱਚ ਦਿੱਤੇ ਜਾਣ, ਛੁੱਟੀਆਂ ਵਾਲ਼ੇ ਦਿਨਾਂ ਦੌਰਾਨ ਕੀਤੀਆਂ ਚੋਣ ਰਿਹਰਸਲਾਂ ਅਤੇ ਹੋਰ ਚੋਣ ਡਿਊਟੀਆਂ ਦੇ ਇਵਜ਼ ਵਿੱਚ ਕਰਮਚਾਰੀਆਂ ਨੂੰ ਕਮਾਈ ਛੁੱਟੀਆਂ ਦੇਣ, ਚੋਣ ਕਮਿਸ਼ਨ ਪੰਜਾਬ ਦੇ ਹੁਕਮਾਂ ਅਨੁਸਾਰ ਵੋਟਰਾਂ ਨੂੰ ਪ੍ਰੇਰਿਤ ਕਰਕੇ ਬੂਥਾਂ ਉੱਤੇ ਵੱਧ ਤੋਂ ਵੱਧ ਪੋਲਿੰਗ ਕਰਵਾਉਣ ਵਾਲ਼ੇ ਬੀ.ਐੱਲ.ਓਜ਼. ਨੂੰ ਸਰਕਾਰ ਵਲੋਂ ਐਲਾਨੀ ਇਨਾਮੀ ਰਾਸ਼ੀ ਦਾ ਜਲਦ ਭੁਗਤਾਨ ਕਰਨ ਜਿਹੀਆਂ ਮੰਗਾਂ ਵੀ ਜ਼ਿਲ੍ਹਾ ਪ੍ਰਸ਼ਾਸਨ ਮੂਹਰੇ ਰੱਖੀਆਂ।

# ਸਿੱਖਿਆ ਨੂੰ ਰਾਜਾਂ ਦਾ ਵਿਸ਼ਾ ਬਣਾਇਆ ਜਾਵੇ: ਪੀ ਐੱਸ ਯੂ

ਚੰਡੀਗੜ੍ਹ (ਬਿੱਲਾ)-ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪੰਜਾਬੀਆਂ ਨੂੰ ਨੌਕਰੀਆਂ ਵਿਚ ਰਾਖਵਾਂਕਰਨ ਦੇਣ ਅਤੇ ਸਿੱਖਿਆ ਨੂੰ ਰਾਜ ਦਾ ਵਿਸ਼ਾ ਬਣਾਉਣ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ।ਇਸ ਮੌਕੇ ਪੀਐੱਸਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਕੁਰੜ ਅਤੇ ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ ਅਤੇ ਪ੍ਰੈੱਸ ਸਕੱਤਰ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਪੰਜਾਬੀਆਂ ਨੂੰ ਸਰਕਾਰੀ, ਪ੍ਰਾਈਵੇਟ ਅਦਾਰਿਆਂ 'ਚ 90 ਫੀਸਦੀ ਰਾਖਵਾਂਕਰਨ ਦਿੱਤਾ ਜਾਵੇ। ਕਿਉਂਕਿ ਪੰਜਾਬ ਵਿੱਚ ਵੱਡੇ ਪੱਧਰ 'ਤੇ ਪੰਜਾਬੀਆਂ ਦੀ ਬਜਾਏ ਦੂਸਰੇ ਰਾਜਾਂ ਦੇ ਲੋਕਾਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਸ 'ਤੇ ਕੋਈ ਵੀ ਨਿਯਮ ਨਹੀਂ ਲਾਗੂ ਕੀਤਾ ਜਾ ਰਿਹਾ। ਮੁੱਖ ਮੰਤਰੀ ਭਗਵੰਤ ਮਾਨ ਨੇ ਮੈਂਬਰ ਪਾਰਲੀਮੈਂਟ ਹੁੰਦਿਆਂ ਪ੍ਰੈੱਸ ਕਾਨਫਰੰਸ ਕਰਕੇ ਕਿਹਾ ਸੀ ਕਿ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ 'ਚ 95 ਅਸਿਸਟੈਂਟ ਲਾਈਨਮੈਨ ਦੀਆਂ ਸੀਟਾਂ ਵਿਚੋਂ 64 ਸੀਟਾਂ ਦੂਸਰੇ ਰਾਜਾਂ ਦੇ ਲੋਕਾਂ ਨੂੰ ਦਿੱਤੀਆਂ ਗਈਆਂ, ਇਸੇ ਤਰ੍ਹਾਂ 39 ਅਸਿਸਟੈਂਟ ਸਬ ਸਟੇਸ਼ਨ ਸੀਟਾਂ ਚੋਂ 28, 54 ਜੂਨੀਅਰ ਇੰਜੀਨੀਅਰ ਸੀਟਾਂ ਚੋਂ 28,11 ਅਸਿਸਟੈਂਟ ਇੰਜੀਨੀਅਰ ਸੀਟਾਂ ਚੋਂ 4 ਦੂਸਰੇ ਰਾਜਾਂ ਦੇ ਲੋਕਾਂ ਨੂੰ ਦਿੱਤੀਆਂ ਗਈਆਂ ਹਨ।ਜੋ ਕਿ ਪੰਜਾਬੀਆਂ ਨਾਲ ਵੱਡਾ ਵਿਤਕਰਾ ਹੈ। ਅੱਜਭਗਵੰਤ ਮਾਨ ਸਰਕਾਰ ਖੁਦ ਸੱਤਾ 'ਚ ਹੈ ਤਾਂ ਪੰਜਾਬੀਆਂ ਨੂੰ ਸਰਕਾਰੀ ਤੇ ਪ੍ਰਾਈਵੇਟ ਅਦਾਰਿਆਂ 'ਚ ਰਾਖਵਾਂਕਰਨ ਦੇਣ ਲਈ ਕਾਨੂੰਨ ਬਣਾਉਣ ਤੋਂ ਟਾਲਾ ਵੱਟ ਰਹੀ ਹੈ। ਆਗੂਆਂ ਮੰਗ ਕੀਤੀ ਕਿ ਰਿਹਾਇਸ਼ ਸਰਟੀਫਿਕੇਟ ਉਨ੍ਹਾਂ ਨੂੰ ਜਾਰੀ ਕੀਤੇ ਜਾਣ ਜੋ ਪੰਦਰਾਂ ਸਾਲ ਤੋਂ ਪੰਜਾਬ ਦਾ ਵਸਨੀਕ ਹੋਵੇ। ਉਸ ਨੂੰ ਹੀ ਨੌਕਰੀ ਦਿੱਤੀ ਜਾਣੀ ਚਾਹੀਦੀ ਹੈ। ਨੌਕਰੀ ਲਈ ਬਣਦੀ ਮੈਰਿਟ ਸੂਚੀ ਵਿਚ ਪੰਜਾਬੀ ਦੇ ਪੇਪਰ ਦੇ ਨੰਬਰ ਵੀ ਦਰਜ ਕੀਤੇ ਜਾਣ। ਹਰਿਆਣਾ, ਹਿਮਾਚਲ ਪ੍ਰਦੇਸ਼ ਛੱਤੀਸਗੜ੍ਹ ਆਦਿ ਸੂਬਿਆਂ ਵਿਚ ਉਥੋਂ ਦੇ ਨੌਜਵਾਨਾਂ ਲਈ ਨੌਕਰੀਆਂ 'ਚ ਰਾਖਵਾਂਕਰਨ ਹੈ। ਪਰ ਪੰਜਾਬ ਚ ਅਜਿਹਾ ਕੁਝ ਵੀ ਨਹੀਂ।ਆਗੂਆਂ ਕਿਹਾ ਕਿ ਸਿੱਖਿਆ ਦਾ ਕੇਂਦਰੀਕਰਨ ਕਰਨ ਦੀ ਵਜਾਏ ਸਿੱਖਿਆ ਨੂੰ ਰਾਜਾਂ ਦਾ ਵਿਸ਼ਾ ਬਣਾਉਣਾ ਚਾਹੀਦਾ ਹੈ। ਹਰੇਕ ਰਾਜ ਆਪਣੀਆਂ ਸਥਿਤੀਆਂ ਮੁਤਾਬਕ ਆਪਣੀ ਸਿੱਖਿਆ ਨੀਤੀ ਬਣਾ ਸਕੇ। ਕੇਂਦਰ ਸਿੱਧੀ ਆਪਣੀ ਸਿੱਖਿਆ ਨੀਤੀ ਰਾਜਾਂ ਉੱਪਰ ਥੋਪਣੀ ਬੰਦ ਕਰੇ।

# ਤੇਲ, ਬਿਜਲੀ ਤੇ ਬੱਸ ਕਿਰਾਏ ਦੇ ਵਧਾਏ ਰੇਟਾਂ ਵਿਰੁੱਧ ਆਰ ਐੱਮ ਪੀ ਆਈ ਨੇ ਐੱਸ ਡੀ ਐਮ ਨੂੰ ਦਿੱਤਾ ਮੰਗ ਪੱਤਰ



ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਪੰਜਾਬ ਸਰਕਾਰ ਵੱਲੋਂ ਪੈਟ੍ਰੋਲ, ਡੀਜ਼ਲ, ਬਿਜਲੀ ਅਤੇ ਬੱਸ ਕਿਰਾਏ ਵਿਚ ਕੀਤੇ ਭਾਰੀ ਵਾਧੇ ਦੇ ਵਿਰੋਧ ਵਿਚ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਇਕਾਈ ਪੰਜਾਬ ਵਲੋਂ ਅੱਜ ਸਮੁੱਚੇ ਪੰਜਾਬ ਵਿਚ ਡਿਪਟੀ ਕਮਿਸ਼ਨਰਾਂ ਤੇ ਐਸ. ਡੀ. ਐਮਜ਼. ਰਾਹੀਂ ਰੋਸ ਮੀਟਿੰਗਾਂ ਤੇ ਮੁਜ਼ਾਹਰੇ ਕਰਨ ਉਪਰੰਤ ਮੁੱਖ ਮੰਤਰੀ ਦੇ ਨਾਂ ਰੋਸ ਮੰਗ ਪੱਤਰ ਭੇਜੇ ਜਾ ਰਹੇ ਹਨ। ਇਸ ਸੰਬੰਧ ਵਿਚ ਅੱਜ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਪਿਆਰਾ ਸਿੰਘ ਦੀ ਅਗਵਾਈ ਵਿੱਚ ਐਸ. ਡੀ. ਐਮ. ਗੜ੍ਹਸ਼ੰਕਰ ਨੂੰ ਮੰਗ ਪੱਤਰ ਸੌਂਪਿਆ ਗਿਆ । ਇਸ ਸਮੇਂ ਪਾਰਟੀ ਆਗੂਆਂ ਰਾਮ ਜੀ ਦਾਸ ਚੌਹਾਨ, ਸਤਪਾਲ ਲੱਠ ਤੇ ਬਲਵੰਤ ਰਾਮ ਨੇ ਦੱਸਿਆ ਕਿ ਅੱਤ ਦੀ ਮਹਿੰਗਾਈ ਕਾਰਨ ਆਮ ਲੋਕ ਪਹਿਲਾਂ ਹੀ ਦੋ ਵਕਤ ਦੀ ਰੋਟੀ ਖਾਣ ਤੋਂ ਅਵਾਜ਼ਾਰ ਹਨ ਉੱਤੋਂ ਸਰਕਾਰ ਨੇ ਪੈਟ੍ਰੋਲ, ਡੀਜ਼ਲ, ਬਿਜਲੀ ਬਿੱਲਾਂ ਤੇ ਬੱਸ ਕਿਰਾਏ ਵਿਚ ਵਾਧਾ ਕਰਕੇ ਆਮ ਲੋਕਾਂ ਦਾ ਕਚੂੰਮਰ ਕੱਢ ਦਿੱਤਾ ਹੈ। ਆਮ ਲੋਕ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਤੋਂ ਬੇਹੱਦ ਨਿਰਾਸ਼ ਹਨ। ਸਰਕਾਰ ਮਜ਼ਦੂਰਾਂ, ਕਿਸਾਨਾਂ ਮੁਲਾਜ਼ਮਾਂ, ਪੈਨਸ਼ਨਰਾਂ ਤੇ ਗਰੀਬ ਤਬਕੇ ਦੀ ਕੋਈ ਗੱਲ ਸੁਣਨ ਨੂੰ ਤਿਆਰ ਨਹੀਂ।ਹੱਕ ਮੰਗਦੇ ਲੋਕਾਂ ਉੱਤੇ ਡਾਂਗਾਂ ਵਰ੍ਹਾਈਆਂ ਜਾ ਰਹੀਆਂ ਹਨ। ਸੂਬੇ ਵਿਚ ਅਮਨ ਕਾਨੂੰਨ ਦੀ ਹਾਲਤ ਤਰਸਯੋਗ ਤੇ ਨਾਜ਼ੁਕ ਹੈ। ਦਿਨ ਦਿਹਾੜੇ ਲੁੱਟ ਖੋਹਾਂ ਤੇ ਕਤਲੋਗਾਰਤ ਆਮ ਗੱਲ ਬਣ ਗਈ ਹੈ। ਨਸ਼ੇ ਤੇ ਨਜਾਇਜ ਦਾ ਮਾਈਨਿੰਗ ਦਾ ਕਾਰੋਬਾਰ ਬਾਦਸਤੂਰ ਜਾਰੀ ਹੈ। ਲੋਕਾਂ ਵਾਸਤੇ ਖ਼ਜ਼ਾਨਾ ਖਾਲੀ ਹੈ ਪਰ ਮੰਤਰੀਆਂ ਤੇ ਵਿਧਾਇਕਾਂ ਦੀ ਤਨਖਾਹ ਵਿਚ ਕਈ ਗੁਣਾ ਵਾਧਾ ਕੀਤਾ ਗਿਆ ਹੈ। ਆਗੂਆਂ ਮੰਗ ਕੀਤੀ ਕਿ ਪੈਟ੍ਰੋਲ, ਡੀਜ਼ਲ, ਬਿਜਲੀ ਅਤੇ ਬੱਸ ਕਿਰਾਏ ਵਿਚ ਕੀਤਾ ਵਾਧਾ ਸਰਕਾਰ ਤੁਰੰਤ ਵਾਪਸ ਲਵੇ ਨਹੀਂ ਤਾਂ ਪਾਰਟੀ ਵਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਆਗੂਆਂ ਦੱਸਿਆਂ ਕਿ ਉਪਰੋਕਤ ਮੁੱਦਿਆਂ ਲੈ ਕੇ ਪਾਰਟੀ ਵਲੋਂ 14 ਸਤੰਬਰ ਨੂੰ ਹੁਸ਼ਿਆਰਪੁਰ ਵਿਖੇ ਜ਼ਿਲਾ ਪੱਧਰੀ ਰੋਸ ਮੁਜ਼ਾਹਰਾ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦੇ ਘਰ ਮੂਹਰੇ ਕੀਤਾ ਜਾਵੇਗਾ ਜਿਸ ਦੀ ਤਿਆਰੀ ਪਿੰਡ -ਪਿੰਡ ਮੀਟਿੰਗਾਂ ਕਰਕੇ ਕੀਤੀ ਜਾ ਰਹੀ ਹੈ। ਇਸ ਸਮੇਂ ਮਲਕੀਅਤ ਬਾਹੋਵਾਲ, ਗਿਆਨੀ ਅਵਤਾਰ ਸਿੰਘ, ਗੋਪਾਲ ਦਾਸ ਮਨਹੋਤਰਾ, ਸ਼ਿੰਗਾਰਾ ਰਾਮ ਭੱਜਲ਼, ਪਰਮਾ ਨੰਦ, ਸ਼ਾਮ ਸੁੰਦਰ, ਕ੍ਰਿਸ਼ਨ ਦੇਵ, ਜਗੀਰੀ ਰਾਮ ਤੇ ਰਾਮਜੀ, ਮੱਖਣ ਸਿੰਘ ਹਾਜ਼ਰ ਸਨ।

# ਚਿੱਪ ਵਾਲੇ ਮੀਟਰ ਲਾਉਣ ਦੀ ਕੋਸ਼ਿਸ਼ ਵਿਰੁੱਧ ਮਜ਼ਦੂਰਾਂ, ਕਿਸਾਨਾਂ ਨੇ ਘੇਰਿਆ ਮਲਸੀਆਂ ਪਾਵਰਕਾਮ ਦਫ਼ਤਰ



ਕਾਲਾ ਸੰਘਿਆਂ (ਮਨਜੀਤ ਮਾਨ)- ਪਾਵਰਕਾਮ ਦੀ ਇਨਫੋਰਸਮੈਂਟ ਟੀਮ ਵੱਲੋਂ ਪਿੰਡ ਮਲਸੀਆਂ ਵਿਖੇ ਚਿੱਪ ਵਾਲੇ ਮੀਟਰ ਲਾਉਣ ਦੀ ਕੋਸ਼ਿਸ਼ ਮਜ਼ਦੂਰਾਂ ਨੇ ਨਾਕਾਮ ਕਰ ਦਿੱਤੀ ਤੇ ਆਈ ਟੀਮ ਨੇ ਲੋਕਾਂ ਦਾ ਇਕੱਠ ਦੇਖ ਖਿਸਕਣ 'ਚ ਆਪਣਾ ਭਲਾ ਸਮਝਿਆ।

ਇਸ ਵਿਰੋਧ ਵਿਚ ਅੱਜ ਪੰਜਾਬ ਖੇਤ ਮਜ਼ਦੂਰ ਯੂਨੀਅਨ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਮਲਸੀਆਂ ਦਫ਼ਤਰ ਅੱਗੇ ਧਰਨਾ ਲਾ ਕੇ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਚਿੱਪ ਵਾਲੇ ਮੀਟਰ ਲਾਉਣ ਦੀ ਕੋਸ਼ਿਸ਼ ਕੀਤੀ ਤਾਂ ਇਸ ਦਾ ਜ਼ਬਰਦਸਤ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਮਜ਼ਦੂਰ ਆਗੂ ਸੁਖਜਿੰਦਰ ਲਾਲੀ, ਜਸਵੀਰ ਸਿੰਘ ਅਤੇ ਕਿਸਾਨ ਆਗੂਆਂ ਗੁਰਚਰਨ ਸਿੰਘ ਚਾਹਲ ਅਤੇ ਮਨਜੀਤ ਸਿੰਘ ਸਾਬੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਲੋਕਾਂ ਕੋਲੋਂ ਸੰਘਰਸ਼ ਰਾਹੀਂ ਪ੍ਰਾਪਤ ਕੀਤੀ ਬਿਜਲੀ ਮਾਫੀ ਦੀ ਸਹੂਲਤ ਖੋਹਣਾ ਚਾਹੁੰਦੀ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ।

# ਹਰੇਕ ਬੱਚੇ ਨੂੰ ਖੇਡਾਂ 'ਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦੈ : ਸੰਤੋਸ਼ ਕਟਾਰੀਆ



ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)-ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3, 2024 ਤਹਿਤ ਬਲਾਕ ਪੱਧਰੀ ਖੇਡਾਂ ਵੱਖ-ਵੱਖ ਬਲਾਕਾਂ ਵਿਚ ਕਰਵਾਈਆਂ ਜਾ ਰਹੀਆਂ ਹਨ। ਅੱਜ ਬਲਾਕ ਬਲਾਚੌਰ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਥੋਪੀਆ ਅਤੇ ਬੀ.ਏ.ਵੀ ਸਕੂਲ ਬਲਾਚੌਰ ਬਲਾਕ ਬਲਾਚੌਰ ਵਿਖੇ ਅਤੇ ਪਿੰਡ ਬਕਾਪੁਰ ਵਿਖੇ ਫੁੱਟਬਾਲ, ਸ.ਸ.ਸ.ਸ ਛਦੌੜੀ (ਬਲਾਕ ਸੜੋਆ) ਵਿਖੇ ਅਥਲੈਟਿਕਸ, ਖੋ-ਖੋ, ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ। ਅੱਜ ਪਹਿਲੇ ਦਿਨ ਇਸ ਟੂਰਨਾਮੈਂਟ ਵਿਚ ਸੰਤੋਸ਼ ਕਟਾਰੀਆ ਐਮ.ਐਲ.ਏ ਬਲਾਚੌਰ, ਰਵਿੰਦਰ ਕੁਮਾਰ ਬਾਂਸਲ ਐਸ.ਡੀ.ਐਮ ਬਲਾਚੌਰ ਅਤੇ ਸਤਨਾਮ ਸਿੰਘ ਜਲਾਲਪੁਰ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਬਲਾਕ ਬਲਾਚੌਰ ਵਿਖੇ ਖਿਡਾਰੀਆਂ ਨੂੰ ਅਸ਼ੀਰਵਾਦ ਦੇਣ ਲਈ ਪਹੁੰਚੇ। ਉਨ੍ਹਾਂ ਖਿਡਾਰੀਆਂ ਨੂੰ ਖੇਡਾਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ ਵੱਲੋਂ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਬਲਾਚੌਰ ਵਿਖੇ ਪਹਿਲੇ ਦਿਨ ਹੋਏ ਖੇਡ ਮੁਕਾਬਲਿਆਂ ਵਿਚ ਅਥਲੈਟਿਕਸ ਦੇ ਮੁਕਾਬਲਿਆਂ ਵਿਚ ਅੰਡਰ 17 ਲੜਕੇ 1500 ਮੀਟਰ ਵਿਚ ਅੰਕੁਰ ਨੇ ਪਹਿਲਾ, ਪੰਕਜ ਨੇ ਦੂਜਾ ਅਤੇ ਹਰਸ਼ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾ ਅੰਡਰ 17 (ਲੜਕੀਆਂ) 200 ਮੀਟਰ ਵਿਚ ਜਪਜੋਤ ਕੌਰ ਨੇ ਪਹਿਲਾ, ਮੰਨਤ ਨੇ ਦੂਜਾ ਅਤੇ ਅੰਸ਼ੂ ਨੇ ਤੀਜਾ ਸਥਾਨ ਹਾਸਲ ਕੀਤਾ। 600 ਮੀਟਰ ਲੜਕਿਆਂ ਵਿਚ ਗੁਰਵੀਰ ਸਿੰਘ ਨੇ ਪਹਿਲਾ, ਤੇਜਸ ਸ਼ਰਮਾ ਨੇ ਦੂਜਾ ਅਤੇ ਵਿਕਾਸ ਨੇ ਤੀਜਾ ਸਥਾਨ ਹਾਸਲ ਕੀਤਾ।ਪਹਿਲੇ ਦਿਨ ਬਲਾਕ ਸੜੋਆ ਵਿਖੇ ਹੋਏ ਖੇਡ ਮੁਕਾਬਲਿਆਂ ਵਿਚ ਕਬੱਡੀ ਸਰਕਲ ਦੇ ਮੁਕਾਬਲਿਆ ਵਿਚ ਅੰਡਰ 14 ਵਿਚ ਟੋਰੋਵਾਲ ਨੇ ਪਹਿਲਾ ਸਥਾਨ ਅਤੇ ਚੰਦਿਆਣੀ ਖੁਰਦ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ 17 ਵਿਚ ਚੰਦਿਆਣ ਖੁਰਦ ਨੇ ਪਹਿਲਾ ਅਤੇ ਕਰੀਮਪੁਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਮਲਕੀਤ ਸਿੰਘ ਅਥਲੈਟਿਕਸ ਕੋਚ, ਗੁਰਜੀਤ ਕੌਰ ਕਬੱਡੀ ਕੋਚ, ਜਸਕਰਨ ਕੋਰ ਕੱਬਡੀ ਕੋਚ, ਕਸ਼ਮੀਰ ਸਿੰਘ ਫੁੱਟਬਾਲ ਕੋਚ, ਜਸਵਿੰਦਰ ਸਿੰਘ ਫੁੱਟਬਾਲ ਕੋਚ, ਗੁਰਪ੍ਰੀਤ ਸਿੰਘ ਫੁੱਟਬਾਲ ਕੋਚ, ਦੇਸਰਾਜ ਡੀ.ਪੀ.ਈ ਹਾਜ਼ਰ ਸਨ। ਇਨ੍ਹਾਂ ਖੇਡ ਮੁਕਾਬਲਿਆਂ ਵਿਚ ਲੱਗਭਗ 800 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ।

# ਬੈਂਸ ਦੇ ਮਾਮਾ ਗੁਰਪਾਲ ਸਿੰਘ ਢਿੱਲੋਂ ਨੂੰ ਹਜ਼ਾਰਾਂ ਨਮ ਅੱਖਾਂ ਨੇ ਦਿੱਤੀ ਅੰਤਿਮ ਵਿਦਾਇਗੀ



ਭਲਾਣ (ਹਰਭਜਨ ਢਿੱਲੋਂ)-ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਸਤਿਕਾਰਯੋਗ ਮਾਮਾ ਗੁਰਪਾਲ ਸਿੰਘ ਢਿੱਲੋਂ 8 ਸਤੰਬਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ। ਉਨ੍ਹਾਂ ਨੇ ਰੇਲਵੇ ਰੋਡ ਨੰਗਲ ਗ੍ਰਹਿ ਵਿਖੇ ਆਖਰੀ ਸਾਹ ਲਏ। ਸਮਾਜ ਸੇਵਾ ਦੇ ਕੰਮਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਸਵ. ਢਿੱਲੋਂ ਮਿੱਠ ਬੋਲੜੇ ਸੁਭਾਅ ਦੇ ਮਾਲਕ ਸਨ ਤੇ ਗੁਰੂ ਘਰ ਪ੍ਰਤੀ ਅਥਾਹ ਸ਼ਰਧਾ ਤੇ ਸਤਿਕਾਰ ਰੱਖਦੇ ਸਨ। ਸਵ ਢਿੱਲੋਂ ਦਾ ਇਸ ਤਰ੍ਹਾਂ ਅਚਾਨਕ ਤੁਰ ਜਾਣਾ ਦੁਖਦਾਈ ਹੈ ਤੇ ਉਨ੍ਹਾਂ ਨਾਲ ਬਿਤਾਏ ਪਲ ਤੇ ਉਨ੍ਹਾਂ ਵੱਲੋਂ ਦਿੱਤੀਆਂ ਖੁਸ਼ੀਆਂ ਭੁਲਾਈਆਂ ਨਹੀਂ ਜਾ ਸਕਣਗੀਆਂ। ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿਣ ਵਾਲੇ ਸਵ. ਢਿੱਲੋਂ ਨੂੰ ਉਨ੍ਹਾਂ ਦੇ ਚਾਹੁਣ ਵਾਲੇ ਹਮੇਸ਼ਾ ਯਾਦ ਕਰਦੇ ਰਹਿਣਗੇ । ਅੱਜ ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ਮਸ਼ਾਨਘਾਟ ਨੰਗਲ ਵਿਖੇ ਕਰ ਦਿੱਤਾ ਗਿਆ। ਉਨ੍ਹਾਂ ਦੀ ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਰਣਦੀਪ ਸਿੰਘ, ਭਰਾ ਸੁਰਿੰਦਰ ਸਿੰਘ ਤੇ ਭਾਣਜਾ ਹਰਜੋਤ ਸਿੰਘ ਬੈਂਸ ਵੱਲੋਂ ਦਿੱਤੀ ਗਈ। ਸਵ. ਗੁਰਪਾਲ ਸਿੰਘ ਢਿੱਲੋਂ ਦੀ ਅੰਤਿਮ ਅਰਦਾਸ 15 ਸਤੰਬਰ ਨੂੰ ਗੁ: ਘਾਟ ਸਾਹਿਬ ਨੰਗਲ ਵਿਖੇ ਹੋਵੇਗੀ। ਇਸ ਮੌਕੇ ਉਨ੍ਹਾਂ ਦੀ ਭੈਣ ਬਲਵਿੰਦਰ ਕੌਰ, ਪਿੰਕੀ, ਸਪੁੱਤਰੀ ਰਵਿੰਦਰ ਕੌਰ, ਹਰਵਿੰਦਰ ਕੌਰ, ਆਈ.ਪੀ.ਐਸ ਡਾ. ਜਯੋਤੀ ਯਾਦਵ (ਸੁਪਤਨੀ ਹਰਜੋਤ ਸਿੰਘ ਬੈਂਸ) ਹੈਪੀ ਰੰਧਾਵਾ, ਮਨਦੀਪ ਰੰਧਾਵਾ ਤੋਂ ਇਲਾਵਾ ਬੀ.ਬੀ.ਐਮ.ਬੀ ਚੀਫ਼ ਸੀ.ਪੀ ਸਿੰਘ, ਡਾ. ਸੰਜੀਵ ਗੌਤਮ, ਕਮਿੱਕਰ ਸਿੰਘ ਡਾਢੀ, ਦੀਪਕ ਸੋਨੀ, ਪੰਡਿਤ ਰੋਹਿਤ ਕਾਲੀਆ, ਸੁਸ਼ੀਲ ਗੋਇਲ, ਬਚਿਤਰ ਸਿੰਘ ਬੈਂਸ, ਮੁਨੀਸ਼ ਪੁਰੀ, ਗੁਲਸ਼ਨ ਛਾਬੜਾ, ਸੁਮਿਤ ਤਲਵਾੜਾ, ਰਾਕੇਸ਼ ਕੁਮਾਰ ਮਹਿਲਵਾਂ, ਸਤੀਸ਼ ਚੋਪੜਾ, ਪਰਵੀਨ ਅੰਸਾਰੀ, ਕਾਲਾ ਸ਼ੋਕਰ, ਪੰਮੂ ਢਿੱਲੋਂ, ਪ੍ਰਿੰਸੀਪਲ ਰਾਮ ਗੋਪਾਲ, ਜਸਪਾਲ ਸਿੰਘ ਢਾਹੇ, ਜੱਸੀ, ਜਸਪ੍ਰੀਤ ਸਿੰਘ ਜੇ.ਪੀ, ਗੁਲਸ਼ਨ ਛਾਬੜਾ, ਠੇਕੇਦਾਰ ਜਗਜੀਤ ਸਿੰਘ ਜੱਗੀ, ਮਨਜੋਤ ਸਿੰਘ, ਮੋਹਿਤ ਦੀਵਾਨ, ਦਵਿੰਦਰ ਸਿੰਘ ਸ਼ੰਮੀ ਬਰਾਰੀ, ਐਡਵੋਕੇਟ ਨੀਰਜ ਸ਼ਰਮਾ, ਦੀਪਕ ਬਾਸ, ਨਿਤਿਨ ਸ਼ਰਮਾ, ਰਜਿੰਦਰ ਕਾਕੂ, ਸ਼ੇਖੋਂ ਰਾਏਪੁਰ, ਰਜਿੰਦਰ ਗਿੱਲ, ਮਨੀਸ਼ ਪੁਰੀ, ਮਨੂ ਲਾਲਾ,ਦਲੀਪ ਹੰਸ, ਜੱਗਿਆ ਦੱਤ ਸੈਣੀ, ਅੰਕੁਸ਼ ਪਾਠਕ ਸੰਨੀ ਕੁਮਾਰ, ਹਰਵਿੰਦਰ ਸਿੰਘ, ਨਰਿੰਦਰ ਨਿੰਦੀ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਚੌਥੀ ਮੰਜ਼ਲ ਤੋਂ ਡਿਗਣ ਕਾਰਨ ਪੇਂਟਰ ਦੀ ਦਰਦਨਾਕ ਮੌਤ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਪਵਿੱਤਰ ਸ਼ਹਿਰ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਸ੍ਰੀ ਸੰਤ ਘਾਟ ਪਵਿੱਤਰ ਵੇਈਂ ਨਦੀ ਦੇ ਕੰਢੇ ਮੂਲ ਮੰਤਰ ਅਸਥਾਨ ਦੀ ਉਸਾਰੀ ਅਧੀਨ ਇਮਾਰਤ ਨੇੜੇ ਉਸ ਵੇਲੇ ਭਗਦੜ ਮਚ ਗਈ ਜਦੋਂ ਮੂਲ ਮੰਤਰ ਦੀ ਇਮਾਰਤ ਨੂੰ ਰੰਗ ਕਰਨ ਸਮੇਂ ਇਸ ਇਮਾਰਤ ਦੀ ਚੌਥੀ ਮੰਜ਼ਲ ਤੋਂ ਡਿਗਣ ਕਾਰਨ ਇੱਕ ਪੇਂਟਰ ਦੀ ਦਰਦਨਾਕ ਮੌਤ ਹੋ ਗਈ। ਮ੍ਰਿਤਕ ਮਜ਼ਦੂਰ ਦੀ ਸ਼ਨਾਖਤ ਸੁਖਵਿੰਦਰ ਸਿੰਘ (45) ਪੁੱਤਰ ਅਜੀਤ ਸਿੰਘ ਹਾਲ ਵਾਸੀ ਮੁਹੱਲਾ ਕਾਜ਼ੀ ਬਾਗ ਸੁਲਤਾਨਪੁਰ ਲੋਧੀ ਵਜੋਂ ਕੀਤੀ ਗਈ ਹੈ।ਇਸ ਮੌਕੇ ਸਾਬਕਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੰਨਣ ਸਿੰਘ ਨੇ ਦੱਸਿਆ ਕਿ ਮੂਲ ਮੰਤਰ ਅਸਥਾਨ ਦੀ ਕਾਰ ਸੇਵਾ ਚੱਲ ਰਹੀ ਹੈ। ਇਮਾਰਤ ਨੂੰ ਰੰਗ ਰੋਗਨ ਕਰਨ ਦਾ ਕੰਮ ਚੱਲ ਰਿਹਾ ਸੀ। ਇਹ ਵਿਅਕਤੀ ਉੱਪਰ ਚੌਥੀ ਮੰਜ਼ਲ ਤੇ ਰੰਗ ਕਰ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਇਸ ਦਾ ਪੈਰ ਤਿਲਕਣ ਨਾਲ ਹੇਠਾਂ ਡਿਗ ਪਿਆ ਅਤੇ ਇਸ ਨੂੰ ਆਸਪਾਸ ਦੇ ਵਿਅਕਤੀਆਂ ਨੇ ਹਸਪਤਾਲ ਵਿੱਚ ਪਹੁੰਚਾਇਆ ਗਿਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਸੁਖਵਿੰਦਰ ਸਿੰਘ ਆਪਣੇ ਪਿੱਛੇ ਇਕ ਚਾਰ ਸਾਲ ਦਾ ਬੇਟਾ ਅਤੇ ਪਤਨੀ ਛੱਡ ਗਿਆ।ਪਰਵਾਰ ਨੇ ਮੁਆਵਜ਼ੇ ਦੀ ਮੰਗ ਕੀਤੀ ਹੈ।

# ਡਾਕਟਰਾਂ ਦੀ ਦੂਜੇ ਦਿਨ ਦੀ ਹੜਤਾਲ ਦਾ ਪਿਆ ਭਾਰੀ ਅਸਰ



**ਫਗਵਾੜਾ ( ਡਾ. ਰਮਨ)**-ਸਰਕਾਰੀ ਡਾਕਟਰਾਂ ਦੀ ਪ੍ਰਮੁੱਖ ਜਥੇਬੰਦੀ ਪੰਜਾਬ ਸਿਵਲ ਮੈਡੀਕਲ ਸਰਵਿਸਿਸ ਐਸੋਸੀਏਸ਼ਨ ਵਲੋਂ ਪੰਜਾਬ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਤੇ ਸਿਹਤ ਕੇਂਦਰਾਂ ਵਿੱਚ 9 ਸਤੰਬਰ ਤੋਂ ਐਲਾਨੀ ਹੋਈ ਹੜਤਾਲ ਦਾ ਅੱਜ ਦੂਜਾ ਦਿਨ ਸੀ। 8 ਤੋਂ 11 ਵਜੇ ਤੱਕ ਓ ਪੀ ਡੀ ਸੇਵਾਵਾਂ ਬੰਦ ਰੱਖੀਆਂ ਗਈਆਂ। ਇਸ ਦੌਰਾਨ ਜਿਨ੍ਹਾਂ ਮਰੀਜ਼ਾਂ ਨੂੰ ਹੜਤਾਲ ਬਾਰੇ ਜਾਣਕਾਰੀ ਨਹੀਂ ਸੀ ਉਹ ਸਮੇਂ 'ਤੇ ਆ ਕੇ ਖੜ੍ਹੇ ਰਹੇ ਅਤੇ ਸਾਰੇ ਹਸਪਤਾਲਾਂ ਵਿੱਚ ਕਾਫੀ ਭੀੜ ਦੇਖੀ ਗਈ। ਮੈਡੀਕਲ ਅਫਸਰਾਂ ਨੇ ਸਰਕਾਰ ਪ੍ਰਤੀ ਆਪਣੀਆਂ ਮੰਗਾਂ ਦੇ ਪੈਂਫਲਟ ਵੰਡ, ਫਲੈਕਸ ਬੈਨਰ ਅਤੇ ਅਤੇ ਭਾਸ਼ਣਾਂ ਰਾਹੀਂ ਮਰੀਜ਼ਾਂ ਨੂੰ ਆਪਣੀਆਂ ਮੰਗਾਂ ਤੋਂ ਜਾਣੂ ਕਰਵਾਇਆ। ਸੁਰੱਖਿਆ ਦੇ ਮੁੱਦੇ 'ਤੇ ਲੇਡੀ ਡਾਕਟਰਾਂ ਵਿੱਚ ਕਾਫੀ ਰੋਸ ਵੇਖਣ ਨੂੰ ਮਿਲਿਆ ਕਿਉਂਕਿ ਕੱਲ ਵੀ ਮੋਹਾਲੀ ਜਿਲੇ ਵਿੱਚ ਇੱਕ ਗਰਭਵਤੀ ਡਾਕਟਰ ਤੇ ਡਿਊਟੀ ਦੌਰਾਨ ਹਮਲਾ ਕੀਤਾ ਗਿਆ। ਜ਼ਿਆਦਾਤਰ ਮਰੀਜ਼ ਵੀ ਡਾਕਟਰਾਂ ਦੀ ਜਾਇਜ਼ ਮੰਗਾਂ 'ਤੇ ਸਮਰਥਨ ਕਰਦੇ ਹੋਏ ਉਹਨਾਂ ਦੇ ਨਾਲ ਖੜ੍ਹੇ ਦਿਖੇ। ਪਹਿਲਾਂ ਐਸੋਸੀਏਸ਼ਨ ਵੱਲੋਂ ਅਨਿਸਚਿਤ ਕਾਲ ਤੱਕ ਪੂਰਨ ਤੌਰ 'ਤੇ ਬੰਦ ਦਾ ਐਲਾਨ ਕੀਤਾ ਗਿਆ ਸੀ ਪਰ ਸਿਹਤ ਮੰਤਰੀ ਵੱਲੋਂ ਕੀਤੀ ਗਈ ਅਪੀਲ ਅਤੇ ਕੈਬਨਿਟ ਦੀ ਸਬ ਕਮੇਟੀ ਦੇ ਤੌਰ 'ਤੇ ਵਿੱਤ ਮੰਤਰੀ ਨਾਲ ਐਸੋਸੀਏਸ਼ਨ ਨੂੰ ਮੀਟਿੰਗ ਕਰਵਾਏ ਜਾਣ ਦਾ ਸੱਦਾ ਦੇਣ ਤੋਂ ਬਾਅਦ ਡਾਕਟਰਾਂ ਨੇ ਮਰੀਜ਼ਾਂ ਤੇ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਆਪਣਾ ਵਿਦਰੋਹ ਥੋੜ੍ਹਾ ਘਟਾਇਆ ਹੈ। ਉਹਨਾਂ ਕਿਹਾ ਕਿ ਅਸੀਂ ਗੱਲਬਾਤ ਲਈ ਸੁਖਾਵਾਂ ਮਾਹੌਲ ਬਣਾਏ ਰੱਖਣਾ ਚਾਹੁੰਦੇ ਹਾਂ ਪਰ ਹਾਲੇ ਵੀ ਕਿਉਂਕਿ ਸਰਕਾਰ ਦੀ ਤਰਫ ਤੋਂ ਸਿਹਤ ਮੰਤਰੀ ਦੁਆਰਾ ਦਿੱਤੇ ਗਏ ਸੁਰੱਖਿਆ ਪ੍ਰਬੰਧਾਂ ਦੇ ਭਰੋਸੇ ਜ਼ਮੀਨੀ ਪੱਧਰ 'ਤੇ ਨਹੀਂ ਪਹੁੰਚੇ, ਨਾ ਹੀ ਸਰਕਾਰ ਵਾਰ-ਵਾਰ ਮੀਟਿੰਗਾਂ ਵਿੱਚ ਸਮਾਂਬੱਧ ਤਰੱਕੀਆਂ ਸਬੰਧੀ ਕੋਈ ਨੋਟੀਫਿਕੇਸ਼ਨ ਲੈ ਕੇ ਆਈ ਹੈ। ਜੇ ਇਸ ਤੋਂ ਬਾਅਦ ਵੀ ਸਰਕਾਰ ਨੇ ਆਪਣਾ ਢਿੱਲਾ ਰਵੱਈਆ ਬਣਾਈ ਰੱਖਿਆ ਤਾਂ ਉਹਨਾਂ ਦੀ ਕਿਸੇ ਵੀ ਗੱਲ ਤੇ ਭਰੋਸਾ ਕਰਨਾ ਮੁਸ਼ਕਲ ਹੋ ਜਾਵੇਗਾ। ਇਹ ਅੰਦੋਲਨ ਆਪਣੀ ਜਾਇਜ ਪ੍ਰਮੁੱਖ ਮੰਗਾਂ ਮਨਾਉਣ ਤੋਂ ਬਿਨਾਂ ਨਹੀਂ ਰੁਕੇਗਾ। ਪੰਜਾਬ ਸਰਕਾਰ ਦੇ ਹੀ ਦੂਜੇ ਵਿਭਾਗ ਮੈਡੀਕਲ ਸਿੱਖਿਆ ਤੇ ਖੋਜ ਵਿੱਚ ਸਾਡੇ ਹੀ ਡਾਕਟਰਾਂ ਨੂੰ 4 ਅਤੇ 7 ਸਾਲ ਤੇ ਤਰੱਕੀ ਦਿੱਤੀ ਜਾ ਰਹੀ ਫਿਰ ਸਭ ਤੋਂ ਜ਼ਰੂਰੀ ਸਿਹਤ ਵਿਭਾਗ ਦੀ ਤਰੱਕੀ 'ਤੇ ਗ੍ਰਹਿਣ ਕਿਉਂ ਲਾਇਆ ਜਾ ਰਿਹਾ। ਐਸੋਸੀਏਸ਼ਨ ਨੇ ਆਪਣੀ ਅਗਲੀ ਨੀਤੀ ਬਾਰੇ ਦੱਸਦਿਆਂ ਕਿਹਾ ਕਿ ਇਹ ਹੜਤਾਲ ਦੀ ਰੂਪ ਰੇਖਾ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਜਾ ਰਿਹਾ। ਪਹਿਲੇ ਤਿੰਨ ਦਿਨ ਲਈ ਸਿਰਫ ਅੱਧੇ ਦਿਨ ਦੇ ਲਈ ਓ ਪੀ ਡੀ ਬੰਦ ਰੱਖੀ ਜਾਵੇਗੀ। ਜੇ ਸਰਕਾਰ ਫਿਰ ਵੀ ਕੋਈ ਹੱਲ ਨਹੀਂ ਲੈ ਕੇ ਆਉਂਦੀ ਤਾਂ ਫੇਸ ਦੋ ਵਿੱਚ 12 ਸਤੰਬਰ ਤੋਂ ਪੂਰੇ ਸਮੇਂ ਲਈ ਸਾਰੀਆਂ ਸੇਵਾਵਾਂ ਬੰਦ ਕੀਤੀਆਂ ਜਾਣਗੀਆਂ। ਸਿਰਫ ਐਮਰਜੰਸੀ ਮਰੀਜ਼ਾਂ ਦੀ ਲੋੜ ਨੂੰ ਦੇਖਦੇ ਹੋਏ ਬਹਾਲ ਰੱਖੀ ਜਾਵੇਗੀ। ਇਸ ਤੋਂ ਬਾਅਦ ਵੀ 16 ਸਤੰਬਰ ਜੇਕਰ ਨੌਬਤ ਆਈ ਤਾਂ ਹਰ ਤਰ੍ਹਾਂ ਦੇ ਮੈਡੀਕੋ ਲੀਗਲ ਸੇਵਾਵਾਂ ਵੀ ਡਾਕਟਰ ਮਜਬੂਰ ਹੋ ਕੇ ਛੱਡ ਜਾਣਗੇ।ਡਾਕਟਰਾਂ ਨੂੰ ਹੋਰ ਵੀ ਸਰਕਾਰੀ ਕਰਮਚਾਰੀ ਜਥੇਬੰਦੀਆਂ ਦਾ ਤੇ ਆਮ ਲੋਕਾਂ ਦਾ ਪੁਰਜ਼ੋਰ ਸਾਥ ਮਿਲ ਰਿਹਾ ਹੈ।

# ਪਟਾਕੇ ਚਲਾਉਣ 'ਤੇ ਪਾਬੰਦੀ ਲਗਾਈ

ਨਵਾਂਸ਼ਹਿਰ (ਮਨੋਜ ਲਾਡੀ)- ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ 23548 ਆਫ਼ 2017 ਅਤੇ 23905 ਆਫ਼ 2017 ਵਿਚ ਪਾਸ ਕੀਤੇ ਹੁਕਮਾਂ ਰਾਹੀਂ ਪੰਜਾਬ ਹਰਿਆਣਾ ਅਤੇ ਚੰਡੀਗੜ੍ਹ ਵਿਚ ਵਿਆਹ ਵਾਲੇ ਦਿਨ, ਨਵੇਂ ਸਾਲ ਦੇ ਦਿਵਸ ਜਾਂ ਕੋਈ ਵੀ ਖੁਸ਼ੀ ਦੇ ਤਿਉਹਾਰ ਮੌਕੇ ਪਟਾਖੇ ਚਲਾਉਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਹੈ।ਇਸ ਲਈ ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਨਾਗਰਿਕ ਸੁਰਕਸ਼ਾ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਹ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਆਮ ਲੋਕਾਂ ਨੂੰ ਵਿਆਹ ਵਾਲੇ ਦਿਨ ਅਤੇ ਕੋਈ ਵੀ ਖੁਸ਼ੀ ਦੇ ਤਿਉਹਾਰ ਦੇ ਮੌਕੇ 'ਤੇ ਪਟਾਖੇ ਚਲਾਉਣ ਦੀ ਆਗਿਆ ਨਹੀਂ ਹੋਵੇਗੀ। ਇਹ ਹੁਕਮ 8 ਨਵੰਬਰ, 2024 ਤੱਕ ਲਾਗੂ ਰਹਿਣਗੇ।

# ਜ਼ਿਲ੍ਹੇ 'ਚ ਸਫ਼ਲਤਾਪੂਰਵਕ ਸਮਾਪਤ ਹੋਇਆ ਅੱਖਾਂ ਦਾਨ ਪੰਦਰਵਾੜਾ



**ਮੋਹਾਲੀ, ( ਗੁਰਜੀਤ ਬਿੱਲਾ )**: ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਖਾਂ ਦਾਨ ਪੰਦਰਵਾੜਾ ਸਫ਼ਲਤਾਪੂਰਵਕ ਸਮਾਪਤ ਹੋ ਗਿਆ। ਕਾਰਜਕਾਰੀ ਸਿਵਲ ਸਰਜਨ ਡਾ. ਰੇਨੂੰ ਸਿੰਘ ਨੇ ਦੱਸਿਆ ਕਿ ਪੰਦਰਵਾੜੇ ਦੌਰਾਨ ਭਾਰੀ ਗਿਣਤੀ ਵਿਚ ਮਰੀਜ਼ਾਂ ਅਤੇ ਹੋਰ ਲੋਕਾਂ ਨੇ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾ ਕੇ ਅੱਖਾਂ ਦੀ ਜਾਂਚ ਕਰਵਾਈ ਤੇ ਨਾਲ ਹੀ 98 ਲੋਕਾਂ ਨੇ ਅੱਖਾਂ ਦਾਨ ਕਰਨ ਸਬੰਧੀ ਸਹਿਮਤੀ ਫ਼ਾਰਮ ਭਰੇ। ਇਸ ਦੌਰਾਨ ਸਿਹਤ ਵਿਭਾਗ ਦੀਆਂ ਟੀਮਾਂ ਨੇ ਮਰੀਜ਼ਾਂ ਨੂੰ ਅੱਖਾਂ ਦਾਨ ਕਰਨ ਦੀ ਮਹੱਤਤਾ ਤੋਂ ਜਾਣੂੰ ਵੀ ਕਰਾਇਆ। ਜ਼ਿਕਰਯੋਗ ਹੈ ਕਿ ਇਹ ਪੰਦਰਵਾੜਾ 25 ਅਗਸਤ ਤੋਂ 8 ਸਤੰਬਰ ਤਕ ਮਨਾਇਆ ਗਿਆ।ਡਾ. ਰੇਨੂੰ ਸਿੰਘ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਭਾਵੇਂ ਪੰਦਰਵਾੜਾ ਸਮਾਪਤ ਹੋ ਗਿਆ ਹੈ ਪਰ ਇਸ ਦੇ ਬਾਵਜੂਦ ਉਹ ਕਿਸੇ ਵੀ ਕੰਮ ਵਾਲੇ ਦਿਨ ਸਰਕਾਰੀ ਸਿਹਤ ਸੰਸਥਾ ਵਿਚ ਜਾ ਕੇ ਅੱਖਾਂ ਦਾਨ ਕਰਨ ਲਈ ਫ਼ਾਰਮ ਭਰ ਸਕਦੇ ਹਨ। ਉਨ੍ਹਾਂ ਕਿਹਾ ਕਿ ਅੱਖਾਂ ਦਾ ਦਾਨ ਮਨੁੱਖਤਾ ਦੀ ਭਲਾਈ ਦਾ ਕਾਰਜ ਹੈ ਅਤੇ ਹਰ ਕਿਸੇ ਨੂੰ ਫ਼ਾਰਮ ਭਰ ਕੇ ਅੱਖਾਂ ਦਾਨ ਕਰਨ ਦਾ ਤਹੱਈਆ ਕਰਨਾ ਚਾਹੀਦਾ ਹੈ ਤਾਂ ਕਿ ਮਰਨ ਉਪਰੰਤ ਕਿਸੇ ਨੇਤਰਹੀਣ ਵਿਅਕਤੀਆਂ ਨੂੰ ਲਾਈਆਂ ਜਾ ਸਕਣ ਤੇ ਉਹ ਵੀ ਦੁਨੀਆ ਦੇ ਰੰਗ ਵੇਖ ਸਕੇ।ਅੱਖਾਂ ਦਾਨ ਕਰਨ ਦਾ ਫ਼ੈਸਲਾ ਮੌਤ ਤੋਂ ਪਹਿਲਾਂ ਕੀਤਾ ਜਾ ਸਕਦਾ ਹੈ ਅਤੇ ਅੱਖਾਂ ਦਾ ਦਾਨ ਕੇਵਲ ਮੌਤ ਤੋਂ ਬਾਅਦ ਹੀ ਹੁੰਦਾ ਹੈ। ਅੱਖਾਂ ਦਾਨ ਕਰਨ ਲਈ ਫ਼ਾਰਮ ਭਰਿਆ ਜਾਂਦਾ ਹੈ। ਮੌਤ ਤੋਂ 6 ਤੋਂ 8 ਘੰਟਿਆਂ ਦੇ ਅੰਦਰ ਅੱਖਾਂ ਦਾਨ ਹੋਣੀਆਂ ਚਾਹੀਦੀਆਂ ਹਨ। ਕਿਸੇ ਵੀ ਉਮਰ ਦਾ ਵਿਅਕਤੀ ਅੱਖਾਂ ਦਾਨ ਕਰ ਸਕਦਾ ਹੈ ਚਾਹੇ ਉਸ ਦੇ ਐਨਕਾਂ ਲੱਗੀਆਂ ਹੋਣ, ਅੱਖਾਂ ਦਾ ਆਪਰੇਸ਼ਨ ਹੋਇਆ ਹੋਵੇ, ਲੈਨਜ਼ ਪਏ ਹੋਣ। ਏਡਜ਼, ਪੀਲੀਆ, ਬਲੱਡ ਕੈਂਸਰ ਤੇ ਦਿਮਾਗ਼ੀ ਬੁਖ਼ਾਰ ਆਦਿ ਬਿਮਾਰੀਆਂ ਤੋਂ ਪੀੜਤ ਵਿਅਕਤੀ ਅੱਖਾਂ ਦਾਨ ਨਹੀਂ ਕਰ ਸਕਦੇ।

# ਪ੍ਰਿੰਸੀਪਲ ਹਰਿੰਦਰ ਕੌਰ ਹੁੰਦਲ ਮੈਮੋਰੀਅਲ ਵੈੱਲਫੇਅਰ ਸੁਸਾਇਟੀ ਅੱਡਾ ਸਰਾਂ ਦਾ ਗਠਨ



**ਅੱਡਾ ਸਰਾਂ (ਜਸਵੀਰ ਕਾਜਲ)** ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਪਾਉਣ, ਕੈਂਸਰ ਦੀ ਬਿਮਾਰੀ ਤੋ ਲੋਕਾਂ ਨੂੰ ਜਾਗਰੂਕ ਕਰਨ ਤੇ ਹੋਰ ਸਮਾਜ ਸੇਵੀ ਕੰਮਾਂ ਨੂੰ ਨੇਪਰੇ ਚਾੜ੍ਹਨ ਦੇ ਮੰਤਵ ਨਾਲ ਪ੍ਰਿੰਸੀਪਲ ਹਰਵਿੰਦਰ ਕੌਰ ਹੁੰਦਲ ਵੈਲਫੇਅਰ ਸੋਸਾਇਟੀ ਅੱਡਾ ਸਰਾਂ ਦਾ ਗਠਨ ਕੀਤਾ ਗਿਆ। ਪਿੰਡ ਚੌਟਾਲਾ ਵਿਖੇ ਇਲਾਕੇ ਤੇ ਮੋਹਤਵਰ ਵਿਅਕਤੀਆਂ ਦੀ ਹੋਈ ਪਹਿਲੀ ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਕੀਤੀ ਗਈ ਚੋਣ ਵਿੱਚ ਉੱਘੇ ਬਾਗਵਾਨੀ ਤੇ ਸਮਾਜ ਸੇਵੀ ਜਸਵੰਤ ਸਿੰਘ ਚੌਟਾਲਾ ਨੂੰ ਸੁਸਾਇਟੀ ਦੇ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਜਸਵੀਰ ਸਿੰਘ ਤੱਗੜ ਨੂੰ ਮੀਤ ਪ੍ਰਧਾਨ, ਸਤਨਾਮ ਸਿੰਘ ਢਿੱਲੋਂ ਤੇ ਚੌਧਰੀ ਹਰਦੇਵ ਸਿੰਘ ਧੂਤ ਨੂੰ ਸੀਨੀਅਰ ਮੀਤ ਪ੍ਰਧਾਨ, ਤਰੁਣ ਕੌਸ਼ਲ ਡਿੰਪੀ ਨੂੰ ਜਨਰਲ ਸਕੱਤਰ, ਕਰਨੈਲ ਸਿੰਘ ਢੋਲੋਵਾਲ ਨੂੰ ਸਕੱਤਰ, ਬਲਵੀਰ ਸਿੰਘ ਢੱਟ ਤੇ ਦਿਲਦੀਪ ਸਿੰਘ ਢਿੱਲੋਂ ਨੂੰ ਸੰਯੁਕਤ ਸਕੱਤਰ, ਜਸਵਿੰਦਰ ਸਿੰਘ ਹੁੰਦਲ ਨੂੰ ਕੈਸ਼ੀਅਰ, ਮਨਜੀਤ ਸਿੰਘ ਧਾਲੀਵਾਲ ਨੂੰ ਆਰਗਨਾਈਜਰ ਸਕੱਤਰ, ਸੰਦੀਪ ਸਿੰਘ ਢੱਟ ਨੂੰ ਸਲਾਹਕਾਰ, ਕਰਤਾਰ ਸਿੰਘ ਹੰਬੜਾਂ ਨੂੰ ਪ੍ਰੈੱਸ ਸਕੱਤਰ, ਇਕਬਾਲ ਸਿੰਘ ਵੜੈਚ ਨੂੰ ਦਫਤਰ ਸਕੱਤਰ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਹੀ ਹਰਜੀਤ ਸਿੰਘ, ਕਰਨਦੀਪ ਸਿੰਘ ਕੁਰਾਲਾ, ਵਰਿੰਦਰਜੀਤ ਸਿੰਘ ਦਵਾਖਰੀ, ਹਰਜੀਤ ਸਿੰਘ ਸੰਧਰ ਨੂੰ ਸੁਸਾਇਟੀ ਦੇ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਨਵ ਨਿਯੁਕਤ ਪ੍ਰਧਾਨ ਜਸਵੰਤ ਸਿੰਘ ਹੁੰਦਲ ਚੌਟਾਲਾ ਨੇ ਦੱਸਿਆ ਕਿ ਸੁਸਾਇਟੀ ਹੁਸ਼ਿਆਰ ਅਤੇ ਲੋੜਵੰਦ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਬੱਚਿਆਂ ਹਰੇਕ ਤਰੀਕੇ ਨਾਲ ਸਹਾਇਤਾ ਕੀਤੀ ਜਾਵੇਗੀ ਤੇ ਇਸ ਮਿਸ਼ਨ ਦੀ ਆਰੰਭਤਾ ਪਬਲਿਕ ਖਾਲਸਾ ਕਾਲਜ ਫਾਰ ਵੋਮੈਨ ਕੰਧਾਲਾ ਜੱਟਾਂ ਤੋਂ ਕੀਤੀ ਜਾਵੇਗੀ।ਉਹਨਾਂ ਹੋਰ ਦੱਸਿਆ ਕਿ ਇਸ ਤੋਂ ਇਲਾਵਾ ਸੁਸਾਇਟੀ ਵੱਲੋਂ ਲੋਕਾਂ ਅੰਦਰ ਕੈਂਸਰ ਦੀ ਬਿਮਾਰੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਪਿੰਡ-ਪਿੰਡ ਕੈਂਪ ਲਗਾਏ ਜਾਣਗੇ, ਨਸ਼ਿਆਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਲਈ, ਵਾਤਾਵਰਣ ਦੀ ਸੇਵਾ ਸੰਭਾਲ ਕਰਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਸੋਸਾਇਟੀ ਦੇ ਨਿਯੁਕਤ ਅਹੁਦੇਦਾਰਾਂ ਨੇ ਸੋਸਾਇਟੀ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਪ੍ਰਤੀ ਹਾਂ ਪੱਖੀ ਹੁੰਗਾਰਾ ਭਰਦੇ ਹੋਏ ਪ੍ਰਵਾਨ ਦਿੱਤੀ ਤੇ ਸੁਸਾਇਟੀ ਵਿੱਚ ਤਨ ਮਨ ਤੇ ਧਨ ਨਾਲ ਸਹਿਯੋਗ ਦੇਣ ਦੀ ਵਚਨਵਧਤਾ ਵੀ ਪ੍ਰਗਟਾਈ।ਇਸ ਮੌਕੇ ਉਹਨਾਂ ਤੋਂ ਇਲਾਵਾ ਐਡਵੋਕੇਟ ਗੁਰਵੀਰ ਸਿੰਘ ਚੌਟਾਲਾ,ਆਕਾਸ਼ ਵੜੈਚ, ਸਤਨਾਮ ਸਿੰਘ, ਪਰਮਿੰਦਰ ਸਿੰਘ ਵੀ ਹਾਜ਼ਰ।

# ਗੌਰਮਿਟ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਅਨੰਦਪੁਰ ਸਾਹਿਬ ਦੀ ਮਹੀਨਾਵਾਰ ਮੀਟਿੰਗ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗੌਰਮਿਟ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਅਨੰਦਪੁਰ ਸਾਹਿਬ ਵੱਲੋਂ ਮਹੀਨਾਵਾਰ ਮੀਟਿੰਗ ਪ੍ਰਿੰਸੀਪਲ ਨਿਰੰਜਣ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਅਨੰਦਪੁਰ ਸਾਹਿਬ ਵਿਖੇ ਕੀਤੀ ਗਈ। ਸਭ ਤੋਂ ਪਹਿਲਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਕੌਮੀ ਆਗੂ ਕਾਮਰੇਡ ਵੇਦਪ੍ਰਕਾਸ਼ ਦੀ ਹੋਈ ਮੌਤ 'ਤੇ ਸ਼ੋਕ ਮਤਾ ਦਰਸ਼ਨ ਸਿੰਘ ਬੜਵਾ ਜ਼ਿਲ੍ਹਾ ਪ੍ਰਧਾਨ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਰੋਪੜ ਵੱਲੋਂ ਪੇਸ਼ ਕੀਤਾ ਗਿਆ ਤੇ ਸਾਰੇ ਹਾਜ਼ਰ ਪੈਨਸ਼ਨਰਾਂ ਵੱਲੋਂ ਦੋ ਮਿੰਟ ਦਾ ਮੌਨ ਧਾਰ ਕੇ ਵੇਦਪ੍ਰਕਾਸ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਜਿਸ ਉਪਰੰਤ ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦਿਆਂ ਪੈਨਸ਼ਨਰਾ ਵਲੋਂ 3-8-24 ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ ਮੰਗਾਂ ਮਨਵਾਉਣ ਲਈ ਲਾਏ ਚਡੀਗੜ੍ਹ ਧਰਨੇ ਉਪਰੰਤ ਮੰਗਾਂ ਮੰਨਣ ਦੀ ਥਾਂ ਸਾਂਝੇ ਫਰੰਟ ਦੇ ਆਗੂਆਂ 'ਤੇ ਨਾਜਾਇਜ਼ ਪਰਚੇ ਦਰਜ ਕਰਨ ਦੀ ਸਖ਼ਤ ਨਿਖੇਧੀ ਕੀਤੀ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਨਾਜਾਇਜ਼ ਪਰਚੇ ਤੁਰੰਤ ਰੱਦ ਕੀਤੇ ਜਾਣ , ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾ ਦਾ ਜਨਵਰੀ 2016 ਤੋਂ ਜੁਲਾਈ 2021 ਤੱਕ ਬਣਦਾ ਬਕਾਇਆ ਤੁਰੰਤ ਜਾਰੀ ਕਰੇ, ਰਹਿੰਦੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ, ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ ਦਿਤਾ ਜਾਵੇ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮਹਿਕਮਿਆਂ ਵਿਚ ਪਈਆ ਲੱਖਾ ਪੋਸਟਾਂ ਤੇ ਪੱਕੀ ਭਰਤੀ ਕਰਕੇ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ, ਪੰਜਾਬ ਦੇ ਸਰਕਾਰੀ ਵਿਭਾਗਾਂ ਵਿੱਚ ਸਿਰਫ ਪੰਜਾਬ ਦੇ ਨੌਜਵਾਨਾਂ ਨੂੰ ਭਰਤੀ ਕੀਤਾ ਜਾਵੇ, ਬੇਰੁਜ਼ਗਾਰ ਨੌਜਵਾਨਾਂ ਨੂੰ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ, ਪੰਜਾਬ ਵਿਚੋਂ ਨਸ਼ਾ ਖਤਮ ਕੀਤਾ ਜਾਵੇ, ਵੱਖ ਵੱਖ ਅਦਾਰਿਆਂ ਵਿੱਚ ਕੰਮ ਕਰਦੀਆਂ ਔਰਤਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਇਸ ਮੌਕੇ ਹੈਡਮਾਸਟਰ ਕਰਮ ਚੰਦ ਗਨਾਰੂ, ਮਾਸਟਰ ਕ੍ਰਿਪਾਲ ਸਿੰਘ ਭੱਟੋ, ਮਾਸਟਰ ਵੀਰ ਸਿੰਘ ਦੜੋਲੀ, ਮਾਸਟਰ ਹੁਸ਼ਿਆਰ ਸਿੰਘ ਥਲੂਹ, ਜੇ ਈ ਸੁੰਦਰ ਸਿੰਘ, ਹੈਡਮਾਸਟਰ ਅਮਰਜੀਤ ਸਿੰਘ, ਹਰਮੀਤ ਸਿੰਘ,ਗੱਜਣ ਸਿੰਘ, ਮਾਸਟਰ ਭੁਪਿੰਦਰ ਸਿੰਘ, ਗੰਗਾ ਸਿੰਘ, ਹਰਚਰਨਜੀਤ ਸਿੰਘ, ਗੁਰਮੁਖ ਸਿੰਘ, ਜਸਵਿਦਰ ਸਿੰਘ ਮਜਾਰਾ, ਗੁਰਬਖਸ਼ ਸਿੰਘ ਢਾਹੇ, ਮਾਸਟਰ ਰਵਿਦਰ ਸਿੰਘ ਅਨੰਦਪੁਰ ਸਾਹਿਬ ਪੈਨਸ਼ਨਰ ਆਗੂਆਂ ਨੇ ਕਿਹਾ ਕਿ ਆਮ ਪਾਰਟੀ ਦੀ ਸਰਕਾਰ ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮੋਹ ਭੰਗ ਹੋ ਚੁੱਕਾ ਹ। ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਪੈਨਸ਼ਨਰਾਂ ਵਿੱਚ ਅਪਣੀ ਸਾਖ ਬਚਾਉਣੀ ਹੈ ਤਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆ ਮੰਗਾਂ ਦਾ ਜਲਦੀ ਹੱਲ ਕੀਤਾ ਜਾਵੇ ।

# ਅੰਤਰਰਾਸ਼ਟਰੀ ਜਮਹੂਰੀਅਤ ਦਿਹਾੜੇ 'ਤੇ ਅੰਮ੍ਰਿਤਸਰ ਵਿਖੇ ਹੋਵੇਗਾ ਵੱਡਾ ਇਕੱਠ : ਜੱਖੂ



**ਆਦਮਪੁਰ (ਪਰਮਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜੋ ਪਿਛਲੀ ਵਾਰ 2011 ਵਿੱਚ ਹੋਈਆਂ ਸਨ ਉਸ ਚੁਣੇ ਹੋਏ ਹਾਊਸ ਦੀ ਮਿਆਦ 2016 ਵਿੱਚ ਖਤਮ ਹੋ ਚੁੱਕੀ ਹੈ। ਉਸ ਦੀਆਂ ਮੁੜ ਚੋਣਾਂ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 15 ਸਤੰਬਰ ਨੂੰ ਅੰਤਰਰਾਸ਼ਟਰੀ ਜਮਹੂਰੀਅਤ ਦਿਹਾੜੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਮੁੜ ਚੋਣਾਂ ਕਰਵਾ ਕੇ ਬਹਾਲ ਕਰਨ ਸਬੰਧੀ ਅੰਮ੍ਰਿਤਸਰ ਵਿਖੇ ਹੋਵੇਗਾ ਵੱਡਾ ਇਕੱਠ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਕੌਮੀ ਜਨਲਲ ਸਕੱਤਰ ਅਤੇ ਦੁਆਬਾ ਇੰਚਾਰਜ ਨੇ ਓਂਕਾਰ ਸਿੰਘ ਜੌਹਲ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਯੂਥ ਵਿੰਗ ਦੀ ਅਗਵਾਈ ਹੇਠ ਆਦਮਪੁਰ ਦੇ ਇਸ ਇਲਾਕੇ ਵਿੱਚ ਪਹਿਲੀ ਵਾਰ ਗੁਰਦੁਆਰਾ ਤੱਪ ਸਰ ਬਕੂਹਾ ਖੁਰਦਪੁਰ ਵਿਖੇ ਹੋਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਇਸ ਸਮੇਂ ਡਾਕਟਰ ਜੱਖੂ ਨੇ ਕਿਹਾ ਕਿ ਪਾਰਟੀ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵਿੱਚ ਹਿੱਸਾ ਲੈਣ ਲਈ ਵੱਡੀ ਪੱਧਰ 'ਤੇ ਲਾਮਬੱਧੀ ਕਰੇਗੀ ਤੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਜਲਦ ਨਵੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ। ਇਸ ਸਮੇਂ ਓਂਕਾਰ ਸਿੰਘ ਜੌਹਲ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਯੂਥ ਵਿੰਗ ਨੇ ਕਿਹਾ ਨੌਜਵਾਨ ਵੱਡੀ ਪੱਧਰ 'ਤੇ 15 ਦਸੰਬਰ ਨੂੰ ਜਮਹੂਰੀਅਤ ਦਿਹਾੜੇ 'ਤੇ ਸ਼ਮੂਲੀਅਤ ਕਰਨਗੇ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਨੇ ਨੌਜਵਾਨਾਂ ਨੂੰ ਵੱਡੀ ਪੱਧਰ 'ਤੇ ਸ਼੍ਰੋਮਣੀ ਅਕਲ (ਅੰਮ੍ਰਿਤਸਰ) ਵਿੱਚ ਸ਼ਮੂਲੀਅਤ ਕਰਨ ਲਈ ਅਪੀਲ ਕੀਤੀ। ਇਸ ਸਮੇਂ ਗੁਰਦੀਪ ਸਿੰਘ ਚੱਕ ਝੰਡੂ ਪ੍ਰਧਾਨ ਨੌਜਵਾਨ ਕਿਸਾਨ ਮਜ਼ਦੂਰ ਕਮੇਟੀ ਸ਼ਹੀਦਾਂ, ਅਮਨਦੀਪ ਸਿੰਘ ਪੰਡੋਰੀ ਨਿੱਜਰਾਂ, ਹਰਵਿੰਦਰ ਸਿੰਘ ਦੀਵਾਨਾ ਕਾਲਾ ਬੱਕਰਾ, ਗੁਰਵਿੰਦਰ ਸਿੰਘ ਢਿੱਲੋਂ ਧੀਰੋਵਾਲ, ਸੁਖਦੀਪ ਸਿੰਘ ਪੰਡੋਰੀ ਨਿੱਜਰਾਂ, ਗੁਰਨਾਮ ਸਿੰਘ ਗੇਲੜਾਂ, ਤਿੰਦਰ ਸਿੰਘ ਕਾਲਾ ਬੱਕਰਾ, ਪੰਮਾ ਢਿੱਲੋਂ, ਹਰਮੀਤ ਸਿੰਘ ਕਾਕਾ ਪੰਡੋਰੀ ਨਿੱਜਰਾਂ, ਕੁਲਵਿੰਦਰ ਸਿੰਘ ਪੰਡੋਰੀ ਨਿਜਰਾ, ਰੁਪਿੰਦਰ ਸਿੰਘ ਜੌਹਲ, ਹਰਜੋਤ ਸਿੰਘ ਨਾਜਕਾ, ਗੁਰਜੀਤ ਸਿੰਘ ਭੇਲਾ, ਸੁਰਜੀਤ ਕੁਮਾਰ ਪੰਡੋਰੀ ਨਿੱਜਰਾਂ, ਮਨਕੀਰਤ ਸਿੰਘ ਜੌਹਲ, ਅਰਸ਼ਦੀਪ ਸਿੰਘ ਚੀਮਾ, ਮਨਜੋਤ ਸਿੰਘ ਨਾਜਕਾ, ਸਤਿੰਦਰ ਸਿੰਘ ਨਿੱਜਰ ਆਦਿ ਹਾਜ਼ਰ ਸਨ।

# ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੀ ਮੀਟਿੰਗ ਹੋਈ



**ਮੋਗਾ, (ਇਕਬਾਲ ਸਿੰਘ ਖਹਿਰਾ)** ਨੇੜਲੇ ਪਿੰਡ ਵਿੱਚ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੀ ਵਿਸ਼ੇਸ਼ ਮੀਟਿੰਗ ਲਖਵੀਰ ਸਿੰਘ ਲੌਂਗੋਵਾਲ ਸੂਬਾ ਕਮੇਟੀ ਮੈਂਬਰ ਦੀ ਪ੍ਰਧਾਨਗੀ ਵਿੱਚ ਕੀਤੀ ਗਈ। ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀ ਜਨਰਲ ਸਕੱਤਰ ਸੁਖਵਿੰਦਰ ਕੌਰ ਦੇ ਘਰੇ ਰਾਮਪੁਰਾ ਵਿਖੇ ਕੌਮੀ ਜਾਂਚ ਏਜੰਸੀ ਵੱਲੋਂ 30 ਅਗਸਤ ਨੂੰ ਛਾਪਾ ਮਾਰ ਕੇ ਘਰ ਦੀ ਤਲਾਸ਼ੀ ਲਈ ਗਈ। 13 ਸਤੰਬਰ ਨੂੰ ਰਾਮਪੁਰੇ ਦੀ ਪੁਰਾਣੀ ਦਾਣਾ ਮੰਡੀ ਵਿੱਚ ਇਸ ਛਾਪੇ ਦੇ ਵਿਰੁੱਧ ਰੈਲੀ ਤੇ ਮੁਜਾਹਰਾ ਕੀਤਾ ਜਾ ਰਿਹਾ ਹੈ। ਇਹ ਛਾਪਾ ਜਥੇਬੰਦੀ ਦੀ ਆਵਾਜ਼ ਬੰਦ ਕਰਾਉਣ ਲਈ ਮਾਰਿਆ ਗਿਆ ਹੈ। ਮੋਦੀ ਸਰਕਾਰ ਨੇ ਸਾਰੇ ਵਿਰੋਧੀ ਵਿਚਾਰ ਵਾਲੀਆਂ ਪਾਰਟੀਆਂ ਅਤੇ ਜਥੇਬੰਦੀਆਂ ਨੂੰ ਬੋਲਣ ਤੋਂ ਰੋਕਣ ਲਈ ਕੌਮੀ ਜਾਂਚ ਏਜੰਸੀ ਦਾ ਗਠਨ ਕੀਤਾ ਹੈ। ਇਹ ਏਜੰਸੀ ਦੂਰ ਦੁਰਾਡੇ ਕੋਈ ਝੂਠੀ ਮੂਠੀ ਐਫ ਆਈ ਆਰ ਕੱਟ ਕੇ ਛਾਪੇ ਮਾਰਦੀ ਹੈ, ਘੁਰੇਪੀਏ ਲਗਾਉਂਦੀ ਹੈ, ਜੇਲਾਂ 'ਚ ਬੰਦ ਕਰਦੀ ਹੈ, ਕੇਸ ਵੀ ਨਹੀਂ ਚਲਾਉਂਦੀ। ਇਸ ਤਰ੍ਹਾਂ ਕਰਕੇ ਮਾਨਸਿਕ ਤਸ਼ੱਦਦ ਕਰਦੀ ਹੈ। ਭੀਮਾ ਕੋਰੇਗਾਉਂ ਕੇਸ ਵਿੱਚ ਵੀ ਆਪਾਂ ਇਹ ਸਭ ਕੁਝ ਦੇਖਿਆ ਹੈ।

ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ 13 ਸਤੰਬਰ ਨੂੰ ਰਾਮਪੁਰੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਵੇਗੀ। 15 ਸਤੰਬਰ ਨੂੰ ਜਨਤਕ ਤੇ ਜਮਹੂਰੀ ਜਥੇਬੰਦੀਆਂ ਵੱਲੋਂ ਮੋਗਾ ਗਣਪਤ ਹਾਲ ਵਿਖੇ ਤਿੰਨ ਅਪਰਾਧਿਕ ਕਾਲੇ ਕਾਨੂੰਨਾਂ ਦੇ ਖਿਲਾਫ ਕਨਵੈਂਸ਼ਨ ਕੀਤੀ ਜਾ ਰਹੀ ਹੈ। ਇਕ ਜੁਲਾਈ ਨੂੰ ਉਹ ਤਿੰਨੇ ਅਪਰਾਧਿਕ ਕਾਨੂੰਨ ਮੋਦੀ ਸਰਕਾਰ ਨੇ ਲਾਗੂ ਕੀਤੇ ਹਨ। ਇਨ੍ਹਾਂ ਕਾਲੇ ਕਾਨੂੰਨਾਂ ਰਾਹੀਂ ਪੁਲਸ ਨੂੰ ਬਹੁਤ ਜ਼ਿਆਦਾ ਅਖ਼ਤਿਆਰ ਦੇ ਦਿੱਤੇ ਹਨ। ਭਾਰਤ ਵਿੱਚ 'ਤੇ ਇਨ੍ਹਾਂ ਕਾਲੇ ਕਾਨੂੰਨਾਂ ਦੇ ਖ਼ਿਲਾਫ਼ ਜਨਤਾ ਰੋਸ ਰੈਲੀਆਂ ਕਰ ਰਹੀ ਹੈ। ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ 15 ਸਤੰਬਰ ਨੂੰ ਇਸ ਰੋਸ ਕਨਵੈਂਸ਼ਨ ਵਿੱਚ ਸ਼ਾਮਲ ਹੋਵੇਗੀ। ਇੱਕ ਅਕਤੂਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਪੰਜਾਬ ਦੀ ਕੋਠੀ ਦਾ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਘਿਰਾਓ ਕਰ ਰਹੀ ਹੈ। ਇਸ ਸਬੰਧੀ ਸ਼ਮੂਲੀਅਤ ਕਰਨ ਅਤੇ ਤਿਆਰੀ ਕਰਨ ਦੇ ਲਈ ਠੋਸ ਵਿਉਂਤਬੰਦੀ ਕੀਤੀ ਗਈ। ਅਖੀਰ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦਾ ਗਠਨ ਕੀਤਾ ਗਿਆ।

# ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਦਾ ਜਨਮ ਦਿਹਾੜੇ ਮੌਕੇ ਸਨਮਾਨ



ਧੂਰੀ (ਸੁਖਦੇਵ ਧੂਰੀ) ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਦੇ ਪ੍ਰਧਾਨ, ਜਰਨਲਿਸਟ ਐਸੋਸੀਏਸ਼ਨ ਦੇ ਸਰਪ੍ਰਸਤ, ਸਾਹਿਤ ਸਭਾ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਸੁਖਦੇਵ ਸ਼ਰਮਾ ਧੂਰੀ ਦਾ ਜਨਮ ਦਿਨ ਬਹੁਤ ਸਾਦਾ ਪਰ ਪ੍ਰਭਾਵਸ਼ਾਲੀ ਢੰਗ ਨਾਲ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫ਼ਤਰ ਵਿਖੇ ਮਨਾਇਆ ਗਿਆ।

ਜ਼ਿਕਰਯੋਗ ਹੈ ਕਿ ਪਿਛਲੇ ਦਿਨਾਂ ਤੋਂ ਉਹ ਕਿਡਨੀ ਰੋਗ ਤੋਂ ਪੀੜਤ ਸਨ ਤੇ ਉਨ੍ਹਾਂ ਦੇ ਭਰਾ ਬਲਦੇਵ ਸ਼ਰਮਾ ਨੇ ਅਪਣਾ ਇੱਕ ਗੁਰਦਾ ਪ੍ਰਦਾਨ ਕੀਤਾ, ਜਿਸ ਕਰਕੇ ਉਹ ਹੁਣ ਰੋਗ ਮੁਕਤ ਹੋਏ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਸੇਵਾਮੁਕਤ ਡੀ ਪੀ ਆਰ ਓ ਮਨਜੀਤ ਸਿੰਘ ਬਖਸ਼ੀ ਨੇ ਸੁਖਦੇਵ ਸ਼ਰਮਾ ਦੇ ਭਰਾ ਬਲਦੇਵ ਸ਼ਰਮਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਬਲਦੇਵ ਸ਼ਰਮਾ ਨੇ ਅਪਣੇ ਭਰਾ ਲਈ ਜੋ ਕੀਤਾ ਹੈ, ਉਸ ਤੋਂ ਇਹ ਸਾਬਤ ਹੋ ਗਿਆ ਹੈ ਕਿ ਅੱਜ-ਕੱਲ੍ਹ ਦੇ ਆਪਾਧਾਪੀ ਦੇ ਇਸ ਦੌਰ ਵਿੱਚ ਵੀ ਕਿਤੇ ਕਿਤੇ ਖ਼ੂਨ ਦਾ ਰੰਗ ਲਾਲ ਹੈ। ਉਨ੍ਹਾਂ ਨੇ ਸੁਖਦੇਵ ਸ਼ਰਮਾ ਨੂੰ ਸਮਾਜ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਲਈ ਨਿਸ਼ਕਾਮ ਸਮਾਜ ਸੇਵੀ ਦੱਸਦੇ ਹਏ। ਉਨ੍ਹਾਂ ਨੂੰ ਵੱਖ-ਵੱਖ ਜਥੇਬੰਦੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਵਾਲੇ ਜਨਤਕ ਲੋਕ ਆਗੂ ਕਰਾਰ ਦਿੱਤਾ।

ਇਸ ਮੌਕੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੀਨੀਅਰ ਆਗੂ ਕੁਲਵੰਤ ਸਿੰਘ, ਸੀਨੀਅਰ ਸਿਟੀਜ਼ਨਜ਼ ਵੈਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਰਾਜੋਮਾਜਰਾ, ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਧਾਂਦਰਾ, ਸੀਨੀਅਰ ਸਿਟੀਜ਼ਨਜ਼ ਵੈਲਫੇਅਰ ਐਸੋਸੀਏਸ਼ਨ ਰਾਮ ਬਾਗ ਦੇ ਪ੍ਰਧਾਨ ਸੁਖਬੀਰ ਸਿੰਘ, ਪ੍ਰੀਤਮ ਸਿੰਘ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜੋਨ ਆਗੂ ਰਾਜਿੰਦਰ ਰਾਜੂ, ਸੀਨੀਅਰ ਆਗੂ ਹੰਸ ਰਾਜ ਗਰਗ, ਚਰਨਜੀਤ ਸਿੰਘ ਕੈਂਥ, ਨੇ ਸੁਖਦੇਵ ਸ਼ਰਮਾ ਨੂੰ ਮੁਬਾਰਕਬਾਦ ਦਿੰਦੇ ਹੋਏ ਉਨ੍ਹਾਂ ਦੇ ਭਰਾ ਬਲਦੇਵ ਸ਼ਰਮਾ ਦਾ ਉਚੇਚਾ ਧੰਨਵਾਦ ਕਰਦੇ ਹੋਏ ਉਨ੍ਹਾਂ ਦੀ ਲੰਮੀ ਤੇ ਤੰਦਰੁਸਤ ਜ਼ਿੰਦਗੀ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

ਸਮਾਗਮ ਦੌਰਾਨ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਵੱਲੋਂ ਸੁਖਦੇਵ ਸ਼ਰਮਾ ਅਤੇ ਬਲਦੇਵ ਸ਼ਰਮਾ ਦਾ ਸਿਰੋਪਾਓ ਭੇਟ ਕਰਕੇ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਦੇ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਸਕੱਤਰ ਡਾ. ਅਮਰਜੀਤ ਸਿੰਘ ਨੇ ਸਮਾਗਮ ਦੀ ਮਹੱਤਤਾ ਦੱਸਦੇ ਹੋਏ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਸਮੇਂ ਸਾਰਿਆਂ ਦਾ ਮੂੰਹ ਮਿੱਠਾ ਕਰਾਇਆ ਗਿਆ ਅਤੇ ਸਭ ਦਾ ਸਨਮਾਨ ਕੀਤਾ ਗਿਆ।

# ਗੁਦਰਾਣਾ ਦੇ ਚੋਣ ਮੈਦਾਨ 'ਚ ਆਉਣ ਨਾਲ ਡੱਬਵਾਲੀ ਬਣੀ ਹੌਟ ਸੀਟ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੰਜਾਬ-ਹਰਿਆਣਾ ਸਰਹੱਦ 'ਤੇ ਸਥਿਤ ਡੱਬਵਾਲੀ ਸੀਟ 'ਤੇ ਸਿੱਖ ਵੋਟਰਾਂ ਦੀ ਚੰਗੀ ਮੌਜੂਦਗੀ ਹੈ, ਪਰ ਦੂਜੇ ਪਾਸੇ ਇਸ ਨੂੰ ਚੌਟਾਲਾ ਪਰਵਾਰ ਦਾ ਗੜ੍ਹ ਮੰਨਿਆ ਜਾਂਦਾ ਹੈ। ਹੁਣ 'ਆਪ' ਪਾਰਟੀ ਵੱਲੋਂ ਡੱਬਵਾਲੀ ਵਿਧਾਨ ਸਭਾ ਸੀਟ 'ਤੇ ਸਿੱਖ ਉਮੀਦਵਾਰ ਕੁਲਦੀਪ ਸਿੰਘ ਗੁਦਰਾਣਾ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ, ਕਿਉਂਕਿ ਗੁਦਰਾਣਾ ਦੀ ਹਲਕੇ ਦੇ ਸਿੱਖ ਵੋਟਰਾਂ ਵਿੱਚ ਚੋਖਾ ਪ੍ਰਭਾਵ ਰੱਖਦੇ ਹਨ। ਕਾਂਗਰਸ ਨੇ ਇੱਥੋਂ ਅਮਿਤ ਸਿਹਾਗ ਨੂੰ ਉਮੀਦਵਾਰ ਬਣਾਇਆ ਹੈ ਤੇ ਇਨੈਲੋ ਨੇ ਡੱਬਵਾਲੀ ਤੋਂ ਜੇਜੇਪੀ ਉਮੀਦਵਾਰ ਦਿਗਵਿਜੇ ਚੌਟਾਲਾ ਖ਼ਿਲਾਫ਼ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਦੇਵੀ ਲਾਲ ਦੇ ਪੋਤੇ ਆਦਿਤਿਆ ਦੇਵੀ ਲਾਲ ਨੂੰ ਖੜਾ ਕੀਤਾ ਹੈ। ਆਦਿਤਿਆ ਦੇਵੀ ਲਾਲ ਸਾਬਕਾ ਉਪ ਪ੍ਰਧਾਨ ਮੰਤਰੀ ਅਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਦੇਵੀ ਲਾਲ ਦਾ ਪੋਤਾ ਹੈ। ਇਸੇ ਤਰ੍ਹਾਂ ਅਮਿਤ ਸਿਹਾਗ ਦੇ ਪਿਤਾ ਅਜੇ ਅਤੇ ਅਭੈ ਚੌਟਾਲਾ ਦੇ ਚਾਚਾ ਹਨ। ਇਸ ਤੋਂ ਇਲਾਵਾ ਦਿਗਵਿਜੇ ਚੌਟਾਲਾ ਵੀ ਦੇਵੀ ਲਾਲ ਦੇ ਪੜਪੋਤੇ ਹਨ। 2019 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੇ ਅਮਿਤ ਸਿਹਾਗ ਨੇ ਆਦਿਤਿਆ ਨੂੰ ਲਗਭਗ 15 ਹਜ਼ਾਰ ਵੋਟਾਂ ਦੇ ਫ਼ਰਕ ਨਾਲ ਹਰਾਇਆ ਸੀ। ਅਗਸਤ 2020 ਵਿੱਚ ਆਦਿਤਿਆ ਨੂੰ ਭਾਜਪਾ ਦੀ ਸਿਰਸਾ ਜ਼ਿਲ੍ਹਾ ਇਕਾਈ ਦਾ ਪ੍ਰਧਾਨ ਬਣਾਇਆ ਗਿਆ ਸੀ, ਪਰ ਹੁਣ ਭਾਜਪਾ ਵਲੋਂ ਜਾਰੀ ਕੀਤੀ 67 ਉਮੀਦਵਾਰਾਂ ਦੀ ਸੂਚੀ ਵਿੱਚ ਆਦਿਤਿਆ ਦਾ ਨਾਂਅ ਨਹੀਂ ਸੀ, ਜਿਸ ਕਾਰਨ ਉਨ੍ਹਾਂ ਇਨੈਲੋ ਦਾ ਪੱਲਾ ਫੜਿਆ ਹੈ।

# 'ਆਪ' ਸਰਕਾਰ ਪੰਜਾਬ ਦੀ ਆਰਥਿਕ ਸਥਿਰਤਾ ਨੂੰ ਅਣਗੌਲਿਆ ਕਰ ਰਹੀ : ਭੀਨਾ ਬਰਾੜ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੁਸ਼ਪ ਤਰਖਾਣਿਆਂ)** ਯੂਥ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰੀਜ਼ਦ ਮੈਂਬਰ ਸਿਮਰਜੀਤ ਸਿੰਘ ਭੀਨਾ ਬਰਾੜ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੇਂਦਰ ਤੋਂ 10,000 ਕਰੋੜ ਰੁਪਏ ਦੀ ਵਾਧੂ ਕਰਜ਼ਾ ਹੱਦ ਵਧਾਉਣ ਦੀ ਕੀਤੀ ਮੰਗ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕਰਜ਼ੇ ਦੇ ਅਜਿਹੇ ਜਾਲ ਵਿੱਚ ਧੱਕਿਆ ਰਿਹਾ ਹੈ, ਜਿਸ ਦੇ ਆਉਣ ਵਾਲੀਆਂ ਪੀੜ੍ਹੀਆਂ ਲਈ ਭਿਆਨਕ ਨਤੀਜੇ ਨਿਕਲਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਦੀ ਆਰਥਿਕ ਸਥਿਰਤਾ ਨੂੰ ਪੂਰੀ ਤਰ੍ਹਾਂ ਅਣਗੌਲਿਆ ਕਰ ਦਿੱਤਾ ਹੈ। 'ਆਪ' ਸਰਕਾਰ ਲਗਾਤਾਰ ਕਰਜ਼ਾ ਲੈ ਰਹੀ ਹੈ, ਪਰ ਸੂਬੇ ਦੇ ਬੁਨਿਆਦੀ ਢਾਂਚੇ ਜਾਂ ਸੇਵਾਵਾਂ 'ਚ ਕੋਈ ਸੁਧਾਰ ਨਜ਼ਰ ਨਹੀਂ ਆ ਰਿਹਾ। ਭੀਨਾ ਬਰਾੜ ਨੇ ਕਿਹਾ ਕਿ ਸੂਬਾ ਸਰਕਾਰ ਨੇ ਘਰੇਲੂ ਖਪਤਕਾਰਾਂ ਲਈ ਸਬਸਿਡੀ ਵਾਲੀ ਬਿਜਲੀ ਵਾਪਸ ਲੈਣ, ਤੇਲ ਦੇ ਵੈਟ ਅਤੇ ਬੱਸ ਕਿਰਾਏ ਵਿੱਚ ਵਾਧਾ ਕਰਕੇ ਮੱਧ ਵਰਗ ਤੇ ਆਮ ਆਦਮੀ ਦੀ ਰੋਜ਼ੀ-ਰੋਟੀ 'ਤੇ ਸਿੱਧਾ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪਿਛਲੇਂ 3 ਸਾਲਾਂ ਤੋਂ ਲੋਕਾਂ ਨੂੰ ਲਾਰਿਆਂ ਤੋਂ ਇਲਾਵਾ ਕੁਝ ਨਹੀਂ ਦੇ ਰਹੀ, ਉਨ੍ਹਾਂ ਨੇ ਔਰਤਾਂ ਨਾਲ ਕੀਤੇ 1000-1000 ਰੁਪਏ ਦਾ ਵਾਅਦਾ ਪੂਰਾ ਨਹੀਂ ਕੀਤਾ ਤੇ ਨਾ ਹੀ ਗਰੀਬ ਲੋਕਾਂ ਨੂੰ ਆਟਾ ਦਾਲ ਸਕੀਮ ਤਹਿਤ 2 ਰੁਪਏ ਕਿਲੋ ਵਾਲੀ ਕਣਕ ਮੁਹੱਈਆ ਕਰਾ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ 'ਚ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਦਰ ਕਿਨਾਰ ਕਰਕੇ ਸੂਬੇ 'ਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ।

# ਸਿਹਤਕਰਮੀਆਂ ਖ਼ਿਲਾਫ਼ ਹਿੰਸਾ ਰੋਕਣ ਲਈ ਜ਼ਿਲ੍ਹਾ ਸਿਹਤ ਬੋਰਡ ਦੀ ਸਥਾਪਨਾ ਤੇ ਸੁਰੱਖਿਆ ਪ੍ਰਬੰਧਾਂ ਦੇ ਨਿਰਦੇਸ਼ ਜਾਰੀ

**ਜਗਰਾਉਂ (ਨਛੱਤਰ ਸੰਧੂ)** ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਰਿਸਰਚ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ 10 ਸਤੰਬਰ ਨੂੰ ਇੱਕ ਵੀਡੀਓ ਕਾਨਫਰੰਸ ਹੋਈ, ਜਿਸ ਵਿੱਚ ਸਿਹਤਕਰਮੀਆਂ ਵਿਰੁੱਧ ਵਧ ਰਹੀ ਹਿੰਸਾ ਨੂੰ ਰੋਕਣ ਸਬੰਧੀ ਮਹੱਤਵਪੂਰਨ ਸਿਫ਼ਾਰਸ਼ਾਂ ਤੇ ਫ਼ੈਸਲੇ ਕੀਤੇ ਗਏ। ਮੀਟਿੰਗ ਵਿੱਚ ਡਾਇਰੈਕਟਰ ਸਿਹਤ ਸੇਵਾਵਾਂ ਪੰਜਾਬ ਡਾ. ਹਿਤਿੰਦਰ ਕੌਰ, ਡਿਪਟੀ ਕਮਿਸ਼ਨਰ ਲੁਧਿਆਣਾ ਸਾਕਸ਼ੀ ਸਾਹਨੀ, ਸਿਵਲ ਸਰਜਨ ਲੁਧਿਆਣਾ ਡਾ. ਪਰਦੀਪ ਕੁਮਾਰ, ਪੁਲਿਸ ਕਮਿਸ਼ਨਰ, ਆਈ ਐਮ ਏ ਦੇ ਨੁਮਾਇੰਦਿਆਂ ਤੇ ਐਨ ਜੀ ਓ ਸੰਗਠਨਾਂ ਦੇ ਪ੍ਰਤਿਨਿਧੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਫ਼ੈਸਲੇ ਕੀਤੇ ਗਏ ਕਿ ਸਿਹਤਕਰਮੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਸਿਹਤ ਬੋਰਡ ਬਣਾਇਆ ਜਾਵੇਗਾ। ਇਸ ਵਿੱਚ ਸਿਵਲ ਸਰਜਨ, ਮੈਡੀਕਲ ਕਾਲਜ ਦੇ ਪ੍ਰਿੰਸੀਪਲ ਜਾਂ ਮੈਡੀਕਲ ਸੁਪਰਿਟੈਂਡੈਂਟ, ਪੈਰਾਮੈਡੀਕਲ ਸਟਾਫ ਦੇ ਨੁਮਾਇੰਦਿਆਂ, ਆਈ.ਐਮ.ਏ. ਦੇ ਪ੍ਰਧਾਨ, ਗੈਰ-ਸਰਕਾਰੀ ਸੰਗਠਨਾਂ ਦੇ ਮੈਂਬਰ ਤੇ ਕਾਨੂੰਨੀ ਮਾਹਿਰ ਸ਼ਾਮਲ ਹੋਣਗੇ। ਬੋਰਡ ਹਰੇਕ ਮਹੀਨੇ ਇੱਕ ਮੀਟਿੰਗ ਕਰੇਗਾ। ਜਿਹੜੀਆਂ ਸਿਹਤ ਸੰਸਥਾਵਾਂ ਵਿੱਚ ਭਾਰੀ ਭੀੜ ਹੁੰਦੀ ਹੈ, ਉਨ੍ਹਾਂ ਨੂੰ ਨਜ਼ਦੀਕੀ ਪੁਲਿਸ ਸਟੇਸ਼ਨ ਨਾਲ ਚੌਕੀ ਨਾਲ ਜੋੜਿਆ ਜਾਵੇਗਾ। ਜ਼ਰੂਰਤ ਪੈਣ 'ਤੇ ਮੌਕੇ 'ਤੇ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ। ਸਿਹਤ ਸੰਸਥਾਵਾਂ ਵਿੱਚ ਅਨੁਮਾਨਿਤ ਕਾਲੀਆਂ ਜਗ੍ਹਾ 'ਤੇ ਸੀਸੀਟੀਵੀ ਕੈਮਰੇ ਅਤੇ ਲਾਈਟਿੰਗ ਸਿਸਟਮ ਦਾ ਪ੍ਰਬੰਧ ਕੀਤਾ ਜਾਵੇਗਾ। ਜਗ੍ਹਾ ਹਸਪਤਾਲ ਵਿੱਚ ਸੁਰੱਖਿਆ ਸਬੰਧੀ ਗੈਪਸ ਦੇ ਆਡੀਟ ਅਤੇ ਮੌਜੂਦ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਸੁਰੱਖਿਆ ਕਮੇਟੀ ਬਣਾਈ ਜਾਵੇਗੀ। ਸਿਹਤਕਰਮੀਆਂ ਵਿਰੁੱਧ ਹਿੰਸਾ ਰੋਕਣ ਲਈ ਬਣੇ 2008 ਦੇ ਕਾਨੂੰਨ ਦੀ ਕੜੀ ਪਾਲਣਾ ਕੀਤੀ ਜਾਵੇਗੀ। ਇਸਦੇ ਸੂਚਨਾ ਬੋਰਡ ਹਰ ਸਿਹਤ ਸੰਸਥਾ ਵਿੱਚ ਪੰਜਾਬੀ ਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਲਾਏ ਜਾਣਗੇ।

# ਹੋਲੀ ਹਾਰਟ ਸਕੂਲ 'ਚ ਅਧਿਆਪਕ ਦਿਵਸ 'ਤੇ ਅਹਿਮ ਉਪਰਾਲਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)** ਗੁਰਪ੍ਰੀਤ ਹੋਲੀ ਹਾਰਟ ਪਬਲਿਕ ਸਕੂਲ ਵਿੱਚ ਅਧਿਆਪਕ ਦਿਵਸ ਮਨਾਇਆ ਗਿਆ। ਇਹ ਦਿਵਸ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਾਨ ਸੁਸ਼ੀਲ ਗੋਇਲ ਦੇ ਦਿਸ਼ਾ-ਨਿਰਦੇਸ਼ਾਂ ਤੇ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਸ਼ਰਮਾ ਦੀ ਅਗਵਾਈ ਵਿੱਚ ਮਨਾਇਆ ਗਿਆ। ਇਸ ਦਾ ਮੁੱਖ ਵਿਸ਼ਾ ਅਧਿਆਪਕਾਂ ਦੀ ਉਨ੍ਹਾਂ ਦੇ ਕੰਮ ਪ੍ਰਤੀ ਮਿਹਨਤ ਨੂੰ ਦੇਖ ਕੇ ਉਨ੍ਹਾਂ ਦੀ ਪ੍ਰਸੰਸਾ ਕਰਨਾ ਸੀ। ਪ੍ਰੋਗਰਾਮ ਦੌਰਾਨ ਅਧਿਆਪਕਾਂ ਨੇ ਗੀਤ, ਕਵਿਤਾਵਾਂ, ਨਾਟਕ ਆਦਿ ਦੇ ਜ਼ਰੀਏ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।

ਅਧਿਆਪਕਾਂ ਦੀ ਕੰਮ ਦੇ ਪ੍ਰਤੀ ਲਗਨ, ਉਹਨਾਂ ਦੀ ਮਿਹਨਤ ਤੇ ਬੋਰਡ ਦੇ ਚੰਗੇ ਰਿਜਲਟ ਨੂੰ ਦੇਖਦੇ ਹੋਏ ਪ੍ਰਬੰਧਕੀ ਕਮੇਟੀ ਵੱਲੋਂ ਸਕੂਲ ਦੇ ਅਧਿਆਪਕਾਂ ਨੂੰ ਤੋਹਫ਼ੇ ਭੇਟ ਕੀਤੇ ਗਏ। ਇਹ ਤੋਹਫ਼ੇ ਅਧਿਆਪਕਾਂ ਦੀਆਂ ਵਿਅਕਤੀਗਤ ਕੁਸ਼ਲਤਾਵਾਂ ਨੂੰ ਦੇਖਦੇ ਹੋਏ ਦਿੱਤੇ ਗਏ ਤੇ ਇਨ੍ਹਾਂ ਤੋਹਫਿਆਂ ਨੇ ਅਧਿਆਪਕਾਂ ਦੇ ਸਿਰ 'ਤੇ ਤਾਜ ਵਾਲਾ ਕੰਮ ਕੀਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਾਨ ਸੁਸ਼ੀਲ ਗੋਇਲ ਨੇ ਕਿਹਾ ਕਿ ਅਧਿਆਪਕ ਸਕੂਲ ਦਾ ਸ਼ੀਸ਼ਾ ਹੁੰਦੇ ਹਨ, ਜਿਨ੍ਹਾਂ ਨੂੰ ਦੇਖ ਕੇ ਵਿਦਿਆਰਥੀਆਂ ਨੇ ਆਪਣੀ ਕਲਾ ਨੂੰ ਨਿਖਾਰਨਾ ਹੁੰਦਾ ਹੈ ਤੇ ਸਕੂਲ ਦੇ ਐਗਜ਼ੀਕਿਊਟਿਵ ਡਾਇਰੈਕਟਰ ਰਾਕੇਸ਼ ਬਾਂਸਲ ਨੇ ਕਿਹਾ ਕਿ ਸਾਡੇ ਅਧਿਆਪਕ ਹੀ ਸਾਡੀ ਇਸ ਸੰਸਥਾ ਦਾ ਸਰਮਾਇਆ ਹਨ। ਇਸ ਮੌਕੇ ਜਲੰਧਰ ਤੋਂ ਸਪੈਸ਼ਲ ਤੌਰ 'ਤੇ ਪਹੁੰਚੀ ਭਾਰਤੀ ਵਰਮਾ ਨੇ ਆਪਣੀ ਐਂਕਰਿੰਗ ਰਾਹੀਂ ਪ੍ਰੋਗਰਾਮ ਵਿੱਚ ਰੌਣਕਾਂ ਲਾਈਆਂ। ਵਾਇਸ ਪ੍ਰਿੰਸੀਪਲ ਪੂਜਾ ਸ਼ਰਮਾ ਨੇ ਅਧਿਆਪਕਾਂ ਨਾਲ ਗੇਮ ਖੇਡ ਕੇ ਤੇ ਗਾਣਾ ਗਾ ਕੇ ਸਾਰਿਆਂ ਦਾ ਮਨ ਮੋਹ ਲਿਆ।

# ਸਿਆਸੀ ਪਾਰਟੀਆਂ ਆਦਰਸ਼ ਚੋਣ ਜ਼ਾਬਤੇ ਦੀ ਸਖਤੀ ਨਾਲ ਪਾਲਣਾ ਕਰਨ : ਵਿਜੈ ਸਿੰਘ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਖਰਚਾ ਨਿਗਰਾਨ ਵਿਜੈ ਸਿੰਘ ਨੇ ਕਿਹਾ ਕਿ ਹਰਿਆਣਾ ਵਿਧਾਨ ਸਭਾ ਦੀਆਂ ਆਮ ਚੋਣਾਂ 2024 ਦੇ ਮੱਦੇਨਜ਼ਰ ਸਾਰੀਆਂ ਸਿਆਸੀ ਪਾਰਟੀਆਂ ਨੂੰ ਆਦਰਸ਼ ਚੋਣ ਜ਼ਾਬਤੇ ਤੇ ਜਾਇਦਾਦ ਉਲੰਘਣਾ ਕਾਨੂੰਨ ਦੀ ਪਾਲਣਾ ਕਰਨੀ ਯਕੀਨੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਨਤਕ ਜਾਂ ਨਿੱਜੀ ਜਾਇਦਾਦ ਤੇ ਕਿਸੇ ਵੀ ਤਰ੍ਹਾਂ ਦੀ ਪ੍ਰਚਾਰ ਸਮੱਗਰੀ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜਨਤਕ ਜਾਂ ਨਿੱਜੀ ਜਾਇਦਾਦ ਤੇ ਕਿਸੇ ਵੀ ਪ੍ਰਚਾਰ ਸਮੱਗਰੀ ਦੀ ਵਰਤੋਂ ਨਹੀਂ ਕਰ ਸਕਦਾ। ਅਜਿਹਾ ਨਾ ਕਰਨ 'ਤੇ ਸਬੰਧਤ ਵਿਰੁੱਧ ਹਰਿਆਣਾ ਪ੍ਰਾਪਰਟੀ ਨਿਰੋਧਕ ਕਾਨੂੰਨ ਤੇ ਮਿਊਂਸਪਲ ਕਾਨੂੰਨਾਂ ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਮੂਹ ਰਿਟਰਨਿੰਗ ਅਫ਼ਸਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚ ਇਨ੍ਹਾਂ ਹੁਕਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਸਬੰਧਤ ਥਾਣਾ ਇੰਚਾਰਜਾਂ, ਡੀ.ਡੀ.ਪੀ.ਓਜ਼ ਤੇ ਸ਼ਹਿਰੀ ਲੋਕਲ ਬਾਡੀਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਅਤੇ ਨਿਗਰਾਨੀ ਲਈ ਟੀਮ ਬਣਾਉਣ ਦੇ ਵੀ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਸ ਦੀ ਰਿਪੋਰਟ ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਤੇ ਖਰਚਾ ਨਿਗਰਾਨ ਦਫ਼ਤਰ ਨੂੰ ਵੀ ਰੋਜ਼ਾਨਾ ਭੇਜੀ ਜਾਵੇ। ਚੋਣ ਖਰਚਾ ਨਿਗਰਾਨ ਵਿਜੇ ਸਿੰਘ ਨੇ ਕਿਹਾ ਕਿ ਜੇਕਰ ਤੁਹਾਨੂੰ ਕੁਝ ਵੀ ਸ਼ੱਕੀ ਜਾਂ ਗੁੰਮਰਾਹਕੁੰਨ ਲੱਗਦਾ ਹੈ ਤਾਂ ਤੁਰੰਤ ਸਬੰਧਤ ਰਿਟਰਨਿੰਗ ਅਫ਼ਸਰ ਨੂੰ ਸੂਚਿਤ ਕੀਤਾ ਜਾਵੇ।

# ਪੇਡਾ ਨੇ ਖੇਤੀ ਸੋਲਰ ਪੰਪਾਂ ਲਈ ਅਰਜ਼ੀਆਂ ਮੰਗੀਆਂ

**ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)** ਪੰਜਾਬ ਵਿੱਚ ਖੇਤੀਬਾੜੀ ਵਾਸਤੇ ਸੂਰਜੀ ਊਰਜਾ ਦੀ ਵਰਤੋਂ ਲਈ ਪਹਿਲਕਦਮੀ ਕਰਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ 20,000 ਸੋਲਰ ਪੰਪਾਂ (ਸਰਫੇਸ ਤੇ ਸਬਮਰਸੀਬਲ) ਲਈ ਅਰਜ਼ੀਆਂ ਮੰਗੀਆਂ ਹਨ। ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਜਾਣਕਾਰੀ ਦਿੱਤੀ। ਵਿਧਾਇਕ ਨੇ ਦੱਸਿਆ ਕਿ ਸੋਲਰ ਪੰਪ ਲਾਉਣ ਦੇ ਇੱਛੁਕ ਕਿਸਾਨ 30 ਸਤੰਬਰ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨ 3, 5, 7.5 ਤੇ 10 ਐਚ.ਪੀ. ਦੀ ਸਮਰੱਥਾ ਵਾਲੇ ਸੋਲਰ ਪੰਪਾਂ ਵਾਸਤੇ ਅਪਲਾਈ ਕਰ ਸਕਦੇ ਹਨ। ਸੋਲਰ ਪੰਪ ਲਾਉਣ ਲਈ ਜਨਰਲ ਸ਼੍ਰੇਣੀ ਦੇ ਕਿਸਾਨਾਂ ਲਈ 60% ਤੇ ਅਨੁਸੂਚਿਤ ਜਾਤੀ (ਐਸ.ਸੀ.) ਦੇ ਕਿਸਾਨਾਂ ਲਈ 80% ਸਬਸਿਡੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਸੂਬਾ ਸਰਕਾਰ ਨੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ 2000 ਤੇ ਗ੍ਰਾਮ ਪੰਚਾਇਤਾਂ ਲਈ 3000 ਸੋਲਰ ਪੰਪ ਰਾਖਵੇਂ ਰੱਖੇ ਹਨ। ਉਨ੍ਹਾਂ ਦੱਸਿਆ ਕਿ ਡਾਰਕ ਜ਼ੋਨ (ਧਰਤੀ ਹੇਠਲੇ ਪਾਣੀ ਦੀ ਜ਼ਿਆਦਾ ਵਰਤੋਂ ਵਾਲੇ ਬਲਾਕ) ਵਜੋਂ ਸ਼੍ਰੇਣੀਬੱਧ ਕੀਤੇ ਗਏ ਖੇਤਰਾਂ ਵਿੱਚ ਇਹ ਪੰਪ ਉਨ੍ਹਾਂ ਕਿਸਾਨਾਂ ਨੂੰ ਅਲਾਟ ਕੀਤੇ ਜਾਣਗੇ, ਜਿਨ੍ਹਾਂ ਦੀਆਂ ਮੋਟਰਾਂ 'ਤੇ ਪਹਿਲਾਂ ਤੋਂ ਹੀ ਮਾਈਕਰੋ (ਤੁਪਕਾ/ਫੁਹਾਰਾ) ਸਿੰਜਾਈ ਸਿਸਟਮ ਲੱਗਾ ਹੋਇਆ ਹੈ। ਇਸ ਤੋਂ ਇਲਾਵਾ ਪਿੰਡਾਂ ਦੇ ਛੱਪੜਾਂ, ਖੇਤਾਂ ਦੇ ਤਲਾਬਾਂ ਜਾਂ ਨਹਿਰੀ ਪਾਣੀ ਵਾਲੀਆਂ ਡਿੱਗੀਆਂ 'ਚੋਂ ਪਾਣੀ ਕੱਢਣ ਲਈ ਡੀਜ਼ਲ ਪੰਪਾਂ ਦੀ ਵਰਤੋਂ ਕਰਨ ਵਾਲੇ ਕਿਸਾਨ ਤੇ ਪੰਚਾਇਤਾਂ ਵੀ ਇਸ ਸਕੀਮ ਅਧੀਨ ਅਪਲਾਈ ਕਰਨ ਦੇ ਯੋਗ ਹਨ।

# ਮਹਿਲ ਕਲਾਂ ਵਿਖੇ ਮਨਾਇਆ ਕੌਮੀ ਖ਼ੁਰਾਕ ਹਫਤਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਸਿਵਲ ਸਰਜਨ ਬਰਨਾਲਾ ਡਾ. ਹਰਿੰਦਰ ਸ਼ਰਮਾ ਦੇ ਨਿਰਦੇਸ਼ਾਂ ਅਤੇ ਸੀ ਐਚ ਸੀ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਕੌਮੀ ਖ਼ੁਰਾਕ ਹਫਤਾ ਮਨਾਇਆ ਗਿਆ। ਇਸ ਸਬੰਧੀ ਬੀ.ਈ.ਈ ਸ਼ਿਵਾਨੀ ਨੇ ਦੱਸਿਆ ਲੋਕਾਂ ਨੂੰ ਚੰਗੀ ਅਤੇ ਨਰੋਈ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਸਿਹਤ ਵਿਭਾਗ ਕੌਮੀ ਖ਼ੁਰਾਕ ਹਫਤਾ ਮਨਾਇਆ ਗਿਆ ਹੈ, ਜਿਸ ਦੀ ਥੀਮ ਹੈ ਸ਼ੁਰੂਆਤ ਤੋਂ ਹੀ ਸੰਤੁਲਿਤ ਖ਼ੁਰਾਕ ਦੀ ਸ਼ੁਰੂਆਤ। ਡਾ. ਲਵਦੀਪ, ਐਲ ਐਚ ਵੀ ਬਲਵਿੰਦਰ ਕੌਰ ਨੇ ਦੱਸਿਆ ਕਿ ਸਿਹਤਮੰਦ ਖ਼ੁਰਾਕ ਹੀ ਸਿਹਤਮੰਦ ਜੀਵਨ ਦਾ ਆਧਾਰ ਹੈ। ਉਨਾਂ ਦੱਸਿਆ ਕਿ ਗਰਭਵਤੀ ਔਰਤਾਂ, ਦੁੱਧ ਚੁੰਘਾਉਣ ਵਾਲੀਆਂ ਮਾਵਾਂ ਅਤੇ ਕਿਸ਼ੋਰਾਂ ਵਿੱਚ ਖਾਸ ਤੌਰ 'ਤੇ ਖ਼ੂਨ ਦੀ ਕਮੀ ਅਤੇ ਪੌਸ਼ਕ ਤੱਤਾਂ ਨੂੰ ਪੂਰਾ ਕਰਨ ਲਈ ਹਰੀਆਂ ਪੱਤੇਦਾਰ ਸਬਜ਼ੀਆਂ, ਮੌਸਮੀ ਫਲ, ਦਾਲਾਂ, ਦੁੱਧ, ਦਹੀਂ ਆਦਿ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ। ਉਨਾਂ ਦੱਸਿਆ ਕਿ ਸੰਤੁਲਿਤ ਖ਼ੁਰਾਕ ਦੀ ਘਾਟ ਕਾਰਨ ਕਈ ਬੱਚੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੇ ਹਨ। ਇਨਾਂ ਬੱਚਿਆਂ ਨੂੰ ਸਭ ਤਰਾਂ ਦੇ ਪੌਸ਼ਕ ਤੱਤਾਂ ਭਰਪੂਰ ਖ਼ੁਰਾਕ ਦੀ ਬਹੁਤ ਲੋੜ ਹੁੰਦੀ ਹੈ ਜਿਸ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਣ ਦੀ ਤਾਕਤ ਮਿਲਦੀ ਹੈ। ਇਸ ਮੌਕੇ ਡਾ: ਅਮ੍ਰਿਤਪਾਲ ਕੌਰ, ਸੀ ਐਚ ਓ ਸੁਖਦੀਪ ਕੌਰ, ਏ.ਐਨ.ਐਮ ਹਰਮਨ, ਹੈਲਥ ਵਰਕਰ ਬੂਟਾ ਸਿੰਘ, ਸਟਾਫ ਨਰਸ ਜਸਵਿੰਦਰ ਕੌਰ, ਰੇਡੀਓਗ੍ਰਾਫਰ ਸਿੰਪਲ, ਸਟਾਫ ਨਰਸ ਆਲਮਜੋਤ, ਆਸ਼ਾ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।

# ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਬੇਕਰੀ ਦੀ ਵਰਕਸ਼ਾਪ 'ਚ ਸ਼ਮੂਲੀਅਤ





**ਸਮਰਾਲਾ, (ਸੁਰਜੀਤ ਸਿੰਘ)** ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਰਜਿੰਦਰ ਕੌਰ ਦੀ ਰਹਿਨੁਮਾਈ ਤੇ ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ ਹੇਠ ਕਾਲਜ ਦੇ ਹੋਮ ਸਾਇੰਸ ਵਿਭਾਗ ਦੇ ਮੁਖੀ ਡਾਕਟਰ ਰਣਜੀਤ ਕੌਰ ਦੀ ਅਗਵਾਈ ਵਿੱਚ ਹੋਮ ਸਾਇੰਸ ਵਿਭਾਗ ਦੀਆਂ ਵਿਦਿਆਰਥਣਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਪੀਏਯੂ ਸਮਰਾਲਾ ਵਿਖੇ ਕਿੱਤਾ ਮੁਖੀ ਕੋਰਸ ਬੇਕਰੀ ਦੇ ਸਬੰਧ ਵਿੱਚ ਵਰਕਸ਼ਾਪ ਵਿੱਚ ਲਿਜਾਇਆ ਗਿਆ, ਜਿੱਥੇ ਡਾਕਟਰ ਪਰਵਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਕੇਕ ਬਣਾਉਣ, ਕੱਪ ਕੇਕ ਬਿਸਕੁਟ ਤੇ ਚਾਕਲੇਟ ਬਣਾਉਣ ਦੀ ਟ੍ਰੇਨਿੰਗ ਦਿੱਤੀ ਗਈ। ਡਾਕਟਰ ਪਰਮਿੰਦਰ ਨੇ ਵਿਦਿਆਰਥਣਾਂ ਨੂੰ ਕੇਕ ਬਣਾਉਣ ਲਈ ਕਈ ਤਰ੍ਹਾਂ ਦੇ ਨੁਕਤੇ ਦੱਸੇ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਨਿਊ ਐਜੂਕੇਸ਼ਨ ਪਾਲਸੀ ਦੇ ਤਹਿਤ ਸਕਿਲ ਡਿਵੈਲਪਮੈਂਟ ਦੇ ਕੋਰਸਾਂ ਦੇ ਅਤੰਰਗਤ ਕਿੱਤਾਮੁਖੀ ਕੋਰਸਾਂ ਦੀ ਬਹੁਤ ਮਹੱਤਤਾ ਹੈ। ਇਸੇ ਹੀ ਮਕਸਦ ਨਾਲ ਕਿੱਤਾ ਵਿਦਿਆਰਥਣਾਂ ਨੂੰ ਮੁਖੀ ਕੋਰਸਾਂ ਨਾਲ ਜੋੜਨ ਲਈ ਕਾਲਜ ਵੱਲੋਂ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਂਦੇ ਹਨ। ਹੋਮ ਸਾਇੰਸ ਵਿਭਾਗ ਦੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਡਾਈਟ ਪਲੇਨ, ਫੁੱਲ ਵਿਵਸਥਾ, ਬੁੱਕੇ ਬਣਾਉਣੇ, ਮਿਠਾਈਆਂ, ਟਾਈ ਐਂਡ ਡਾਈ, ਰੰਗੋਲੀ, ਦੀਵੇ ਸਜਾਉਣੇ, ਨੈਪਕਿਨ ਫੋਲਡਿੰਗ, ਫਾਸਟ ਫੂਡ ਜਿਵੇਂ ਪਾਸਤਾ, ਪੀਜ਼ਾ, ਬਰਗਰ, ਸ਼ੇਕ ਆਦਿ ਸਿਖਾਏ ਜਾਂਦੇ ਹਨ। ਵੱਖ-ਵੱਖ ਮੌਕਿਆਂ 'ਤੇ ਵਿਦਿਆਰਥਣਾਂ ਵੱਲੋਂ ਸਟਾਲ ਵੀ ਲਾਏ ਜਾਂਦੇ ਹਨ।

# ਹੱਲੋਤਾਲੀ 'ਚ ਜਨ ਸੁਵਿਧਾ ਕੈਂਪ 'ਚ ਲੋਕਾਂ ਦੀਆਂ ਸੁਣੀਆਂ ਮੁਸ਼ਕਲਾਂ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਜਦੋਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਫੌਰੀ ਹੱਲ ਕਰਨ ਲਈ ਪੂਰੀ ਸੰਜੀਦਗੀ ਨਾਲ ਕੰਮ ਕੀਤਾ ਜਾ ਰਿਹਾ ਹੈ ਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਲਾਏ ਜਾ ਰਹੇ ਜਨ ਸੁਵਿਧਾ ਕੈਂਪਾਂ ਸਦਕਾ ਹੁਣ ਆਮ ਲੋਕਾਂ ਨੂੰ ਆਪਣੀਆਂ ਮੁਸ਼ਕਲਾਂ ਦੇ ਹੱਲ ਲਈ ਖੱਜਲ ਖੁਆਰ ਨਹੀਂ ਹੋਣਾ ਪੈ ਰਿਹਾ, ਸਗੋਂ ਲੋਕਾਂ ਦੀਆਂ ਸਮੱਸਿਆਵਾਂ ਉਨ੍ਹਾਂ ਦੇ ਘਰਾਂ ਨੇੜੇ ਜਾ ਕੇ ਹੱਲ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਹੱਲੋਤਾਲੀ ਵਿਖੇ 'ਸਰਕਾਰ ਆਪ ਦੇ ਦੁਆਰ' ਪ੍ਰੋਗਰਾਮ ਤਹਿਤ ਲਾਏ ਗਏ ਜਨ ਸੁਵਿਧਾ ਕੈਂਪ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਸਮੇਂ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਹਿਲਾਂ ਲੋਕ ਆਪਣੀਆਂ ਮੁਸ਼ਕਲਾਂ ਦੇ ਹੱਲ ਵਾਸਤੇ ਵੱਖ-ਵੱਖ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਦੇ ਰਹਿੰਦੇ ਸਨ, ਪ੍ਰੰਤੂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਸੀ ਹੁੰਦਾ, ਪ੍ਰੰਤੂ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦੇਵੇਗੀ। ਹਲਕਾ ਵਿਧਾਇਕ ਨੇ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਰਿਸ਼ਵਤਖੋਰੀ ਨੂੰ ਖ਼ਤਮ ਕਰਨ ਵਾਸਤੇ ਸਖਤ ਕਦਮ ਉਠਾਏ ਜਾ ਰਹੇ ਹਨ ਤੇ ਸਰਕਾਰ ਵੱਲੋਂ 47 ਹਜ਼ਾਰ ਤੋਂ ਵੱਧ ਨੌਜਵਾਨ ਲੜਕੇ ਤੇ ਲੜਕੀਆਂ ਨੂੰ ਬਿਨਾਂ ਕਿਸੇ ਰਿਸ਼ਵਤ ਤੇ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਦੇ ਕੇ ਇੱਕ ਰਿਕਾਰਡ ਸਥਾਪਤ ਕੀਤਾ ਹੈ।

# ਵਾਟਰ ਵਰਕਸ ਦੀ ਟੈਂਕੀ 'ਚ ਡਿੱਗਣ ਨਾਲ ਭੈਣ-ਭਰਾ ਦੀ ਮੌਤ



**ਫ਼ਰੀਦਕੋਟ (ਗੁਰਪ੍ਰੀਤ ਪੱਕਾ)** ਪਿੰਡ ਰਾਜੋਵਾਲ ਤੋਂ ਦਰਦਨਾਕ ਘਟਨਾ ਸਾਹਮਣੇ ਆਈ, ਜਦੋਂ ਦੋ ਮਾਸੂਮ ਬੱਚੇ ਜੋ ਆਪਸ 'ਚ ਸਕੇ ਭੈਣ ਭਰਾ ਸਨ, ਖੇਡਦੇ ਸਮੇ ਪਿੰਡ ਦੇ ਵਾਟਰ ਵਰਕਸ ਦੇ ਤਲਾਬ ਵਿੱਚ ਜਾ ਡਿੱਗੇ। ਜਦੋਂ ਤੱਕ ਇਸ ਘਟਨਾ ਦਾ ਪਤਾ ਚੱਲਿਆ ਤੇ ਉਨ੍ਹਾਂ ਨੂੰ ਬਾਹਰ ਕੱਢਿਆ ਗਿਆ ਤੇ ਹਸਪਤਾਲ ਲਿਆਂਦਾ ਗਿਆ ਤਾਂ ਤੱਦ ਤੱਕ ਉਨ੍ਹਾਂ ਦੀ ਮੌਤ ਹੋ ਚੁਕੀ ਸੀ। ਜਾਣਕਾਰੀ ਮੁਤਾਬਕ ਸੁਖਮਨ ਸਿੰਘ ਉਮਰ 9 ਸਾਲ ਤੇ ਲਕਸ਼ਮੀ ਉਮਰ 6 ਸਾਲ ਦੋਨੋਂ ਸਕੇ ਭੈਣ-ਭਰਾ ਸਨ, ਜੋ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਝੋਕ ਹਰੀਹਰ ਦੇ ਰਹਿਣ ਵਾਲੇ ਸਨ ਤੇ ਆਪਣੇ ਨਾਨਕੇ ਪਿੰਡ ਰਾਜੋਵਾਲ ਆਏ ਹੋਏ ਸਨ, ਜੋ ਸ਼ਾਮ ਵੇਲੇ ਘਰੋਂ ਖੇਡਣ ਲਈ ਬਾਹਰ ਗਏ, ਪਰ ਅਚਾਨਕ ਉਹ ਖੇਡਦੇ-ਖੇਡਦੇ ਪਿੰਡ ਦੇ ਵਾਟਰ ਵਰਕਸ ਦੇ ਟੈਂਕ 'ਚ ਜਾ ਡਿੱਗੇ। ਕੁੱਝ ਦੇਰ ਬਾਅਦ ਦੂਜੇ ਬੱਚਿਆਂ ਨੇ ਉਨ੍ਹਾਂ ਦੇ ਟੈਂਕ 'ਚ ਡਿੱਗਣ ਸਬੰਧੀ ਦੱਸਿਆ ਤਾਂ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਬਾਹਰ ਕੱਢ ਕੇ ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

# 'ਮੈਂ ਤੇ ਮੇਰਾ ਰੁੱਖ' ਮੁਹਿੰਮ ਤਹਿਤ ਸੰਧਵਾਂ ਨੇ ਲਾਏ ਬੂਟੇ

**ਫ਼ਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)** ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਵਿਖੇ 'ਮੈਂ ਤੇ ਮੇਰਾ ਰੁੱਖ' ਮੁਹਿੰਮ ਤਹਿਤ ਪੌਦੇ ਲਾ ਕੇ ਵਾਤਾਵਰਣ ਨੂੰ ਬਚਾਉਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਇਹ ਪੌਦੇ ਵੱਡੇ ਹੋ ਕੇ ਰੁੱਖ ਦਾ ਰੂਪ ਧਾਰ ਕੇ ਜਿੱਥੇ ਸਾਰਿਆਂ ਨੂੰ ਸੰਘਣੀ ਛਾਂ ਦੇਣਗੇ, ਉੱਥੇ ਆਕਸੀਜਨ ਦੀ ਘਾਟ ਨੂੰ ਵੀ ਪੂਰਾ ਕਰਨਗੇ। ਉਨ੍ਹਾਂ ਵਾਤਾਵਰਣ ਦੀ ਸੰਭਾਲ ਲਈ ਸਾਰੇ ਵਰਗਾਂ ਨੂੰ ਇਕਜੁਟ ਹੋ ਕੇ ਹੰਭਲਾ ਮਾਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ 'ਮੈਂ ਤੇ ਮੇਰਾ ਰੁੱਖ' ਮੁਹਿੰਮ ਤਹਿਤ ਢਿੱਲੋਂ ਕੰਪਲੈਕਸ ਦੇ ਵਿੱਚ ਹੀ 750 ਦੇ ਕਰੀਬ ਬੂਟੇ ਲਾਏ ਜਾ ਚੁੱਕੇ ਹਨ ਤੇ 51 ਹਜ਼ਾਰ ਵੱਖ-ਵੱਖ ਕਿਸਮਾਂ ਦੇ ਫ਼ਲਦਾਰ, ਛਾਂਦਾਰ, ਫੁੱਲਦਾਰ ਤੇ ਰਵਾਇਤੀ ਬੂਟੇ ਲਾਉਣ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਧੁੰਦਾਂ ਪੈਣ ਤੋਂ ਪਹਿਲਾਂ-ਪਹਿਲਾਂ ਇਹ ਟੀਚਾ ਮੁਕੰਮਲ ਕਰ ਲਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਜਿੰਨੇ ਬੂਟੇ ਲਾਏ ਗਏ ਹਨ, ਉਨ੍ਹਾਂ ਦੀ ਸਾਂਭ-ਸੰਭਾਲ ਵੀ ਲਗਾਤਾਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਸਾਨੂੰ ਸਾਰਿਆਂ ਨੂੰ ਮਿਲ ਕੇ ਪੰਜਾਬ ਨੂੰ ਰੰਗਲਾ ਪੰਜਾਬ ਅਤੇ ਹਰਿਆ-ਭਰਿਆ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਉਤਸ਼ਾਹਤ ਕਰਨਾ ਚਾਹੀਦਾ ਹੈ ਕਿ ਹਰੇਕ ਮਨੁੱਖ ਇੱਕ ਰੁੱਖ ਜ਼ਰੂਰ ਲਗਾਵੇ ਤੇ ਉਸਦੀ ਸੰਭਾਲ ਵੀ ਕਰੇ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਵੀ ਚੰਗੇ ਵਾਤਾਵਰਣ ਵਿੱਚ ਰਹਿਣ ਲਈ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਰੁੱਖਾਂ ਬਿਨਾਂ ਜ਼ਿੰਦਗੀ ਸੰਭਵ ਨਹੀਂ ਹੈ ਤੇ ਸਾਨੂੰ ਇਹ ਗੱਲ ਸਮਝਣ ਦੀ ਲੋੜ ਹੈ ਕਿ ਜਿੰਨੇ ਰੁੱਖ ਜ਼ਿਆਦਾ ਹੋਣਗੇ, ਓਨੇ ਹੀ ਮੀਂਹ ਜ਼ਿਆਦਾ ਪੈਣਗੇ।

# ਕੇਂਦਰ ਸਰਕਾਰ ਡੀਜ਼ਲ ਤੇ ਪੈਟਰੋਲ ਨੂੰ ਜੀ ਐੱਸ ਟੀ ਦੇ ਘੇਰੇ 'ਚ ਲਿਆਵੇ : ਲੱਖੋਵਾਲ

## ਪੰਜਾਬ ਸਰਕਾਰ ਡੀਜ਼ਲ ਤੇ ਪੈਟਰੋਲ ਦੇ ਵਧਾਏ ਰੇਟ ਵਾਪਸ ਲਵੇ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੀ ਮਹੀਨੇਵਾਰ ਮੀਟਿੰਗ ਹਰਿੰਦਰ ਸਿੰਘ ਲੱਖੋਵਾਲ ਪ੍ਰਧਾਨ ਬੀਕੇਯੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਯੂਨੀਅਨ ਦੇ ਅਹੁਦੇਦਾਰ, ਐਗਜ਼ੈਕਟਿਵ ਮੈਂਬਰ ਤੇ ਸਾਰੇ ਜ਼ਿਲ੍ਹਾ ਪ੍ਰਧਾਨ ਸ਼ਾਮਲ ਹੋਏ। ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦੇ ਹੋਏ ਅਵਤਾਰ ਸਿੰਘ ਮੇਹਲੋਂ ਸਰਪ੍ਰਸਤ ਤੇ ਹਰਿੰਦਰ ਸਿੰਘ ਲੱਖੋਵਾਲ ਪ੍ਰਧਾਨ ਪੰਜਾਬ ਨੇ ਸਾਂਝਾ ਬਿਆਨ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਜਦੋਂ ਦੇਸ਼ ਦੀਆਂ ਸਾਰੀਆਂ ਵਸਤੂਆਂ ਜੀ.ਐੱਸ.ਟੀ. ਦੇ ਘੇਰੇ ਹੇਠ ਲਿਆਂਦੀਆਂ ਜਾ ਰਹੀਆਂ ਹਨ ਤਾਂ ਪੈਟਰੋਲ ਤੇ ਡੀਜ਼ਲ ਨੂੰ ਜੀ ਐੱਸ ਟੀ ਤੋਂ ਕਿਉਂ ਬਾਹਰ ਰੱਖਿਆ ਗਿਆ ਹੈ, ਇਹ ਦੋ-ਪੱਖੀ ਕਨੂੰਨ ਦੇਸ਼ ਅੰਦਰ ਕਿਉਂ ਚਲਾਇਆ ਜਾ ਰਿਹਾ ਹੈ। ਪੈਟਰੋਲ ਤੇ ਡੀਜ਼ਲ ਉੱਪਰ ਵੈਟ ਲੱਗਣ ਕਾਰਨ ਇਹ ਖਪਤਕਾਰਾਂ ਨੂੰ ਬਹੁਤ ਹੀ ਮਹਿੰਗਾ ਪੈ ਰਿਹਾ ਹੈ। ਸਾਡੀ ਮੰਗ ਹੈ ਕਿ ਸਰਕਾਰ ਡੀਜ਼ਲ ਤੇ ਪੈਟਰੋਲ ਨੂੰ ਵੀ ਜੀ.ਐੱਸ.ਟੀ. ਦੇ ਘੇਰੇ ਵਿੱਚ ਲਿਆਵੇ, ਜਿਸ ਨਾਲ ਖਪਤਕਾਰਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਵਿੱਚ ਪੈਟਰੋਲ ਤੇ ਡੀਜ਼ਲ ਰੇਟ ਵਧਾ ਕੇ ਕਿਸਾਨਾਂ, ਟਰਾਂਸਪੋਟਰਾਂ, ਕਾਰਖਾਨੇਦਾਰਾਂ ਤੇ ਆਮ ਲੋਕਾਂ ਨਾਲ ਵੱਡੀ ਠੱਗੀ ਮਾਰੀ ਹੈ, ਜਦਕਿ ਅੰਤਰਰਾਸ਼ਟਰੀ ਮਾਰਕਿਟ ਵਿੱਚ ਕੱਚੇ ਤੇਲ ਦੇ ਰੇਟ ਘੱਟ ਰਹੇ ਹਨ ਗੁਆਂਢੀ ਸੂਬਿਆਂ ਹਿਮਾਚਲ, ਚੰਡੀਗੜ੍ਹ, ਹਰਿਆਣਾ ਵਿੱਚ ਇਸ ਸਮੇਂ ਤੇਲ ਦੇ ਰੇਟ ਪੰਜਾਬ ਦੇ ਮੁਕਾਬਲੇ ਘੱਟ ਹਨ। ਪੰਜਾਬ ਸਰਕਾਰ ਦੁਆਰਾ ਵਧਾਏ ਰੇਟ ਕਿਸਾਨੀ ਨੂੰ ਸਭ ਤੋਂ ਜ਼ਿਆਦਾ ਪ੍ਰਭਾਵਿਤ ਕਰਨਗੇ। ਸਾਡੀ ਮੰਗ ਹੈ ਕਿ ਸਰਕਾਰ ਵਧਾਏ ਰੇਟ ਵਾਪਸ ਲੈ ਕੇ ਲੋਕਾਂ ਨੂੰ ਤੁਰੰਤ ਰਾਹਤ ਪ੍ਰਧਾਨ ਕਰੇ। ਮੀਟਿੰਗ ਵਿੱਚ ਕਿਸਾਨ ਆਗੂਆਂ ਵੱਲੋਂ ਵਿਚਾਰ ਪ੍ਰਗਟ ਕੀਤਾ ਗਿਆ ਕਿ ਸਬਸਿਡੀ ਦਿੱਤੀ ਸੀ ਉਹ ਵਾਪਸ ਲੈ ਲਈ ਹੈ, ਬਿਜਲੀ ਸਬਸਿਡੀ ਬੰਦ ਕਰਨ ਨਾਲ ਗਰੀਬ ਲੋਕਾਂ 'ਤੇ ਆਰਥਿਕ ਬੋਝ ਵਧੇਗਾ। ਪੰਜਾਬ ਸਰਕਾਰ ਨੂੰ ਤਾੜਨਾ ਹੈ ਕਿ ਜੇਕਰ ਉਸ ਨੇ ਕਿਸਾਨਾਂ ਦੀਆਂ ਮੋਟਰਾਂ ਦੇ ਬਿੱਲ ਚਾਲੂ ਕਰਨ ਬਾਰੇ ਕੋਈ ਫੈਸਲਾ ਲਿਆ ਤਾਂ ਯੂਨੀਅਨ ਸਰਕਾਰ ਖਿਲਾਫ ਸੰਘਰਸ਼ ਦਾ ਰਾਸਤਾ ਅਖਤਿਆਰ ਕਰੇਗੀ।

# ਅਰਬਨ ਅਸਟੇਟ 'ਚ ਸੜਕਾਂ ਦੇ ਡਿਵਾਇਡਰਾਂ ਦੀ ਪੀ ਡੀ ਏ ਨੇ ਕਰਾਈ ਸਫ਼ਾਈ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਵਿਕਾਸ ਅਥਾਰਟੀ ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ ਨੇ ਦੱਸਿਆ ਕਿ ਅਰਬਨ ਅਸਟੇਟ ਦੀਆਂ ਸੜਕਾਂ ਦੇ ਡਿਵਾਇਡਰਾਂ ਦੀ ਸਾਫ਼ ਸਫ਼ਾਈ ਦਾ ਕੰਮ ਸ਼ੁਰੂ ਕਰਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅਰਬਨ ਅਸਟੇਟ ਦੀਆਂ ਸੜਕਾਂ 'ਤੇ ਘੁੰਮਦੇ ਅਵਾਰਾ ਪਸ਼ੂਆਂ ਨੂੰ ਫੜਨ ਲਈ ਹਾਲਾਂਕਿ ਪੀ.ਡੀ.ਏ/ਪੁੱਡਾ ਕੋਲ ਕੋਈ ਵੀ ਸਾਧਨ ਨਹੀਂ ਹੈ ਪਰੰਤੂ ਫਿਰ ਵੀ ਇਨ੍ਹਾਂ ਪਸ਼ੂਆਂ ਨੂੰ ਫੜਨ ਲਈ ਨਗਰ ਨਿਗਮ ਪਟਿਆਲਾ ਨਾਲ ਰਾਬਤਾ ਕੀਤਾ ਗਿਆ ਹੈ। ਮਨੀਸ਼ਾ ਰਾਣਾ ਨੇ ਦੱਸਿਆ ਕਿ ਅਰਬਨ ਅਸਟੇਟ ਦੇ ਵਸਨੀਕਾਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕੁਝ ਥਾਂਵਾਂ 'ਤੇ ਜੰਗਲੀ ਘਾਹ ਉਗਿਆ ਹੋਇਆ ਸੀ, ਜਿਸ ਦੀ ਸਫ਼ਾਈ ਕਰਾਉਣ ਲਈ ਉਨ੍ਹਾਂ ਨੇ ਸਬੰਧਤ ਬ੍ਰਾਂਚ ਨੂੰ ਹਦਾਇਤ ਕੀਤੀ ਹੈ ਤੇ ਕੰਮ ਸ਼ੁਰੂ ਹੋ ਗਿਆ ਹੈ।



# ਨਵੇਂ ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਦਾ ਸਵਾਗਤ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)** ਪਿਛਲੇ ਦਿਨੀਂ ਸਕੂਲ ਸਿੱਖਿਆ ਵਿਭਾਗ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਸੈਕੰਡਰੀ ਸਿੱਖਿਆ ਵਿਭਾਗ ਲਈ ਕੀਤੀਆਂ ਗਈਆਂ ਨਿਯੁਕਤੀਆਂ ਵਿੱਚ ਕੁਸ਼ਲ ਪ੍ਰਬੰਧਕ ਤਰਵਿੰਦਰ ਕੌਰ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ। ਤਰਵਿੰਦਰ ਕੌਰ ਲੰਮੇ ਸਮੇਂ ਤੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਭਵਾਨੀਗੜ੍ਹ ਵਿਖੇ ਬਤੌਰ ਪ੍ਰਿੰਸੀਪਲ ਆਪਣੀਆਂ ਸੇਵਾਵਾਂ ਦੇ ਰਹੇ ਸਨ। ਉਨ੍ਹਾਂ ਦੀ ਸੀਨੀਆਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਜ਼ਿਲ੍ਹੇ ਦੀ ਕਮਾਂਡ ਸੌਂਪੀ ਗਈ ਹੈ। ਉਨ੍ਹਾਂ ਦੇ ਨਾਲ ਹੀ ਮਨਜੀਤ ਕੌਰ ਨੂੰ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ। ਇਨ੍ਹਾਂ ਦੋਵੇਂ ਅਫ਼ਸਰਾਂ ਦਾ ਸਵਾਗਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਦੇ ਸਟਾਫ਼ ਨੇ ਗੁਲਦਸਤਾ ਭੇਟ ਕਰਕੇ ਕੀਤਾ। ਇੰਚਾਰਜ ਪ੍ਰਿੰਸੀਪਲ ਨਵਰਾਜ ਕੌਰ, ਪਰਮਿੰਦਰ ਕੁਮਾਰ ਲੌਂਗੋਵਾਲ ਨੇ ਸਕੂਲ ਨਾਲ ਸਬੰਧਤ ਕੁੱਝ ਜ਼ਰੂਰੀ ਸਮੱਸਿਆਵਾਂ ਵੀ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਨੂੰ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ। ਵਰਨਣਯੋਗ ਹੈ ਕਿ ਮਨਜੀਤ ਕੌਰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਆਪਣੇ ਪ੍ਰਿੰਸੀਪਲ ਦੇ ਆਹੁਦੇ ਦਾ ਸਫ਼ਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਤੋਂ ਸ਼ੁਰੂ ਕੀਤਾ ਸੀ ਜਿਹੜਾ ਕਿ ਆਪਣੇ ਆਪ ਵਿੱਚ ਇੱਕ ਯਾਦਗਾਰ ਬਣਿਆ ਹੋਇਆ ਹੈ।

# ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਸਕੂਲੀ ਬੱਚਿਆਂ ਲਈ ਰੱਖੀ ਗਈ ਟੈਂਕੀ



**ਬੁਢਲਾਡਾ (ਅਸ਼ੋਕ ਲਾਕੜਾ)** ਕਈ ਸਕੂਲਾਂ ਵਿੱਚ ਠੰਡੇ ਪਾਣੀ ਦਾ ਕੋਈ ਪ੍ਰਬੰਧ ਨਹੀਂ ਹੈ। ਬੱਚੇ ਬੜੇ ਔਖੇ ਹੁੰਦੇ ਹਨ। ਕੁਲਾਨਾ ਰੋਡ ਦੇ ਪ੍ਰਾਇਮਰੀ ਸਕੂਲ ਵਿੱਚ ਵੀ ਬੱਚੇ ਇਸੇ ਸਮੱਸਿਆ ਤੋਂ ਔਖੇ ਸਨ। ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਇਨ੍ਹਾਂ ਬੱਚਿਆਂ ਦੀ ਖੁਸ਼ੀ ਲਈ ਇੱਕ ਪਾਣੀ ਵਾਲੀ ਟੈਂਕੀ ਰੱਖ ਕੇ ਰੋਜ਼ਾਨਾ ਪਾਣੀ ਦੀ ਸੇਵਾ ਵੀ ਸ਼ੁਰੂ ਕੀਤੀ। ਟੈਂਕੀ ਤੇ ਸਟੈਂਡ ਦੀ ਸੇਵਾ ਗਿਆਰਾਂ ਹਜ਼ਾਰ ਰੁਪਏ ਸੰਸਥਾ ਮੈਂਬਰ ਜਸਵੀਰ ਸਿੰਘ ਕੈਂਥ ਇੰਸਪੈਕਟਰ ਫੂਡ ਸਪਲਾਈ ਵੱਲੋਂ ਆਪਣੇ ਬੇਟੇ ਹਰਨੂਰ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕੀਤੀ ਗਈ। ਸੰਸਥਾ ਵੱਲੋਂ ਉਨ੍ਹਾਂ ਦਾ ਧੰਨਵਾਦ ਕਰਦੇ ਹੋਏ ਸਨਮਾਨਤ ਕੀਤਾ ਗਿਆ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਵਿੰਦਰ ਸਿੰਘ ਨੇ ਕਿਹਾ ਕਿ ਜਸਵੀਰ ਸਿੰਘ ਦਾ ਆਪਣੇ ਬੱਚੇ ਦਾ ਜਨਮ ਦਿਨ ਮਨਾਉਣ ਦਾ ਇਹ ਬਹੁਤ ਸ਼ਲਾਘਾਯੋਗ ਢੰਗ ਹੈ। ਬੱਚੇ ਠੰਡਾ ਪਾਣੀ ਪੀ ਕੇ ਦੁਆਵਾਂ ਦੇਣਗੇ। ਬਲਬੀਰ ਸਿੰਘ ਤੇ ਗੁਰਤੇਜ ਸਿੰਘ ਕੈਂਥ ਨੇ ਦੱਸਿਆ ਕਿ ਸੰਸਥਾ ਵੱਲੋਂ ਇਸ ਵਾਰ ਵੱਡੇ ਪੱਧਰ 'ਤੇ ਪਾਣੀ ਦੀਆਂ ਸੇਵਾਵਾਂ ਚਾਲੂ ਹਨ। ਕਈ ਥਾਂਵਾਂ 'ਤੇ ਪਿਆਓ, ਦੋ ਚੱਲਦੇ ਫਿਰਦੇ ਠੰਡੇ ਪਾਣੀ ਵਾਲੇ ਰਿਕਸ਼ੇ, ਸ਼ਹਿਰ ਵਿੱਚ ਟੈਂਕੀਆਂ ਰਾਹੀਂ ਅਤੇ ਕਈ ਸਕੂਲਾਂ ਵਿੱਚ ਪਾਣੀ ਦੀ ਸੇਵਾ ਸ਼ੁਰੂ ਹੈ। ਸਕੂਲ ਵਿੱਚ ਟੈਂਕੀ ਰੱਖਣ ਮੌਕੇ ਉਪਰੋਕਤ ਤੋਂ ਇਲਾਵਾ ਟੈਂਕੀ ਦਾਨੀ ਜਸਵੀਰ ਸਿੰਘ ਕੈਂਥ, ਨੱਥਾ ਸਿੰਘ, ਮਹਿੰਦਰਪਾਲ ਸਿੰਘ ਸਮੇਤ ਸਕੂਲ ਸਟਾਫ਼ ਹਾਜ਼ਰ ਸੀ।

# ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਵਾਰ-ਵਾਰ ਮੁਲਤਵੀ ਕਰਨ ਦੀ ਨਿਖੇਧੀ



**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮਹੀਨਾਵਾਰ ਮੀਟਿੰਗ ਨਿਰੰਜਣ ਸਿੰਘ ਮਾਛੀਕੇ ਦੀ ਪ੍ਰਧਾਨਗੀ ਹੇਠ ਕਾ. ਸਤੀਸ਼ ਲੂੰਬਾ ਹਾਲ ਮੋਗਾ ਵਿੱਚ ਹੋਈ। ਇਸ ਮੌਕੇ ਸਭ ਤੋਂ ਪਹਿਲਾਂ ਗੁਰਚਰਨ ਸਿੰਘ ਬਾਬਾ ਜੈਮਲਵਾਲਾ ਦੀ ਪਤਨੀ ਅਤੇ ਜਗਸੀਰ ਸਿੰਘ ਖੋਸਾ ਦੇ ਭਣਵਈਏ ਦੀ ਮੌਤੇ 'ਤੇ ਦੁੱਖ ਪ੍ਰਗਟ ਕਰਦੇ ਹੋਏ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ। ਉਪਰੰਤ ਮੀਟਿੰਗ ਦੀ ਕਾਰਵਾਈ ਚਲਾਉਂਦੇ ਹੋਏ ਯੂਨੀਅਨ ਦੇ ਜ. ਸਕੱਤਰ ਸਤਪਾਲ ਸਹਿਗਲ ਨੇ ਪੈਨਸ਼ਨਰਾਂ ਨੂੰ ਵੱਖ-ਵੱਖ ਚੱਲ ਰਹੀਆਂ ਰਿਟ ਪਟੀਸ਼ਨਾਂ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਹਰ ਇੱਕ ਪੈਨਸ਼ਨਰ ਜਿਸ ਦੀ ਸਲਾਨਾ ਆਮਦਨ ਤਿੰਨ ਲੱਖ ਰੁਪਏ ਤੋਂ ਵੱਧ ਹੈ, ਨੂੰ ਹਰ ਸਾਲ ਰਿਟਰਨ ਭਰਨੀ ਚਾਹੀਦੀ ਹੈ।

ਉਂਕਾਰ ਸਿੰਘ ਫਰਵਾਹਾ ਨੇ ਵੀ ਕਿਹਾ ਕਿ ਰੋਡਵੇਜ਼ ਮਹਿਕਮੇ ਵਿੱਚ 1-1-1986 ਦੇ ਗਰੇਡਾਂ ਦਾ ਲਾਭ 1989 ਤੋਂ ਦਿੱਤਾ ਗਿਆ ਸੀ, ਜਿਸ ਸਬੰਧੀ ਉਨ੍ਹਾਂ ਅਤੇ ਹੋਰ ਸਾਥੀਆਂ ਵੱਲੋਂ ਮਾਣਯੋਗ ਅਦਾਲਤ ਵਿੱਚ ਰਿਟ ਪਾਈ ਗਈ ਸੀ, ਜਿਸ ਦਾ ਫੈਸਲਾ ਹੋ ਗਿਆ ਹੈ ਜਿਸ ਅਨੁਸਾਰ ਗਰੇਡ ਦੁਹਰਾਈ ਦਾ ਲਾਭ 1989 ਦੀ ਬਜਾਏ 1-1-1986 ਤੋਂ ਹੀ ਮਿਲਣਾ ਹੈ। ਜਿਨ੍ਹਾਂ ਨੇ ਰਿਹ ਪਟੀਸ਼ਨ ਪਾਈ ਸੀ ਉਹਨਾਂ ਦੇ ਆਸ਼ਰਿਤ ਵੀ ਲਾਭ ਲੈਣ ਲਈ ਮਹਿਕਮੇ ਕੋਲ ਅਰਜ਼ੀ ਦੇ ਕੇ ਲਾਭ ਲੈ ਸਕਦੇ ਹਨ। ਮੀਟਿੰਗ ਵਿੱਚ ਆਸਟ੍ਰੇਲੀਆ ਤੋਂ ਪਰਤੇ ਬਚਿੱਤਰ ਸਿੰਘ ਧੋਥੜ, ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਵੀ ਵਿਸ਼ੇਸ਼ ਤੌਰ'ਤੇ ਪਹੁੰਚੇ। ਇਸ ਮੌਕੇ ਗੁਰਜੰਟ ਸਿੰਘ ਕੋਕਰੀ ਨੇ ਕੇਂਦਰ ਸਰਕਾਰ ਵੱਲੋਂ ਨਵੀਂ ਯੂਪੀਐਸ ਪੈਨਸ਼ਨ ਸਕੀਮ ਬਾਰੇ ਦੱਸਦਿਆਂ ਕਿਹਾ ਕਿ ਇਹ ਸਕੀਮ ਵੀ ਮੁਲਾਜ਼ਮਾਂ ਨਾਲ ਧੋਖਾ ਹੀ। ਉਨ੍ਹਾਂ ਇਸ ਨੂੰ ਵੀ ਨਾਮਨਜ਼ੂਰ ਕਰਦਿਆਂ ਪੁਰਾਣੀ ਪੈਨਸ਼ਨ ਸਕੀਮ ਦੀ ਹੀ ਮੰਗ ਕੀਤੀ। ਮੀਟਿੰਗ ਵਿੱਚ ਜਗਦੀਸ਼ ਸਿੰਘ ਚਾਹਲ ਨੇ ਬੋਲਦਿਆਂ ਕਿਹਾ ਮੁੱਖ ਮੰਤਰੀ ਪੰਜਾਬ ਲਗਾਤਾਰ ਅੱਠ ਵਾਰ ਮੀਟਿੰਗ ਮੁਲਤਵੀ ਕੀਤੀ ਗਈ ਹੈ ਅਤੇ ਹੁਣ ਵੀ ਮੁੱਖ ਮੰਤਰੀ ਆਪ ਮੀਟਿੰਗ ਕਰਨ ਦੀ ਬਜਾਏ ਕੈਬਨਿਟ ਸਬ-ਕਮੇਟੀ ਨਾਲ ਮੀਟਿੰਗ ਹੀ ਕਰਨ ਲਈ ਕਹਿ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮੀਟਿੰਗ ਕਰਨ ਦਾ ਕੋਈ ਫਾਇਦਾ ਨਹੀਂ ਕਿਉਂਕਿ ਕਮੇਟੀ ਕੋਲ ਕੋਈ ਅਧਿਕਾਰ ਨਹੀਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੇ ਤਾਂ ਇਸ ਸਰਕਾਰ ਨੂੰ ਵੱਡਾ ਬਹੁਮੱਤ ਦੇ ਕੇ ਜਿਤਾਇਆ ਸੀ ਤਾਂ ਜੁ ਇਹ ਸਰਕਾਰ ਲੋਕ ਪੱਖੀ ਫੈਸਲੇ ਲੈਣ ਵਿੱਚ ਸਮਰੱਥ ਹੋਵੇ। ਪਰ ਇਨ੍ਹਾਂ ਨੂੰ ਹੰਕਾਰ ਹੋ ਗਿਆ ਹੈ, ਜਿਸ ਕਰਕੇ ਇਹ ਗੱਲਬਾਤ ਰਾਹੀਂ ਮਸਲਿਆਂ ਨੂੰ ਹੱਲ ਨਹੀਂ ਕਰਨਾ ਚਾਹੁੰਦੇ। ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਢਾਈ ਸਾਲਾਂ ਵਿੱਚ ਰੋਡਵੇਜ਼ ਵਿੱਚ ਇੱਕ ਵੀ ਬੱਸ ਨਹੀਂ ਪਾਈ। ਰੋਡਵੇਜ਼ ਦਾ ਸਰਕਾਰ ਵੱਲ ਤਕਰੀਬਨ 400 ਕਰੋੜ ਰੁਪਏ ਦਾ ਬਕਾਇਆ ਖੜ੍ਹਾ ਹੈ ਅਤੇ ਇਸੇ ਤਰ੍ਹਾਂ ਪੀਆਰਟੀਸੀ ਦਾ ਵੀ ਸਰਕਾਰ ਵੱਲ 400 ਕਰੋੜ ਰੁਪਏ ਦਾ ਬਕਾਇਆ ਖੜ੍ਹਾ ਹੈ। ਇਹ ਸਰਕਾਰ ਨੇ ਫ਼ਜ਼ੂਲ ਖਰਚੀਆਂ ਰਾਹੀਂ ਖਜ਼ਾਨੇ ਨੂੰ ਲੁਟਾਇਆ ਹੈ, ਜਿਸ ਦਾ ਬੋਝ ਆਮ ਲੋਕਾਂ 'ਤੇ ਹੀ ਪਾਇਆ ਗਿਆ ਹੈ। ਬਿਜਲੀ ਦੀ ਸਬਸਿਡੀ ਵਾਪਸ ਲੈ ਕੇ ਅਤੇ ਡੀਜ਼ਲ ਪੈਟਰੋਲ ਤੇ ਵੈਟ ਵਧਾ ਕੇ ਆਮ ਲੋਕਾਂ ਦਾ ਕਚੂੰਮਰ ਕੱਢਿਆ ਹੈ, ਜਦਕਿ ਆਪਣੀਆਂ ਸਹੂਲਤਾਂ ਵਿੱਚ ਕੋਈ ਕਟੌਤੀ ਨਹੀਂ। ਉਨ੍ਹਾਂ ਕਿਹਾ ਕਿ 13 ਸਤੰਬਰ ਨੂੰ ਲੁਧਿਆਣਾ ਦੇ ਬੱਸ ਅੱਡੇ ਵਿੱਚ ਪੰਜਾਬ ਰੋਡਵੇਜ਼ ਅਤੇ ਪੀਆਰਟੀਸੀ ਵੱਲੋਂ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ। ਹਰ ਪੈਨਸ਼ਨਰ ਅਤੇ ਮੁਲਾਜ਼ਮ ਨੂੰ ਇਸ ਰੈਲੀ ਵਿੱਚ ਹਰ ਹਾਲਤ ਵਿੱਚ ਪਹੁੰਚਣਾ ਚਾਹੀਦਾ ਹੈ।

28 ਸਤੰਬਰ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮੋਗਾ ਦੇ ਇਨਡੋਰ ਸਟੇਡੀਅਮ ਵਿੱਚ ਮਨਾਇਆ ਜਾਵੇਗਾ, ਉੱਥੇ ਵੀ ਆਮ ਲੋਕਾਂ ਨੂੰ ਨਾਲ ਲੈ ਕੇ ਵੱਡੀ ਗਿਣਤੀ ਵਿੱਚ ਪਹੁੰਚਣਾ ਚਾਹੀਦਾ ਹੈ।

# ਆਂਗਣਵਾੜੀ ਸੈਂਟਰਾਂ ਨੇ ਪੋਸ਼ਣ ਮਾਹ ਮਨਾਇਆ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਸੀ.ਡੀ.ਪੀ.ਓ. ਨਥਾਣਾ ਮੈਡਮ ਊਸ਼ਾ ਦੇਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 8 ਆਂਗਣਵਾੜੀ ਸੈਂਟਰਾਂ ਵੱਲੋਂ ਸਾਂਝੇ ਤੌਰ 'ਤੇ ਪੋਸ਼ਣ ਮਾਹ ਮਨਾਇਆ ਗਿਆ। ਇਸ ਦੌਰਾਨ ਬਲਾਕ ਕੋਆਰਡੀਨੇਟਰ ਮਨਪ੍ਰੀਤ ਕੌਰ ਤੇ ਸੁਪਰਵਾਈਜ਼ਰ ਰਾਣੀ ਕੌਰ ਨੇ ਨੰਨ੍ਹੇ ਬੱਚਿਆਂ ਨੂੰ ਦੁੱਧ ਪਿਲਾਉਂਦੀਆਂ ਮਾਂਵਾਂ ਨੂੰ ਮਾਂ ਦੇ ਦੁੱਧ ਦੀ ਮਹੱਤਤਾ ਸਬੰਧੀ ਵਿਸਥਾਰ ਨਾਲ ਜਾਗਰੂਕ ਕੀਤਾ। ਸਿਹਤਮੰਦ ਬੱਚਿਆਂ ਦੀ ਪਛਾਣ ਕੀਤੀ ਗਈ ਅਤੇ ਘੱਟ ਭਾਰ ਵਾਲੇ ਬੱਚਿਆਂ ਦੀਆਂ ਮਾਂਵਾਂ ਨੂੰ ਬੱਚੇ ਦੇ ਸਹੀ ਪੋਸ਼ਣ ਤੇ ਸਿਹਤਯਾਬੀ ਲਈ ਮਾਂ ਨੂੰ ਲੋੜੀਂਦੀ ਖੁਰਾਕ ਬਾਰੇ ਜਾਣੂ ਕਰਾਇਆ। ਇਸੇ ਦੌਰਾਨ ਪੋਸ਼ਣ ਤੇ ਮਹਿੰਦੀ ਮੁਕਾਬਲਾ ਵੀ ਕਰਾਇਆ ਗਿਆ। ਇਸ ਇਸ ਮੌਕੇ ਆਂਗਣਵਾੜੀ ਮੁਲਾਜ਼ਮ ਸੁਰਿੰਦਰ ਕੌਰ (316), ਮਹਿੰਦਰ ਕੌਰ (317), ਪਰਮਜੀਤ ਕੌਰ (318), ਨਿਰਮਲਾ ਰਾਣੀ (319), ਵੀਰਪਾਲ ਕੌਰ (320), ਹਰਬੰਸ ਕੌਰ (321), ਬਿਮਲਾ ਰਾਣੀ (322) ਤੇ ਸਿਮਰਜੀਤ ਕੌਰ (323) ਤੋਂ ਇਲਾਵਾ ਹੈਲਪਰਜ਼ ਕਿਰਨਾ ਦੇਵੀ, ਪਰਮਜੀਤ ਕੌਰ, ਸੁਖਵੀਰ ਕੌਰ ਤੇ ਹਰਬੰਸ ਕੌਰ ਸ਼ਾਮਲ ਸਨ।

# ਅੱਠਵੀਂ ਵਾਰ ਮੀਟਿੰਗ ਮੁਲਤਵੀ ਕਰਨ ਦੇ ਰੋਸ ਵਜੋਂ ਪੈਨਸ਼ਨਰਾਂ ਵੱਲੋਂ ਮੁੱਖ ਮੰਤਰੀ ਖਿਲਾਫ ਰੋਸ ਪ੍ਰਦਰਸ਼ਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲਾ ਅੰਮ੍ਰਿਤਸਰ ਦੀ ਮਾਸਿਕ ਮੀਟਿੰਗ ਦੀ ਪ੍ਰਧਾਨਗੀ ਕੁਲਦੀਪ ਸਿੰਘ ਬੱਲ, ਸੱਤਿਆਪਾਲ ਗੁਪਤਾ, ਚਮਨ ਲਾਲ ਸ਼ਰਮਾ, ਕੁਲਵੰਤ ਸਿੰਘ ਤੋਲਾ ਨੰਗਲ, ਹਰਜੀਤ ਸਿੰਘ ਉਪਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰੀਸ਼ਦ ਦਫਤਰ ਅੰਮ੍ਰਿਤਸਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਜਨਰਲ ਸਕੱਤਰ ਪੰਜਾਬ ਸਤਿਆਪਾਲ ਗੁਪਤਾ ਨੇ ਪੰਜਾਬ ਦੇ ਮੁੱਖ ਮੰਤਰੀ ਤੇ ਦੋਸ਼ ਲਾਇਆ ਕਿ ਅਠਵੀਂ ਵਾਰ ਮੀਟਿੰਗ ਦੇ ਕੇ ਮੁਲਤਵੀ ਕਰਨਾ ਇਸ ਤੋਂ ਸਾਬਤ ਹੁੰਦਾ ਹੈ ਕਿ ਮੁੱਖ ਮੰਤਰੀ ਸਾਂਝੇ ਫਰੰਟ ਨਾਲ ਸਾਹਮਣੇ ਬੈਠ ਕੇ ਮੀਟਿੰਗ ਕਰਨ ਤੋਂ ਕੰਨੀ ਕਤਰਾ ਰਿਹਾ ਹੈ। ਇਸ ਲਈ ਸਾਂਝੇ ਫਰੰਟ ਨੇ ਫੈਸਲਾ ਕੀਤਾ ਹੈ ਕਿ ਕਿਸੇ ਸਬ ਕਮੇਟੀ ਨਾਲ ਮੀਟਿੰਗ ਦਾ ਬਾਈਕਾਟ ਕੀਤਾ ਜਾਵੇਗਾ ਕਿਉਂਕਿ ਇਹ ਸਭ ਨੂੰ ਪਤਾ ਹੈ ਕਿ ਡੀਏ ਦੀਆਂ ਤਿੰਨ ਕਿਸ਼ਤਾਂ ਜੋ 12 ਫੀਸਦੀ ਹਨ ਅਤੇ ਪੇ ਕਮਿਸ਼ਨ ਦਾ ਸਾਢੇ ਪੰਜ ਸਾਲ ਦਾ ਬਕਾਇਆ ਅਤੇ ਡੀਏ ਦੀਆਂ ਕਿਰਤਾਂ ਦਾ ਬਕਾਇਆ ਦੇਣ ਲਈ ਕੋਈ ਮੀਟਿੰਗ ਦੀ ਲੋੜ ਨਹੀਂ ਹੈ। ਮੁੱਖ ਮੰਤਰੀ ਜਦੋਂ ਵੀ ਚਾਹੇ ਅਨਾਊਂਸ ਕਰ ਸਕਦਾ ਹੈ ਪਰ ਦੇਖਣ ਵਿੱਚ ਆ ਰਿਹਾ ਹੈ ਕਿ ਪੰਜਾਬ ਸਰਕਾਰ ਦੀ ਨੀਅਤ ਵਿੱਚ ਖੋਟ ਹੈ ਜੋ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ ਇਹ ਲਾਭ ਦੇਣ ਲਈ ਤਿਆਰ ਨਹੀਂ ਹੈ। ਇਸੇ ਤਰ੍ਹਾਂ ਪੇ ਕਮਿਸ਼ਨ ਵੱਲੋਂ 2.59 ਦਾ ਗੁਣਾਕ ਜੋ ਕਿ ਇਸ ਸਰਕਾਰ ਨੇ ਮੰਨਿਆ ਹੋਇਆ ਹੈ ਦੇਣ ਵਿੱਚ ਕੋਈ ਦਿੱਕਤ ਨਹੀਂ ਹੈ। ਇਸ ਕਰਕੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਜੋ ਮੰਗਾਂ ਆਪ ਵੱਲੋਂ ਮੰਨੀਆਂ ਹੋਈਆਂ ਹਨ ਬਿਨਾਂ ਦੇਰੀ ਤੋਂ ਲਾਗੂ ਕੀਤੀਆਂ ਜਾਣ। ਮੀਟਿੰਗ ਨੂੰ ਵੱਖ ਵੱਖ ਬੁਲਾਰਿਆਂ ਕੁਲਵੰਤ ਸਿੰਘ ਘੁਕੇਵਾਲੀ, ਬਲਦੇਵ ਰਾਜ ਸ਼ਰਮਾ, ਭੈਣ ਰਜਿੰਦਰ ਪਾਲ ਕੌਰ,ਬਲਰਾਜ ਸਿੰਘ ਭੰਗੂ, ਭਵਾਨੀ ਫੇਰ, ਰਾਮ ਮੂਰਤੀ ਸ਼ਰਮਾ, ਬਲਵੰਤ ਸਿੰਘ ਐਸ ਐਸ, ਨਿਰਵੈਰ ਸਿੰਘ ਨੇ ਪੰਜਾਬ ਸਰਕਾਰ ਨੂੰ ਚਿਤਾਇਆ ਕਿ ਮੁਲਾਜ਼ਮ ਤੇ ਪੈਨਸ਼ਨਰ ਵਾਰ ਵਾਰ ਮੁੱਖ ਮੰਤਰੀ ਦੇ ਝਾਂਸੇ ਵਿੱਚ ਨਹੀਂ ਆਉਣਗੇ ਅਤੇ ਆਉਣ ਵਾਲੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਉਨਾਂ ਹਲਕਿਆਂ ਵਿੱਚ ਵੱਡੀਆਂ ਰੈਲੀਆਂ ਕਰਕੇ ਸਰਕਾਰ ਦੀਆਂ ਨਕਾਮੀਆ ਪੰਜਾਬ ਦੀ ਜਨਤਾ ਦੇ ਸਾਹਮਣੇ ਰੱਖਣਗੇ।

ਮੀਟਿੰਗ ਵਿੱਚ ਸੁਰਿੰਦਰ ਕੁਮਾਰ, ਤਿਲਕ ਰਾਜ, ਗੁਰਦੀਪ ਸਿੰਘ, ਬਲਦੇਵ ਸਿੰਘ ਭੋਮਾ, ਸੁਖਦੇਵ ਸਿੰਘ ਪੱਟੀ, ਵਿਜੇ ਕੁਮਾਰ, ਮਨਮੋਹਨ ਸਿੰਘ, ਹਰਪਾਲ ਸਿੰਘ, ਬਲੌਰ ਸਿੰਘ, ਤੀਰਥ ਰਾਮ, ਦੇਸ ਰਾਜ, ਕੇਵਲ ਸਿੰਘ, ਬਲਦੇਵ ਸਿੰਘ, ਨਾਰ ਬਹਾਦਰ, ਮੁਖਤਾਰ ਸਿੰਘ, ਪ੍ਰਿੰ. ਜਗਤਾਰ ਸਿੰਘ, ਪ੍ਰਿਥੀਪਾਲ ਸਿੰਘ, ਪ੍ਰੇਮ ਪਾਲ ਸਿੰਘ ਆਦਿ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਾਮਿਲ ਹੋਏ।

# ਸਬ-ਡਵੀਜ਼ਨ ਰਈਆ ਵਿਖੇ ਬਿਜਲੀ ਕਾਮਿਆਂ ਵੱਲੋਂ ਵਿਸ਼ਾਲ ਰੋਸ ਧਰਨਾ

ਰਈਆ (ਰੈਡੀ)-ਸਬ ਡਵੀਜ਼ਨ ਰਈਆ ਵਿਖੇ ਜੁਆਇੰਟ ਫੋਰਮ ਪੰਜਾਬ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਵੱਲੋਂ ਦਿੱਤੇ ਸ਼ੰਘਰਸ਼ ਅਨੁਸਾਰ ਭਾਰੀ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਸੂਬਾ ਮੀਤ ਪ੍ਰਧਾਨ ਹਰਭਿੰਦਰ ਸਿੰਘ ਚਾਹਲ, ਮੰਡਲ ਪ੍ਰਧਾਨ ਸੁਰਿੰਦਰ ਸਿੰਘ ਕੰਗ ਉਚੇਚੇ ਤੌਰ ਤੇ ਸ਼ਾਮਿਲ ਹੋਏ।ਰੈਲ਼ੀ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਦੱਸਿਆ ਕਿ 31-07-2024 ਨੂੰ ਬਿਜਲੀ ਬੋਰਡ ਮੈਨੇਜਮੈਂਟ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਨਾਲ ਜਥੇਬੰਦੀ ਦੀ ਮੀਟਿੰਗ ਹੋਈ ਸੀ ਜਿਸ ਵਿੱਚ ਮੁੱਖ 15 ਮੰਗਾਂ ਤੇ ਸਹਿਮਤੀ ਬਣੀ ਸੀ ਅਤੇ ਭਰੋਸਾ ਦਿਵਾਇਆ ਗਿਆ ਸੀ ਕਿ ਅਗਸਤ ਤੱਕ 15 ਮੰਗਾਂ ਨੂੰ ਲਾਗੂ ਕਰ ਦਿੱਤਾ ਜਾਵੇਗਾ।ਜਿਸ ਸਬੰਧੀ ਬੋਰਡ ਮੈਨੇਜਮੈਂਟ ਵੱਲੋਂ ਲਿਖਤੀ ਤੌਰ ਤੇ ਮੀਟਿੰਗ ਮਿਨਟਸ ਵੀ ਦਿੱਤੇ ਗਏ ਗਏ, ਪਰ ਕਿਸੇ ਵੀ ਮੰਨੀ ਹੋਈ ਮੰਗ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ, ਜਿਸ ਕਾਰਨ ਮਜਬੂਰਨ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ ਜਿਸ ਅਨੁਸਾਰ 10,11,12-09-2024 ਨੂੰ ਤਿੰਨ ਦਿਨ ਸਮੂਹਿਕ ਛੁੱਟੀ ਕਰਨ ਦਾ ਫੈਸਲਾ ਕੀਤਾ।ਇਸ ਸਮੇਂ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੀ ਮੈਨੇਜਮੈਂਟ ਦੇ ਖਿਲਾਫ ਨਾਅਰੇਬਾਜੀ ਕੀਤੀ ਗਈ।ਇਸ ਸਮੇਂ ਸਰਕਲ ਡਿਪਟੀ ਜਰਨਲ ਸਕੱਤਰ ਪਵਨ ਕੁਮਾਰ, ਹਰਜੀਤ ਸਿੰਘ ਡਵੀਜਨ ਸਕੱਤਰ, ਸ-ਡ ਪ੍ਰਧਾਨ ਹਰਜਿੰਦਰ ਸਿੰਘ, ਸਕੱਤਰ ਗੁਰਵਿੰਦਰ ਸਿੰਘ, ਲਵਪ੍ਰੀਤਸਿੰਘ, ਅਵਤਾਰ ਸਿੰਘ ਖੋਜਕੀਪੁਰ, ਰਣਜਿੰਦਰ ਸਿੰਘ, ਅਸ਼ੀਸ਼ ਕੁਮਾਰ ਆਰ. ਏ., ਸੁਖਵਿੰਦਰ ਸਿੰਘ ਜੇ. ਈ., ਸੁਰਿੰਦਰਪਾਲ ਸਿੰਘ, ਦਿਲਬਾਗ ਸਿੰਘ, ਜੋਬਨਪ੍ਰੀਤ ਸਿੰਘ, ਜੋਗਾ ਸਿੰਘ, ਮਲੂਕ ਸਿੰਘ, ਜਗਜੀਤ ਸਿੰਘ, ਜਗਰੂਪ ਸਿੰਘ, ਕੁਲਦੀਪ ਕੁਮਾਰ ਆਦਿ ਹਾਜ਼ਰ ਸਨ।

# ਸਮੂਹਿਕ ਛੁੱਟੀ 'ਤੇ ਬਿਜਲੀ ਕਾਮਿਆਂ ਦੂਜੇ ਦਿਨ ਵੀ ਦਿੱਤਾ ਰੋਸ ਧਰਨਾ

## *ਮੰਗਾਂ ਤੁਰੰਤ ਲਾਗੂ ਨਾ ਕੀਤੀਆਂ ਤਾਂ ਸੰਘਰਸ਼ ਲੰਮੇ ਸਮੇਂ ਤੱਕ ਚਲੇਗਾ:ਸਹਾਏਪੁਰ,ਉਦੀਪੁਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਸਮੂਹਿਕ ਛੁੱਟੀ ਤੇ ਅੱਜ ਦੂਜੇ ਦਿਨ ਵਿੱਚ ਦਾਖ਼ਲ ਹੋਈ ਅਤੇ ਮੰਡਲ ਗੁਰਦਾਸਪੁਰ ਵਿਖੇ ਰੋਸ ਧਰਨਾ ਦਿੱਤਾ ਗਿਆ, ਜਿਸ ਦੀ ਪ੍ਰਧਾਨਗੀ ਸੰਜੀਵ ਸ਼ਰਮਾ ਝੱਬਕਰਾ ਮੰਡਲ ਪ੍ਰਧਾਨ ਟੀ ਐੱਸ ਯੂ , ਤਰਲੋਕ ਸਿੰਘ ਘੁੰਡੀ, ਸਾਹਿਬ ਸਿੰਘ ਧਾਲੀਵਾਲ, ਸੁਖਦੇਵ ਸਿੰਘ ਖੁੱਡਾ ਵਲੋਂ ਸਾਂਝੇ ਤੌਰ 'ਤੇ ਕੀਤੀ ਗਈ।ਇਸ ਰੋਸ ਧਰਨੇ ਵਿਚ ਰਵੇਲ ਸਿੰਘ ਸਹਾਏਪੁਰ ਸੂਬਾ ਪ੍ਰਧਾਨ ਕਰਮਚਾਰੀ ਦਲ, ਬਲਵਿੰਦਰ ਸਿੰਘ ਉਦੀਪੁਰ ਸੂਬਾ ਮੀਤ ਪ੍ਰਧਾਨ ਟੇਟਕ, ਸੰਜੀਵ ਸੈਣੀ ਸਰਕਲ ਪ੍ਰਧਾਨ ਟੀ ਐੱਸ ਯੂ ਗੁਰਦਾਸਪੁਰ ਵਲੋਂ ਬੋਲਦਿਆਂ ਦੱਸਿਆ ਕਿ ਚਾਲੀ ਮੰਗਾਂ ਦਾ ਮੰਗ ਪੱਤਰ ਮੈਨੇਜਮੈਂਟ ਨੂੰ ਦਿੱਤਾ ਗਿਆ ਹੈ, ਜਿਸ ਤੇ ਬਹੁਤ ਸਾਰੀਆਂ ਮੰਗਾਂ ਤੇ ਮਿਤੀ 31/7/24 ਨੂੰ ਮੈਨੇਜਮੈਂਟ ਨਾਲ ਮੀਟਿੰਗ ਵਿੱਚ ਸਹਿਮਤੀ ਬਣੀ ਸੀ, ਜਿਸ ਨੂੰ ਲਾਗੂ ਕਰਨ ਲਈ 15 ਅਗਸਤ ਦਾ ਬਿਜਲੀ ਮੰਤਰੀ ਵਲੋਂ ਸਮਾਂ ਮੰਗਿਆ ਪਰ ਸਮਾਂ ਬੀਤ ਜਾਣ ਤੇ ਕਿਸੇ ਵੀ ਮੰਗ ਨੂੰ ਲਾਗੂ ਨਹੀਂ ਕੀਤਾ ਜਿਸ ਵਿੱਚ ਬਹੁਤ ਸਾਰੀਆਂ ਮੰਗਾਂ ਜਿਵੇਂ ਆਰ ਟੀ ਐੱਮ, ਓਸੀ ਨੂੰ ਪੇ ਬੈਂਡ ਦੇਣਾ , 295/19 ਵਾਲੇ ਸਹਾਇਕ ਲਾਇਨਮੈਨਾਂ ਦਾ ਪਰਖਕਾਲ ਸਮਾਂ ਪੂਰਾ ਹੋ ਚੁਕਿਆ ਹੈ ਉਨ੍ਹਾਂ ਨੂੰ ਰੈਗੂਲਰ ਕਰਕੇ ਰੈਗੂਲਰ ਤਨਖਾਹ ਦਿੱਤੀ ਜਾਵੇ, ਨਵ-ਨਿਯੁਕਤ ਕਰਮਚਾਰੀਆਂ ਨੂੰ ਅਤੇ ਰਿਟਾਇਰ ਹੋਏ ਕਰਮਚਾਰੀਆਂ ਨੂੰ ਬਿਜਲੀ ਰਿਆਇਤ ਦੇਣਾ, ਛੇਵੇਂ ਪੇ ਕਮਿਸ਼ਨ ਵਿੱਚ ਤਰੁੱਟੀਆ ਨੂੰ ਦੂਰ ਕਰਨਾ, ਡੀਏ ਦੀਆਂ ਕਿਸ਼ਤਾਂ ਦੇਣੀਆਂ ਉਸ ਦਾ ਬਕਾਇਆ ਏਰੀਅਰ ਦੇਣਾ, 9/16/23 ਸਾਲਾਂ ਸਕੇਲ ਦਿੱਤਾ ਜਾਵੇ, ਬਿਜਲੀ ਕਰਮਚਾਰੀਆਂ ਦੀ ਬਿਜਲੀ ਦੇ ਕਰੰਟ ਲੱਗਣ ਨਾਲ ਮੌਤ ਹੋਣ ਤੇ ਸ਼ਹੀਦੀ ਦਾ ਦਰਜਾ ਦੇਣਾ ਤੇ ਪੰਜਾਬ ਸਰਕਾਰ ਦੀ ਤਰਜ ਤੇ ਇਕ ਕਰੋੜ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ ਅਤੇ ਹੋਰ ਬਹੁਤ ਸਾਰੀਆਂ ਮੰਗਾਂ ਹਨ ਨੂੰ ਤੁਰੰਤ ਲਾਗੂ ਕੀਤਾ ਜਾਵੇ, ਨਹੀਂ ਤਾਂ ਸੰਘਰਸ਼ ਲੰਮੇ ਸਮੇਂ ਤੱਕ ਚਲੇਗਾ ਜਿਸ ਦੀ ਸਾਰੀ ਜ਼ਿੰਮੇਵਾਰੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਹੋਵੇਗੀ। ਅੱਜ ਦੇ ਰੋਸ਼ ਧਰਨੇ ਵਿੱਚ ਪੈਨਸ਼ਨਰਜ਼ ਸਾਥੀਆਂ ਵੱਲੋਂ ਵੱਡੇ ਪੱਧਰ ਤੇ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਰੋਹਿਤ ਸੈਣੀ, ਰਮਨ ਕੁਮਾਰ, ਮੁਕੇਸ਼ ਵਸ਼ਿਸ਼ਟ, ਬਲਵਿੰਦਰ ਸਿੰਘ, ਬਲਜੀਤ ਸਿੰਘ, ਜੇ ਪੀ ਜੰਜੂਆ, ਜਸਵਿੰਦਰ ਸਿੰਘ, ਅਨਿਲ ਕੁਮਾਰ, ਅਸ਼ੋਕ ਕੁਮਾਰ, ਪ੍ਰਕਾਸ਼ ਘੁੱਲਾ, ਮਨਜੋਤ ਸਿੰਘ, ਪ੍ਰੇਮ ਸਿੰਘ, ਅਮਰਦੀਪ ਸਿੰਘ ਹੈਪੀ, ਮਨਿੰਦਰ ਸਿੰਘ, ਮਨਜੀਤ ਸਿੰਘ, ਨਾਨਕ ਸਿੰਘ, ਰਛਪਾਲ ਸਿੰਘ ਆਦਿ ਸਾਥੀ ਹਾਜ਼ਰ ਸਨ।

# ਸੰਘੇ ਤੇ ਰੈਸ਼ੀਆਣਾ 'ਚ ਬੀਬੀਆਂ ਦੀ ਨਵੀਂ ਕਮੇਟੀ ਗਠਤ

## *ਮਨਜੀਤ ਕੌਰ ਪ੍ਰਧਾਨ, ਗੁਰਮੀਤ ਕੌਰ ਮੀਤ ਪ੍ਰਧਾਨ ਤੇ ਪਰਮਜੀਤ ਕੌਰ ਨੂੰ ਸਕੱਤਰ ਚੁਣਿਆ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਜ਼ਿਲਾ ਤਰਨ ਤਾਰਨ ਦੀ ਜ਼ੋਨ ਬਾਬਾ ਬੀਰ ਸਿੰਘ ਦੇ ਪਿੰਡ ਸੰਘੇ ਵਿੱਚ ਜ਼ੋਨ ਦੀ ਕੋਰ ਕਮੇਟੀ ਦੀ ਮੀਟਿੰਗ ਕੀਤੀ ਗਈ ਤੇ ਕੋਰ ਕਮੇਟੀ ਦੀ ਮੀਟਿੰਗ ਤੋਂ ਬਾਅਦ ਇੱਥੇ ਹੀ ਗੁਰਦੁਆਰਾ ਬਾਬਾ ਉਮਰਆਣਾ ਸਾਹਿਬ ਜੀ ਦੇ ਸਥਾਨਾਂ ਵਿਖੇ ਬੀਬੀਆਂ ਦੀ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਰੈਸ਼ੀਆਣਾ ਦੇ ਗੁਰਦੁਆਰਾ ਸਾਹਿਬ ਵਿੱਚ ਵੀ ਬੀਬੀਆਂ ਦੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਬੀਬੀ ਦਵਿੰਦਰ ਕੌਰ ਪਿੱਦੀ, ਸੁਖਵਿੰਦਰ ਸਿੰਘ ਦੁਗਲਵਾਲਾ, ਜਨਰਲ ਸਕੱਤਰ ਬਲਜਿੰਦਰ ਸਿੰਘ ਸੇਰੋਂ ਤੇ ਨਿਸ਼ਾਨ ਸਿੰਘ ਸ਼ਾਹਪੁਰ ਨੇ ਕਿਹਾ ਕਿ ਬੀਬੀਆਂ ਸਮਾਜ ਦਾ ਅੱਧਾ ਹਿੱਸਾ ਹਨ। ਬਿਨਾਂ ਬੀਬੀਆਂ ਦੇ ਸਮਾਜ, ਘਰ, ਵੰਸ ਤੇ ਸਰਕਾਰਾਂ ਨਹੀਂ ਚੱਲ ਸਕਦੀਆਂ ਪਰ ਫਿਰ ਵੀ ਬੀਬੀਆਂ ਨੂੰ ਬਰਾਬਰਤਾ ਦੇ ਹੱਕਾਂ ਲਈ ਜੂਝਣਾ ਪੈ ਰਿਹਾ ਹੈ। ਬੀਬੀਆਂ ਨੂੰ ਅੱਜ ਵੀ ਬੋਲਣ ਦੀ ਆਜ਼ਾਦੀ ਲਈ ਸਮਾਜਿਕ ਠੇਕੇਦਾਰਾਂ ਦੀ ਘਟੀਆ ਰਾਜਨੀਤੀ ਦਾ ਸ਼ਿਕਾਰ ਹੋਣਾ ਪੈਂਦਾ ਹੈ। ਕਿਸਾਨੀ ਕਿੱਤੇ ਵਿੱਚ ਬੀਬੀਆਂ ਅੱਜ ਦੁਨੀਆ ਭਰ ਵਿੱਚ ਆਪਣਾ ਨਾਮ ਕਮਾ ਰਹੀਆਂ ਹਨ ਪਰ ਭਾਰਤ ਵਿੱਚ ਅਜੇ ਇਹ ਦੂਰ ਦੀ ਗੱਲ ਹੈ। ਪੰਜਾਬ ਸਮੇਤ ਪੂਰੇ ਦੇਸ਼ ਵਿੱਚ ਮਾਰੂ ਕੈਮੀਕਲ ਨਸ਼ਿਆਂ ਦਾ ਪ੍ਰਕੋਪ ਪੂਰੇ ਜ਼ੋਰਾਂ 'ਤੇ ਹੈ ਪੰਜਾਬ ਦੀ ਤਿੰਨ ਕਰੋੜ ਆਬਾਦੀ ਵਿੱਚੋਂ 70 ਲੱਖ ਤੋਂ ਜ਼ਿਆਦਾ ਲੋਕ ਨਸ਼ਾ ਕਰ ਰਹੇ ਹਨ ਤੇ ਹਰ ਪਿੰਡ ਵਿੱਚ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ। ਪੁਲਸ ਤੇ ਸੂਬਾ ਸਰਕਾਰ ਦੀ ਸ਼ਹਿ 'ਤੇ ਨਸ਼ਾ ਵਿਕ ਰਿਹਾ ਹੈ। ਪਿਛਲੇ 15 ਸਾਲਾਂ ਵਿੱਚ ਲੱਖਾਂ ਨੌਜਵਾਨ ਮਾਰੇ ਜਾ ਚੁੱਕੇ ਹਨ। ਪੁਲਸ ਦੀਆਂ ਕਾਲੀਆਂ ਭੇਡਾਂ ਆਪ ਨਸ਼ੇ ਵੇਚ ਰਹੀਆਂ ਹਨ। ਜੇਕਰ ਨੌਜਵਾਨੀ, ਕਿਸਾਨੀ, ਖੇਤੀ, ਸਿੱਖਿਆ, ਪਾਣੀ, ਹਵਾ, ਵਾਤਾਵਰਨ ਤੇ ਸਮਾਜ ਨੂੰ ਬਚਾਉਣਾ ਹੈ ਤਾਂ ਹਰ ਪਿੰਡ ਵਿੱਚ ਬੀਬੀਆਂ ਨੂੰ ਜੰਥੇਬੰਦ ਹੋਣਾ ਪਵੇਗਾ ਤੇ ਸਰਕਾਰ ਨੂੰ ਹਰ ਮੁੱਦੇ ਉੱਤੇ ਘੇਰਨਾ ਪਵੇਗਾ ਤਾਂ ਕਿ ਚੰਗਾ ਸਮਾਜ ਉਸਾਰਿਆ ਜਾ ਸਕੇ। ਇਸ ਮੌਕੇ ਪਿੰਡ ਰੈਸ਼ੀਆਣਾ ਵਿੱਚ ਮਨਜੀਤ ਕੌਰ ਪ੍ਰਧਾਨ, ਗੁਰਮੀਤ ਕੌਰ ਮੀਤ ਪ੍ਰਧਾਨ ਤੇ ਪਰਮਜੀਤ ਕੌਰ ਨੂੰ ਸਕੱਤਰ ਚੁਣਿਆ ਗਿਆ ਤੇ ਪਿੰਡ ਸੰਘੇ ਵਿੱਚ ਗੁਰਵਿੰਦਰ ਕੌਰ ਪ੍ਰਧਾਨ ਹਰਜੀਤ ਕੌਰ ਨੂੰ ਸਕੱਤਰ ਚੁਣਿਆ ਗਿਆ।ਇਸ ਮੌਕੇ ਸੰਗੀਤਾ ਰਾਣੀ, ਰਾਜ ਕੌਰ, ਹਰਜੀਤ ਕੌਰ, ਮਨਜੀਤ ਕੌਰ, ਚਰਨਜੀਤ ਕੌਰ, ਮਹਿੰਦਰ ਕੌਰ, ਸੁਰਜੀਤ ਕੌਰ, ਨਿੰਦਰ ਕੌਰ, ਦਲਬੀਰ ਕੌਰ, ਗੁਰਮੀਤ ਕੌਰ, ਕੁਲਦੀਪ ਕੌਰ, ਕੁਲਵਿੰਦਰ ਕੌਰ, ਵੀਰ ਕੌਰ, ਕਿਰਨਦੀਪ ਕੌਰ, ਦਵਿੰਦਰ ਕੌਰ, ਕੁਲਵੰਤ ਕੌਰ, ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।.

# ਘਟੀਆ ਮਿਆਰ ਦਾ ਰਾਸ਼ਨ ਵੰਡਣ ਕਾਰਨ ਚੀਮਾ ਬਾਠ ਦੇ ਲੋਕਾਂ 'ਚ ਡਾਢਾ ਰੋਸ

ਰਈਆ, (ਰੈਡੀ)-ਪੰਜਾਬ ਸਰਕਾਰ ਵੱਲੋਂ ਕਾਰਡ ਧਾਰਕਾਂ ਨੂੰ ਸਾਫ਼-ਸੁਥਰਾ ਅਨਾਜ ਘਰ-ਘਰ ਪਹੁੰਚਾਉਣ ਦਾ ਵਾਅਦਾ ਕੀਤਾ ਗਿਆ ਸੀ ਪਰ ਸਬ-ਡਵੀਜ਼ਨ ਬਾਬਾ ਬਕਾਲਾ ਦੇ ਕਈ ਪਿੰਡਾ ਵਿੱਚ ਘਟੀਆ ਮਿਆਰ ਦਾ ਅਨਾਜ (ਚੂਹਿਆਂ ਦੀਆਂ ਮੇਂਗਣਾਂ ਅਤੇ ਸੁਸਰੀ ਵਾਲਾ ਅਨਾਜ), ਵਜ਼ਨ ਵਿੱਚ ਵੀ ਘੱਟ ਦੇਣ ਕਾਰਨ ਰੋਸ ਪਾਇਆ ਜਾ ਰਿਹਾ ਹੈ।ਪਿੰਡ ਚੀਮਾ ਬਾਠ ਦੇ ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਇਸ ਦੀ ਜਾਂਚ ਕਰਵਾਈ ਜਾਵੇ।ਇਸ ਸਬੰਧੀ ਪਿੰਡ ਚੀਮਾ-ਬਾਠ ਦੇ ਵੱਡੀ ਗਿਣਤੀ ਵਿਚ ਲੋਕਾਂ ਨੇ ਇਸ ਪ੍ਰਤੀਨਿਧ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬੀਤੇ ਦਿਨ ਠੇਕੇਦਾਰ ਦੇ ਬੰਦਿਆਂ ਵਲੋਂ ਸਾਡੇ ਇਥੇ ਚੂਹਿਆਂ ਦੀਆਂ ਮੇਂਗਣਾਂ, ਬਿੱਠਾਂ ਤੇ ਸੁਸਰੀ ਨਾਲ ਭਰੀ ਮਿੱਟੀ ਬਣ ਚੁੱਕੀ ਕਣਕ ਵੰਡੀ ਗਈ ਜੋ ਕਾਰਡ ਧਾਰਕ ਲੋਕਾਂ ਮਜਬੂਰੀ ਵੱਸ ਲੈ ਲਈ ਕਿਉਂਕਿ ਪਿਛਲੇ ਮਹੀਨੇ ਪਿੰਡ ਵਿੱਚ ਜੋ ਸਪਲਾਈ ਵੰਡੀ ਗਈ ਸੀ ਉਸ ਵਿੱਚ ਬਹੁਤ ਸਾਰੇ ਲੋਕ ਰਾਸ਼ਨ ਲੈਣ ਤੋਂ ਵਾਂਝੇ ਰਹਿ ਗਏ ਸਨ ਜੋ ਮਹਿਕਮੇ ਦੇ ਗੇੜੇ ਮਾਰ ਕੇ ਥੱਕ ਗਏ ਹਨ। ਉਨ੍ਹਾਂ ਕਿਹਾ ਕਿ ਡਿਪੂ ਹੋਲਡਰ ਨੇ ਇਹ ਕਹਿ ਕੇ ਪੱਲਾ ਝਾੜ ਦਿੱਤਾ ਕਿ ਹੁਣ ਮਹਿਕਮਾ ਬਦਲ ਗਿਆ ਹੈ ਤੇ ਪੁਰਾਣੀ ਸਪਲਾਈ ਕਿਸੇ ਨੂੰ ਨਹੀਂ ਮਿਲੇਗੀ। ਡਿਪੂ ਹੋਲਡਰ ਸੁਖਵਿੰਦਰ ਸਿੰਘ ਨੇ ਮੰਨਿਆਂ ਕਿ ਕਣਕ ਦੀ ਸਪਲਾਈ ਬੇਹੱਦ ਖ਼ਰਾਬ ਹੋਣ ਕਰਕੇ ਅਸੀਂ ਲੋਕਾਂ ਨੂੰ ਇਨਕਾਰ ਕੀਤਾ ਸੀ ਪਰ ਲੋਕਾਂ ਨੇ ਆਪਣੀ ਮਰਜ਼ੀ ਨਾਲ ਹੀ ਘਟੀਆ ਅਨਾਜ ਲਿਆ ਹੈ। ਫੂਡ ਸਪਲਾਈ ਇੰਸਪੈਕਟਰ ਹਰਮਨ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਸਬੰਧੀ ਪਹਿਲਾਂ ਹੀ ਜਾਣਕਾਰੀ ਮਿਲ ਚੁੱਕੀ ਹੈ ਤੇ ਅਸੀਂ ਇਸ ਸਬੰਧੀ ਜਾਂਚ ਕਰਕੇ ਬਣਦੀ ਕਾਰਵਾਈ ਕਰਾਂਗੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਾਰਡ ਧਾਰਕਾਂ ਦੀਆਂ ਪਿਛਲੇ ਮਹੀਨੇ ਦੀਆਂ ਪਰਚੀਆਂ ਕੱਟੀਆਂ ਹਨ ਉਨ੍ਹਾਂ ਨੂੰ ਵੀ ਅਨਾਜ ਦਿੱਤਾ ਜਾਵੇਗਾ।ਇਸ ਸਬੰਧੀ ਐੱਫਐੱਸਓ ਰਈਆ ਮਹੇਸ਼ ਨੇ ਕਿਹਾ ਕਿ ਉਹ ਇਸ ਸਬੰਧੀ ਜਾਚ ਕਰਵਾ ਕੇ ਕਾਰਵਾਈ ਕਰਨਗੇ।ਇਸ ਮੌਕੇ ਡਾ. ਅੰਬੇਦਕਰ ਸੋਸ਼ਲ ਐਂਡ ਐਜੂਕੇਸ਼ਨਲ ਜਥੇਬੰਦੀ ਤੋਂ ਅਮਰੀਕ ਨਾਥ, ਗੁਰਭੇਜ ਸਿੰਘ, ਗੁਰਮੇਜ ਸਿੰਘ ਆਦਿ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਦੀ ਪਿਛਲੇ ਮਹੀਨੇ ਦਾ ਅਨਾਜ ਰਹਿੰਦਾ ਹੈ ਉਨ੍ਹਾਂ ਨੂੰ ਤੁਰੰਤ ਅਨਾਜ ਵੰਡਿਆ ਜਾਵੇ ਤੇ ਗ਼ਰੀਬਾਂ ਨੂੰ ਘਟੀਆਂ ਅਨਾਜ ਦੇਣ ਵਾਲਿਆਂ ਵਾਲਿਆਂ ਖ਼ਿਲਾਫ਼ ਫੂਡ ਸਪਲਾਈ ਵਿਭਾਗ ਵਲੋ ਬਣਦੀ ਕਾਰਵਾਈ ਕੀਤੀ ਜਾਵੇ।

# ਲੋਕ ਸੇਵਾ ਦਲ ਨੇ ਰੇਲਵੇ ਫਲਾਈ ਓਵਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਡੀਸੀ ਗੁਰਦਾਸਪੁਰ ਨੂੰ ਸੌਂਪਿਆ ਮੰਗ ਪੱਤਰ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਲੋਕ ਸੇਵਾ ਦਲ (ਰਜਿ) ਵਲੋ ਬਹਿਰਾਮਪੁਰ ਰੋਡ ਪੁਲਸ ਸਟੇਸ਼ਨ ਚੌਂਕ ਨੂੰ ਗੋਲ ਚੌਂਕ ਬਣਾਉਣ ਲਈ ਡਿਪਟੀ ਕਮਿਸ਼ਨਰ ਦੇ ਦਫ਼ਤਰ ਗੁਰਦਾਸਪੁਰ ਵਿਖੇ ਸੁਪਰਡੈਂਟ ਵਿਜੇ ਕੁਮਾਰ ਨੂੰ ਲੋਕ ਸੇਵਾ ਦਲ (ਰਜਿ) ਦੇ ਪ੍ਰਧਾਨ ਸੁਖਵਿੰਦਰ ਸਿੰਘ ਪਾਹੜਾ ਦੀ ਅਗਵਾਈ ਵਿੱਚ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਤੇ ਉਨ੍ਹਾਂ ਆਪਣੀਆਂ ਮੰਗਾਂ ਨੂੰ ਲੈ ਕੇ ਕਿਹਾ ਕਿ ਪੀ. ਡਬਲਿਉ. ਡੀ ਮਹਿਕਮੇ ਦੇ ਯਤਨਾਂ ਸਦਕਾ ਬਹਿਰਾਮਪੁਰ ਰੋਡ ਦੀਨਾਨਗਰ ਫਲਾਈ ਓਵਰ ਕੰਪਲੀਟ ਹੋਣ ਉਪਰੰਤ ਚਾਲੂ ਕਰ ਦਿੱਤਾ ਗਿਆ ਹੈ।ਪ੍ਰੰਤੂ ਇਸ ਦੇ ਬਾਵਜੂਦ ਵੀ ਕਈ ਖਾਮੀਆਂ ਰਹਿ ਗਈਆਂ ਹਨ ਅਤੇ ਇਨ੍ਹਾਂ ਖਾਮੀਆਂ ਨੂੰ ਦੂਰ ਕੀਤਾ ਜਾਵੇ।ਉਨ੍ਹਾਂ ਅੱਗੇ ਕਿਹਾ ਕਿ ਪੁਲਸ ਥਾਣਾ ਦੀਨਾਨਗਰ ਨੇੜੇ ਬਹਿਰਾਮਪੁਰ ਰੋਡ ਰੇਲਵੇ ਫਲਾਈ ਓਵਰ ਚਾਲੂ ਹੋਣ ਕਰਕੇ ਟਰੈਫਿਕ ਦੀ ਸਮੱਸਿਆ ਵੱਧ ਗਈ ਹੈ ਜਿਸ ਨਾਲ ਐਕਸੀਡੈਂਟ ਹੋਣ ਦਾ ਖਤਰਾ ਵੱਧ ਗਿਆ ਹੈ।ਕਿਉਂਕਿ ਸੜਕ ਤੇ ਕੋਈ ਵੀ ਸਾਈਨ ਬੋਰਡ ਨਹੀਂ ਲਗਾਏ ਗਏ ਅਤੇ ਨਾ ਹੀ ਇੰਡੀਕੇਟਰ ਲਗਾਏ ਗਏ ਹਨ।ਉਨ੍ਹਾਂ ਕਿਹਾ ਕਿ ਇਸ ਚੌਂਕ ਵਿੱਚ ਲਾਲ ਪੀਲੀ ਤੇ ਹਰੀ ਬਤੀਆ ਲੱਗਣੀਆਂ ਚਾਹੀਦੀਆਂ ਹਨ।ਇਸ ਚੌਂਕ ਵਿੱਚ ਗੋਲ ਚੌਂਕ ਬਣਾਉਣਾ ਚਾਹੀਦਾ ਹੈ ਤਾਂ ਕਿ ਟਰੈਫਿਕ ਤੇ ਕੰਟਰੋਲ ਹੋ ਸਕੇ।ਉਨ੍ਹਾਂ ਕਿਹਾ ਕਿ ਇਸ ਚੌਂਕ ਦਾ ਨਾਂ ਬਾਬਾ ਸ੍ਰੀ ਚੰਦ ਜੀ ਦੇ ਨਾਂਅ 'ਤੇ ਰੱਖਿਆ ਜਾਣਾ ਚਾਹੀਦਾ ਹੈ ਕਿਉਂਕਿ ਇਲਾਕੇ ਦੇ ਲੋਕਾਂ ਦੀ ਤਪ ਸਥਾਨ ਬਾਬਾ ਸ੍ਰੀ ਚੰਦ ਗੁਰਦੁਆਰਾ ਗਾਹਲੜੀ ਵਿੱਚ ਬਹੁਤ ਆਸਥਾ ਹੈ।ਉਨ੍ਹਾਂ ਕਿਹਾ ਕਿ ਗ੍ਰੀਨਲੈਂਡ ਸਕੂਲ ਦੀਨਾਨਗਰ ਨੇੜੇ ਵੀ ਬੱਚਿਆਂ ਨੂੰ ਸਕੂਲ ਦੀ ਛੁੱਟੀ ਵੇਲੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸਕੂਲ ਦੇ ਸਾਹਮਣੇ ਸੜਕ ਤੇ ਸਾਈਨ ਬੋਰਡ, ਲਾਈਟਾਂ, ਬ੍ਰੇਕਰਾਂ ਆਦਿ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਰੇਲਵੇ ਫਲਾਈ ਓਵਰ ਉਪਰ ਸਟਰੀਟ ਲਾਈਟਾਂ ਤਾਂ ਲਗਾਈਆਂ ਗਈਆਂ ਹਨ।ਪਰ ਇਹ ਸਟਰੀਟ ਲਾਈਟਾਂ ਰਾਤ ਨੂੰ ਨਹੀਂ ਜੱਗਦੀਆਂ ਅਤੇ ਰਾਤ ਦੇ ਸਮੇਂ ਲੋਕਾਂ ਨੂੰ ਹਨੇਰੇ ਵਿੱਚ ਲੰਘਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਇਹ ਸਾਰੀਆਂ ਮੰਗਾਂ ਪੂਰੀਆਂ ਕੀਤਾ ਜਾਣ ਅਤੇ ਇਸ ਫਲਾਈ ਓਵਰ ਦਾ ਕੰਮ ਕੰਪਲੀਟ ਕਰਕੇ ਲੋਕਾਂ ਨੂੰ ਪ੍ਰੋਪਰ ਸਹੂਲਤਾਂ ਦਿੱਤੀਆਂ ਜਾਵੇ।ਇਸ ਮੌਕੇ ਬਿਕਰਮਜੀਤ, ਨਵਪ੍ਰੀਤ ਸਿੰਘ, ਰਾਹੁਲ, ਰਾਮ ਲਾਲ, ਚੰਦਰਭਨ, ਵਕੀਲ ਲਖਵਿੰਦਰ ਸਿੰਘ ਸੈਣੀ, ਰਾਮ ਲਾਲ, ਰਾਹੁਲ ਬਬਲੂ ਚਰਨਜੀਤ ਸਿੰਘ ਗਿੱਲ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਪੈਟਰੋਲ-ਡੀਜ਼ਲ ਦੇ ਵਧਾਏ ਰੇਟ ਤੇ ਬੱਸ ਕਿਰਾਇਆਂ 'ਚ ਵਾਧਾ ਸਰਕਾਰ ਵਾਪਿਸ ਲਵੇ: ਕਰਮਪੁਰਾ, ਝਾਮਕਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੈਟਰੋਲ ਅਤੇ ਡੀਜ਼ਲ ਦੇ ਰੇਟ ਵਧਾਉਣ ਤੋਂ ਬਾਅਦ ਫਿਰ ਤੀਜੀ ਵਾਰੀ ਪੰਜਾਬ ਸਰਕਾਰ ਵਲੋਂ ਪੈਟਰੋਲ 61 ਪੈਸੇ ਤੇ ਡੀਜ਼ਲ 92 ਪੈਸੇ ਪ੍ਰਤੀ ਲੀਟਰ ਰੇਟ ਵਧਾਉਣ, ਬੱਸਾਂ ਦੇ ਕਿਰਾਏ ਵਿੱਚ 23 ਪੈਸੇ ਪ੍ਰਤੀ ਕਿਲੋਮੀਟਰ ਵਾਧਾ ਕਰਨ ਅਤੇ 7 ਕਿਲੋਵਾਟ ਦੇ ਬਿਜਲੀ ਖਪਤਕਾਰ ਦੀ 3 ਰੁਪਏ ਪ੍ਰਤੀ ਯੂਨਿਟ ਸੱਬਸਿਡੀ ਵਾਪਸ ਲੈਣ ਦੇ ਖਿਲਾਫ਼ ਭਾਰਤੀ ਇੰਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ. ਪੀ. ਆਈ.) ਅਤੇ ਸੀ.ਪੀ.ਆਈ. (ਐੱਮ.ਐੱਲ) ਲਿਬਰੇਸ਼ਨ ਵਲੋਂ ਸਾਂਝੇ ਤੌਰ 'ਤੇ ਪੰਜਾਬ ਦੀ ਮਾਨ ਸਰਕਾਰ ਦਾ ਪਿੰਡ ਗੁਮਟਾਲਾ ਵਿਖੇ ਬੀਬੀ ਸਵਿੰਦਰ ਕੌਰ ਗੁਮਟਾਲਾ ਤੇ ਬਲਵਿੰਦਰ ਸਿੰਘ ਬੱਬੀ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।

ਮੀਟਿੰਗ ਵਿੱਚ ਕਾ: ਜਗਤਾਰ ਸਿੰਘ ਕਰਮਪੁਰਾ ਤੇ ਬਲਬੀਰ ਸਿੰਘ ਝਾਮਕਾ ਨੇ ਬੋਲਦਿਆਂ ਕਿਹਾ ਕਿ ਲੋਕਾਂ ਨੇ ਅਕਾਲੀ, ਬੀ.ਜੇ.ਪੀ. ਅਤੇ ਕਾਂਗਰਸ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਦੁਖੀ ਹੋ ਕੇ ਇਸ ਆਸ ਨਾਲ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਬਹੁਤ ਵੱਡੇ ਬਹੁਮਤ ਨਾਲ ਜਿਤਾਇਆ ਸੀ ਕਿ ਕੀਤੇ ਗਏ ਵਾਅਦਿਆਂ ਅਨੁਸਾਰ ਆਮ ਆਦਮੀ ਪਾਰਟੀ ਪੰਜਾਬ ਵਿੱਚ ਲੋਕ ਪੱਖੀ ਨੀਤੀਆਂ ਲਿਆਵੇਗੀ ਤੇ ਲੋਕਾਂ ਨੂੰ ਚੰਗਾ ਪ੍ਰਸ਼ਾਸ਼ਨ ਮਿਲੇਗਾ, ਭ੍ਰਿਸਟਾਚਾਰ ਖਤਮ ਹੋਵੇਗਾ ਤੇ ਪੁਲਿਸ ਲੋਕਾਂ ਨਾਲ ਇਨਸਾਫ਼ ਕਰੇਗੀ ਤੇ ਲੋਕ ਥਾਣਿਆਂ, ਅਦਾਲਤਾਂ ਵਿੱਚ ਖ਼ੱਜਲ-ਖੁਆਰ ਨਹੀਂ ਹੋਣਗੇ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਅਕਾਲੀ, ਬੀ.ਜੇ.ਪੀ., ਕਾਂਗਰਸ ਵਾਲੀਆਂ ਨੀਤੀਆਂ ਹੀ ਅਪਨਾ ਰਹੀ ਹੈ ਅਤੇ ਅਡਾਨੀਆਂ ਅੰਬਾਨੀਆਂ ਦੇ ਇਸ਼ਾਰੇ ਤੇ ਚਲਦਿਆਂ ਧਨਾਢਾਂ ਦਾ ਪੱਖ ਪੂਰਿਆ ਜਾ ਰਿਹਾ ਹੈ ਜਿਸ ਕਰਕੇ ਪੰਜਾਬ ਦੇ ਲੋਕਾਂ ਦੇ ਮਨ੍ਹਾਂ ਵਿੱਚ ਮਾਨ ਸਰਕਾਰ ਦੇ ਖਿਲਾਫ਼ ਡਾਢਾ ਗੁੱਸਾ ਹੈ। ਪੰਜਾਬ ਵਿੱਚ ਨਸ਼ਾ ਪਹਿਲਾਂ ਨਾਲੋ ਵੀ ਵੱਧ ਗਿਆ ਹੈ ਕਤਲੋ ਗਾਰਤ, ਬੈਂਕ ਡਕੈਤੀਆਂ, ਫਿਰੋਤੀਆਂ, ਬਲਾਤਕਾਰ, ਲੁੱਟਾਂ ਖੋਹਾਂ ਦਿਨ ਦਿਹਾੜੇ ਹੋ ਰਹੀਆਂ ਹਨ ਤੇ ਗੈਂਗਸਟਰ, ਜਮਾਂਖੋਰ ਦਨਦਨਾਉਂਦੇ ਫਿਰਦੇ ਹਨ ਪਰ ਪ੍ਰਸ਼ਾਸ਼ਨ ਖਾਮੋਸ਼ ਬੈਠਾ ਹੈ ਅਤੇ ਮਾਨ ਸਰਕਾਰ ਦੇ ਮੰਤਰੀ ਤੇ ਐਮ.ਐਲ.ਏ ਅਖ਼ਬਾਰਾਂ ਤੇ ਇਲੈਕਟ੍ਰੋਨਿਕ ਮੀਡੀਆ ਵਿੱਚ ਝੂਠੇ ਬਿਆਨ ਤੇ ਇਸ਼ਤਿਹਾਰ ਦੇ ਕੇ ਵਾਹ-ਵਾਹ ਖੱਟਣ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਲੋਕਾਂ ਦੀਆਂ ਜੇਬਾਂ 'ਚੋਂ ਟੈਕਸ ਦੇ ਵਸੂਲੇ ਕਰੋੜਾਂ ਅਰਬਾਂ ਰੁਪਏ ਇਸ਼ਤਿਹਾਰਬਾਜ਼ੀ ਤੇ ਬਰਬਾਦ ਕੀਤੇ ਜਾ ਰਹੇ ਹਨ।

# ਡੈਨੀ ਬੰਡਾਲਾ ਨੂੰ ਜਨਰਲ ਸਕੱਤਰ ਤੇ ਇੰਚਾਰਜ ਲਗਾਉਣ 'ਤੇ ਹਾਈਕਮਾਂਡ ਦਾ ਧੰਨਵਾਦ



ਰਈਆ (ਰੈਡੀ)-ਆਲ ਇੰਡੀਆ ਕਾਂਗਰਸ ਕਮੇਟੀ ਵਲੋਂ ਸੁਖਵਿੰਦਰ ਸਿੰਘ ਡੈਨੀ ਨੂੰ ਦਿੱਲੀ ਕਾਂਗਰਸ ਕਮੇਟੀ ਦਾ ਇੰਚਾਰਜ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦਾ ਜਨਰਲ ਸਕੱਤਰ ਲਗਾਉਣ ਨਾਲ ਪੰਜਾਬ ਕਾਂਗਰਸ ਕਮੇਟੀ ਦੇ ਵਰਕਰ ਵੀ ਬਾਗੋਬਾਗ ਹੋ ਗਏ ਹਨ।ਇਹ ਪ੍ਰਗਟਾਵਾ ਅੰਮ੍ਰਿਤਸਰ ਜ਼ਿਲਾ ਦਿਹਾਤੀ ਦੇ ਪ੍ਰਧਾਨ ਜਰਮਨਜੀਤ ਸਿੰਘ ਢਿੱਲੋਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਸੋਨੀਆ ਗਾਂਧੀ, ਐੱਮ ਖੜਗੇ ਪ੍ਰਧਾਨ ਆਲ ਇੰਡੀਆ ਕਾਂਗਰਸ ਕਮੇਟੀ, ਰਾਹੁਲ ਗਾਂਧੀ, ਦਵਿੰਦਰ ਯਾਦਵ ਇੰਚਾਰਜ ਪੰਜਾਬ ਕਾਂਗਰਸ ਕਮੇਟੀ, ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਕਾਂਗਰਸ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਸੁਖਵਿੰਦਰ ਸਿੰਘ ਡੈਨੀ ਨੂੰ ਨਵੀਆਂ ਜ਼ਿੰਮੇਵਾਰੀਆਂ ਮਿਲਣ 'ਤੇ ਦਿਲ ਦੀਆਂ ਗਹਿਰਾਈਆਂ ਤੋਂ ਵਧਾਈਆਂ ਵੀ ਦਿੱਤੀਆਂ।ਇਸ ਮੌਕੇ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਸੁਖਵਿੰਦਰ ਸਿੰਘ ਡੈਨੀ ਨੂੰ ਦਿੱਲੀ ਕਾਂਗਰਸ ਕਮੇਟੀ ਦੇ 1933 ਸੈਕਟਰੀ ਨਿਯੁਕਤ ਕਰਨ ਤੇ ਵਧਾਈ ਦੇਣ ਪਹੁੰਚੇ।ਯੂਥ ਕਾਂਗਰਸ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਜਰਮਨਜੀਤ ਸਿੰਘ ਢਿੱਲੋਂ ਨਾਲ ਪ੍ਰਧਾਨ ਐੱਨ ਐੱਸ ਯੂ ਆਈ ਅੰਮ੍ਰਿਤਸਰ, ਅਰਸ਼ ਵਿਰਕ, ਪਰਗਟ ਨਵਾਂਪਿੰਡ, ਜਸਵੰਤ ਨਵਾਂਪਿੰਡ, ਤੀਰਥ ਖਜਾਲਾ, ਬਾਕੀ ਨੌਜਵਾਨ ਸਾਥੀਆਂ ਨੇ ਵੀ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੂੰ ਵਧਾਈਆਂ ਦਿੱਤੀਆਂ।

# ਵਿਆਹ ਪੁਰਬ ਦੀ ਸੰਪੂਰਨਤਾ 'ਤੇ ਫਾਇਰ ਬ੍ਰਿਗੇਡ ਸਟਾਫ ਨੂੰ ਨਿੱਘੀ ਵਿਦਾਇਗੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮਾਣਯੋਗ ਕਮਿਸ਼ਨਰ, ਨਗਰ ਨਿਗਮ ਬਟਾਲਾ ਦੀ ਹਦਾਇਤਾਂ ਅਨੁਸਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 537ਵੇਂ ਵਿਆਹ ਪੁਰਬ ਦੀ ਸੰਪੂਰਨਤਾ ਉਪਰੰਤ ਸਟੇਸਨ ਫਾਇਰ ਬ੍ਰਿਗੇਡ ਬਟਾਲਾ ਵਿਖੇ ਪੰਜਾਬ ਦੇ ਵੱਖ-ਵੱਖ ਸਟੇਸ਼ਨਾਂ ਆਏ ਫਾਇਰ ਟੈਂਡਰਾਂ ਤੇ ਸਟਾਫ ਦੀ ਸ਼ਾਨਦਾਰ ਤੇ ਨਿੱਘੀ ਵਿਦਾਇਗੀ ਮੌਕੇ ਗੁਰੂ ਬਖਸ਼ਿਸ ਪ੍ਰਸ਼ਾਦ ਵੰਡਿਆ।

ਇਸ ਮੌਕੇ ਫਾਇਰ ਅਫ਼ਸਰ ਨੀਰਜ਼ ਸ਼ਰਮਾ, ਰਾਕੇਸ਼ ਸ਼ਰਮਾ ਤੇ ਓਂਕਾਰ ਸਿੰਘ, ਹਰਬਖਸ਼ ਸਿੰਘ ਸਿਵਲ ਡਿਫੈਂਸ, ਜਸਬੀਰ ਸਿੰਘ ਤੇ ਫਾਇਰ ਸਟੇਸ਼ਨਾਂ ਦਾ ਸਟਾਫ ਮੌਜੂਦ ਸੀ।ਇਸ ਮੌਕੇ ਸਟੇਸ਼ਨ ਇੰਚਾਰਜ ਸੁਰਿੰਦਰ ਸਿੰਘ ਵਲੋਂ ਸਾਰੇ ਸ਼ਹਿਰ ਵਿਚ ਤਾਇਨਾਤ ਫਾਇਰਮੈਨਾਂ ਦੀਆਂ ਸੇਵਾਵਾਂ ਬਹੁਤ ਵਧੀਆ ਅਤੇ ਸੁਚਜੇ ਢੰਗ ਨਾਲ ਨਿਭਾਉਣ 'ਤੇ ਧੰਨਵਾਦ ਕੀਤਾ।ਸੰਗਤਾਂ ਦੇ ਭਾਰੀ ਇੱਕਠ ਹੋਣ ਤੇ ਫਾਇਰ ਬ੍ਰਿਗੇਡ ਟੀਮਾਂ ਵਲੋਂ ਕੋਈ ਅਣਸੁਖਾਵੀਂ ਘਟਨਾ ਵਾਪਰਨ ਤੇ ਬਚਾਅ ਕਰਨ ਵਿਚ ਕੀਤੀ ਤਿਆਰੀ ਦੀ ਸਰਾਹਨਾ ਕੀਤੀ। ਅੱਗੇ ਤੋਂ ਵੀ ਅਜਿਹੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਤੋ ਪਹਿਲਾਂ ਪੰਜਾਬ ਦੇ ਵੱਖ-ਵੱਖ ਫਾਇਰ ਬ੍ਰਿਗੇਡ ਸਟੇਸ਼ਨਾਂ ਤੋਂ ਆਏ ਫਾਇਰ ਅਫ਼ਸਰ ਤੇ ਫਾਇਰਮੈਨਾਂ ਨੇ ਵਿਆਹ ਅਸਥਾਨ ਗੁਰਦੁਆਰਾ ਡੇਹਰਾ ਸਾਹਿਬ, ਗੁਰਦੁਆਰਾ ਸ੍ਰੀ ਕੰਧ ਸਾਹਿਬ ਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਦੇ ਦਰਸ਼ਨ ਦੀਦਾਰ ਕੀਤੇ ਤੇ ਇਤਿਹਾਸ ਤੋਂ ਜਾਣੂ ਹੋਏ।

# ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ 'ਚ ਨਵਾਂ ਵਿੱਦਿਅਕ ਸੈਸ਼ਨ ਆਰੰਭ



ਗੁਰਦਾਸਪੁਰ (ਜਨਕ ਮਹਾਜਨ)-ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਵਿੱਚ ਨਵੇਂ ਸੈਸ਼ਨ 2024-26 ਦਾ ਸ਼ੁਭ ਆਰੰਭ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਦੀ ਪ੍ਰਧਾਨਗੀ ਹੇਠ ਹਵਨ ਯੱਗ ਕਰਕੇ ਕੀਤਾ ਗਿਆ। ਇਸ ਮੌਕੇ ਬੀ.ਐੱਡ ਅਤੇ ਈ.ਟੀ.ਟੀ. ਦੀਆਂ ਵਿਦਿਆਰਥਣਾਂ ਸ਼ਾਮਿਲ ਹੋਈਆਂ। ਹਵਨ ਯੱਗ ਦਾ ਆਰੰਭ ਮੰਤਰ ਉਚਾਰਨ ਨਾਲ ਕੀਤਾ ਗਿਆ। ਇਸ ਮੌਕੇ ਮੈਨੇਜਮੈਂਟ ਦੇ ਪ੍ਰਧਾਨ ਵਿਨੋਦ ਮਹਾਜਨ, ਪ੍ਰੋਫੈਸਰ ਰਵੀ ਸ਼ੰਕਰ, ਪ੍ਰੋਫੈਸਰ ਸੁਨੀਤਾ ਗੁਪਤਾ, ਡਾਕਟਰ ਰੁਪਿੰਦਰ ਕੌਰ ਅਤੇ ਹੋਰ ਸਟਾਫ ਮੈਂਬਰਾਂ ਨੇ ਹਵਨ ਯੱਗ ਵਿਚ ਅਹੂਤੀਆਂ ਪਾ ਕੇ ਭਗਵਾਨ ਨੂੰ ਯਾਦ ਕੀਤਾ। ਇਸ ਦੇ ਨਾਲ ਹੀ ਕਾਲਜ ਵਿੱਚ ਬੀ.ਐੱਡ ਦੇ ਨਵੇਂ ਸੈਸ਼ਨ ਦਾ ਓਰੀਐਨਟੇਸ਼ਨ ਵੀ ਕਰਵਾਇਆ ਗਿਆ। ਪ੍ਰਿੰਸੀਪਲ ਨੇ ਬੱਚਿਆਂ ਦਾ ਸਵਾਗਤ ਕੀਤਾ ਅਤੇ ਕਾਲਜ ਦੀਆਂ ਗਤੀਵਿਧਆਂ ਤੋਂ ਜਾਣੂੰ ਕਰਵਾਇਆ। ਇਸ ਮੌਕੇ ਡਾਕਟਰ ਵਿਨੋਦ ਮਹਾਜਨ ਨੇ ਬੱਚਿਆਂ ਨੂੰ ਨਵੇਂ ਸੈਸ਼ਨ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਅੱਗੇ ਵਧਣ ਲਈ ਅਣਥਕ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋਫੈਸਰ ਊਮਾ ਸ਼ਰਮਾ, ਰਜਨੀਸ਼ ਬਾਲਾ, ਅਤੁਲ ਅਗਰਵਾਲ, ਪੂਜਾ, ਸੋਨੀ, ਅਨੂ, ਨਿਧੀ, ਜੋਤੀ, ਸੁਮਨ ਆਦਿ ਹਾਜ਼ਰ ਸਨ।

# ਅੱਤ ਦੀ ਮਹਿੰਗਾਈ ਕਾਰਨ ਗਰੀਬ ਲੋਕਾਂ ਦਾ ਜਿਊਣਾ ਦੁੱਭਰ ਹੋਇਆ: ਵੈਰੋਵਾਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਦਿਹਾਤੀ ਮਜ਼ਦੂਰ ਸਭਾ ਦੀ ਭਰਵੀਂ ਮੀਟਿੰਗ ਪਿੰਡ ਰਾਮਪੁਰ ਭੂਤਵਿੰਡ ਵਿਖੇ ਕੀਤੀ ਗਈ ।ਮੀਟਿੰਗ ਵਿੱਚ ਮਾਇਕਰੋ ਫਾਇਨਾਂਸ ਕੰਪਨੀ ਦੇ ਕਰਿੰਦਿਆ ਵੱਲੋਂ ਘਰਾਂ 'ਚ ਆ ਕੇ ਕਿਸ਼ਤਾਂ ਨਾ ਮੋੜਨ ਦੀ ਸੂਰਤ 'ਚ ਤੰਗ ਪ੍ਰੇਸ਼ਾਨ ਕਰਨ ਅਤੇ ਘਰ ਦਾ ਸਾਮਾਨ ਚੁੱਕਣ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਗਰੀਬ ਲੋਕਾਂ ਕੋਲੋਂ ਮੂਲ ਤੋਂ ਤਿੰਨ ਗੁਣਾ ਵੱਧ ਪੈਸੇ ਲੈ ਚੁੱਕੇ ਹਨ ਫਿਰ ਵੀ ਨਜਾਇਜ਼ ਧਮਕੀਆਂ ਦੇ ਰਹੇ ਹਨ । ਗਰੀਬ ਲੋਕ ਕਿਸ਼ਤਾਂ ਦੇਣ ਤੋਂ ਸਮਰੱਥ ਹਨ ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਨੇ ਕਿਹਾ ਕਿ ਅੱਤ ਦੀ ਮਹਿੰਗਾਈ ਹੋਣ ਕਾਰਨ ਆਮ ਲੋਕਾਂ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ ।ਹੁਣ ਗਰੀਬ ਲੋਕਾਂ ਕੋਲੋਂ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ । ਵੈਰੋਵਾਲ ਨੇ ਦੱਸਿਆ ਕਿ ਪਿੰਡ ਰਾਮਪੁਰ ਭੂਤਵਿੰਡ 'ਚ ਧਮਕੀਆਂ ਦੇਣ ਨਾਲ ਇਕ ਆਦਮੀ ਹਾਰਟ ਅਟੈਕ ਹੋ ਗਿਆ ਹੈ ।ਉਨ੍ਹਾਂ ਪੁਲਸ ਪ੍ਰਸ਼ਾਸ਼ਨ ਤੋ ਮੰਗ ਕਰਦਿਆਂ ਕਿਹਾ ਕਿ ਧਮਕੀਆਂ ਦੇਣ ਵਾਲਿਆਂ ਵਿਰੁੱਧ ਤੁਰੰਤ ਕੇਸ ਦਰਜ ਕੀਤਾ ਜਾਵੇ ।

ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਗਰੀਬ ਲੋਕਾਂ ਦੇ ਹਰ ਤਰ੍ਹਾਂ ਦੇ ਕਰਜ਼ੇ ਮੁਆਫ ਕੀਤੇ ਜਾਣ, ਬੇਘਰੇ ਲੋਕਾਂ ਨੂੰ 10-10 ਮਰਲੇ ਦੇ ਪਲਾਟ ਜਾਰੀ ਕੀਤੇ ਜਾਣ ।

ਲਾਲ ਲਕੀਰ ਅੰਦਰ ਰਹਿ ਰਹੇ ਗਰੀਬ ਪ੍ਰਵਾਰਾ ਨੂੰ ਮਾਲਕੀ ਦੇ ਹੱਕ ਦਿੱਤੇ ਜਾਣ ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਭਖਦੇ ਮਸਲੇ ਨੂੰ ਲੈ ਕੇ 13 ਸਤੰਬਰ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਭੁੱਲਰ ਦੇ ਘਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ । ਉਨ੍ਹਾਂ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ।

# ਜ਼ਿਲ੍ਹਾ ਪੱਧਰੀ ਫੈਂਸਿੰਗ ਗੇਮਾਂ ਭਲਕੇ





ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਫੈਂਸਿੰਗ ਐਸੋਸੀਏਸ਼ਨ ਜ਼ਿਲ੍ਹਾ ਤਰਨ ਤਾਰਨ ਦੇ ਜਨਰਲ ਸਕੱਤਰ ਹਜ਼ੂਰਾ ਸਿੰਘ ਰੰਧਾਵਾ ਤੇ ਖਜ਼ਾਨਚੀ ਵਰਿੰਦਰਜੀਤ ਸਿੰਘ ਪੰਡੋਰੀ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ 13 ਸਤੰਬਰ ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਬੀੜ ਸਾਹਿਬ ਜੀ ਵਿਖੇ ਸਥਿਤ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਸਕੂਲ ਠੱਠਾ (ਝਬਾਲ) ਵਿਖੇ ਜ਼ਿਲ੍ਹਾ ਪੱਧਰੀ ਫੈਂਸਿੰਗ ਗੇਮਾਂ ਕਰਵਾਈਆਂ ਜਾ ਰਹੀਆਂ ਹਨ ਜਿਨ੍ਹਾਂ ਵਿਚ ਓਪਨ ਫੈਂਸਿੰਗ ਅੰਡਰ 14 ਤੇ ਅੰਡਰ 17 ਲੜਕੇ ਤੇ ਲੜਕੀਆਂ ਭਾਗ ਲੈਣਗੀਆਂ।ਜਿਹੜੇ ਬੱਚੇ ਇਸ ਵਿਚ ਸਿਲੈਕਟ ਹੋਣਗੇ ਉਹ ਜ਼ਿਲ੍ਹਾ ਮਾਨਸਾ ਵਿਖੇ ਹੋ ਰਹੀ ਸਟੇਟ ਲੈਵਲ ਦੀਆਂ ਫੈਸਿੰਗ ਗੇਮਾਂ ਵਿਚ ਭਾਗ ਲੈਣਗੇ ।


# ਸੀ ਕੇ ਡੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਅਰਦਾਸ ਦਿਵਸ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੀਫ ਖਾਲਸਾ ਦੀਵਾਨ ਅਧੀਨ ਚੱਲ ਰਹੇ ਸੀ ਕੇ ਡੀ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੌਲਿਜੀ ਦੇ ਵਿਹੜੇ ਵਿਚ ਨਵੇਂ ਸੈਸ਼ਨ ਦੇ ਅਰੰਭ ਮੌਕੇ ਅਰਦਾਸ ਦਿਵਸ ਮਨਾਇਆ ਗਿਆ ਜਿਸ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ। ਇਸ ਸ਼ੁਭ ਮੌਕੇ ਤੇ ਫੁੱਲਾਂ ਨਾਲ ਸ਼ਿੰਗਾਰੇ ਕਾਲਜ ਵਿਚ ਗੁਰਬਾਣੀ -ਧੁਨਾਂ ਦੀ ਗੂੰਜਾਂ ਨਾਲ ਰੂਹਾਨੀ ਵਾਤਾਵਰਨ ਸਿਰਜਿਆ ਗਿਆ ਅਤੇ ਸੈਂਟਰਲ ਖਾਲਸਾ ਯਤੀਮਖਾਨਾ ਦੇ ਕੀਰਤਨੀ ਜੱਥੇ ਵਲੋਂ ਰੱਬੀ ਬਾਣੀ ਦੀ ਛਹਿਬਰ ਲਗਾਉਂਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਪਰੰਤ ਸੀ ਕੇ ਡੀ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੌਲਿਜੀ ਦੀ ਚੜ੍ਹ ਦੀ ਕਲਾ ਅਤੇ ਵਿਦਿਆਰਥੀਆਂ ਦੀ ਸਫਲਤਾਵਾਂ ਲਈ ਸਮੂਹ ਸੰਗਤਾਂ ਵਲੋਂ ਅਰਦਾਸ ਕੀਤੀ ਗਈ। ਇਸ ਮੌਕੇ ਕਾਲਜ ਮੈਂਬਰ ਇੰਚਾਰਜ ਡਾ. ਤਰਵਿੰਦਰ ਸਿੰਘ ਚਾਹਲ, ਡਾ: ਸੁਖਬੀਰ ਸਿੰਘ, ਸ: ਅਰਵਿੰਦਰਪਾਲ ਸਿੰਘ ਭਾਟੀਆ, ਸ: ਓਮਰਾਉ ਸਿੰਘ ਢਿੱਲੋਂ ਨੇ ਸੰਗਤਾਂ ਨੂੰ ਜੀ ਆਇਆਂ ਨੂੰ ਆਖਦਿਆਂ ਸੀ ਕੇ ਡੀ ਇੰਸਟੀਟਿਊਟ ਦੀਆ ਵਿਦਿਅਕ ਅਤੇ ਪਲੇਸਮੈਂਟ ਖੇਤਰਾਂ ਵਿਚ ਮਾਰੀਆਂ ਮੱਲਾਂ ਬਾਬਤ ਜਾਣਕਾਰੀ ਸਾਂਝੀ ਕੀਤੀ।

ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਪੁੱਜੇ ਚੀਫ ਖਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ: ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ ਅਤੇ ਐਡੀਸ਼ਨਲ ਸਕੱਤਰ ਜਸਪਾਲ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਚੰਗੇ ਨੰਬਰ ਲੈ ਕੇ ਉਨਤੀ ਦੀਆਂ ਸਿਖਰਾਂ 'ਤੇ ਪੁੱਜਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਿੰ. ਸੁਦੇਸ਼ ਕੁਮਾਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਉਕਤ ਸ਼ਖਸੀਅਤਾਂ ਤੋਂ ਇਲਾਵਾ ਵਾਈਸ ਪ੍ਰਿੰ. ਡਾ: ਗੁਰਜੀਤ ਸਿੰਘ, ਪ੍ਰੋ: ਸਿਮਰਨਜੀਤ ਕੌਰ, ਕਾਲਜ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਰਾਜਪ੍ਰਿਤਪਾਲ ਸਿੰਘ ਨੇ ਨਾਇਬ ਤਹਿਸੀਲਦਾਰ ਵਜੋਂ ਅਹੁਦਾ ਸੰਭਾਲਿਆ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)-ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿੱਚ ਰਾਜਪ੍ਰਿਤਪਾਲ ਸਿੰਘ ਨੇ ਨਾਇਬ ਤਹਿਸੀਲਦਾਰ ਵਜੋਂ ਅਹੁਦਾ ਸੰਭਾਲ ਕੇ ਦਫ਼ਤਰੀ ਕੰਮ ਕਾਜ ਆਰੰਭ ਕਰ ਦਿੱਤਾ ਹੈ।ਇਸ ਮੌਕੇ ਉਨ੍ਹਾਂ ਨੂੰ ਰਜਿਸਟਰੀ ਕਲਰਕ ਸਵਿੰਦਰ ਸਿੰਘ, ਟੀਏ ਮਨਿੰਦਰ ਸਿੰਘ, ਉਪਰੇਟਰ ਜੋਗਾ ਸਿੰਘ, ਰੀਡਰ ਜਗਰੂਪ ਸਿੰਘ, ਬਿੱਲ ਕਲਰਕ ਇਕਬਾਲ ਸਿੰਘ, ਸਾਥੀ ਦਵਿੰਦਰ ਸਿੰਘ, ਸਾਥੀ ਗੁਰਮੀਤ ਸਿੰਘ ਅਤੇ ਵਸੀਕਾ ਨਵੀਸ, ਅਸਟਾਮ ਫਰੋਸ਼ ਤੇ ਟਾਈਪ ਰਾਈਟਰ ਯੂਨੀਅਨ ਭਿੱਖੀਵਿੰਡ ਦੇ ਮੈਂਬਰ ਪ੍ਰਧਾਨ ਅਨੂੰ ਸ਼ਰਮਾ ਮੈਂਬਰ ਸੰਦੀਪ ਧਵਨ, ਮਾਣਕ ਧਵਨ, ਸੰਜੀਵ ਧਵਨ, ਗੁਰਜੰਟ ਸਿੰਘ, ਮੰਨਾ ਨੰਬਰਦਾਰ, ਪ੍ਰਧਾਨ ਦਰਸ਼ਨ ਸਿੰਘ ਪਟਵਾਰੀ, ਟਾਈਪ ਰਾਈਟਰ ਰਣਬੀਰ ਸਿੰਘ, ਮਲਕੀਤ ਸਿੰਘ ਪਹੂਵਿੰਡ, ਦੀਦਾਰ ਸਿੰਘ ਵੱਲੋਂ ਜੀ ਆਇਆਂ ਆਖਿਆ।ਵਰਣਨਯੋਗ ਹੈ ਕਿ ਨਾਇਬ ਤਹਿਸੀਲਦਾਰ ਰਾਜਪ੍ਰਿਤਪਾਲ ਸਿੰਘ ਅਜਨਾਲਾ ਤੋਂ ਬਦਲਕੇ ਸਬ-ਡਵੀਜ਼ਨ ਭਿੱਖੀਵਿੰਡ ਵਿੱਚ ਤਹਿਸੀਲਦਾਰ ਰੁਪਿੰਦਰਪਾਲ ਸਿੰਘ ਬੱਲ ਦੀ ਜਗ੍ਹਾ ਤੇ ਆਏ ਹਨ।ਇਸ ਮੌਕੇ ਨਾਇਬ ਤਹਿਸੀਲਦਾਰ ਰਾਜ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਤਹਿਸੀਲ ਦਫ਼ਤਰ ਆਉਣ ਵਾਲੇ ਹਰ ਵਿਅਕਤੀ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਲੋਕਾਂ ਦੇ ਰੁਕੇ ਹੋਏ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ।ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਆਮ ਲੋਕਾਂ ਦੇ ਕੰਮ ਮੁਕੰਮਲ ਕੀਤੇ ਜਾਣਗੇ ਅਤੇ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮੁਸ਼ਕਿਲ ਦੇ ਸਬੰਧ ਵਿੱਚ ਉਨ੍ਹਾਂ ਨਾਲ ਸਿੱਧਾ ਸੰਪਰਕ ਕਰਨ ਤਾਂ ਜੋ ਉਨ੍ਹਾਂ ਦੀ ਸਮੱਸਿਆ ਦਾ ਹੱਲ ਕੀਤਾ ਜਾ ਸਕੇ।ਉਨ੍ਹਾਂ ਆਪਣੇ ਦਫਤਰੀ ਸਟਾਫ਼ ਸਮੇਤ ਅਸਟਾਮ ਫਰੋਸ਼ਾਂ ਤੇ ਵਸੀਕਾ ਨਵੀਸਾਂ ਨਾਲ ਸਬੰਧਤ ਕਾਰਜਾਂ ਬਾਰੇ ਵਿਸਥਾਰ ਨਾਲ ਚਰਚਾ ਵੀ ਕੀਤੀ।

# ਨਗਰ ਕੌਂਸਲ ਮੁਲਾਜ਼ਮਾਂ ਦੀ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਮੰਗ



ਗੁਰਦਾਸਪੁਰ (ਜਨਕ ਮਹਾਜਨ)-ਨਗਰ ਕੌਂਸਲ ਗੁਰਦਾਸਪੁਰ ਵਲੋਂ ਕੂੜੇ ਦੇ ਡੰਪ ਨੂੰ ਲੈ ਕੇ ਕੌਂਸਲ ਦੇ ਮੁਲਾਜ਼ਮਾਂ ਦੀ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਨਾ ਕੀਤੇ ਜਾਣ ਦਾ ਮਾਮਲਾ ਗਰਮ ਹੁੰਦਾ ਜਾ ਰਿਹਾ ਹੈ। ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਨਾ ਹੋਣ ਤੋਂ ਨਾਰਾਜ਼ ਕੌਂਸਲ ਮੁਲਾਜ਼ਮਾਂ ਨੇ ਸੋਮਵਾਰ ਤੋਂ ਆਪਣਾ ਕੰਮ-ਕਾਜ ਠੱਪ ਕਰ ਦਿੱਤਾ ਸੀ, ਜਿਸ ਕਾਰਨ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਹਿਰ ਵਿੱਚ ਥਾਂ-ਥਾਂ ਕੂੜੇ ਦੇ ਢੇਰ ਲੱਗੇ ਹੋਏ ਹਨ। ਇਸ ਤੋਂ ਇਲਾਵਾ ਸਟਰੀਟ ਲਾਈਟਾਂ ਅਤੇ ਪਾਣੀ ਦੀ ਸਪਲਾਈ ਬੰਦ ਹੈ। ਕੌਂਸਲ ਕਰਮਚਾਰੀ ਮਾਮਲੇ ਨੂੰ ਲੈ ਕੇ ਨਗਰ ਕੌਂਸਲ ਪ੍ਰਧਾਨ ਬਲਜੀਤ ਸਿੰਘ ਪਾਹੜਾ ਦੀ ਅਗਵਾਈ ਹੇਠ ਡਾਕਖ਼ਾਨਾ ਚੌਂਕ ਵਿਚ ਹੜਤਾਲ 'ਤੇ ਬੈਠੇ ਰਹੇ। ਇਸ ਦੌਰਾਨ ਪੁਲਿਸ ਅਧਿਕਾਰੀ ਉਨ੍ਹਾਂ ਨੂੰ ਮਨਾਉਣ ਦੀ ਕੋਸ਼ਿਸ਼ ਕਰਦੇ ਰਹੇ ਪਰ ਕੌਂਸਲ ਮੁਲਾਜ਼ਮ ਆਪਣੀਆਂ ਮੰਗਾਂ 'ਤੇ ਅੜੇ ਰਹੇ। ਪਾਹੜਾ ਨੇ ਦੱਸਿਆ ਕਿ ਕੇਂਦਰ ਸਰਕਾਰ ਤੋਂ ਮਿਲੀ ਗ੍ਰਾਂਟ ਤਹਿਤ ਪਿੰਡ ਬੱਬਰੀ ਦੀ ਦੋ ਏਕੜ ਜ਼ਮੀਨ ਠੇਕੇ 'ਤੇ ਲਈ ਗਈ ਹੈ ਅਤੇ ਉੱਥੇ ਕਰੀਬ 1.25 ਕਰੋੜ ਰੁਪਏ ਦੀ ਲਾਗਤ ਨਾਲ ਪ੍ਰੋਸੈਸਿੰਗ ਪਲਾਂਟ ਲਗਾਇਆ ਜਾ ਰਿਹਾ ਹੈ। ਸੱਤਾਧਾਰੀ ਪਾਰਟੀ ਦੇ ਆਗੂ ਇਸ ਨੂੰ ਕੂੜਾ ਡੰਪ ਕਹਿ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਉਕਤ ਪ੍ਰੋਸੈਸਿੰਗ ਪਲਾਂਟ ਦਾ ਕੰਮ ਜ਼ਿਲ੍ਹਾ ਪ੍ਰਸ਼ਾਸਨ ਦੀ ਸਹਿਮਤੀ ਨਾਲ ਹੀ ਸ਼ੁਰੂ ਕੀਤਾ ਗਿਆ ਸੀ ਪਰ ਸੱਤਾਧਾਰੀ ਧਿਰ ਦੇ ਆਗੂ ਵਾਰ-ਵਾਰ ਅੜਿੱਕੇ ਖੜ੍ਹੇ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਬੀਤੀ ਰਾਤ ਜਦੋਂ ਕੌਂਸਲ ਮੁਲਾਜ਼ਮ ਉਕਤ ਜ਼ਮੀਨ ਵਿੱਚੋਂ ਪਾਣੀ ਦੀ ਨਿਕਾਸੀ ਦਾ ਕੰਮ ਕਰ ਰਹੇ ਸਨ ਤਾਂ ਆਮ ਆਦਮੀ ਪਾਰਟੀ ਨਾਲ ਸਬੰਧਤ ਕੁਝ ਵਿਅਕਤੀਆਂ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਇਸ ਤੋਂ ਬਾਅਦ ਥਾਣਾ ਸਦਰ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕਰਨ ਦੀ ਬਜਾਏ ਕੌਂਸਲ ਮੁਲਾਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ। ਇਸ ਤੋਂ ਬਾਅਦ ਉਨ੍ਹਾਂ ਮੁਲਾਜ਼ਮਾਂ ਦੇ ਨਾਲ ਦੇਰ ਰਾਤ ਤੱਕ ਸਦਰ ਥਾਣੇ ਦਾ ਘਿਰਾਓ ਕੀਤਾ। ਧਰਨੇ ਤੋਂ ਬਾਅਦ ਮੁਲਾਜ਼ਮਾਂ ਨੂੰ ਰਿਹਾਅ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਦੋਂ ਤੱਕ ਕੌਂਸਲ ਮੁਲਾਜ਼ਮਾਂ ਨਾਲ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਕੇਸ ਦਰਜ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਨ੍ਹਾਂ ਦਾ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਦੋਸ਼ੀਆਂ ਖਿਲਾਫ ਕਾਰਵਾਈ ਨਾ ਕੀਤੀ ਗਈ ਤਾਂ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਘਰਾਂ ਦੇ ਬਾਹਰ ਕੂੜੇ ਦੇ ਢੇਰ ਲਗਾਏ ਜਾਣਗੇ, ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

# ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਬੱਡੀ ਕੱਪ ਅੱਜ: ਮੇਲਾ ਪ੍ਰਬੰਧਕ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਚੰਦੂ ਨੰਗਲ ਜੌੜੀਆਂ ਖੁਰਦ ਵਿਖੇ ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ ਧੂਮਧਾਮ ਅੱਜ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕ ਕਮੇਟੀ ਦਰਬਾਰ ਟਾਹਲੀ ਸਾਹਿਬ ਵੱਲੋਂ ਮੇਲੇ ਨੂੰ ਸਮਰਪਿਤ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਪੱਤਰਕਾਰਾ ਨੂੰ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਗੁਰਨਾਮ ਸਿੰਘ ਮੈਂਬਰ ਸੁਖਦੀਪ ਸਿੰਘ ਰੰਧਾਵਾ, ਜਗਦੀਪ ਸਿੰਘ ਰੰਧਾਵਾ, ਰਵਿੰਦਰ ਸਿੰਘ ਸੋਨਾ, ਸਰਪੰਚ ਪਲਵਿੰਦਰ ਸਿੰਘ ਅਤੇ ਗੁਰਦੀਪ ਸਿੰਘ (ਬਿੱਟਾ) ਨੇ ਦੱਸਿਆਂ ਕਿ ਪ੍ਰਬੰਧਕ ਕਮੇਟੀ ਦਰਬਾਰ ਟਾਹਲੀ ਸਾਹਿਬ ਵੱਲੋਂ ਪਿੰਡ ਚੰਦੂ ਨੰਗਲ ਅਤੇ ਜੌੜੀਆਂ ਖੁਰਦ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਸ੍ਰੀ ਚੰਦ ਜੀ ਦਾ 530ਵਾ ਜਨਮ ਦਿਹਾੜਾ ਬੜੀ ਸਰਧਾ ਤੇ ਉਤਸਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੌਕੇ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਬੱਡੀ ਕੱਪ ਦੇ ਸ਼ੋਅ ਮੈਚ ਅੱਜ ਦੁਪਹਿਰ ਨੂੰ 3 ਵਜੇ ਕਰਵਾਏ ਜਾਣਗੇ ਜਿਸ ਵਿੱਚ ਲਖਬੀਰ ਸਿੰਘ ਕਬੱਡੀ ਕਲੱਬ ਘੜਿਆਲਾ, ਸੰਤ ਬਾਬਾ ਹਜਾਰਾਂ ਸਿੰਘ ਕਬੱਡੀ ਕਲੱਬ ਗੁਰਦਾਸਪੁਰ ਲਾਇਨਜ, ਜੀ. ਪੀ. ਗੋਲਡ ਕਲੱਬ ਕੈਨੇਡਾ, ਐੱਲ ਫਾਰ ਲੰਡਨ ਹਰੀ ਸਿੰਘ ਨਲੂਆਂ ਲੜਕਿਆ ਦੀਆ ਕਬੱਡੀ ਟੀਮਾਂ ਤੋਂ ਇਲਾਵਾ ਪੰਜਾਬ ਅਤੇ ਹਰਿਆਣਾ ਲੜਕੀਆਂ ਦੀਆਂ ਕਬੱਡੀ ਟੀਮਾਂ ਦਰਮਿਆਨ ਕਬੱਡੀ ਮੈਚ ਕਰਵਾਏ ਜਾਣਗੇ। ਇਸ ਮੌਕੇ ਪਹਿਲਾ ਸਥਾਨ ਹਾਸਲ ਕਰਨ ਵਾਲੀ ਕਬੱਡੀ ਟੀਮ ਨੂੰ 81 ਹਜ਼ਾਰ ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੀ ਕਬੱਡੀ ਟੀਮ ਨੂੰ 71 ਹਜ਼ਾਰ ਰੁਪਏ, ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ 7100 ਰੁਪਏ ਨਗਦ ਇਨਾਮ ਦਿੱਤੇ ਜਾਣਗੇ। ਉੱਨ੍ਹਾਂ ਖੇਡ ਪ੍ਰੇਮੀਆਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਦੀ ਰੌਣਕ ਨੂੰ ਵਧਾਉਣ ਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਸੰਗਤਾਂ ਲਈ ਅਟੁੱਟ ਲੰਗਰ ਭੰਡਾਰਾ ਵੀ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਗੁਰਨਾਮ ਸਿੰਘ, ਸੁਖਦੀਪ ਸਿੰਘ ਰੰਧਾਵਾ, ਰਵਿੰਦਰ ਸਿੰਘ ਸੋਨਾ, ਜਗਦੀਪ ਸਿੰਘ ਰੰਧਾਵਾ, ਸਰਪੰਚ ਪਲਵਿੰਦਰ ਸਿੰਘ, ਸੁਲੱਖਣ ਸਿੰਘ, ਹਰਦੀਪ ਸਿੰਘ, ਮੋਨੂੰ ਬਾਰੀਆਂ ਆਸਟ੍ਰੇਲੀਆ, ਥਾਣੇਦਾਰ ਪਲਵਿੰਦਰ ਸਿੰਘ, ਬਾਬਾ ਸੁੱਖਾ, ਸੁਖਦੇਵ ਸਿੰਘ ਪੱਪਾ, ਗੁਰਦੀਪ ਸਿੰਘ ਬਿੱਟਾ, ਅਭਿ ਆਸਟ੍ਰੇਲੀਆ, ਸੁਖਵਿੰਦਰ ਸਿੰਘ ਸਾਬੀ, ਹਰਦੀਪ ਸਿੰਘ, ਰੋਮੀ ਯੂ ਕੇ, ਹਰਮਨ ਕੈਨੇਡਾ, ਅਮਰਪ੍ਰੀਤ ਕੈਨੇਡਾ, ਹਰਪੰਥ ਪ੍ਰੀਤ ਸਿੰਘ ਜਰਮਨ, ਜੋਗਾ ਸਿੰਘ ਆੜ੍ਹਤੀ, ਹਰਜਿੰਦਰ ਸਿੰਘ, ਕ੍ਰਿਪਾਲ ਸਿੰਘ, ਲਖਵਿੰਦਰ ਸਿੰਘ, ਕਵਲਪ੍ਰੀਤ ਸਿੰਘ, ਜਸਕਰਨ ਸਿੰਘ, ਹਰਜੋਤ ਸਿੰਘ, ਰਾਜਬੀਰ ਸਿੰਘ ਯੂ ਕੇ, ਹਰਪਿੰਦਰ ਸਿੰਘ ਧਾਲੀਵਾਲ ਯੂ ਕੇ, ਹਰਨੂਰ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਜ਼ਰ ਸਨ।

12-SEP-PAGE-12.qxd 9/11/2024 10:25 PM Page 1



# ਨਵੀਂ ਬਣੀ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੀ ਚਾਰਟਰ ਨਾਈਟ ਦਾ ਸ਼ਾਨਦਾਰ ਪ੍ਰਦਰਸ਼ਨ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**-ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਨਵੀਂ ਬਣੀ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੀ ਚਾਰਟਰ ਨਾਈਟ ਦਾ ਆਯੋਜਨ ਹੋਟਲ ਗ੍ਰੈਂਡ ਅੰਬੈਸਡਰ ਵਿਖੇ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਗਵਰਨਰ ਲਾਇਨ ਰਛਪਾਲ ਸਿੰਘ ਬੱਚਾਜੀਵੀ ਨੇ ਕੀਤੀ। ਜਦਕਿ ਗੈਸਟ ਆਫ ਆਨਰ ਵਜੋਂ ਡਿਸਟ੍ਰਿਕਟ ਵਾਈਸ ਗਵਰਨਰ-1 ਲਾਇਨ ਵੀ.ਐਮ. ਗੋਇਲ ਅਤੇ ਸਟਾਰ ਗੈਸਟ ਵਜੋਂ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਹਾਜ਼ਰ ਹੋਏ। ਵਿਸ਼ੇਸ਼ ਮਹਿਮਾਨਾਂ ਵਿੱਚ ਲਾਇਨ ਹਰਵਿੰਦਰ ਸਿੰਘ ਡੀ.ਸੀ.ਐਸ., ਲਾਇਨ ਕਨਵਰਜੀਤ ਸਿੰਘ ਡਿਪਟੀ ਡੀ.ਸੀ.ਟੀ., ਲਾਇਨ ਸਰਬਜੀਤ ਸਿੰਘ ਸ਼ਾਮਿਲ ਸਨ। ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਕਲੱਬ ਨੂੰ ਚਾਰਟਰ ਦੇਣ ਦੇ ਨਾਲ-ਨਾਲ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਅੰਤਰਰਾਸ਼ਟਰੀ ਪਿੰਨ ਲਗਾਈ ਅਤੇ ਕਲੱਬ ਦੀ ਟੀਮ ਅਤੇ ਮੈਂਬਰਾਂ ਨੂੰ ਸਰਟੀਫਿਕੇਟ ਵੀ ਭੇਟ ਕੀਤੇ। ਨਵ-ਗਠਿਤ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੰਜੀਵ ਸੂਰੀ ਨੇ ਡਿਸਟ੍ਰਿਕਟ ਗਵਰਨਰ ਲਾਇਨ ਬੱਚਾਜੀਵੀ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਕਲੱਬ ਆਪਣੇ ਨਾਮ ਅਨੁਸਾਰ ਸਮਾਜ ਦੀ ਸੇਵਾ ਵਿੱਚ ਚੈਂਪੀਅਨ ਬਣੇਗੀ। ਗੈਸਟ ਆਫ਼ ਆਨਰ ਲਾਇਨ ਵੀ.ਐਮ. ਗੋਇਲ ਨੇ ਚਾਰਟਰ ਪ੍ਰਧਾਨ ਸੰਜੀਵ ਸੂਰੀ, ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੇ ਕੁਮਾਰ ਅਤੇ ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭਮਰਾ ਨੂੰ ਸਹੁੰ ਚੁਕਾਈ। ਸਮੂਹ ਮਹਿਮਾਨਾਂ ਨੇ ਚਾਰਟਰ ਪ੍ਰਧਾਨ ਸੰਜੀਵ ਸੂਰੀ ਅਤੇ ਉਨ੍ਹਾਂ ਦੀ ਟੀਮ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਲਾਇਨਜ਼ ਇੰਟਰਨੈਸ਼ਨਲ ਇੱਕ ਮੋਹਰੀ ਸਮਾਜ ਸੇਵੀ ਸੰਸਥਾ ਹੈ ਜਿਸ ਦੀਆਂ ਵਿਸ਼ਵ ਭਰ ਵਿੱਚ ਸ਼ਾਖਾਵਾਂ ਸਮਾਜ ਸੇਵਾ ਦੇ ਖੇਤਰ ਵਿੱਚ ਕਾਫੀ ਸਰਗਰਮ ਹਨ। ਉਨ੍ਹਾਂ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਬਣ ਕੇ ਸਮਾਜ ਵਿੱਚ ਨਵੀਆਂ ਪੈੜਾਂ ਪਾਵੇਗਾ। ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਐਮ.ਐਮ.ਆਰ. ਨੇ ਕੀਤਾ। ਇਸ ਦੌਰਾਨ ਕਲੱਬ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਲਾਇਨ ਅਖਿਲ ਵਰਮਾ, ਲਾਇਨ ਅਵਤਾਰ ਸਿੰਘ ਕੁੰਦੀ, ਲਾਇਨ ਜਰਨੈਲ ਸਿੰਘ, ਲਾਇਨ ਸੰਜੀਵ ਲਾਂਬਾ, ਲਾਇਨ ਸੁਮਿਤ ਭੰਡਾਰੀ, ਲਾਇਨ ਸ਼ਸ਼ੀ ਕਾਲੀਆ, ਲਾਇਨ ਐਸ.ਕੇ. ਅਗਰਵਾਲ ਐਡਵੋਕੇਟ, ਲਾਇਨ ਵਿਪਨ ਠਾਕੁਰ, ਲਾਇਨ ਓਮ, ਲਾਇਨ ਰਾਜਕੁਮਾਰ ਸਪਰਾ, ਲਾਇਨ ਸੰਦੀਪ ਚਾਹਰ, ਲਾਇਨ ਰਣਧੀਰ ਕਰਵਲ, ਲਾਇਨ ਹਰਸ਼ ਸੂਰੀ, ਲਾਇਨ ਮਨੋਜ ਕੁਮਾਰ, ਲਾਇਨ ਕਰਨ ਗੁਪਤਾ, ਲਾਇਨ ਧਰਮਪਾਲ ਨਿਸ਼ਚਲ, ਲਾਇਨ ਚਰਨਜੀਤ ਸਿੰਘ, ਲਾਇਨ ਵਿੱਕੀ ਚੁੰਬਰ, ਲਾਇਨ ਵਿਪਨ ਸ਼ਰਮਾ, ਲਾਇਨ ਬਲਵਿੰਦਰ ਸਿੰਘ, ਲਾਇਨ ਅਸ਼ਵਨੀ ਕੁਮਾਰ, ਲਾਇਨ ਚਮਨ ਲਾਲ, ਲਾਇਨ ਦਵਿੰਦਰ ਸਿੰਘ, ਲਾਇਨ ਧਰਮਵੀਰ ਢੱਲ ਬਟਾਲਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਡਾ. ਯੋਗੇਸ਼ ਗੰਭੀਰ ਨੂੰ ਰੀਡਿੰਗ ਟਾਰਚ ਐਵਾਰਡ 2024 ਨਾਲ ਨਿਵਾਜਿਆ

**ਫਿਲੌਰ (ਬੀ ਐਸ ਕੈਨੇਡੀ)**-ਨਵੀਂ ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਦੇ ਸਟੇਨ ਆਡੀਟੋਰੀਅਮ ਵਿੱਚ ਪਹਿਲੇ ਰਾਸ਼ਟਰੀ ਪ੍ਰਤਿਸ਼ਠਿਤ ਰੀਡਿੰਗ ਟਾਰਚ ਕਾਨਫਰੰਸ ਅਤੇ ਐਵਾਰਡਸ 2024 ਦਾ ਸ਼ਾਨਦਾਰ ਸਮਾਰੋਹ ਮਨਾਇਆ ਗਿਆ। ਇਹ ਸਲਾਨਾ ਸਮਾਗਮ ਵਿੱਦਿਆ ਅਤੇ ਸਾਖਰਤਾ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਦੇਣ ਵਾਲਿਆਂ ਦਾ ਸਨਮਾਨ ਕਰਨ ਲਈ ਜਾਣਿਆ ਜਾਂਦਾ ਹੈ। ਇਸ ਮੌਕੇ ਡਾ. ਯੋਗੇਸ਼ ਗੰਭੀਰ (ਪ੍ਰਿੰਸੀਪਲ, ਡੀ ਆਰ ਵੀ ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਫਿਲੌਰ) ਨੂੰ ਪਹਿਲੇ ਰਾਸ਼ਟਰੀ ਰੀਡਿੰਗ ਟਾਰਚ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਡਾ. ਗੰਭੀਰ ਦੇ ਵਿੱਦਿਆ ਦੇ ਖੇਤਰ ਵਿੱਚ ਵਿਲੱਖਣ ਸਮਰਪਣ ਅਤੇ ਬੱਚਿਆਂ ਵਿੱਚ ਕਿਤਾਬਾਂ ਅਤੇ ਪੜ੍ਹਨ ਨਾਲ ਜੁੜੇ ਪ੍ਰੇਰਨਾਦਾਇਕ ਕੰਮਾਂ ਲਈ ਦਿੱਤਾ ਗਿਆ। ਉਨ੍ਹਾਂ ਦੇ ਨਵੀਨਤਮ ਤਰੀਕਿਆਂ ਨੇ ਵਿਦਿਆਰਥੀਆਂ ਵਿੱਚ ਪੜ੍ਹਾਈ ਪ੍ਰਤੀ ਜ਼ੋਰਦਾਰ ਰੁਝਾਨ ਪੈਦਾ ਕੀਤਾ ਹੈ ਅਤੇ ਬੱਚਿਆਂ ਦੇ ਮਨ ਵਿੱਚ ਸਿੱਖਣ ਅਤੇ ਸਿਰਜਣਾਤਮਕਤਾ ਦੀ ਭਾਵਨਾ ਨੂੰ ਜਗਾਇਆ ਹੈ। ਪ੍ਰਿੰਸੀਪਲ ਸਾਹਿਬ ਦੀ ਥਾਂ ਸਕੂਲ ਦੇ ਨੁਮਾਇੰਦੇ ਦੇ ਤੌਰ 'ਤੇ ਮੈਥਮੈਟਿਕਸ ਅਧਿਆਪਕ ਅੰਕਿਤ ਪੁੰਨੀ ਨੇ ਇਹ ਮਾਣਯੋਗ ਇਨਾਮ ਪ੍ਰਾਪਤ ਕੀਤਾ।ਇਸ ਮੌਕੇ ਉਤੇ ਕਈ ਪ੍ਰਮੁੱਖ ਹਸਤੀਆਂ ਦੀ ਹਾਜ਼ਰੀ ਰਹੀ। ਮੁੱਖ ਵਕਤਾ ਸੰਜੇ ਕੁਮਾਰ, ਸਕੱਤਰ, ਮੰਤਰਾਲਾ ਵਿੱਦਿਆ ਨੇ ਆਪਣੇ ਵਿਸ਼ੇਸ਼ ਵਿਚਾਰ ਸਾਂਝੇ ਕੀਤੇ। ਡਾ. ਦੀਪਕ ਵੋਹਰਾ, ਰਾਜਦੂਤ ਅਤੇ ਵਿਸ਼ੇਸ਼ ਸਲਾਹਕਾਰ ਮੇਡ ਇਨ ਭਾਰਤ ਫਾਰ ਦ ਵਰਲਡ ਅਤੇ ਡਾ. ਦੀਪਕ ਨਰਵਾਲ, ਅਰਥ-ਮੈਂਟਰ, ਬ੍ਰੱਸਲਜ਼, ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਸਮਾਗਮ ਵਿੱਚ ਹੋਰ ਮੰਨਣਯੋਗ ਮਹਿਮਾਨਾਂ ਵਿੱਚ ਹਿਮਾਂਸ਼ੂ ਗੁਪਤਾ, ਸਕੱਤਰ, ਸੀ.ਬੀ.ਐਸ.ਈ., ਡਾ. ਸਨਯਮ ਭਾਰਦਵਾਜ, ਕੰਟ੍ਰੋਲਰ ਐਗਜ਼ਾਮਸ ਸੀ.ਬੀ.ਐਸ.ਈ., ਡਾ. ਵਿਵੇਕ ਬਿੰਦ੍ਰਾ, ਮੋਟੀਵੇਸ਼ਨਲ ਸਪੀਕਰ ਅਤੇ ਸੀ.ਈ.ਓ. ਬਾਡਾ ਬਿਜ਼ਨਸ, ਡਾ. ਮੂਰਤੀ ਦੇਵਰਾਭੋਟਲਾ, ਗਲੋਬਲ ਪ੍ਰੈਜ਼ੀਡੈਂਟ, ਡਿਪਲੋਮੈਟਿਕ ਕਲੱਬ ਅਤੇ ਪ੍ਰੋਫੈਸਰ ਬਬਲੀ ਮੋਇਤਰਾ ਸਰਾਫ ਪੂਰਵ ਪ੍ਰਿੰਸੀਪਲ, ਇੰਦਰਪ੍ਰਸਤ ਕਾਲਜ, ਦਿੱਲੀ ਯੂਨੀਵਰਸਿਟੀ ਸ਼ਾਮਲ ਸਨ। ਇਸ ਸਮਾਗਮ ਦੀ ਇੱਕ ਹੋਰ ਖਾਸ ਆਕਰਸ਼ਣ ਸਾਡੇ ਗ੍ਰਹਿ ਕੌਣ ਸੇ ਵਿਸ਼ੇ ਉੱਤੇ ਇੱਕ ਨਾਟਕ ਪ੍ਰਦਰਸ਼ਨ ਹੋਇਆ ਸੀ ਇਸ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਵਾਲੇ ਸਨ: ਅਵੰਤਿਕਾ ਗਾਂਗੁਲੀ , ਕਸ਼ੀਨ ਸ਼ੈਟੀ - ਲੀਸ਼ਾ ਬਾਜਾਜ , ਸਾਰਥਕ ਕੱਕੜ , ਸਿੱਧਾਰਥ ਕੁਮਾਰ , ਜ਼ੈਨ ਮਰੀ ਖਾਨ ।

# ਪੀ ਐੱਸ ਯੂ (ਸ਼ਹੀਦ ਰੰਧਾਵਾ) ਵੱਲੋਂ 28 ਨੂੰ ਖਟਕੜ ਕਲਾਂ ਵਿਖੇ ਰੈਲੀ ਕਰਨ ਦਾ ਐਲਾਨ



**ਬੰਗਾ (ਅਵਤਾਰ ਕਲੇਰ)**- ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਦੇ ਸੂਬਾਈ ਆਗੂ ਹੁਸ਼ਿਆਰ ਸਲੇਮਗੜ੍ਹ ਤੇ ਅਮਿਤੋਜ ਮੋੜ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਸ਼ਹੀਦ ਦੇ ਪਿੰਡ ਖਟਕੜ ਕਲਾਂ ਵਿਖੇ 28 ਸਤੰਬਰ ਸਵੇਰੇ 11:30 ਵਜੇ ਰੈਲੀ ਉਪਰੰਤ ਮਾਰਚ ਕੀਤਾ ਜਾਏਗਾ। ਮਾਤਾ ਵਿੱਦਿਆਵਤੀ ਪਾਰਕ (ਸ਼ਹੀਦ ਭਗਤ ਸਿੰਘ ਦਾ ਜੱਦੀ ਘਰ ) ਵਿੱਚ ਸਵੇਰੇ 11:30 ਵਜੇ ਰੈਲੀ ਤੋਂ ਬਾਅਦ ਸ਼ਹੀਦ ਭਗਤ ਸਿੰਘ ਦੇ ਘਰ ਤੋਂ ਮਿਊਜ਼ੀਅਮ ਤੱਕ ਵਿਦਿਆਰਥੀ ਮਾਰਚ ਕੀਤਾ ਜਾਵੇਗਾ ਤੇ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਵਿਦਿਆਰਥੀ ਆਗੂਆਂ ਨੇ ਕਿਹਾ ਕਿ ਅੱਜ ਜਦੋਂ ਪੰਜਾਬ ਦੀ ਆਪ ਪਾਰਟੀ ਵੱਲੋਂ ਸ਼ਹੀਦ ਭਗਤ ਸਿੰਘ ਦੀ ਫਵੀ ਦੀ ਵਰਤੋਂ ਕਰਕੇ ਲੋਕਾਂ 'ਚ ਸ਼ਹੀਦ ਦੇ ਵਿਚਾਰਾਂ ਪ੍ਰਤੀ ਧੁੰਦਲਕਾ ਖੜ੍ਹਾ ਕੀਤਾ ਜਾ ਰਿਹਾ ਹੈ, ਜਦੋਂ ਨੌਜਵਾਨ ਬੇਰੁਜ਼ਗਾਰੀ ਦੀ ਮਾਰ ਹੰਢਾ ਰਹੇ ਹਨ ਤੇ ਵਿਦੇਸ਼ਾਂ ਵੱਲ ਜਾਣ ਦਾ ਰੁਝਾਨ ਜ਼ੋਰਾਂ 'ਤੇ ਹੈ। ਪ੍ਰਦੇਸ਼ਾਂ ਵਿਚ ਜਾ ਕੇ ਮੰਦਹਾਲੀ ਦਾ ਸਾਹਮਣਾ ਕਰ ਰਹੇ ਹਨ। ਬੀ. ਜੇ. ਪੀ. ਵੱਲੋਂ ਜਾਤ ਪਾਤੀ ਪੱਤਾ ਵਰਤ ਕੇ ਕਿਸਾਨ ਮਜ਼ਦੂਰ ਸਾਂਝ ਨੂੰ ਖਿੰਡਾਉਣ ਦੀਆਂ ਚਾਲਾਂ ਜੱਗ ਜ਼ਾਹਰ ਹਨ। ਨਵੀਂ ਸਿੱਖਿਆ ਨੀਤੀ ਲਾਗੂ ਕਰਕੇ ਸਿੱਖਿਆ ਦਾ ਨਿੱਜੀਕਰਨ, ਵਪਾਰੀਕਰਨ, ਭਗਵਾਂਕਰਨ ਤੇ ਕੇਂਦਰੀਕਰਨ ਕੀਤਾ ਜਾ ਰਿਹਾ ਹੈ। ਖਪਤਕਾਰੀ ਸੱਭਿਆਚਾਰ ਰਾਹੀਂ ਨੌਜਵਾਨਾਂ ਨੂੰ ਡਿਜੀਟਲ ਨਸ਼ੇੜੀ ਬਣਾਇਆ ਜਾ ਰਿਹਾ ਹੈ। ਅਜਿਹੇ ਸਮੇਂ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਦੀ ਰੌਸ਼ਨੀ ਦੀ ਬੇਹੱਦ ਲੋੜ ਹੈ।28 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਦੇ ਜੱਦੀ ਘਰ ਪਹੁੰਚ ਕੇ ਸੈਂਕੜੇ ਵਿਦਿਆਰਥੀ ਸ਼ਹੀਦ ਨੂੰ ਸਰਧਾਂਜਲੀ ਦੇਣਗੇ। ਉਨ੍ਹਾਂ ਕਿਹਾ ਕਿ 28 ਸਤੰਬਰ ਦੇ ਪ੍ਰੋਗਰਾਮ ਦੀ ਤਿਆਰੀ ਲਈ ਸਕੂਲਾਂ, ਕਾਲਜਾਂ, ਆਈ ਟੀ ਆਈਜ਼ ਆਦਿ ਵਿੱਦਿਅਕ ਸੰਸਥਾਵਾਂ ਅਤੇ ਪਿੰਡਾਂ ਤੇ ਸ਼ਹਿਰਾਂ ਦੇ ਵਿੱਚ ਮੀਟਿੰਗਾਂ, ਰੈਲੀਆਂ, ਪੋਸਟਰ ਤੇ ਲੀਫਲੈੱਟ ਰਾਹੀਂ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਵਿਦਿਆਰਥੀਆਂ ਨੂੰ 28 ਸਤੰਬਰ ਨੂੰ ਦਿਨੇ 11:30 ਵਜੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵੱਡੀ ਗਿਣਤੀ ਚ ਕਾਫਲੇ ਬੰਨ੍ਹ ਕੇ ਪਹੁੰਚਣ ਦੀ ਅਪੀਲ ਕੀਤੀ।

# ਤੀਸਰਾ ਸਾਲਾਨਾ ਇਨਾਮ ਵੰਡ ਸਮਾਗਮ 14 ਨੂੰ



**ਅੱਡਾ ਸਰਾਂ, (ਜਸਵੀਰ ਕਾਜਲ)**- ਚੌਧਰੀ ਗਿਆਨ ਸਿੰਘ ਵੈਲਫੇਅਰ ਐਸੋਸੀਏਸ਼ਨ ਪੰਜਾਬ ਵਲੋਂ ਤੀਸਰਾ ਸਲਾਨਾ ਇਨਾਮ ਵੰਡ ਸਮਾਗਮ 14 ਸਤੰਬਰ ਨੂੰ ਕੰਢੀ ਖੇਤਰ ਦੇ ਕਸਬਾ ਕਮਾਹੀ ਦੇਵੀ ਦੇ ਕਮਿਊਨਿਟੀ ਸੈਂਟਰ ਵਿਖੇ ਕੀਤਾ ਜਾਵੇਗਾ। ਜਿਸ ਵਿਚ ਇਲਾਕੇ ਵਿੱਚੋਂ ਬੋਰਡ ਦੀਆਂ ਜਮਾਤਾਂ 'ਚੋਂ ਮੈਰਿਟ ਵਿੱਚ ਆਉਣ ਵਾਲੇ ਵਿੱਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਿੰਸ ਪਰਿਆਸ ਗੜ੍ਹਦੀਵਾਲ ਨੇ ਦੱਸਿਆ ਕਿ ਚੌਧਰੀ ਗਿਆਨ ਸਿੰਘ ਵੈਲਫੇਅਰ ਐਸੋਸੀਏਸ਼ਨ ਵਲੋਂ ਬੋਰਡ ਦੀਆਂ ਪ੍ਰੀਖਿਆਵਾਂ 'ਚੋਂ ਮੈਰਿਟਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕੀਤੀ ਜਾਵੇਗੀ ਤਾਂ ਜੋ ਉਹ ਪੜ੍ਹਾਈ ਪ੍ਰਤੀ ਸਮਰਪਿਤ ਹੋ ਕੇ ਉੱਚ ਪੱਧਰੀ ਸਿੱਖਿਆ ਪ੍ਰਾਪਤੀ ਲਈ ਸਖ਼ਤ ਮਿਹਨਤ ਕਰਕੇ ਵਿੱਦਿਅਕ ਖੇਤਰ ਵਿਚ ਸਮਾਜ ਲਈ ਚਾਨਣ ਮੁਨਾਰਾ ਬਣਨ। ਇਸ ਤੋਂ ਇਲਾਵਾ ਐਸੋਸੀਏਸ਼ਨ ਅਨੇਕਾਂ ਸਮਾਜ ਸੁਧਾਰ ਕੰਮਾਂ ਵਿੱਚ ਵੀ ਆਪਣਾ ਯੋਗਦਾਨ ਪਾ ਰਹੀ ਹੈ। ਸੰਸਥਾ ਗਰੀਬ ਪਰਵਾਰਾਂ ਦੀਆਂ ਲੜਕੀਆਂ ਨੂੰ ਵਿਆਹ ਮੌਕੇ ਸ਼ਗਨ, ਗਰੀਬ ਅਤੇ ਲੋੜਵੰਦ ਪਰਵਾਰਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਕਿਤਾਬਾਂ, ਸਟੇਸ਼ਨਰੀ, ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਫ੍ਰੀ ਸਪੋਰਟਸ ਕਿੱਟਾਂ, ਖੂਨ ਦਾਨ ਕੈਂਪ, ਗ਼ਰੀਬ ਤੇ ਬੇਸਹਾਰਾ ਬੱਚਿਆਂ ਨੂੰ ਪੜ੍ਹਨ ਲਈ ਪ੍ਰੇਰਿਤ ਕਰਨਾ, ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪੌਦੇ ਲਗਾਉਣਾ ਆਦਿ ਕੰਮਾਂ ਲਈ ਕਾਰਜਸ਼ੀਲ ਹੈ। ਉਨ੍ਹਾਂ

# ਬਲਾਕ ਪੱਧਰੀ ਖੇਡਾਂ ਕਰਵਾਈਆਂ



**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 3. 2024 ਬਲਾਕ ਪੱਧਰੀ ਖੇਡਾਂ ਜੋ ਕਿ ਵੱਖ-ਵੱਖ ਬਲਾਕਾਂ ਵਿੱਚ ਕਰਵਾਈਆਂ ਜਾ ਰਹੀਆਂ ਹਨ, 10 ਸਤੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਘੀਆ ਅਤੇ ਬੀ.ਏ.ਵੀ. ਸਕੂਲ (ਬਲਾਕ ਬਲਾਚੌਰ) ਵਿਖੇ ਅਤੇ ਪਿੰਡ ਬਕਾਪੁਰ ਅਤੇ ਸਰਕਾਰੀ ਸੀ. ਸੈ. ਸਕੂਲ ਛਦੌੜੀ (ਬਲਾਕ ਸੜੋਆ) ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ।ਬਲਾਕ ਸੜੋਆ ਦੇ ਪਿੰਡ ਬਕਾਪੁਰ ਵਿਖੇ ਕਰਵਾਏ ਜਾ ਰਹੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਅਸ਼ੋਕ ਕਟਾਰੀਆ (ਹਲਕਾ ਬਲਾਚੌਰ) ਅਤੇ ਕੁਲਵਿੰਦਰ ਰਾਮ ਪ੍ਰਿੰਸੀਪਲ ਸੀ.ਸੈ. ਸਮਾਰਟ ਸਕੂਲ ਬਕਾਪੁਰ ਮੁੱਖ ਮਹਿਮਾਨ ਦੇ ਤੌਰ ਤੇ ਹਾਜ਼ਰ ਹੋਏ। ਇਸੇ ਤਰਾਂ ਛਦੌੜੀ ਵਿਖੇ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਵਿੱਚ ਗੁਰਪ੍ਰੀਤ, ਪ੍ਰਿੰਸੀਪਲ ਬਾਬਾ ਨੰਦਾ ਜੀ ਸਰਕਾਰੀ ਹਾਈ ਸਕੂਲ ਛਦੌੜੀ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਮੁੱਖ ਮਹਿਮਾਨਾਂ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦਿਆਂ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਵੰਦਨਾਂ ਚੌਹਾਨ, ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਅੱਜ ਬਲਾਕ ਪੱਧਰੀ ਮੁਕਾਬਲਿਆਂ ਦੇ ਦੂਜੇ ਦਿਨ ਦੋਨਾਂ ਬਲਾਕਾਂ ਦੇ ਵੱਖ-ਵੱਖ ਖੇਡ ਸਥਾਨਾਂ 'ਤੇ ਹੋਏ ਮੁਕਾਬਲਿਆਂ ਵਿੱਚ ਫੁੱਟਬਾਲ ਮੁਕਾਬਲਿਆਂ ਅੰਡਰ-14 ਲੜਕਿਆਂ ਵਿੱਚ ਮੌਜੇਵਾਲ ਮੁਜਾਰਾ ਪਹਿਲੇ ਸਥਾਨ ਅਤੇ ਪਿੰਡ ਬਕਾਪੁਰ ਦੂਜੇ ਸਥਾਨ 'ਤੇ ਰਹੇ। ਇਸੇ ਤਰ੍ਹਾਂ ਅੰਡਰ-17 ਲੜਕਿਆਂ ਵਿੱਚ ਮੌਜੇਵਾਲ ਮੁਜਾਰਾ ਪਹਿਲੇ ਸਥਾਨ ਅਤੇ ਪਿੰਡ ਸਤੀਆ ਦੂਜੇ ਸਥਾਨ ਤੇ ਰਹੇ ਅਤੇ ਅੰਡਰ-21 ਲੜਕੇ ਸੜੋਆ ਪਹਿਲੇ ਸਥਾਨ ਤੇ ਮੌਜੇਵਾਲ ਮੁਜਾਰਾ ਦੂਜੇ ਸਥਾਨ 'ਤੇ ਰਹੇ। ਕਬੱਡੀ ਨੈਸ਼ਨਲ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਐਮ.ਐਲ.ਬੀ.ਜੀ. ਪਬਲਿਕ ਸਕੂਲ ਟੱਪੜੀਆ ਖੁਰਦ ਪਹਿਲੇ ਸਥਾਨ ਅਤੇ ਸਰਕਾਰੀ ਮਿਡਲ ਸਕੂਲ ਸਜਾਵਲਪੁਰ ਦੂਜੇ ਸਥਾਨ 'ਤੇ ਰਿਹਾ। ਇਸੇ ਤਰਾਂ ਵਾਲੀਬਾਲ ਅੰਡਰ-17 ਲੜਕਿਆਂ ਵਿੱਚ ਪਿੰਡ ਸਿੰਗਪੁਰ ਪਹਿਲੇ ਸਥਾਨ ਤੇ ਅਤੇ ਪਿੰਡ ਰੁੜ੍ਹੀ ਦੂਜੇ ਸਥਾਨ ਤੇ ਰਹੇ। ਕਬੱਡੀ ਸਰਕਲ ਸਟਾਈਲ ਅੰਡਰ-14 ਲੜਕਿਆਂ ਦੇ ਮੁਕਾਬਲੇ ਵਿੱਚ ਕਬੱਡੀ ਕਲੱਬ ਟੈਰੋਵਾਲ ਪਹਿਲੇ ਸਥਾਨ 'ਤੇ ਅਤੇ ਪਿੰਡ ਚੰਦਿਆਣੀ ਖੁਰਦ ਦੂਜੇ ਸਥਾਨ ਤੇ ਰਹੇ। ਐਥਲੈਟਿਕਸ ਇਵੈਂਟ ਮੁਕਾਬਲਿਆਂ ਵਿੱਚ ਅੰਡਰ-14 60 ਮੀਟਰ ਲੜਕੀਆਂ ਦੇ ਮੁਕਾਬਲਿਆ ਵਿੱਚ ਪਲਕ ਨੇ ਪਹਿਲਾ, ਹਰਸ਼ਿਤਾ ਨੇ ਦੂਜਾ ਅਤੇ ਇਨਾਕਸ਼ੀ ਨੇ ਤੀਜਾ ਸਥਾਨ ਹਾਸਲ ਕੀਤਾ। 600 ਮੀਟਰ ਅੰਡਰ-14 ਮੁਕਾਬਲਿਆਂ ਵਿੱਚ ਇਨਾਕਸ਼ੀ ਨੇ ਪਹਿਲਾ, ਪਲਕ ਨੇ ਦੂਜਾ ਅਤੇ ਜਸਦੀਪ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਲਾਂਗ ਜੰਪ ਮੁਕਾਬਲਿਆਂ ਵਿੱਚ ਅੰਡਰ-14 ਵਿੱਚ ਲੜਕੀਆਂ ਜਸਦੀਪ ਕੌਰ ਨੇ ਪਹਿਲਾ ਅਤੇ ਹਰਸ਼ਿਤਾ ਨੇ ਦੂਜਾ ਸਥਾਨ ਹਾਸਲ ਕੀਤਾ।ਵੰਦਨਾ ਚੌਹਾਨ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ ਨਵਾਂਸ਼ਹਿਰ ਵਿਖੇ 23 ਸਤੰਬਰ ਤੋਂ 27 ਸਤੰਬਰ ਤੱਕ ਜ਼ਿਲ੍ਹਾ ਨਵਾਂਸ਼ਹਿਰ ਦੇ ਵੱਖ-ਵੱਖ ਵੈਨਿਊ 'ਤੇ ਕਰਵਾਏ ਜਾਣਗੇ।ਜਿਨਾਂ ਵਿੱਚ ਪਾਵਰਲਿਫਟਿੰਗ, ਵੇਟਲਿਫਟਿੰਗ, ਕੁਸ਼ਤੀ, ਐਥਲੈਟਿਕਸ, ਕਬੱਡੀ (ਨੈਸ਼ਨਲ/ਸਰਕਲ), ਬੈਡਮਿੰਟਨ, ਵਾਲੀਬਾਲ (ਸਮੈਸਿੰਗ/ਸੂਟਿੰਗ), ਹੈਂਡਬਾਲ, ਜੂਡੋ, ਗਤਕਾ, ਕਿਕ-ਬਾਕਸਿੰਗ, ਹਾਕੀ, ਫੁੱਟਬਾਲ, ਚੈੱਸ, ਕਰਾਟੇ ਮੁਕਾਬਲੇ ਕਰਵਾਏ ਜਾਣਗੇ।

# ਲਾਇਲਪੁਰ ਖ਼ਾਲਸਾ ਕਾਲਜ ਦੀ ਐੱਮ ਏ ਇੰਗਲਿਸ਼ ਦਾ ਨਤੀਜਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਅਕਾਦਮਿਕ, ਖੇਡਾਂ ਅਤੇ ਸਹਿ-ਪਾਠਕ੍ਰਮ ਉੱਤਮਤਾ ਲਈ ਪ੍ਰਮੁੱਖ ਸੰਸਥਾ ਵਜੋਂ ਜਾਣਿਆ ਜਾਂਦਾ ਹੈ। ਯੂਨੀਵਰਸਿਟੀ ਦੀਆਂ ਮੈਰਿਟ ਪ੍ਰਾਪਤੀਆਂ, ਖੇਡਾਂ ਦੇ ਖੇਤਰ ਵਿੱਚ ਯੋਗਦਾਨ ਅਤੇ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਦੇ ਯੁਵਕ ਮੇਲਿਆਂ ਵਿੱਚ ਪ੍ਰਤੀਨਿਧਤਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਪ੍ਰਮਾਣ ਹੈ।। ਇਸੇ ਲੜੀ ਨੂੰ ਅੱਗੇ ਤੋਰਦੇ ਹੋਏ ਐਮ.ਏ. ਅੰਗਰੇਜ਼ੀ ਸਮੈਸਟਰ ਚੌਥਾ ਦੀ ਵਿਦਿਆਰਥਣ ਸਾਕਸ਼ੀ ਸ਼ਰਮਾ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ 1600 ਵਿਚੋਂ 1100 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਇਸ ਸਫ਼ਲਤਾ ਲਈ ਵਿਦਿਆਰਥਣ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਾਲਜ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਦੇ ਹੋਏ ਵਿਦਿਆਰਥੀਆਂ ਦੀ ਛੁਪੀ ਪ੍ਰਤਿਭਾ ਨੂੰ ਖੋਜਣ ਲਈ ਉਤਸ਼ਾਹਿਤ ਕਰਦਾ ਅਤੇ ਆਪਣੇ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੀ ਪ੍ਰਦਾਨ ਕਰਦਾ ਹੈ। ਵਾਈਸ-ਪ੍ਰਿੰਸੀਪਲ ਅਤੇ ਅੰਗਰੇਜ਼ੀ ਵਿਭਾਗ ਦੇ ਮੁਖੀ ਪ੍ਰੋ. ਜਸਰੀਨ ਕੌਰ ਨੇ ਕਿਹਾ ਕਿ ਵਿਭਾਗ ਆਪਣੇ ਵਿਦਿਆਰਥੀਆਂ ਦੀ ਅਕਾਦਮਿਕ ਉੱਤਮਤਾ ਲਈ ਕੋਈ ਕਸਰ ਬਾਕੀ ਨਹੀਂ ਛੱਡਦਾ। ਉਨ੍ਹਾਂ ਇਸ ਪ੍ਰਾਪਤੀ 'ਤੇ ਵਿਦਿਆਰਥੀ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪ੍ਰੋ. ਸਤਪਾਲ ਸਿੰਘ ਵੀ ਮੌਜੂਦ ਸਨ।

# ਜ਼ਿਲ੍ਹਾ ਪੱਧਰੀ ਰੱਸਾਕਸ਼ੀ ਮੁਕਾਬਲਿਆਂ 'ਚ ਦਸਮੇਸ਼ ਕਾਨਵੈਂਟ ਹਾਈ ਸਕੂਲ ਦੀ ਚੜ੍ਹਤ ਬਰਕਰਾਰ



**ਗੁਰਾਇਆ (ਰਘਵੀਰ ਸਿੰਘ)**-ਜ਼ਿਲਾ ਸਿੱਖਿਆ ਅਫਸਰ ਗੁਰਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਹਰਮੇਸ਼ ਲਾਲ ਘੇੜਾ ਦੀ ਅਗਵਾਈ 'ਚ ਜ਼ਿਲ੍ਹਾ ਜਲੰਧਰ ਦੇ ਰੱਸਾਕਸ਼ੀ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਸ੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ 'ਚ ਕਰਵਾਏ ਗਏ । ਟੂਰਨਾਮੈਂਟ ਦਾ ਉਦਘਾਟਨ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਉੱਪ ਚੈਅਰਮੈਨ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਡੀ.ਟੀ.ਸੀ ਸਕੱਤਰ ਹਰਮੇਸ਼ ਘੇੜਾ ਟੀਮ ਕਪਤਾਨ ਹਰਮਨਜੀਤ ਕੌਰ ਅਤੇ ਸੋਫੀਆ ਨੇ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ। ਇਨ੍ਹਾਂ ਮੁਕਾਬਲਿਆਂ 'ਚ 14 ਅਤੇ 17 ਸਾਲ ਵਰਗ 'ਚ ਲੜਕੇ ਅਤੇ ਲੜਕੀਆਂ ਵਰਗ 'ਚ ਮੇਜ਼ਬਾਨ ਸਕੂਲ ਸ੍ਰੀ ਦਸਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਨੇ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਚੜ੍ਹਤ ਬਰਕਰਾਰ ਰੱਖ 'ਕੇ ਸਕੂਲ ਦੇ ਨਾਂ ਦੇ ਨਾਲ ਜ਼ੋਨ ਨੰਬਰ 9 ਗੁਰਾਇਆ ਦਾ ਨਾਂ ਵੀ ਇਲਾਕੇ 'ਚ ਰੋਸ਼ਨ ਕੀਤਾ। 14 ਅਤੇ 17 ਸਾਲ ਵਰਗ ਲੜਕੇ 'ਚ ਸ.ਸ.ਸ ਸਕੂਲ ਜੰਡਿਆਲਾ ਸਮਰਾਏ ਦੂਸਰੇ ਸਥਾਨ ਅਤੇ ਸ.ਸ.ਸ ਸਕੂਲ ਧਨੀ ਪਿੰਡ ਤੀਸਰੇ ਸਥਾਨ 'ਤੇ ਰਿਹਾ। 19 ਸਾਲ ਵਰਗ ਲੜਕੇ 'ਚ ਗੁਰੂ ਹਰਿ ਰਾਏ ਖਾਲਸਾ ਸੀਨੀ.ਸੈਕੰ. ਸਕੂਲ ਦੁਸਾਂਝ ਕਲਾਂ ਪਹਿਲੇ ਅਤੇ ਸ.ਸ.ਸ. ਜੰਡਿਆਲਾ ਸਮਰਾਏ ਦੂਸਰੇ ਸਥਾਨ 'ਤੇ ਰਿਹਾ। 14 ਸਾਲ ਵਰਗ ਲੜਕੀਆਂ 'ਚ ਸ.ਸ.ਸ. ਸਕੂਲ ਧਨੀ ਪਿੰਡ ਦੀ ਟੀਮ ਦੂਸਰੇ ਸਥਾਨ 'ਤੇ ਰਹੀ ਜਦਕਿ ਸਮਰਾਏ ਸਕੂਲ ਦੀ ਟੀਮ ਤੀਸਰੇ ਸਥਾਨ 'ਤੇ ਰਹੀ।17 ਸਾਲ ਵਰਗ ਲੜਕੀਆਂ 'ਚ ਸ.ਸ.ਸ.ਕੰਨਿਆ ਸਕੂਲ ਫਿਲੌਰ ਦੂਸਰੇ ਅਤੇ ਸ.ਸ.ਸ.ਸਕੂਲ ਜੰਡਿਆਲਾ ਸਮਰਾਏ ਤੀਸਰੇ ਸਥਾਨ 'ਤੇ ਰਹੇ। 19 ਸਾਲ ਵਰਗ ਲੜਕੀਆਂ 'ਚ ਸ.ਸ.ਸ.ਕੰਨਿਆ ਸਕੂਲ ਦੁਸਾਂਝ ਕਲਾਂ ਪਹਿਲੇ ਅਤੇ ਸ.ਸ.ਸ.ਕੰਨਿਆ ਫਿਲੌਰ ਸਕੂਲ ਦੂਸਰੇ ਸਥਾਨ 'ਤੇ ਰਿਹਾ। ਇਸ ਮੌਕੇ ਜੇਤੂ ਟੀਮ ਨੂੰ ਇਨਾਮਾਂ ਦੀ ਵੰਡ ਕਰਦੇ ਪੰਜਾਬ ਸਕੂਲ ਦੇ ਵਾਈਸ ਚੈਅਰਮੈਨ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਦੀ ਪੁਰਾਤਨ ਅਤੇ ਵਿਰਾਸਤੀ ਖੇਡ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਨੂੰ ਪੇਂਡੂ ਖੇਤਰ 'ਚ ਵਧੀਆ ਪ੍ਰਬੰਧ ਨਾਲ ਕਰਵਾਉਣ ਲਈ ਮੇਜ਼ਬਾਨ ਸਕੂਲ ਵਧਾਈ ਦਾ ਪਾਤਰ ਹੈ । ਇਸ ਮੌਕੇ ਉਨ੍ਹਾਂ ਸਕੂਲ ਐਮ.ਡੀ. ਸੁਖਦੀਪ ਸਿੰਘ ਦਾ ਉਚੇਚੇ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਫਿਲੌਰ ਹਲਕੇ 'ਚ ਉਹ ਇਹ ਖੇਡ ਵਿਕਸਤ ਕਰਕੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਦਾ ਪ੍ਰੇਰਣਾ ਸਰੋਤ ਬਣ ਰਹੇ ਹਨ। ਇਸ ਮੌਕੇ ਉਨ੍ਹਾਂ ਜੇਤੂ ਟੀਮਾਂ ਨੂੰ ਮੌਕੇ 'ਤੇ ਮੈਡਲ ਅਤੇ ਟਰਾਫ਼ੀਆਂ ਦੇਣ ਲਈ ਡੀ.ਟੀ.ਸੀ. ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਖਿਡਾਰੀਆਂ ਦਾ ਮਨੋਬਲ ਵਧਦਾ ਹੈ। ਇਸ ਮੌਕੇ ਮੁੱਖ ਮਹਿਮਾਨ ਅਤੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਕੂਲ ਪ੍ਰਿੰਸੀਪਲ ਬਲਜਿੰਦਰ ਕੁਮਾਰ ਅਤੇ ਸਮੁੱਚੀ ਜ਼ੋਨ ਟੀਮ ਵਲੋਂ ਯਾਦਗਾਰੀ ਚਿੰਨ੍ਹ ਦਿੱਤੇ ਗਏ। ਟੂਰਨਾਮੈਂਟ ਦੌਰਾਨ ਕਨਵੀਨਰ ਪ੍ਰਿੰਸੀਪਲ ਧਰਮਪਾਲ ਸ.ਸ.ਸ. ਸਕੂਲ ਮਹਿਸਮਪੁਰ, ਸਹਾਇਕ ਕਨਵੀਨਰ ਲੈਕਚਰਾਰ ਬਲਦੇਵ ਸਿੰਘ, ਆਫੀਸ਼ਅਲ ਡੀ.ਪੀ.ਆਈ.ਨਰਿੰਦਰ ਕੁਮਾਰ, ਲੈਕਚਰਾਰ ਜਸਪਾਲ ਸਿੰਘ, ਡੀ.ਪੀ.ਆਈ ਗੁਰਬਖਸ਼ ਕੌਰ, ਪੀ.ਟੀ.ਆਈ. ਰਤਨ ਲਾਲ, ਐਨ.ਐਸ.ਕਿਊ ਜਸਵਿੰਦਰ ਸਿੰਘ ਤੋਂ ਇਲਾਵਾ ਗੁਰਾਇਆ ਜ਼ੋਨ 9 ਦੇ ਪ੍ਰਧਾਨ ਪ੍ਰਿੰਸੀਪਲ ਸਤਵਿੰਦਰਪਾਲ ਸਿੰਘ, ਵਿੱਤ ਸਕੱਤਰ ਸੋਮ ਨਾਥ, ਸਮੁੱਚੀ ਜ਼ੋਨ ਟੀਮ, ਰੱਸਾ ਕੱਸ਼ੀ ਮਾਹਿਰ ਕੋਚ ਹਰਮੇਸ਼ ਲਾਲ, ਅਮਰਜੀਤ ਮੈਹਿਮੀ, ਜਗਦੀਸ਼ ਚੰਦੜ੍ਹ, ਪ੍ਰਿੰਸੀਪਲ ਹਰਦੀਪ ਸਿੰਘ, ਪ੍ਰਿੰਸੀਪਲ ਹਰਦੀਪ ਸਿੰਘ, ਪ੍ਰਿੰਸੀਪਲ ਸੁਰਿੰਦਰਪਾਲ, ਧਰਮਿੰਦਰ ਕੁਮਾਰ, ਤੀਰਥ ਸਿੰਘ ਬਾਸੀ, ਦੀਪਕ, ਧਰਮਿੰਦਰ ਕੁਮਾਰ ਅਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਸਹਿਬਾਨ ਅਤੇ ਖੇਡ ਅਧਿਕਾਰੀ ਹਾਜ਼ਰ ਸਨ।

# ਪਿਪਸ ਸਕੂਲ 'ਚ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਸਨਮਾਨ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ 'ਚ ਅਧਿਆਪਕ ਦਿਵਸ ਦੇ ਮੱਦੇਨਜ਼ਰ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ । ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਅਧਿਆਪਕ ਸ਼ਬਦ ਦਾ ਮੌਲਿਕ ਅਰਥ ਸਮਝਾਉਂਦੇ ਹੋਏ ਇੱਕ ਵਿਸ਼ੇਸ਼ ਭੂਮਿਕਾ ਨਿਭਾਈ। ਉਨ੍ਹਾਂ ਨੇ ਅਧਿਆਪਕਾਂ ਦੀ ਮਹਾਨ ਭੂਮਿਕਾ ਅਤੇ ਸਿੱਖਿਆ 'ਚ ਉਨ੍ਹਾਂ ਦੇ ਯੋਗਦਾਨ ਨੂੰ ਸਮਝਾਉਂਦੇ ਹੋਏ ਕਈ ਵਿਸ਼ੇਸ਼ ਪ੍ਰਦਰਸ਼ਨ ਕੀਤੇ, ਜਿਨ੍ਹਾਂ ਨੇ ਪ੍ਰਤਿਭਾਵਾਨ ਅਧਿਆਪਕਾਂ ਦੀ ਮਹਾਨਤਾ ਨੂੰ ਸਲਾਮ ਕੀਤਾ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼ਿੰਦਰਪਾਲ ਕੌਰ ਅਟਵਾਲ ਨੇ ਅਧਿਆਪਕਾਂ ਦੇ ਮਹਾਨ ਯੋਗਦਾਨ ਨੂੰ ਸਵੀਕਾਰਿਆ ਅਤੇ ਉਨ੍ਹਾਂ ਨੂੰ ਸਨਮਾਨਤ ਕੀਤਾ। ਉਨ੍ਹਾਂ ਅਧਿਆਪਕਾਂ ਦੀ ਭੂਮਿਕਾ ਅਤੇ ਸਿੱਖਿਆ ਦੇ ਮਹੱਤਵ 'ਤੇ ਚਰਚਾ ਕੀਤੀ। ਪ੍ਰਿੰਸੀਪਲ ਸੁਰਜੀਤ ਸਿੰਘ ਅਤੇ ਵਾਇਸ ਪ੍ਰਿੰਸੀਪਲ ਮਨਦੀਪ ਕੌਰ ਨੇ ਕਿਹਾ ਕਿ ਅਧਿਆਪਕ ਸਿਰਫ ਗਿਆਨ ਦੇਣ ਵਾਲੇ ਨਹੀਂ, ਸਗੋਂ ਉਨ੍ਹਾਂ ਦਾ ਕੰਮ ਵਿਦਿਆਰਥੀਆਂ ਦੇ ਜੀਵਨ ਨੂੰ ਸੰਵਾਰਨਾ ਹੈ। ਅਸੀਂ ਅਧਿਆਪਕਾਂ ਨੂੰ ਸਲਾਮ ਕਰਦੇ ਹਾਂ ਜੋ ਹਰ ਦਿਨ ਵਿਦਿਆਰਥੀਆਂ ਦੇ ਚਮਕਦੇ ਭਵਿੱਖ ਲਈ ਮਿਹਨਤ ਕਰਦੇ ਹਨ। ਸਕੂਲ ਕਮੇਟੀ ਦੀ ਮੈਨੇਜਰ ਪ੍ਰੀਤਪਾਲ ਕੌਰ ਅਟਵਾਲ ਨੇ ਵੀ ਅਧਿਆਪਕਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਾਡੇ ਵਿਦਿਆਰਥੀ ਅਧਿਆਪਕਾਂ ਦੇ ਮਾਰਗਦਰਸ਼ਨ ਅਤੇ ਮਿਹਨਤ ਨਾਲ ਹੀ ਸਭ ਕੁਝ ਸਿੱਖਦੇ ਹਨ।

# ਲੋਕਾਂ ਦੀਆਂ ਬਰੂਹਾਂ 'ਤੇ ਕੀਤੀਆਂ ਜਾਣਗੀਆਂ ਸਮੱਸਿਆਵਾਂ ਹੱਲ : ਅਨਮਜੋਤ ਕੌਰ



**ਭਲਾਣ (ਹਰਭਜਨ ਢਿੱਲੋਂ)**- ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਲਈ ਅਤੇ ਲੋਕਾਂ ਦੀਆਂ ਮੁਸ਼ਕਿਲਾਂ/ਸਮੱਸਿਆਵਾਂ ਦਾ ਨਿਪਟਾਰਾ ਕਰਨ ਦੇ ਨਾਲ ਨਾਲ ਲੋੜਵੰਦਾਂ ਨੂੰ ਭਲਾਈ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਨੰਗਲ ਵਿੱਚ ਜਨ ਸੁਣਵਾਈ ਕੈਂਪ ਲਗਾਏ ਜਾਣਗੇ। ਇਹ ਕੈਂਪ 16 ਸਤੰਬਰ ਨੂੰ ਕਲਿੱਤਰਾ, ਦਬਖੇੜਾ ਤੇ ਦੜੋਲੀ, 23 ਸਤੰਬਰ ਨੂੰ ਨੰਗਲੀ, ਜਿੰਦਵੜੀ ਤੇ ਥਲੂਹ ਅਤੇ 30 ਸਤੰਬਰ ਨੂੰ ਗੋਹਲਣੀ, ਕੁਲਗਰਾਂ ਤੇ ਦਿਆਪੁਰ ਵਿੱਚ ਸਵੇਰੇ 10 ਵਜੇ ਲਗਾਏ ਜਾਣਗੇ। ਇਹ ਜਾਣਕਾਰੀ ਅਨਮਜੋਤ ਕੌਰ ਉਪ ਮੰਡਲ ਮੈਜਿਸਟ੍ਰੇਟ ਨੰਗਲ ਨੇ ਅੱਜ ਇੱਥੇ ਦਿੱਤੀ। ਉਨ੍ਹਾਂ ਦੱਸਿਆ ਕਿ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੱਲੋਂ ਪਹਿਲਾਂ ਹੀ ਇਸੇ ਤਰਜ਼ 'ਤੇ ਸਾਡਾ.ਐਮ.ਐਲ.ਏ.ਸਾਡੇ ਵਿੱਚ ਪ੍ਰੋਗਰਾਮ ਚੱਲ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਵੱਲੋਂ ਸਰਕਾਰ ਤੁਹਾਡੇ ਦੁਆਰ ਤਹਿਤ ਇਹ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਉਪ ਮੰਡਲ ਪੱਧਰ ਤੇ ਉਪ ਮੰਡਲ ਦੇ ਅਧਿਕਾਰੀ ਵੱਖਰੇ ਤੌਰ 'ਤੇ ਅਜਿਹੇ ਕੈਂਪ ਲਗਾ ਰਹੇ ਹਨ। ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਇਹ ਸਹੂਲਤ ਦੇਣ ਦਾ ਉਪਰਾਲਾ ਕੀਤਾ ਹੈ। ਇਹ ਕੈਂਪ ਆਮ ਲੋਕਾਂ ਨੂੰ ਜ਼ਿਲ੍ਹਾ ਹੈਡ ਕੁਆਰਟਰ 'ਤੇ ਆਉਣ ਜਾਣ ਦੀ ਖੱਜਲ ਖੁਆਰੀ ਦੂਰ ਕਰਨ ਵਿੱਚ ਵੀ ਸਹਾਈ ਸਿੱਧ ਹੋ ਰਹੇ ਹਨ, ਇਸ ਨਾਲ ਲੋਕਾਂ ਦੇ ਸਮੇਂ ਦੀ ਵੀ ਬੱਚਤ ਹੋ ਰਹੀ ਹੈ।

# ਮੀਰੀ ਪੀਰੀ ਸੇਵਾ ਸਿਮਰਨ ਕਲੱਬ ਨੇ ਪੌਦੇ ਲਗਾਏ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਮੀਰੀ ਪੀਰੀ ਸੇਵਾ ਸਿਮਰਨ ਕਲੱਬ ਰਜਿ. ਹੁਸ਼ਿਆਰਪੁਰ ਵੱਲੋਂ ਗੁਰੂ ਆਸ਼ੇ ਪਵਣ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ ਅਨੁਸਾਰ ਪੌਣ ਪਾਣੀ, ਧਰਤੀ ਅਤੇ ਵਾਤਾਵਰਣ ਦੀ ਸੁਰੱਖਿਆ ਅਤੇ ਸਾਂਭ ਸੰਭਾਲ ਦੇ ਮਿਸ਼ਨ ਨੂੰ ਮੁੱਖ ਰੱਖ ਕੇ ਸਰਬਜੀਤ ਸਿੰਘ ਬਡਵਾਲ ਚੇਅਰਮੈਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਰੰਭੀ ਰੁੱਖ ਲਗਾਓ ਅਤੇ ਸੰਭਾਲੋ ਮੁਹਿੰਮ ਤਹਿਤ ਫੁੱਟਬਾਲ ਗਰਾਊਂਡ ਨਜ਼ਦੀਕ ਨਿਊ ਗੋਬਿੰਦ ਨਗਰ ਹੁਸ਼ਿਆਰਪੁਰ ਵਿਖੇ ਪੌਦੇ ਲਗਾਏ ਗਏ। ਸਰਬਜੀਤ ਸਿੰਘ ਬਡਵਾਲ ਚੇਅਰਮੈਨ ਨੇ ਦੱਸਿਆ ਕਿ ਮੌਸਮ ਵਿੱਚ ਆ ਰਹੇ ਵਿਗਾੜ, ਲਗਾਤਾਰ ਵਧਦੇ ਜਾ ਰਹੇ ਤਾਪਮਾਨ ਅਤੇ ਹੜ੍ਹਾਂ ਵਰਗੀਆਂ ਕੁਦਰਤੀ ਕਰੋਪੀਆਂ ਦਾ ਵਿਗਿਆਨੀਆਂ ਨੇ ਇੱਕੋ ਇੱਕ ਕਾਰਨ ਰੁੱਖਾਂ ਦੀ ਲਗਾਤਾਰ ਹੋ ਰਹੀ ਕਟਾਈ ਅਤੇ ਨਵੇਂ ਰੁੱਖ ਲਗਾਉਣ ਵਿੱਚ ਆ ਰਹੀ ਕਮੀ ਦੱਸਿਆ ਜੋ ਮਨੁੱਖਤਾ ਅਤੇ ਸਮੁੱਚੀ ਲੋਕਾਈ ਨੂੰ ਤ੍ਰਾਹ ਤ੍ਰਾਹ ਕਰਨ ਲਈ ਮਜਬੂਰ ਕਰ ਰਹੀ ਹੈ । ਇਸ ਲਈ ਨਵੇਂ ਰੁੱਖ ਲਗਾਉਣ ਵਿੱਚ ਤੇਜ਼ੀ ਲਿਆਉਣਾ ਸਮੇਂ ਦੀ ਮੁੱਖ ਲੋੜ ਹੈ ਜਿਸ ਨੂੰ ਮਹਿਸੂਸ ਕਰਦਿਆਂ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਰਜਿ ਹੁਸ਼ਿਆਰਪੁਰ ਵੱਲੋਂ ਰੁੱਖ ਲਗਾਓ ਅਤੇ ਸੰਭਾਲੋ ਮੁਹਿੰਮ ਅਰੰਭੀ ਹੋਈ ਹੈ ਜਿਸ ਤਹਿਤ ਪਹਿਲਾਂ ਵੀ ਫੁੱਟਬਾਲ ਗਰਾਊਂਡ ਦੇ ਦੁਆਲੇ ਰੁੱਖ ਲਗਾਏ ਗਏ ਸਨ ਅਤੇ ਹੁਣ ਨਿਊ ਗੋਬਿੰਦ ਨਗਰ ਵਿਖੇ ਨਿੰਮ, ਕਚਨਾਰ, ਬਿੱਲ, ਸੁਹਾਜਨਾ, ਜਾਮਣ, ਜਤਰੰਡਾ, ਅਮਲਤਾਸ ਦੇ ਪੌਦੇ ਲਗਾਏ ਗਏ । ਇਸ ਮੌਕੇ ਗੁਰਬਿੰਦਰ ਸਿੰਘ ਪਲਾਹਾ, ਸੱਤਪਾਲ ਸਿੰਘ ਭੋਗਲ, ਮਨਜੀਤ ਸਿੰਘ, ਅਜੀਤ ਸਿੰਘ ਸੋਨੂੰ, ਇੰਦਰਪ੍ਰੀਤ ਸਿੰਘ ਬਡਵਾਲ, ਜਸਜੀਤ ਸਿੰਘ ਬਡਵਾਲ, ਕੁਲਵਿੰਦਰ ਕੌਰ,ਜਸਵਿੰਦਰ ਕੌਰ, ਹਰਭਜਨ ਸਿੰਘ ਫੌਜੀ, ਗੁਰਮੇਜ ਲਾਲ ਬੱਧਣ, ਗੁਰਜੀਤ ਸਿੰਘ ਭੋਗਲ, ਰਾਮ ਲਾਲ, ਕਿਰਨ ਕੁਮਾਰ, ਅਸ਼ੋਕ ਕੁਮਾਰ, ਕੇਵਲ ਕੁਮਾਰ, ਸੁਰਿੰਦਰ ਸਿੰਘ, ਪਰਮਿੰਦਰ ਸਿੰਘ ਆਦਿ ਹਾਜ਼ਰ ਸਨ ।

# ਕਿਸਾਨ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਗੁਰੇਜ ਕਰਨ : ਖੇਤੀਬਾੜੀ ਅਫਸਰ




**ਬੰਗਾ (ਅਵਤਾਰ ਕਲੇਰ)**-ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਅਤੇ ਹੋਰ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੁੱਖ ਖੇਤੀਬਾੜੀ ਅਫਸਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਬੰਗਾ ਦੇ ਪਿੰਡ ਕੰਗਰੋੜ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ । ਇਹਨਾਂ ਕੈਂਪਾਂ ਦੀ ਪ੍ਰਧਾਨਗੀ ਖੇਤੀਬਾੜੀ ਅਫਸਰ ਬੰਗਾ ਡਾ. ਲਛਮਣ ਦਾਸ ਵੱਲੋਂ ਕੀਤੀ ਗਈ । ਉਹਨਾਂ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਅਪੀਲ ਕੀਤੀ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਨੂੰ ਜ਼ਮੀਨ ਵਿੱਚ ਗਾਲਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵਧਦੀ ਹੈ, ਮਿੱਟੀ ਦੇ ਜ਼ਰੂਰੀ ਪੌਸ਼ਟਿਕ ਤੱਤਾਂ ਵਿੱਚ ਵਾਧਾ ਹੁੰਦਾ ਅਤੇ ਮਿੱਤਰ ਕੀੜਿਆਂ ਨੂੰ ਵੀ ਬਚਾਇਆ ਜਾ ਸਕਦਾ ਹੈ । ਉਹਨਾਂ ਇਹ ਵੀ ਦੱਸਿਆ ਕਿ ਇਸ ਸਾਲ ਪਰਾਲੀ ਦੇ ਪ੍ਰਬੰਧਨ ਲਈ ਬਲਾਕ ਬੰਗਾ ਵਿੱਚ ਮਸ਼ੀਨਾਂ ਸਬਸਿਡੀ ਦੇ ਦਿੱਤੀਆਂ ਜਾ ਰਹੀਆਂ ਹਨ । ਇਸ ਮੌਕੇ ਡਾ. ਸੁਖਜਿੰਦਰ ਪਾਲ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਝੋਨੇ ਤੇ ਕੀੜੇ-ਮਕੌੜਿਆਂ ਬਾਰੇ ਅਤੇ ਹਾੜ੍ਹੀ ਦੀਆਂ ਫਸਲਾਂ ਤੋਂ ਪਹਿਲਾਂ ਆਪਣੇ ਖੇਤਾਂ ਦੀ ਮਿੱਟੀ ਟੈਸਟ ਕਰਵਾ ਕੇ ਖਾਦ ਦੀ ਵਰਤੋਂ ਕਰਨ ਲਈ ਦੱਸਿਆ। ਇਸ ਮੌਕੇ ਸੁਰਿੰਦਰਪਾਲ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨਾਲ ਤੇਲ ਬੀਜ ਫਸਲਾਂ ਵਾਰੇ ਅਤੇ ਆਰਗੈਨਿਕ ਖੇਤੀ ਸਬੰਧੀ ਜਾਣਕਾਰੀ ਸਾਂਝੀ ਕੀਤੀ । ਕਿਸਾਨਾਂ ਨੂੰ ਘਰੇਲੂ ਬਗੀਚੀ ਜ਼ਹਿਰਾਂ ਮੁਕਤ ਕਰਨ ਅਤੇ ਗੰਡੋਇਆਂ ਤੋਂ ਖਾਦਾਂ ਤਿਆਰ ਕਰਕੇ ਵਰਤਣ ਦੀ ਸਲਾਹ ਦਿੱਤੀ। ਵਿਕਰਮ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਹਾੜ੍ਹੀ ਸੀਜ਼ਨ ਦੇ ਨਵੇ ਬੀਜਾਂ ਦੀ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕੀਤੀ ਅਤੇ ਸੁਪਰ ਸੀਡਰ, ਹੈਪੀ ਸੀਡਰ ਆਦਿ ਰਾਹੀਂ ਕਣਕ ਬੀਜਣ ਲਈ ਪ੍ਰੇਰਿਤ ਕੀਤਾ ਗਿਆ । ਇਸ ਦੇ ਨਾਲ ਹੀ ਪੀ.ਐਮ. ਕਿਸਾਨ ਸਕੀਮ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ । ਇਸ ਮੌਕੇ ਸੰਦੀਪ ਗੰਗੜ ਅਤੇ ਪਿੰਡ ਕੰਗਰੋੜ ਦੇ ਕਿਸਾਨ ਹਰਵਿੰਦਰ ਸਿੰਘ, ਜੋਗਾ ਸਿੰਘ, ਜਗਤਾਰ ਸਿੰਘ, ਮੁਖਤਿਆਰ ਸਿੰਘ ਪ੍ਰਧਾਨ, ਅਮ੍ਰਿਤਪਾਲ ਸਿੰਘ, ਬਿਕਰਮ ਸਿੰਘ, ਜਗਰੂਪ ਸਿੰਘ, ਸੈਕਟਰੀ ਸਹਿਕਾਰੀ ਸਭਾ ਹਾਜ਼ਰ ਸਨ।

# ਦਿਲਾਵਰਪੁਰ ਦਾ ਛਿੰਝ ਮੇਲਾ ਸੰਪੰਨ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ )**- ਇੱਥੋ ਨਜ਼ਦੀਕੀ ਪਿੰਡ ਦਿਲਾਵਰਪੁਰ ਦਾ 55ਵਾਂ ਸਲਾਨਾ ਛਿੰਝ ਮੇਲਾ ਬੜੇ ਹੀ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਇਆ। ਪੀਰ ਲੱਖ ਦਾਤਾ ਦੇ ਦਰਬਾਰ ਤੇ ਗੱਦੀਨਸ਼ੀਨ ਭਗਤ ਪ੍ਰਕਾਸ਼ ਰਾਮ ਦੀ ਛਤਰ ਛਾਇਆ ਹੇਠ ਕਰਵਾਏ ਗਏ ਇਸ ਛਿੰਝ ਮੇਲੇ ਵਿੱਚ 250 ਦੇ ਕਰੀਬ ਪਹਿਲਵਾਨਾਂ ਨੇ ਆਪਣੇ ਜੌਹਰ ਦਿਖਾਏ। ਮੁੱਖ ਮਹਿਮਾਨ ਵਜੋਂ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਝੰਡੀ ਦੀ ਕੁਸ਼ਤੀ ਸ਼ੁਰੂ ਕਰਵਾਉਣ ਉਪਰੰਤ ਸਟੇਜ ਤੋਂ ਬੋਲਦਿਆ ਇਲਾਕੇ ਦੀ ਮੁੱਖ ਮੰਗ ਰਾਹੋਂ ਤੋਂ ਬਹਿਲੂਰ ਕਲਾਂ ਸੜਕ ਨੂੰ ਚੌੜਾ ਕਰਨ ਲਈ 5 ਲੱਖ ਰੁਪਏ ਇਸ ਤਰ੍ਹਾਂ ਪਿੰਡ ਦਿਲਾਵਰਪੁਰ ਜਿਥੇ ਇਹ ਸਲਾਨਾ ਛਿੰਝ ਮੇਲਾ ਕਰਵਾਇਆ ਜਾਂਦਾ ਹੈ, ਲਈ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ । ਇਸ ਮੌਕੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਨੇ ਵੀ ਸੰਬੋਧਨ ਕੀਤਾ । ਚੋਟੀ ਦੀਆਂ ਹੋਈਆਂ ਕੁਸ਼ਤੀਆਂ ਵਿੱਚ ਕਨੂਆ ਗੁੱਜਰ ਨੇ ਹੁਸੈਨ ਮੁੱਲਾਂਪੁਰ ਇਸੇ ਤਰ੍ਹਾਂ ਭੋਲਾ ਵਾਰਨ ਅਤੇ ਮਿਰਜਾ ਈਰਾਨੀ ਦੀ ਅੱਧਾ ਘੰਟਾ ਚੱਲੀ ਕੁਸ਼ਤੀ ਵਿੱਚ ਮਿਰਜ਼ਾ ਇਰਾਨੀ ਨੇ ਭੋਲੇ ਨੂੰ ਚਿੱਤ ਕਰਕੇ ਬੁਲਿਟ ਮੋਟਰਸਾਈਕਲ ਜਿੱਤਿਆ। ਝੰਡੀ ਦੀ ਕੁਸ਼ਤੀ ਉਮੇਸ਼ ਮਹਾਂਰਾਸ਼ਟਰ ਤੇ ਭੁਪਿੰਦਰ ਅਜਨਾਲਾ ਵਿਚਕਾਰ ਹੋਈ ਕੁਸ਼ਤੀ ਨੇ ਦਰਸ਼ਕਾਂ ਦੇ ਸਾਹ ਰੋਕੀ ਰੱਖੇ। ਆਖਰ ਭੁਪਿੰਦਰ ਅਜਨਾਲਾ ਨੇ ਉਮੇਸ਼ ਮਹਾਂਰਾਸ਼ਟਰ ਨੂੰ ਚਿੱਤ ਕਰਕੇ ਟ੍ਰੈਕਟਰ ਦੀ ਚਾਬੀ ਆਪਣੇ ਹੱਥਾਂ ਵਿੱਚ ਲੈ ਲਈ । ਪ੍ਰਵੀਨ ਕੁਹਾਲੀ ਅਤੇ ਇਰਫਾਨ ਮੁੱਲਾਪੁਰੀ ਦੀ ਕੁਸ਼ਤੀ ਵੀ ਦੇਖਣ ਯੋਗ ਸੀ ਤੇ ਇੱਥੇ ਪ੍ਰਵੀਨ ਕੁਹਾਲੀ ਨੇ ਇਰਫਾਨ ਨੂੰ ਚਿੱਤ ਕਰਕੇ ਨਿਊ ਹੋਲੈਂਡ ਟ੍ਰੈਕਟਰ 3630 ਆਪਣੇ ਨਾਂ ਕਰ ਲਿਆ। ਦੁਪਹਿਰ ਤੋਂ ਚਲਦੀਆਂ ਕੁਸ਼ਤੀਆਂ ਵਿੱਚ ਬਿੰਨੀਆ ਜੰਮੂ, ਭਰਤ ਫਗਵਾੜਾ, ਤੀਰਥ ਮਾਹਲਾ, ਭੋਲੂ ਰਾਜਪੁਰਾ, ਸਤਨਾਮ ਮਾਛੀਵਾੜਾ, ਬਿੰਦਾ ਬਿਸ਼ਨਪੁਰੀਆ ਆਦਿ ਨਾਮੀ ਪਹਿਲਵਾਨਾਂ ਨੇ ਆਪਣੇ ਦਾਅ-ਪੇਚਾਂ ਨਾਲ ਪਿੜ ਬੰਨ੍ਹੀ ਰੱਖਿਆ। ਇਸ ਮੌਕੇ ਸਾਬਕਾ ਵਿਧਾਇਕ ਅੰਗਦ ਸਿੰਘ, ਡਾ. ਕਮਲ, ਅਮਰਜੀਤ ਸਿੰਘ ਬਿੱਟਾ, ਨਗਰ ਕੌਂਸਲ ਪ੍ਰਧਾਨ ਰਾਹੁਲ ਹੇਮੰਤ ਰਨਦੇਵ ਸਾਬਕਾ ਨਗਰ ਕੌਂਸਲ ਪ੍ਰਧਾਨ, ਚਮਨ ਲਾਲ ਭਾਨ ਮਜਾਰਾ, ਚੇਅਰਮੈਨ ਗਗਨ ਅਗਨੀਹੋਤਰੀ, ਪਰਮਜੀਤ, ਬਲਬੀਰ ਸਿੰਘ, ਸੁਮੀਤ ਚੋਪੜਾ, ਅਤੁਲ ਜੈਨ, ਸੁਖਪ੍ਰੀਤ ਸਿੰਘ ਲੁੱਥਰਾ, ਹੀਰਾ ਦੁਗੱਲ, ਬ੍ਰਿਜ ਮੋਹਨ ਅਰੋੜਾ ਫਗਵਾੜਾ, ਸ਼ਾਮ ਅਰੋੜਾ, ਮੋਹਿਤ ਅਰੋੜਾ, ਤਰੁਣ ਅਰੋੜਾ, ਰਾਮਪਾਲ ਬੰਗਾ, ਕਮਲਜੀਤ ਰਾਣਾ ਬੰਗਾ ਲਖਵੀਰ ਸਿੰਘ, ਲੱਕੀ ਮਾਛੀਵਾੜਾ, ਮੱਖਣ ਰਾਮ, ਮਨਜੀਤ ਸਿੰਘ ਕੰਗ, ਐਸ.ਐਸ.ਓ ਜਰਨੈਲ ਸਿੰਘ, ਜਸਵੀਰ ਸਿੰਘ ਬਹਿਲੂਰ ਕਲਾਂ, ਯੋਗੇਸ਼ ਕੁਮਾਰ ਆਦਿ ਹਾਜ਼ਰ ਸਨ ।

# ਇਲਾਕੇ 'ਚ ਮੋਟਰਸਾਈਕਲਾਂ 'ਤੇ ਵਿਗੜੇ ਮੁੰਡਿਆਂ ਦੇ ਹੜਕੰਪ ਦੀ ਦਹਿਸ਼ਤ

**ਅੱਪਰਾ (ਨਿਰਮਲ ਗੁੜਾ)**-ਹਲਕਾ ਫਿਲੌਰ ਇਲਾਕੇ ਵਿੱਚ ਬਿਨਾਂ ਨੰਬਰੀ ਮੋਟਰਸਾਈਕਲਾਂ ਵਾਲੇ ਲੋਫਰਾਂ ਨੇ ਹੜਕੰਪ ਮਚਾਇਆ ਹੋਇਆ ਹੈ। ਜਿਸ ਨਾਲ ਇਲਾਕੇ ਦਾ ਮਹੌਲ ਡਰੌਣਾ ਤੇ ਦਹਿਸ਼ਤ ਵਾਲਾ ਬਣਿਆ ਹੋਇਆ ਹੈ। ਇਹ ਨਸ਼ਈ ਤੇ ਫੁਕਰੇ ਮੁੰਡੇ ਮੋਟਰਸਾਈਕਲਾਂ ਦੇ ਮਡਗਾਰਡ ਉਤਾਰ ਕੇ ਚੌੜੇ ਟਾਇਰ ਪਾ ਕੇ ਪਿੰਡਾਂ, ਕਸਬਿਆਂ ਤੇ ਸ਼ਹਿਰਾਂ ਵਿੱਚ, ਇਥੋਂ ਤੱਕ ਕਿ ਭੀੜ ਭੜੱਕਿਆਂ ਵਾਲੀਆਂ ਥਾਵਾਂ ਤੇ ਬਿਨਾਂ ਕਿਸੇ ਡਰ ਭੈਅ ਦੇ ਹੜਕੰਪ ਮਚਾਉਂਦੇ ਇਸ ਤਰਾਂ ਫਿਰਦੇ ਹਨ ਜਿਵੇਂ ਇਹਨਾਂ ਦਾ ਹੀ ਰਾਜ ਹੋਵੇ, ਬਾਕੀ ਸਾਰੇ ਲੋਕ ਤਾਂ ਕੀੜੇ ਮਕੌੜੇ ਹੋਣ। ਇਥੋਂ ਤੱਕ ਕੇ ਥਾਣੇ ਤੇ ਪੁਲਿਸ ਚੌਕੀਆਂ ਦੇ ਅੱਗਿਓਂ ਤਾਂ ਪੁਲਸ ਨੂੰ ਚਿੜਾ ਕੇ ਸ਼ੋਰ ਮਚਾਉਂਦੇ ਪਟਾਖੇ ਪਾਉਂਦੇ ਅਕਸਰ ਲੰਘਦੇ ਹਨ। ਇਹ ਵਿਗੜੇ ਹੋਏ ਤੇ ਬੇਕਾਬੂ ਮੁੰਡੇ ਇਲਾਕੇ ਵਿੱਚ ਦਹਿਸ਼ਤ ਵਾਲਾ ਮਹੌਲ ਪੈਦਾ ਕਰ ਰਹੇ ਹਨ, ਜਿਸ ਨਾਲ ਚੰਗੇ ਲੋਕ ਆਪ ਅਤੇ ਆਪਣੀਆਂ ਧੀਆਂ ਭੈਣਾਂ ਨੂੰ ਘਰ ਤੋਂ ਬਾਹਰ ਕੰਮ ਕਾਰ 'ਤੇ ਭੇਜਣ ਵੇਲੇ ਸੌ ਵਾਰ ਸੋਚਦੇ ਹਨ। ਇਲਾਕੇ ਦੀਆਂ ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਨੇ ਪੰਜਾਬ ਸਰਕਾਰ ਅਤੇ ਸੀਨੀਅਰ ਅਧਿਕਾਰੀਆਂ ਪਾਸੋਂ ਮੰਗ ਕੀਤੀ ਕਿ ਇਲਾਕੇ ਵਿੱਚ ਅਮਨ ਤੇ ਸ਼ਾਂਤੀ ਬਹਾਲ ਰੱਖਣ ਲਈ ਇਨਾਂ ਲੋਫਰਾਂ 'ਤੇ ਸ਼ਿਕੰਜਾ ਕੱਸਿਆ ਜਾਵੇ।

# ਡੀ ਐੱਚ ਓ ਨੇ ਮਠਿਆਈਆਂ ਵਾਲੀਆਂ ਦੁਕਾਨਾਂ 'ਤੇ ਛਾਪਾ ਮਾਰ ਕੇ ਮਠਿਆਈਆਂ ਦੇ ਭਰੇ ਸੈਂਪਲ



**ਭੋਗਪੁਰ, (ਗੁਰਪ੍ਰੀਤ ਸਿੰਘ ਭੋਗਲ)**-ਜ਼ਿਲ੍ਹਾ ਸਿਹਤ ਅਫਸਰ ਜਲੰਧਰ ਨੇ ਭੋਗਪੁਰ ਵਿੱਚ ਆਪਣੀ ਟੀਮ ਨਾਲ ਭੋਗਪੁਰ ਸਥਿਤ ਮਠਿਆਈਆਂ ਦੀਆਂ ਦੁਕਾਨਾਂ ਵਿੱਚ ਛਾਪਾ ਮਾਰ ਕੇ ਮਠਿਆਈਆਂ ਅਤੇ ਪਨੀਰ ਦੇ ਸੈਂਪਲ ਲਏ ਅਤੇ ਆ ਰਹੇ ਤਿਉਹਾਰ ਸਮੇਂ ਗੁਣਾਤਮਿਕ ਚੀਜ਼ਾਂ ਵੇਚਣ ਲਈ ਤਾੜਨਾ ਕੀਤੀ। ਤਿਉਹਾਰਾਂ ਦੇ ਦਿਨ ਸ਼ੁਰੂ ਹੋਣ ਜਾ ਰਹੇ ਹਨ ਜਿਸ ਕਰਕੇ ਮਠਿਆਈਆਂ ਦੀਆਂ ਦੁਕਾਨਾਂ ਬਜ਼ਾਰਾਂ ਵਿੱਚ ਪ੍ਰਮੁੱਖਤਾ ਰੂਪ ਵਿੱਚ ਲੱਗਣਗੀਆਂ। ਇਸ ਮੌਕੇ ਭੋਗਪੁਰ ਜੀ. ਟੀ. ਰੋਡ ਨੇੜੇ ਰੈਸਟ ਹਾਊਸ 'ਤੇ ਸਥਿਤ ਗਣੇਸ਼ ਸਵੀਟ ਸ਼ਾਪ ਦੇ ਮਾਲਕ ਚਰਨਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਠਿਆਈਆਂ ਦੀਆਂ ਦੁਕਾਨਾਂ 'ਤੇ ਸਰਕਾਰੀ ਅਧਿਕਾਰੀਆਂ ਨੇ ਬਾਜ਼ ਵਾਲੀ ਅੱਖ ਰੱਖੀ ਹੋਈ ਹੈ ਜਿਸ ਵਿੱਚ ਮਿਲਾਵਟੀ ਮਠਿਆਈਆਂ ਜਾਂ ਵਧੀਆ ਕੁਆਲਟੀ ਦੀਆਂ ਮਠਿਆਈਆਂ ਨਾ ਵੇਚਣ ਵਾਲੇ ਦੁਕਾਨਦਾਰਾਂ ਨੂੰ ਸਖ਼ਤ ਸਜ਼ਾਵਾਂ ਅਤੇ ਭਾਰੀ ਮਾਤਰਾ ਵਿੱਚ ਜੁਰਮਾਨਾ ਲਗਾਉਣ ਤਾਂ ਜੋ ਕੋਈ ਵੀ ਦੁਕਾਨਦਾਰ ਮਿਲਾਵਟੀ ਅਤੇ ਘਟੀਆਂ ਚੀਜ਼ਾਂ ਵੇਚਣ ਤੋਂ ਡਰੇ। ਬਾਅਦ ਵਿੱਚ ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਸੁਖਵਿੰਦਰ ਸਿੰਘ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਹੜਾ ਦੁਕਾਨਦਾਰ ਖਾਣ ਵਾਲੀਆਂ ਵਸਤਾਂ ਗੁਣਾਤਮਕ ਪੱਖੋਂ ਘਟੀਆ ਕੁਆਲਿਟੀ ਵੇਚੇਗਾ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਕਿਹਾ ਵੱਖ ਵੱਖ ਮਠਿਆਈਆਂ ਦੀਆਂ ਦੁਕਾਨਾਂ ਤੇ ਵੱਖ ਵੱਖ ਖਾਣ ਵਾਲੀਆਂ ਚੀਜ਼ਾਂ ਦੇ ਸੈਂਪਲ ਲੈ ਲਏ ਗਏ ਹਨ, ਉਹਨਾਂ ਸੈਂਪਲਾਂ ਦੇ ਅਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਦੁਕਾਨਦਾਰ ਵਿਰੁੱਧ ਕੀਤੀ ਜਾਵੇਗੀ। ਸਮਾਜ ਅਤੇ ਦੇਸ਼ ਨਾਲ ਧੋਖਾ ਦੇਣ ਵਾਲੇ ਨੂੰ ਜੇਲ੍ਹ ਵਿੱਚ ਬੰਦ ਕੀਤਾ ਜਾਵੇਗਾ।

# ਪ੍ਰਭ ਆਸਰਾ ਵਿਖੇ ਦਾਖਲ ਮਾਨਸਿਕ ਅਪਾਹਜ ਅਰਜੁਨ ਸਿੰਘ ਦੀ ਹਾਲਤ ਗੰਭੀਰ



**ਕੁਰਾਲੀ (ਮੋਹਨ ਅੱਗਰਵਾਲ)** ਕੁਰਾਲ਼ੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ ਲੋਕਾਂ ਦੀ ਸੇਵਾ-ਸੰਭਾਲ਼ ਕਰ ਰਹੀ ਸੰਸਥਾ ਪ੍ਰਭ ਆਸਰਾ ਵਿਖੇ ਦਾਖਲ ਮਾਨਸਿਕ ਅਪਾਹਜ ਸੱਜਣ ਅਰਜੁਨ ਸਿੰਘ (33 ਸਾਲ) ਦੀ ਹਾਲਤ ਗੰਭੀਰ ਬਣੀ ਹੋਈ ਹੈ। ਜੋ ਹੁਣ ਸੰਸਥਾ ਦੇ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਦੀ ਦੇਖ-ਰੇਖ ਹੇਠ ਜੇਰੇ ਇਲਾਜ ਹੈ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਜਿੰਦਰ ਕੌਰ ਨੇ ਦੱਸਿਆ ਕਿ ਅਰਜੁਨ 25 ਸਤੰਬਰ 2011 ਨੂੰ ਥਾਣਾ ਮਟੌਰ ਰਾਹੀਂ ਸੰਸਥਾ ਵਿਖੇ ਦਾਖਲ ਕਰਵਾਇਆ ਗਿਆ ਸੀ। ਜਿੱਥੇ ਇਲਾਜ ਅਤੇ ਸਾਂਭ-ਸੰਭਾਲ਼ ਦੇ ਚਲਦਿਆਂ ਇਸਦੀ ਸਿਹਤ ਵਿੱਚ ਸੁਧਾਰ ਆ ਗਿਆ ਸੀ। ਹੁਣ ਇਹ ਪਿਛਲੇ ਕੁੱਝ ਸਮੇਂ ਤੋਂ ਕਾਫ਼ੀ ਬਿਮਾਰ ਹੈ। ਪ੍ਰਬੰਧਕਾਂ ਵੱਲੋਂ ਇਸਨੂੰ ਪਛਾਨਣ ਵਾਲ਼ੇ ਸੱਜਣਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਇਹਨਾਂ ਨੂੰ ਕੋਈ ਮਿਲਣਾ ਚਾਹੁੰਦੇ ਹੋਣ ਤਾਂ ਪ੍ਰਭ ਆਸਰਾ ਵਿਖੇ ਸੰਪਰਕ ਕਰ ਸਕਦੇ ਹਨ।

# ਖੇਡਾਂ ਵਤਨ ਪੰਜਾਬ ਦੀਆਂ-2024 ; ਫੁੱਟਬਾਲ ਅੰਡਰ-14 (ਲੜਕੀਆਂ) ਦੇ ਮੁਕਾਬਲੇ 'ਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਖੁਰਦਪੁਰ ਜੇਤੂ



**ਜਲੰਧਰ (ਸ਼ੈਲੀ ਐਲਬਰਟ)**- 'ਖੇਡਾਂ ਵਤਨ ਪੰਜਾਬ ਦੀਆਂ-2024' ਤਹਿਤ ਬਲਾਕ ਪੱਧਰੀ ਟੂਰਨਾਮੈਂਟ ਦੇ ਦੂਜੇ ਫੇਜ਼ ਦੇ ਅੱਜ ਦੂਜੇ ਦਿਨ ਬਲਾਕ ਭੋਗਪੁਰ, ਜਲੰਧਰ ਪੱਛਮੀ, ਫਿਲੌਰ ਅਤੇ ਆਦਮਪੁਰ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ । ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਖੇਡਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਦਮਪੁਰ ਬਲਾਕ ਦੇ ਫੁੱਟਬਾਲ ਅੰਡਰ-14 (ਲੜਕੀਆਂ) ਦੇ ਮੁਕਾਬਲੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਖੁਰਦਪੁਰ ਦੀ ਟੀਮ ਨੇ ਪਹਿਲਾ, ਸਕੂਲ ਆਫ ਐਮੀਨੈਂਸ ਆਦਮਪੁਰ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 ਲੜਕਿਆਂ ਦੇ ਮੁਕਾਬਲੇ ਵਿਚ ਸੰਤ ਬਾਬਾ ਭਾਗ ਸਿੰਘ ਇਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਨੇ ਪਹਿਲਾ ਅਤੇ ਬਿਆਸ ਪਿੰਡ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਬੱਡੀ ਸਰਕਲ ਸਟਾਈਲ ਮੁਕਾਬਲੇ ਵਿਚ ਸੰਤ ਬਾਬਾ ਭਾਗ ਸਿੰਘ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਪਹਿਲੇ ਅਤੇ ਗੁਰੂ ਨਾਨਕ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਦੂਜੇ ਸਥਾਨ 'ਤੇ ਰਹੀ । ਭੋਗਪੁਰ ਬਲਾਕ ਕਬੱਡੀ ਨੈਸ਼ਨਲ ਅੰਡਰ-14 (ਲੜਕੀਆਂ) ਮੁਕਾਬਲੇ ਵਿਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭੋਗਪੁਰ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਟਨੂਰਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਫੁੱਟਬਾਲ ਅੰਡਰ-17 (ਲੜਕੇ) ਮੁਕਾਬਲੇ ਗੁਰੂ ਨਾਨਕ ਮਿਡਲ ਸਕੂਲ ਡੱਲਾ ਦੀ ਟੀਮ ਨੇ ਪਹਿਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਨਪਾਲਕੇ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਵਾਲੀਬਾਲ ਅੰਡਰ-17 (ਲੜਕੀਆਂ) ਮੁਕਾਬਲੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭੋਗਪੁਰ ਦੀ ਟੀਮ ਪਹਿਲੇ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਚਰੰਗਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਅੰਡਰ-17 (ਲੜਕੇ) ਖੋ-ਖੋ ਮੁਕਾਬਲੇ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਟਨੂਰਾ ਦੀ ਟੀਮ ਨੇ ਪਹਿਲਾ ਅਤੇ ਐਲਕਾਨ ਸਕੂਲ ਕਾਲਾ ਬੱਕਰਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ । ਜਲੰਧਰ ਪੱਛਮੀ ਬਲਾਕ ਦੇ ਅਥਲੈਟਿਕਸ ਅੰਡਰ-21, 100 ਮੀਟਰ ਈਵੈਂਟ ਲੜਕਿਆਂ ਵਿਚੋ ਮੋਨੂੰ ਸਿੰਘ ਨੇ ਪਹਿਲਾ, ਨਵਰੂਪ ਸਿੰਘ ਨੇ ਦੂਜਾ ਅਤੇ ਮਨਵੀਰ ਪ੍ਰਤਾਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸ਼ਾਟਪੁੱਟ ਈਵੈਂਟ ਵਿੱਚ ਜੋਧਵੀਰ ਸਿੰਘ ਨੇ ਪਹਿਲਾ, ਤੇਜਪਾਲ ਸਿੰਘ ਪੰਨੂੰ ਨੇ ਦੂਜਾ ਅਤੇ ਦੀਪਕ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 400 ਮੀਟਰ ਈਵੈਂਟ ਵਿਚ ਹਰਮਨਦੀਪ ਸਿੰਘ ਨੇ ਪਹਿਲਾ, ਹਰਮਨਦੀਪ ਸਿੰਘ ਨੇ ਦੂਜਾ ਅਤੇ ਅੰਕਿਤ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-21, 5000 ਮੀਟਰ ਈਵੈਂਟ ਵਿਚ ਗੁਰਵਿੰਦਰ ਸਿੰਘ ਨੇ ਪਹਿਲਾ, ਸੂਰਜ ਨੇ ਦੂਜਾ ਅਤੇ ਅਖਿਲ ਨੇ ਤੀਜਾ ਸਥਾਨ ਹਾਸਲ ਕੀਤਾ। 800 ਮੀਟਰ ਈਵੈਂਟ ਵਿਚ ਅਸ਼ੋਕ ਨੇ ਪਹਿਲਾ, ਵਿਜੈ ਨੇ ਦੂਜਾ ਅਤੇ ਸ਼ਰਮਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਲਾਂਗ ਜੰਪ ਈਵੈਂਟ ਵਿਚ ਸੁਪਰੀਤ ਨੇ ਪਹਿਲਾ, ਹੇਮੰਤ ਨੇ ਦੂਜਾ ਅਤੇ ਲਵਵੀਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-21 ਲੜਕੀਆਂ 1500 ਮੀਟਰ ਵਿਚ ਪੂਜਾ ਨੇ ਪਹਿਲਾ, ਸੁਖਪ੍ਰੀਤ ਨੇ ਦੂਜਾ ਅਤੇ ਵੀਸਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 100 ਮੀਟਰ ਮੁਕਾਬਲੇ ਵਿਚ ਸਨੇਹਾ ਨੇ ਪਹਿਲਾ, ਸਰੋਜ ਰਾਣੀ ਨੇ ਦੂਜਾ ਅਤੇ ਅਮਨਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 800 ਮੀਟਰ ਈਵੈਂਟ ਵਿਚ ਅੰਡਰ-21 ਤੋਂ 30 ਵਿਚੋਂ ਸ਼ਮਸ਼ੇਰ ਸਿੰਘ ਨੇ ਪਹਿਲਾ, ਤਰੁਣ ਕੁਮਾਰ ਨੇ ਦੂਜਾ ਅਤੇ ਤਰਨਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲਾਂਗ ਜੰਪ ਵਿਚੋਂ ਨਮਨ ਕਪਿਲਾ ਨੇ ਪਹਿਲਾ ਸਥਾਨ, ਰੋਹਿਤ ਨੇ ਦੂਜਾ ਅਤੇ ਦਮਨਜੀਤ ਸਿੰਘ ਤੀਜਾ ਸਥਾਨ ਪ੍ਰਾਪਤ ਕੀਤਾ।